14-OCT-PAGE-1.qxd 10/13/2023 9:55 PM Page 1

ਸ਼ਨੀਵਾਰ, 14 ਅਕਤੂਬਰ, 2023
28 ਅੱਸੂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 134

# ਨਵਾਂ ਜ਼ਮਾਨਾ

DAILY NAWAN ZAMANA • SATURDAY, 14 OCTOBER, 2023
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮਹਾਰਾਸ਼ਟਰ ਦੇ ਸਪੀਕਰ 'ਤੇ ਸੁਪਰੀਮ ਕੋਰਟ ਸਖ਼ਤ ਨਾਰਾਜ਼

## ਦਲਬਦਲੂ ਕਾਨੂੰਨ ਨਾਲ ਜੁੜੀਆਂ ਪਟੀਸ਼ਨਾਂ 'ਤੇ ਦੋ ਮਹੀਨਿਆਂ 'ਚ ਫੈਸਲਾ ਲੈਣ ਦੀ ਹਦਾਇਤ



**ਨਵੀਂ ਦਿੱਲੀ** : ਸ਼ਿਵ ਸੈਨਾ ਦੇ ਦੋ ਧੜਿਆਂ ਵੱਲੋਂ ਦਲਬਦਲੂ ਕਾਨੂੰਨ ਤਹਿਤ ਇਕ-ਦੂਜੇ ਦੇ ਵਿਧਾਇਕਾਂ ਨੂੰ ਅਯੋਗ ਠਹਿਰਾਉਣ ਦੀਆਂ ਕੀਤੀਆਂ ਗਈਆਂ ਪਟੀਸ਼ਨਾਂ 'ਤੇ ਸ਼ੁੱਕਰਵਾਰ ਸੁਣਵਾਈ ਕਰਦਿਆਂ ਸੁਪਰੀਮ ਕੋਰਟ ਦੇ ਚੀਫ ਜਸਟਿਸ ਵਾਈ ਵੀ ਚੰਦਰਚੂੜ ਨੂੰ ਆਖਰ ਮਹਾਰਾਸ਼ਟਰ ਦੇ ਸਪੀਕਰ ਨੂੰ ਚਿਤਾਵਨੀ ਦੇਣੀ ਪਈ ਕਿ ਉਹ ਮਨਮਰਜ਼ੀ ਨਾ ਕਰਨ ਤੇ ਦੋ ਮਹੀਨਿਆਂ 'ਚ ਮਾਮਲਾ ਸਿਰੇ ਲਾਉਣ।

ਊਧਵ ਠਾਕਰੇ ਗਰੁੱਪ ਦੇ ਮੈਂਬਰ ਸੁਨੀਲ ਪ੍ਰਭੂ ਵੱਲੋਂ ਛੇਤੀ ਫੈਸਲਾ ਕਰਨ ਦੀ ਮੰਗ ਕਰਦੀ ਪਟੀਸ਼ਨ 'ਤੇ ਸੁਪਰੀਮ ਕੋਰਟ ਨੇ ਕਿਹਾ ਕਿ ਸਪੀਕਰ ਨੂੰ ਛੇਤੀ ਫੈਸਲਾ ਲੈਣਾ ਚਾਹੀਦਾ ਹੈ।

ਸੁਪਰੀਮ ਕੋਰਟ ਨੇ 18 ਸਤੰਬਰ ਨੂੰ ਕੀਤੀ ਸੁਣਵਾਈ ਦੌਰਾਨ ਸਪੀਕਰ ਵੱਲੋਂ ਮਾਮਲਾ ਜੁਲਾਈ 2022 ਤੋਂ ਪੈਂਡਿੰਗ ਰੱਖਣ 'ਤੇ ਕਿਹਾ ਸੀ ਕਿ ਉਹ ਦੋਹਾਂ ਧਿਰਾਂ ਨੂੰ ਸੁਣਨ ਲਈ ਸਮਾਂ-ਸਾਰਣੀ ਤੈਅ ਕਰਨ। ਊਧਵ ਠਾਕਰੇ ਗਰੁੱਪ ਵੱਲੋਂ ਪੇਸ਼ ਸੀਨੀਅਰ ਵਕੀਲਾਂ ਕਪਿਲ ਸਿੱਬਲ ਤੇ ਅਭਿਸ਼ੇਕ ਮਨੂੰ ਸਿੰਘਵੀ ਨੇ ਕਿਹਾ ਕਿ ਸਪੀਕਰ ਨੇ ਸੁਣਵਾਈ ਲਈ ਇਕ ਸਾਲ ਦਾ ਸ਼ਡਿਊਲ ਬਣਾਇਆ ਹੈ। ਸਿੱਬਲ ਨੇ ਹੈਰਾਨੀ ਜ਼ਾਹਰ ਕਰਦਿਆਂ ਕਿਹਾ ਕਿ ਕੀ ਇਹ ਦੀਵਾਨੀ ਮੁਕੱਦਮਾ ਹੈ। ਸੰਵਿਧਾਨ ਦੇ ਆਰਟੀਕਲ 10 ਤਹਿਤ ਕਾਰਵਾਈ ਸੰਖੇਪ ਨੌਈਅਤ ਦੀ ਹੁੰਦੀ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੂੰ ਸਿੱਬਲ ਨੇ ਕਿਹਾ ਕਿ ਇਹ ਇੱਕ ਤਮਾਸ਼ਾ ਬਣਦਾ ਜਾ ਰਿਹਾ ਹੈ। ਚੀਫ ਜਸਟਿਸ ਨੇ ਸਪੀਕਰ ਦੇ ਆਚਰਣ ਨੂੰ ਲੈ ਕੇ ਬੈਂਚ ਦੀ ਨਾਰਾਜ਼ਗੀ ਤੋਂ ਕੇਂਦਰ ਸਰਕਾਰ ਦੇ ਦੂਜੇ ਸਭ ਤੋਂ ਵੱਡੇ ਵਕੀਲ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੂੰ ਜਾਣੂੰ ਕਰਾਇਆ। ਚੀਫ ਜਸਟਿਸ ਨੇ ਕਿਹਾ—ਮਿਸਟਰ ਸਾਲੀਸਿਟਰ, ਕਿਸੇ ਨੂੰ ਸਪੀਕਰ ਨੂੰ ਸਲਾਹ ਦੇਣੀ ਪਵੇਗੀ। ਉਹ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਖਾਰਜ ਨਹੀਂ ਕਰ ਸਕਦੇ। ਉਹ ਕਿਸ ਤਰ੍ਹਾਂ ਦੀ ਸਮਾਂ-ਸਾਰਣੀ ਨਿਰਧਾਰਤ ਕਰ ਰਹੇ ਹਨ? ਇਹ ਛੇਤੀ ਸੁਣਵਾਈ ਦਾ ਮਾਮਲਾ ਹੈ। ਪਿਛਲੀ ਵਾਰ ਅਸੀਂ ਸੋਚਿਆ ਸੀ ਕਿ ਬਿਹਤਰ ਸਮਝ ਕਾਇਮ ਹੋਵੇਗੀ ਤੇ ਉਨ੍ਹਾ ਨੂੰ ਸਮਾਂ-ਸਾਰਣੀ ਬਣਾਉਣ ਲਈ ਕਿਹਾ ਸੀ। ਸਮਾਂ-ਸਾਰਣੀ ਬਣਾਉਣ ਦਾ ਮਤਲਬ ਸੁਣਵਾਈ ਨੂੰ ਅਣਮਿੱਥੇ ਸਮੇਂ ਲਈ ਟਾਲਣਾ ਨਹੀਂ ਹੈ। ਇਸ ਨਾਲ ਸ਼ੰਕਾ ਪੈਦਾ ਹੁੰਦੀ ਹੈ। ਸਪੀਕਰ ਨੂੰ ਇਹ ਅਹਿਸਾਸ ਕਰਾਉਣਾ ਚਾਹੀਦਾ ਹੈ ਕਿ ਉਹ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੇ ਹਨ। ਜੂਨ ਦੇ ਬਾਅਦ ਇਸ ਮਾਮਲੇ ਵਿਚ ਕੋਈ ਕਾਰਵਾਈ ਨਹੀਂ ਹੋਈ। ਇਹ ਦਿਖਾਵਾ ਨਹੀਂ ਬਣ ਸਕਦਾ। ਸੁਣਵਾਈ ਹੋਣੀ ਚਾਹੀਦੀ ਹੈ। ਅਸੀਂ 14 ਜੁਲਾਈ ਨੂੰ ਨੋਟਿਸ ਜਾਰੀ ਕੀਤਾ। ਇਸਦੇ ਬਾਅਦ ਸਤੰਬਰ ਵਿਚ ਹੁਕਮ ਦਿੱਤਾ। ਹੁਣ ਇਹ ਦੇਖਦਿਆਂ ਕਿ ਸਪੀਕਰ ਨੇ ਕੋਈ ਕਦਮ ਨਹੀਂ ਚੁੱਕਿਆ, ਅਸੀਂ ਇਹ ਕਹਿਣ ਲਈ ਮਜਬੂਰ ਹਾਂ ਕਿ ਉਨ੍ਹਾ ਨੂੰ ਦੋ ਮਹੀਨਿਆਂ ਵਿਚ ਫੈਸਲਾ ਕਰਨਾ ਪਵੇਗਾ।

ਸ਼ਿੰਦੇ ਗਰੁੱਪ ਦੇ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਸਪੀਕਰ ਨੂੰ ਫੈਸਲਾ ਕਰਨ ਦਾ ਨਿਰਦੇਸ਼ ਦੇਣ 'ਤੇ ਇਤਰਾਜ਼ ਉਠਾਇਆ। ਬੈਂਚ ਨੇ ਦੁਹਰਾਇਆ ਕਿ ਜੇ ਕੋਰਟ ਦੇ ਨਿਰਦੇਸ਼ ਦੇ ਬਾਵਜੂਦ ਸਪੀਕਰ ਕਿਸੇ ਫੈਸਲੇ ਵਿਚ ਦੇਰੀ ਕਰ ਰਹੇ ਹਨ ਤਾਂ ਕੋਰਟ ਉਨ੍ਹਾ ਨੂੰ ਜਵਾਬਦੇਹ ਠਹਿਰਾ ਸਕਦੀ ਹੈ। ਫੈਸਲਾ ਅਗਲੀਆਂ ਚੋਣਾਂ ਤੋਂ ਕਾਫੀ ਪਹਿਲਾਂ ਲਿਆ ਜਾਣਾ ਚਾਹੀਦਾ ਹੈ। ਚੀਫ ਜਸਟਿਸ ਨੇ ਰੋਹਤਗੀ ਨੂੰ ਇਹ ਵੀ ਪੁੱਛਿਆ ਕਿ ਉਨ੍ਹਾ ਦੇ ਮੁਵੱਕਿਲ ਸਪੀਕਰ ਦੇ ਫੈਸਲੇ ਤੋਂ ਕਿਉਂ ਡਰ ਰਹੇ ਹਨ?

ਚੀਫ ਜਸਟਿਸ ਨੇ ਕਿਹਾ—ਜੇ ਸਾਨੂੰ ਲੱਗਾ ਕਿ ਸਮਾਂ-ਸਾਰਣੀ ਵਾਜਬ ਨਹੀਂ ਹੈ ਤਾਂ ਅਸੀਂ ਜ਼ਰੂਰੀ ਹੁਕਮ ਦੇਵਾਂਗੇ। ਕੋਰਟ ਇਸ ਗੱਲੋਂ ਚਿੰਤਤ ਹੈ ਕਿ ਉਸਦੇ ਹੁਕਮਾਂ ਦੀ ਪਾਲਣਾ ਨਹੀਂ ਹੋ ਰਹੀ। ਅਗਲੀ ਸੁਣਵਾਈ 17 ਅਕਤੂਬਰ ਨੂੰ ਹੋਵੇਗੀ। ਸ਼ਿਵ ਸੈਨਾ ਦੇ ਦੋਹਾਂ ਧੜਿਆਂ ਦੀਆਂ ਸਪੀਕਰ ਕੋਲ 56 ਪਟੀਸ਼ਨਾਂ ਪੈਂਡਿੰਗ ਹਨ। ਨੈਸ਼ਨਲਿਸਟ ਕਾਂਗਰਸ ਪਾਰਟੀ ਦੇ ਸ਼ਰਦ ਗਰੁੱਪ ਨੇ ਵੀ ਅਜੀਤ ਗਰੁੱਪ ਨੂੰ ਅਯੋਗ ਠਹਿਰਾਉਣ ਦੀ ਸੁਪਰੀਮ ਕੋਰਟ ਵਿਚ ਪਟੀਸ਼ਨ ਕੀਤੀ ਹੋਈ ਹੈ। ਉਸ 'ਤੇ ਵੀ ਮੰਗਲਵਾਰ ਸੁਣਵਾਈ ਹੋਵੇਗੀ।

## ਰਾਜਪਾਲ ਨੇ ਫਿਰ ਅੜਿੱਕਾ ਡਾਹਿਆ



**ਚੰਡੀਗੜ੍ਹ** : ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਦੇ ਦਫਤਰ ਨੇ 20-21 ਅਕਤੂਬਰ ਨੂੰ ਹੋਣ ਵਾਲੇ ਪੰਜਾਬ ਅਸੰਬਲੀ ਦੇ ਵਿਸ਼ੇਸ਼ ਸੈਸ਼ਨ ਤੇ ਸੈਸ਼ਨ ਦੌਰਾਨ ਹੋਣ ਵਾਲੇ ਕਿਸੇ ਵੀ ਕੰਮ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਹੈ। ਪੰਜਾਬ ਸਰਕਾਰ ਨੇ ਐੱਸ ਵਾਈ ਐੱਲ ਨਹਿਰ ਵਿਵਾਦ ਦੇ ਮੱਦੇਨਜ਼ਰ 20-21 ਅਕਤੂਬਰ ਨੂੰ ਦੋ ਰੋਜ਼ਾ ਸੈਸ਼ਨ ਬੁਲਾਇਆ ਹੈ। ਪੰਜਾਬ ਰਾਜ ਭਵਨ ਨੇ ਸਕੱਤਰ ਪੰਜਾਬ ਅਸੰਬਲੀ ਨੂੰ ਇਸ ਸੰਬੰਧੀ ਪੱਤਰ ਭੇਜਿਆ ਹੈ। ਰਾਜਪਾਲ ਪੁਰੋਹਿਤ ਸਰਹੱਦੀ ਜ਼ਿਲ੍ਹਿਆਂ ਦੇ ਤਿੰਨ ਦਿਨਾਂ ਦੌਰੇ 'ਤੇ ਹਨ ਅਤੇ ਸ਼ੁੱਕਰਵਾਰ ਗੁਰਦਾਸਪੁਰ ਦਾ ਦੌਰਾ ਕਰ ਰਹੇ ਹਨ। ਪੱਤਰ 'ਚ ਇਸ ਤੋਂ ਪਹਿਲਾਂ 19-20 ਜੂਨ ਨੂੰ ਵਿਸ਼ੇਸ਼ ਸੈਸ਼ਨ ਸੱਦਣ 'ਤੇ ਰਾਜਪਾਲ ਵੱਲੋਂ ਕੀਤੇ ਇਤਰਾਜ਼ ਵੀ ਨੱਥੀ ਹਨ।

## ਲਾਕਰਾਂ 'ਚ 500 ਕਰੋੜ ਤੇ 50 ਕਿੱਲੋ ਸੋਨਾ ਹੋਣ ਦਾ ਦਾਅਵਾ



**ਜੈਪੁਰ** : ਭਾਜਪਾ ਦੇ ਰਾਜ ਸਭਾ ਮੈਂਬਰ ਕਿਰੋੜੀ ਲਾਲ ਮੀਨਾ ਨੇ ਸ਼ੁੱਕਰਵਾਰ ਦੋਸ਼ ਲਾਇਆ ਕਿ ਜੈਪੁਰ ਦੀ ਇਮਾਰਤ 'ਚ 100 ਨਿੱਜੀ ਲਾਕਰਾਂ 'ਚ 500 ਕਰੋੜ ਰੁਪਏ ਦਾ ਕਾਲਾ ਧਨ ਅਤੇ 50 ਕਿਲੋ ਸੋਨਾ ਰੱਖਿਆ ਹੋਇਆ ਹੈ। ਮੀਨਾ ਨੇ ਪੁਲਸ ਤੋਂ ਲਾਕਰ ਖੋਲ੍ਹਣ ਦੀ ਮੰਗ ਕੀਤੀ। ਹਾਲਾਂਕਿ ਇਹ ਨਹੀਂ ਦੱਸਿਆ ਗਿਆ ਕਿ ਲਾਕਰ ਕਿਸ ਦੇ ਹਨ। ਭਾਜਪਾ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਸਵਾਈ ਮਾਧੋਪੁਰ ਸੀਟ ਤੋਂ ਮੀਨਾ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਉਨ੍ਹਾ ਪ੍ਰੈੱਸ ਕਲੱਬ ਵਿਖੇ ਮੀਡੀਆ ਦੇ ਸਾਹਮਣੇ ਦਾਅਵਾ ਕੀਤਾ-ਕਰੀਬ 100 ਲਾਕਰਾਂ 'ਚ 500 ਕਰੋੜ ਰੁਪਏ ਅਤੇ 50 ਕਿਲੋ ਸੋਨਾ ਹੈ। ਮੈਂ ਉਦੋਂ ਤੱਕ ਗੇਟ 'ਤੇ ਬੈਠਾ ਰਹਾਂਗਾ, ਜਦੋਂ ਤੱਕ ਪੁਲਸ ਆ ਕੇ ਲਾਕਰ ਨਹੀਂ ਖੋਲ੍ਹ ਦਿੰਦੀ।

## ਰਾਜ ਕੁਮਾਰ ਵੇਰਕਾ ਮੁੜ 'ਆਨੇ ਵਾਲੀ' ਥਾਂ



**ਅੰਮ੍ਰਿਤਸਰ** : ਸਾਬਕਾ ਕਾਂਗਰਸੀ ਵਿਧਾਇਕ ਰਾਜ ਕੁਮਾਰ ਵੇਰਕਾ ਨੇ ਸ਼ੁੱਕਰਵਾਰ ਭਾਜਪਾ ਨੂੰ ਅਲਵਿਦਾ ਕਹਿਕੇ ਮੁੜ ਕਾਂਗਰਸ ਵਿਚ ਸ਼ਾਮਲ ਹੋਣ ਦਾ ਰਸਮੀ ਐਲਾਨ ਕਰ ਦਿੱਤਾ। ਉਨ੍ਹਾ ਕਿਹਾ—ਮੈਂ ਅੱਜ ਹੀ ਦਿੱਲੀ ਜਾ ਰਿਹਾ ਹਾਂ ਅਤੇ ਉੱਥੇ ਜਾ ਕੇ ਕਾਂਗਰਸ ਪਾਰਟੀ ਵਿਚ ਮੁੜ ਸ਼ਾਮਲ ਹੋਵਾਂਗਾ। ਮੈਂ ਭਾਜਪਾ ਵਿਚ ਸ਼ਾਮਲ ਹੋਣ ਦੀ ਕੀਤੀ ਗਲਤੀ ਨੂੰ ਸੁਧਾਰਨ ਜਾ ਰਿਹਾ ਹਾਂ।

## ਪੁਰਕਾਇਸਥ ਤੇ ਚੱਕਰਵਰਤੀ ਦੀਆਂ ਅਰਜ਼ੀਆਂ ਰੱਦ

**ਨਵੀਂ ਦਿੱਲੀ** : ਨਿਊਜ਼ਕਲਿੱਕ ਵਿਵਾਦ ਮਾਮਲੇ 'ਚ ਦਿੱਲੀ ਹਾਈ ਕੋਰਟ ਨੇ ਯੂ ਏ ਪੀ ਏ ਤਹਿਤ ਪੋਰਟਲ ਦੇ ਬਾਨੀ ਪ੍ਰਬੀਰ ਪੁਰਕਾਇਸਥ ਅਤੇ ਐੱਚ ਆਰ ਮੁਖੀ ਅਮਿਤ ਚੱਕਰਵਰਤੀ ਦੀ ਗ੍ਰਿਫਤਾਰੀ ਅਤੇ ਉਨ੍ਹਾਂ ਨੂੰ ਪੁਲਸ ਹਿਰਾਸਤ 'ਚ ਭੇਜਣ 'ਚ ਦਖਲ ਦੇਣ ਤੋਂ ਸ਼ੁੱਕਰਵਾਰ ਇਨਕਾਰ ਕਰ ਦਿੱਤਾ। ਪੁਲਸ ਕਾਰਵਾਈ ਖਿਲਾਫ ਦੋਵਾਂ ਦੀਆਂ ਅਰਜ਼ੀਆਂ ਰੱਦ ਕਰਦਿਆਂ ਅਦਾਲਤ ਨੇ ਕਿਹਾ ਕਿ ਇਹ ਪਟੀਸ਼ਨਾਂ ਸੁਣਨਯੋਗ ਨਹੀਂ।

## ਬਰਾਮਦ 'ਚ ਕਮੀ

**ਨਵੀਂ ਦਿੱਲੀ** : ਕੇਂਦਰ ਸਰਕਾਰ ਵੱਲੋਂ ਜਾਰੀ ਅੰਕੜਿਆਂ ਮੁਤਾਬਕ ਦੇਸ਼ ਦੀ ਬਰਾਮਦ ਸਤੰਬਰ 'ਚ ਘਟ ਕੇ 34.47 ਅਰਬ ਅਮਰੀਕੀ ਡਾਲਰ ਰਹਿ ਗਈ, ਜਦ ਕਿ ਸਤੰਬਰ 2022 'ਚ ਇਹ 35.39 ਅਰਬ ਡਾਲਰ ਸੀ। ਇਸੇ ਤਰ੍ਹਾਂ ਸਤੰਬਰ 'ਚ ਦਰਾਮਦ ਵੀ ਘਟ ਕੇ 53.84 ਅਰਬ ਅਮਰੀਕੀ ਡਾਲਰ ਰਹਿ ਗਈ, ਜੋ ਪਿਛਲੇ ਸਾਲ ਸਤੰਬਰ 'ਚ 63.37 ਅਰਬ ਅਮਰੀਕੀ ਡਾਲਰ ਸੀ।

## 49 ਸਾਲ ਪੁਰਾਣੇ ਕੇਸ 'ਚ 80 ਸਾਲਾ ਬੰਦੇ ਨੂੰ ਉਮਰ ਕੈਦ

**ਫਿਰੋਜ਼ਾਬਾਦ** : ਯੂ ਪੀ ਦੀ ਸਥਾਨਕ ਜ਼ਿਲ੍ਹਾ ਅਦਾਲਤ ਨੇ 49 ਸਾਲ ਪੁਰਾਣੇ ਕਤਲ ਕੇਸ ਵਿਚ 80 ਸਾਲਾ ਦੋਸ਼ੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। 14 ਸਤੰਬਰ 1974 ਨੂੰ ਮੀਰਾ ਦੇਵੀ ਨਾਂਅ ਦੀ ਔਰਤ ਨੇ ਜ਼ਿਲ੍ਹੇ ਦੇ ਨਰਕੀ ਥਾਣੇ 'ਚ ਕੇਸ ਦਰਜ ਕਰਵਾਇਆ ਸੀ ਕਿ ਮਹਿੰਦਰ ਸਿੰਘ ਨੇ ਉਸ ਦੀ ਮਾਂ ਰਾਮਬੇਟੀ ਨੂੰ ਗੋਲੀ ਮਾਰ ਕੇ ਮਾਰ ਦਿੱਤਾ। ਐਡੀਸ਼ਨਲ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰ ਗੁਪਤਾ ਨੇ ਮਹਿੰਦਰ ਸਿੰਘ ਨੂੰ ਦੋਸ਼ੀ ਕਰਾਰ ਦਿੰਦਿਆਂ ਉਮਰ ਕੈਦ ਦੀ ਸਜ਼ਾ ਸੁਣਾਈ।

## ਔਰਤ ਦੇ ਮਿੱਤਰ 'ਤੇ ਵਹਿਸ਼ੀ ਹਮਲਾ

**ਪਟਨਾ** : ਬਿਹਾਰ ਦੇ ਮੁਜ਼ੱਫਰਪੁਰ ਜ਼ਿਲ੍ਹੇ 'ਚ ਔਰਤ ਦੇ ਪਰਵਾਰਕ ਮੈਂਬਰਾਂ ਨੇ ਉਸ ਦੇ ਮਿੱਤਰ ਦੇ ਗੁਪਤ ਅੰਗ ਕੱਟ ਦਿੱਤੇ। ਪੀੜਤ ਇਸ ਸਮੇਂ ਬੱਰੀਆ ਇਲਾਕੇ ਦੇ ਨਿੱਜੀ ਹਸਪਤਾਲ 'ਚ ਮੌਤ ਖਿਲਾਫ ਜੂਝ ਰਿਹਾ ਹੈ। ਮੁਲਜ਼ਮ ਫਰਾਰ ਹਨ। ਪੀੜਤ ਪਰਵਾਰ ਨੇ ਦੋਸ਼ ਲਾਇਆ ਕਿ ਉਸ ਵਿਅਕਤੀ ਨੂੰ ਉਸ ਦੀ ਪ੍ਰੇਮਿਕਾ ਨੇ ਇਹ ਕਹਿ ਕੇ ਧੋਖੇ ਨਾਲ ਬੁਲਾਇਆ ਸੀ ਕਿ ਉਸ ਦੇ ਪਿਤਾ ਨੂੰ ਦਿਲ ਦਾ ਦੌਰਾ ਪਿਆ ਹੈ ਅਤੇ ਹਸਪਤਾਲ ਲਿਜਾਣ ਲਈ ਮਦਦ ਦੀ ਲੋੜ ਹੈ। ਜਦੋਂ ਉਹ ਔਰਤ ਦੇ ਘਰ ਗਿਆ ਤਾਂ ਉਸ ਦੇ ਪਰਵਾਰਕ ਮੈਂਬਰਾਂ ਨੇ ਉਸ ਨੂੰ ਕਾਬੂ ਕਰਕੇ ਉਸ ਦੇ ਗੁਪਤ ਅੰਗ ਕੱਟ ਦਿੱਤੇ।

## ਫਰਾਂਸ 'ਚ ਟੀਚਰ ਦੀ ਹੱਤਿਆ

**ਪੈਰਿਸ** : ਫਰਾਂਸ ਪੁਲਸ ਨੇ ਕਿਹਾ ਕਿ ਉੱਤਰੀ ਸ਼ਹਿਰ ਅਰਰਾਸ ਦੇ ਸਕੂਲ 'ਚ ਇੱਕ ਵਿਅਕਤੀ ਨੇ ਚਾਕੂ ਨਾਲ ਹਮਲਾ ਕਰਕੇ ਅਧਿਆਪਕ ਦੀ ਹੱਤਿਆ ਕਰ ਦਿੱਤੀ ਅਤੇ ਦੋ ਹੋਰਾਂ ਨੂੰ ਜ਼ਖਮੀ ਕਰ ਦਿੱਤਾ।

## ਕਿਸਾਨਾਂ ਨੂੰ ਝੋਨੇ ਦੀਆਂ ਢੇਰੀਆਂ ਉੱਪਰ ਨਹੀਂ ਬਿਤਾਉਣੇ ਪੈਣਗੇ ਤਿਉਹਾਰ : ਕਟਾਰੂਚੱਕ

**ਮੋਗਾ (ਅਮਰਜੀਤ ਬੱਬਰੀ)**-ਲੰਬੇ ਸਮੇਂ ਤੋਂ ਪਿਛਲੀਆਂ ਸਰਕਾਰਾਂ ਵੇਲੇ ਇਹ ਰੀਤ ਚੱਲੀ ਆ ਰਹੀ ਸੀ ਕਿ ਕਿਸਾਨਾਂ ਦਾ ਦੁਸਹਿਰਾ ਤੇ ਦਿਵਾਲੀ ਜਾਂ ਤਾਂ ਮੰਡੀਆਂ ਵਿੱਚ ਝੋਨੇ ਦੀਆਂ ਢੇਰੀਆਂ ਉੱਪਰ ਬੈਠਿਆਂ ਗੁਜ਼ਰਦਾ ਸੀ ਜਾਂ ਫਿਰ ਆਪਣੀ ਫ਼ਸਲ ਦੇ ਪੈਸੇ ਲੈਣ ਲਈ ਚੱਕਰ ਕੱਟਦਿਆਂ, ਪ੍ਰੰਤੂ ਜਦੋਂ ਤੋਂ ਸੂਬੇ ਵਿੱਚ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਈ ਹੈ ਕਿਸਾਨਾਂ ਨੂੰ ਝੋਨੇ ਜਾਂ ਕਣਕ ਕਿਸੇ ਵੀ ਫ਼ਸਲ ਨੂੰ ਵੇਚਣ ਲਈ ਮੰਡੀਆਂ ਵਿੱਚ ਰੁਲਣ ਨਹੀਂ ਦਿੱਤਾ ਜਾ ਰਿਹਾ। ਜਿਹੜਾ ਕਿਸਾਨ ਪਹਿਲਾਂ ਕਿੰਨੇ-ਕਿੰਨੇ ਦਿਨ ਮੰਡੀਆਂ ਵਿੱਚ ਆਪਣੀ ਫ਼ਸਲ ਨੂੰ ਵੇਚਣ ਲਈ ਦਿਨ-ਰਾਤ ਮੰਡੀਆਂ ਵਿੱਚ ਬੈਠਿਆ ਕਰਦਾ ਸੀ ਅੱਜ ਉਹੀ ਕਿਸਾਨ ਸਿਰਫ਼ ਇੱਕੋ ਦਿਨ ਵਿੱਚ ਹੀ ਆਪਣੀ ਫ਼ਸਲ ਵੇਚ ਕੇ ਉਸੇ ਦਿਨ ਦੀ ਰਾਤ ਆਪਣੇ ਪਰਿਵਾਰ ਵਿੱਚ ਗੁਜ਼ਾਰਦਾ ਹੈ, ਇਹ ਸਿਰਫ਼ ਇਮਾਨਦਾਰ ਅਤੇ ਕਿਸਾਨ ਹਿਤੈਸ਼ੀ ਸਰਕਾਰ ਕਰਕੇ ਸੰਭਵ ਹੋਇਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ, ਖੁਰਾਕ ਤੇ ਸਿਵਲ ਸਪਲਾਈ ਮੰਤਰੀ ਅਤੇ ਖਪਤਕਾਰ ਮਾਮਲੇ, ਪੰਜਾਬ ਨੇ ਅੱਜ ਮੋਗਾ ਅਤੇ ਧਰਮਕੋਟ ਦੀਆਂ ਮੰਡੀਆਂ ਵਿੱਚ ਝੋਨੇ ਦੇ ਖ਼ੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ● ਬਾਕੀ ਸਫ਼ਾ 2 'ਤੇ

## 18 ਨੂੰ ਨਸ਼ਾ ਮੁਕਤੀ ਲਈ 40 ਹਜ਼ਾਰ ਬੱਚੇ ਸ੍ਰੀ ਦਰਬਾਰ ਸਾਹਿਬ ਵਿਖੇ ਅਰਦਾਸ ਕਰਨਗੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸ਼ੁਰੂ ਕੀਤੀ ਗਈ ਮੁਹਿੰਮ ਦੀ ਕਾਮਯਾਬੀ ਲਈ ਵਾਹਿਗੁਰੂ ਦਾ ਓਟ ਆਸਰਾ ਲੈਣ ਵਾਸਤੇ 18 ਅਕਤੂਬਰ ਨੂੰ 40 ਹਜ਼ਾਰ ਤੋਂ ਵੱਧ ਬੱਚੇ ਸ੍ਰੀ ਦਰਬਾਰ ਸਾਹਿਬ ਪਹੁੰਚ ਕੇ ਅਰਦਾਸ ਬੇਨਤੀ ਕਰਨਗੇ। ਪੁਲਿਸ ਕਮਿਸ਼ਨਰ ਨੌਨਿਹਾਲ ਸਿੰਘ ਨੇ ਪ੍ਰੈਸ ਕਾਨਫਰੰਸ ਵਿੱਚ ਇਹ ਪ੍ਰਗਟਾਵਾ ਕਰਦੇ ਦੱਸਿਆ ਕਿ ਸਾਡਾ ਮੰਨਣਾ ਹੈ ਕਿ ਜਿੰਨੇ ਜ਼ਿਆਦਾ ਦਿਲ ਪ੍ਰਮਾਤਮਾ ਅੱਗੇ ਅਰਦਾਸ ਵਿਚ ਸ਼ਾਮਲ ਹੋਣਗੇ, ਓਨੀ ਜਲਦੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਦੁਆਵਾਂ ਸੁਣੀਆਂ ਜਾਣਗੀਆਂ।





ਇਸ ਪਹਿਲਕਦਮੀ ਲਈ ਆਡੀਓ-ਵਿਜ਼ੂਅਲ ਲਾਂਚ ਕਰਦੇ ਹੋਏ, ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਨੇ ਕਿਹਾ ਕਿ 'ਦ ਹੋਪ ਇਨੀਸ਼ੀਏਟਿਵ' ਵਿੱਚ ਅਰਦਾਸ ਨਾਲ ਹੋਣ ਵਾਲੀ ਸ਼ੁਰੂਆਤ ਵਿੱਚ ਜ਼ਿਲ੍ਹੇ ਭਰ ਦੇ 55 ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ 40,000 ਤੋਂ ਵੱਧ ਸਕੂਲੀ ਬੱਚੇ ਪਹੁੰਚਣਗੇ। ਉਨਾਂ ਦੱਸਿਆ ਕਿ ਇਹ ਬੱਚੇ ਸ੍ਰੀ ਦਰਬਾਰ ਸਾਹਿਬ ਨੂੰ ਚਾਰਾਂ ਪਾਸਿਆਂ ਤੋਂ ਆਉਂਦੇ ਰਸਤਿਆਂ ਤੋਂ ਆਉਣਗੇ ਅਤੇ ਇਸ ਵਿੱਚ ਹਰੇਕ ਭਾਈਚਾਰੇ ਦੇ ਬੱਚੇ ਸ਼ਮੂਲੀਅਤ ਕਰਨਗੇ। ਉਨਾਂ ਨੇ ਦੱਸਿਆ ਕਿ ਤੁਰ ਕੇ ਦਰਬਾਰ ਸਾਹਿਬ ਪਹੁੰਚਣ ਵਾਲੇ ਇਹ ਬੱਚੇ ਪੀਲੀਆਂ ਦਸਤਾਰਾਂ ਨਾਲ ਸਜੇ ਹੋਣਗੇ ਕਿਉਂਕਿ ਪੀਲਾ ਰੌਸ਼ਨੀ, ਚਮਕ ਅਤੇ ਉਤਸ਼ਾਹ ਦਾ ਰੰਗ ਹੈ ਅਤੇ ਉਮੀਦ ਅਤੇ ਜੀਵਨ ਦਾ ਵੀ ਪ੍ਰਤੀਕ ਹੈ। ਉਨਾਂ ਦੱਸਿਆ ਕਿ ਇਸ ਉਪਰਾਲੇ ਦਾ ਨਾਮ ਦਿ ਹੋਪ ਇਨੀਸ਼ੀਏਟਿਵ ਰੱਖਿਆ ਗਿਆ ਹੈ ਕਿਉਂਕਿ ਇਹ ਪੰਜਾਬ ਦੇ ਵਸਨੀਕਾਂ ਵਿੱਚ ਇੱਕ ਨਵੀਂ, ਸਾਰਥਕ ਅਤੇ ਸਿਹਤਮੰਦ ਜ਼ਿੰਦਗੀ ਦੀ ਉਮੀਦ ਪੈਦਾ ਕਰਦਾ ਹੈ। ਸੂਬਾ ਕਈ ਸਾਲਾਂ ਤੋਂ ਨਸ਼ਿਆਂ ਕਾਰਨ ਡਰ ਅਤੇ ਮੌਤ ਦੇ ਕਾਲੇ ਸਾਏ ਹੇਠ ਜਿਉ ਰਿਹਾ ਹੈ। ਹੁਣ ਇਨਾਂ ਪਰਛਾਵਿਆਂ ਤੋਂ ਬਾਹਰ ਨਿਕਲ ਕੇ ਰੌਸ਼ਨੀ ਵਿੱਚ ਆਉਣ ਦਾ ਸਮਾਂ ਆ ਗਿਆ ਹੈ।

ਉਨਾਂ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਬਣਾਏ ਗਏ 40 ਕ੍ਰਿਕਟ ਮੈਦਾਨਾਂ ਵਿੱਚ ਹੋਣ ਵਾਲੇ ਮੈਚਾਂ ਵਿੱਚ ਅੰਮ੍ਰਿਤਸਰ ਅਤੇ ਪੰਜਾਬ ਦੇ ਪੇਸ਼ੇਵਰ ਅਤੇ ਪ੍ਰਸਿੱਧ ਕ੍ਰਿਕਟਰਾਂ ਤੋਂ ਇਲਾਵਾ ਹਰੇਕ ਉਮਰ ਵਰਗ ਦੇ ਬੱਚੇ, ਜਿਨਾਂ ਵਿੱਚ ਲੜਕਿਆਂ, ਲੜਕੇ ਅਤੇ ਇੱਥੋਂ ਤੱਕ ਕਿ ਅਪਾਹਜ ਵੀ ਹੋਣਗੇ, ਭਾਗ ਲੈਣਗੇ। ਉਨਾਂ ਕਿਹਾ ਕਿ ਹੁਣ ● ਬਾਕੀ ਸਫ਼ਾ 2 'ਤੇ

## ਮੁਜਾਰਿਆਂ ਨੂੰ ਜ਼ਮੀਨਾਂ ਦਾ ਮਾਲਕ ਬਣਾਉਣ 'ਚ ਕਾਮਰੇਡ ਵਧਾਵਾ ਰਾਮ ਤੇ ਬੀਬੀ ਵੀਰਾਂ ਬਾਈ ਦਾ ਅਹਿਮ ਯੋਗਦਾਨ : ਕਾਮਰੇਡ ਬਰਾੜ



**ਫ਼ਾਜ਼ਿਲਕਾ (ਪਰਮਜੀਤ ਢਾਬਾਂ)**

ਭਾਰਤੀ ਕਮਿਊਨਿਸਟ ਪਾਰਟੀ ਦੇ ਉੱਘੇ ਆਗੂ, ਫਾਜ਼ਿਲਕਾ ਦੇ ਪਹਿਲੇ ਵਿਧਾਇਕ ਅਤੇ ਸੁਤੰਤਰਤਾ ਸੰਗਰਾਮੀ ਕਾਮਰੇਡ ਵਧਾਵਾ ਰਾਮ ਦੀ ਪਤਨੀ ਬੀਬੀ ਵੀਰਾਂ ਬਾਈ ਦਾ ਬੀਤੇ ਦਿਨੀਂ ਸੰਖੇਪ ਬਿਮਾਰੀ ਨਾਲ ਦੇਹਾਂਤ ਹੋ ਗਿਆ ਸੀ। ਸ਼ੁੱਕਰਵਾਰ ਉਨ੍ਹਾਂ ਨੂੰ ਸ਼ਰਧਾਂਜਲੀਆਂ ਅਰਪਿਤ ਕਰਨ ਮੌਕੇ ਵੱਡੀ ਗਿਣਤੀ ਚ ਕਮਿਊਨਿਸਟ ਪਾਰਟੀਆਂ, ਵੱਖ-ਵੱਖ ਜਨਤਕ ਜਥੇਬੰਦੀਆਂ, ਹੋਰ ਰਾਜਸੀ ਪਾਰਟੀਆਂ ਅਤੇ ਸਮਾਜ ਸੇਵੀ ਜਥੇਬੰਦੀਆਂ ਦੇ ਆਗੂ ਤੇ ਵਰਕਰ ਹਾਜ਼ਰ ਹੋਏ। ਮਾਹਗਾ ਰਾਮ, ਤੇਜਾ ਸਿੰਘ, ਗੁਰਮੇਜ ਸਿੰਘ ਗੇਜੀ, ਬੀਬੀ ਸੁਮਿਤਰਾ ਫਾਜ਼ਿਲਕਾ ਤੇ ਮੱਲ ਸਿੰਘ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਆਪਣੇ ਸੰਬੋਧਨ 'ਚ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕਿਹਾ ਕਿ ਮੁਜਾਰਿਆਂ ਨੂੰ ਜ਼ਮੀਨਾਂ ਦਾ ਮਾਲਕ ਬਣਾਉਣ 'ਚ ਕਾਮਰੇਡ ਵਧਾਵਾ ਰਾਮ ਤੇ ਬੀਬੀ ਵੀਰਾਂ ਬਾਈ ਦਾ ਅਹਿਮ ਯੋਗਦਾਨ ਰਿਹਾ। ਉਨ੍ਹਾਂ ਕਿਹਾ ਕਿ ਜਿੱਥੇ ਦੇਸ਼ ਦੀ ਆਜ਼ਾਦੀ ਵਿਚ ਕਾਮਰੇਡ ਵਧਾਵਾ ਰਾਮ ਦੇ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ, ਉਥੇ ਹੀ ਬੀਬੀ ਵੀਰਾਂ ਬਾਈ ਵਲੋਂ ਵੀ ਘਾਲੀ ਗਈ ਘਾਲਣਾ ਨੂੰ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜੰਗ-ਏ-ਆਜ਼ਾਦੀ 'ਚ ਔਰਤਾਂ ਦਾ ਯੋਗਦਾਨ ● ਬਾਕੀ ਸਫ਼ਾ 2 'ਤੇ

## 2030 ਤੱਕ ਨਵਿਆਉਣਯੋਗ ਊਰਜਾ ਦੀ ਹਿੱਸੇਦਾਰੀ 30 ਫੀਸਦ ਤੱਕ ਵਧਾਈ ਜਾਵੇਗੀ : ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਇੱਥੇ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ 'ਊਰਜਾ ਕੁਸਲਤਾ ਲਈ ਨਿਵੇਸ ਬਾਜਾਰ' ਵਿਸ਼ੇ 'ਤੇ ਕਰਵਾਈ ਗਈ ਇੱਕ ਰੋਜਾ ਕਾਨਫਰੰਸ-ਕਮ-ਪ੍ਰਦਰਸਨੀ ਦਾ ਉਦਘਾਟਨ ਕੀਤਾ, ਜਿਸ ਦਾ ਉਦੇਸ਼ ਊਰਜਾ ਕੁਸਲਤਾ ਪ੍ਰਾਜੈਕਟਾਂ ਨਾਲ ਸਬੰਧਤ ਉਦਯੋਗਾਂ ਅਤੇ ਐਮ.ਐਸ.ਐਮ.ਈਜ ਵਿੱਚ ਨਿਵੇਸ ਦੀਆਂ ਸੰਭਾਵਨਾਵਾਂ ਬਾਰੇ ਵਿਚਾਰ-ਚਰਚਾ ਕਰਨਾ ਸੀ।



ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਵਿਜਨ ਡਾਕੂਮੈਂਟ 2030 ਰਣਨੀਤੀ ਤਹਿਤ ਸੂਬੇ ਵੱਲੋਂ ਨਵਿਆਉਣਯੋਗ ਊਰਜਾ ਦੀ ਹਿੱਸੇਦਾਰੀ ਸਾਲ 2030 ਤੱਕ ਮੌਜੂਦਾ 15 ਫੀਸਦ ਤੋਂ 30 ਫੀਸਦ ਤੱਕ ਵਧਾਉਣ ਲਈ ਸਰਗਰਮੀ ਨਾਲ ਸੁਹਿਰਦ ਯਤਨ ਕੀਤੇ ਜਾ ਰਹੇ ਹਨ। ਇਸ ਵਿਜ਼ਨ ਤਹਿਤ ਨਾ ਸਿਰਫ ਊਰਜਾ ਪੈਦਾ ਕਰਨ ਵੱਲ ਧਿਆਨ ਦਿੱਤਾ ਜਾ ਰਿਹਾ ਹੈ, ਸਗੋਂ ਵੱਖ-ਵੱਖ ਖੇਤਰਾਂ ਵਿੱਚ ਊਰਜਾ ਦੀ ਮੰਗ ਸਬੰਧੀ ਢੁਕਵੇਂ ਕਦਮ ਚੁੱਕਣ 'ਤੇ ਵੀ ਜੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਸੂਬੇ ਵਿੱਚ ਉਦਯੋਗਾਂ ਅਤੇ ਐਮ.ਐਸ.ਐਮ.ਈਜ਼ ਵਿੱਚ ਊਰਜਾ ਕੁਸਲਤਾ ਅਤੇ ਨਵੀਨ ਊਰਜਾ ਕੁਸਲ ਤਕਨੀਕਾਂ ਨੂੰ ਲਾਗੂ ਕਰਨ ਦੇ ਮਹੱਤਵ 'ਤੇ ਵੀ ਜੋਰ ਦਿੱਤਾ।

ਉਦਯੋਗਾਂ ਅਤੇ ਐੱਮ.ਐੱਸ.ਐੱਮ.ਈਜ ਵਿੱਚ ਨਿਵੇਸ ਦੀਆਂ ਸੰਭਾਵਨਾਵਾਂ, ਜੋ ਸੂਬਾ ਪੱਧਰ 'ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਸਕਦੀਆਂ ਹਨ, 'ਤੇ ਧਿਆਨ ਕੇਂਦਰਿਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਊਰਜਾ ਹੌਲੀ-ਹੌਲੀ ਸਪਲਾਈ ਬਜਾਏ ਮੰਗ ਆਧਾਰਤ ਹੋ ਰਹੀ ਹੈ। ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ.ਅਮਰਪਾਲ ਸਿੰਘ ਨੇ ਕਿਹਾ ਕਿ ਸਵੱਛ ਅਤੇ ਕਾਰਬਨ ਦੀ ਘੱਟ ਨਿਕਾਸੀ ਵਾਲੇ ਉਪਾਵਾਂ ਨੂੰ ਲਾਗੂ ਕਰਨ ਅਤੇ ਨਵਿਆਉਣਯੋਗ ਖਰੀਦ ਜਿੰਮੇਵਾਰੀਆਂ ਨੂੰ ਪੂਰਾ ਕਰਨ ਲਈ ਦੇਸ਼ ਵਿੱਚ ਊਰਜਾ ਤਬਦੀਲੀ 'ਚ ਮੋਹਰੀ ਭੂਮਿਕਾ ਨਿਭਾਉਣ ਵਾਸਤੇ ਪੰਜਾਬ ਦੇ ਨਾਮ 'ਤੇ ਵਿਚਾਰ ਕੀਤਾ ਜਾ ਰਿਹਾ ਹੈ।

ਬਿਜਲੀ ਮੰਤਰਾਲੇ ਅਧੀਨ ਊਰਜਾ ਕੁਸਲਤਾ ਬਿਊਰੋ ਦੇ ਜੁਆਇੰਟ ਡਾਇਰੈਕਟਰ ਸ਼ਿਆਮ ਸੁੰਦਰ ਨੇ ਸੂਬੇ ਵਿੱਚ ਊਰਜਾ ਕੁਸਲਤਾ ਪ੍ਰਾਜੈਕਟਾਂ ਨੂੰ ਲਾਗੂ ਕਰਨ ਲਈ ਉਦਯੋਗਾਂ ਅਤੇ ਐਮ.ਐਸ.ਐਮ.ਈਜ ਦੀ ਮਹੱਤਤਾ ਅਤੇ ਸਮੂਲੀਅਤ ਅਤੇ ਕਾਨਫਰੰਸ ਦੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਪੇਡਾ ਦੇ ਡਾਇਰੈਕਟਰ ਸ੍ਰੀ ਐਮ.ਪੀ. ਸਿੰਘ ਨੇ ਕਿਹਾ ਕਿ ਪੇਡਾ ਵੱਲੋਂ ਸਾਫ-ਸੁਥਰੀ ਅਤੇ ਕਾਰਬਨ ਦੀ ਘੱਟ ਨਿਕਾਸੀ ਵਾਲੀ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਊਰਜਾ ਖੇਤਰ ਦੀਆਂ ਰਣਨੀਤੀਆਂ ਨੂੰ ਕਾਰਬਨ ਦੀ ਘੱਟ ਨਿਕਾਸੀ ਵਾਲੇ ਪ੍ਰਭਾਵੀ ਉਪਾਵਾਂ ਵਿੱਚ ਬਦਲਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਪ੍ਰਦਰਸ਼ਨੀ ਦੌਰਾਨ ਸਨਾਈਡਰ, ਸਾਇਮੇਂਸ, ਐਲ ਐਂਡ ਟੀ, ਯੋਗੋਕਾਵਾ ਆਦਿ ਪ੍ਰਮੁੱਖ ਕੰਪਨੀਆਂ ਨੇ ਆਪਣੇ ਊਰਜਾ ਕੁਸਲ ਉਤਪਾਦਾਂ ਦਾ ਪ੍ਰਦਰਸਨ ਵੀ ਕੀਤਾ। ਇਸ ਇੱਕ ਰੋਜਾ ਕਾਨਫਰੰਸ ਵਿੱਚ ਭਾਰਤੀ ਨਵਿਆਉਣਯੋਗ ਊਰਜਾ ਵਿਕਾਸ ਏਜੰਸੀ (ਆਈ.ਆਰ.ਈ.ਡੀ.ਏ) ਦੇ ਸੀਨੀਅਰ ਮੈਨੇਜਰ ਸੇਖਰ ਗੁਪਤਾ, ਪੇਡਾ ਦੇ ਪ੍ਰੋਜੈਕਟ ਇੰਜੀਨੀਅਰ ਮਨੀ ਖੰਨਾ, ਰੋਹਿਤ ਕੁਮਾਰ, ਸਰਦ ਸਰਮਾ ਅਤੇ ਜੀ.ਆਈ.ਜੈਡ., ਕੇ.ਪੀ.ਐਮ.ਜੀ. ਅਤੇ ਐਨ.ਐਫ.ਐਲ, ਨਾਹਰ, ਟ੍ਰਾਈਡੈਂਟ, ਅੰਬੁਜਾ ਸੀਮਿੰਟ, ਜੀ.ਵੀ.ਕੇ. ਪਾਵਰ, ਸਟਰਲਾਈਟ, ਐਲ ਐਂਡ ਟੀ ਪਾਵਰ ਐਚ.ਪੀ.ਸੀ.ਐਲ. ਮਿੱਤਲ ਰਿਫਾਇਨਰੀ ਵਰਗੇ ਉਦਯੋਗਾਂ ਦੇ ਨੁਮਾਇੰਦਿਆਂ ਨੇ ਵੀ ਹਿੱਸਾ ਲਿਆ।

## ਮੋਦੀ ਰਾਜ 'ਚ ਪੀੜਤ ਸਿੱਖਾਂ ਨੂੰ ਇਨਸਾਫ ਮਿਲਿਆ : ਸ਼ਾਹ



**ਨਵੀਂ ਦਿੱਲੀ** : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ਼ੁੱਕਰਵਾਰ ਕਿਹਾ ਕਿ ਸਿੱਖਾਂ ਵੱਲੋਂ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਦਿੱਤੀਆਂ ਕੁਰਬਾਨੀਆਂ ਬੇਮਿਸਾਲ ਹਨ। ਉਨ੍ਹਾ ਇਥੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਕਰਵਾਏ ਗਏ ਸਮਾਗਮ 'ਚ ਕਿਹਾ ਕਿ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਪੀੜਤਾਂ ਨੂੰ 2014 'ਚ ਨਰਿੰਦਰ ਮੋਦੀ ਸਰਕਾਰ ਦੇ ਸੱਤਾ ਸੰਭਾਲਣ ਤੋਂ ਬਾਅਦ ਹੀ ਇਨਸਾਫ ਮਿਲਣਾ ਸ਼ੁਰੂ ਹੋਇਆ ਹੈ।

## ਗਰੀਨ ਕਾਰਡ ਉਡੀਕਣ ਵਾਲਿਆਂ ਨੂੰ ਕੁਝ ਰਾਹਤ

**ਵਾਸ਼ਿੰਗਟਨ** : ਅਮਰੀਕਾ ਨੇ ਗਰੀਨ ਕਾਰਡ ਦੀ ਉਡੀਕ ਕਰ ਰਹੇ ਲੋਕਾਂ ਸਮੇਤ ਕੁਝ ਗੈਰ-ਪਰਵਾਸੀ ਸ਼੍ਰੇਣੀਆਂ ਨੂੰ ਪੰਜ ਸਾਲਾਂ ਲਈ ਰੁਜ਼ਗਾਰ ਅਧਿਕਾਰ ਕਾਰਡ ਮੁਹੱਈਆ ਕਰਵਾਉਣ ਦਾ ਐਲਾਨ ਕੀਤਾ ਹੈ। ਇਸ ਕਦਮ ਨਾਲ ਦੇਸ਼ 'ਚ ਰਹਿ ਰਹੇ ਹਜ਼ਾਰਾਂ ਭਾਰਤੀਆਂ ਨੂੰ ਫਾਇਦਾ ਹੋਵੇਗਾ। ਯੂ ਐੱਸ ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ ਅਨੁਸਾਰ ਗੈਰ-ਨਾਗਰਿਕਾਂ 'ਚ ਪਨਾਹ ਲਈ ਅਰਜ਼ੀ ਦੇਣ ਵਾਲੇ ਜਾਂ ਦੇਸ਼ ਨਿਕਾਲੇ ਨੂੰ ਰੋਕਣ ਦੀ ਅਰਜ਼ੀ ਦੇਣ ਵਾਲੇ ਸ਼ਾਮਲ ਹਨ। ਨਵੇਂ ਅਧਿਐਨ ਅਨੁਸਾਰ 10.5 ਲੱਖ ਤੋਂ ਵੱਧ ਭਾਰਤੀ ਰੁਜ਼ਗਾਰ ਅਧਾਰਤ ਗ੍ਰੀਨ ਕਾਰਡ ਲਈ ਲਾਈਨ 'ਚ ਹਨ।

## ਅੱਜ-ਨਾਮਾ

ਕਰਿਆ ਮਾਨ ਭਗਵੰਤ ਨੇ ਜਦੋਂ ਚੈਲਿੰਜ,
ਹਾਮੀ ਸਾਰਿਆਂ ਸੀ ਹੱਸ ਕੇ ਭਰੀ ਮੀਆਂ।
ਖਿੱਲਰੇ ਦੁਨੀਆ ਦੇ ਵਿੱਚ ਪੰਜਾਬੀਆਂ ਵੀ,
ਏਸੇ ਪਾਸੇ ਨੂੰ ਸੁਰਤੀ ਜਿਹੀ ਕਰੀ ਮੀਆਂ।
ਪਿੱਛੋਂ ਇੱਫ ਤੇ ਬੱਟ ਜਿਹੀ ਸੁਣਨ ਲੱਗੀ,
ਸ਼ਰਤਾਂ ਨਾਲ ਜਾਵੇ ਬਹਿਸ ਭਰੀ ਮੀਆਂ।
ਬਣਿਆ ਪਿੱਛੋਂ ਮਾਹੌਲ ਸੀ ਇਸ ਤਰ੍ਹਾਂ ਦਾ,
ਰਹਿਣੀ ਬਹਿਸ ਆ ਧਰੀ ਦੀ ਧਰੀ ਮੀਆਂ।
ਕੱਟਾ ਆ ਕੇ ਜਿਉਂ ਗੱਡੇ ਨਾਲ ਜੱਟ ਬੰਨ੍ਹੇ,
ਏਦਾਂ ਬਹਿਸ ਵੀ ਗਈ ਆਹ ਬੱਝ ਮੀਆਂ।
ਦੌੜਦਾ ਜਾਵੇ ਨਹੀਂ ਕੱਟਾ ਜਦ ਮੱਝ ਵੰਨੀਂ,
ਦੇਂਦੀ ਕਦੀ ਨਹੀਂ ਦੁੱਧ ਫਿਰ ਮੱਝ ਮੀਆਂ।

-ਤੀਸ ਮਾਰ ਖਾਂ

## ਇਜ਼ਰਾਈਲ ਦਾ ਗਾਜ਼ਾ ਦੇ ਲੋਕਾਂ ਨੂੰ ਅਲਟੀਮੇਟਮ

**ਯੂਰੋਸ਼ਲਮ** : ਇਜ਼ਰਾਈਲ ਦੀ ਫੌਜ ਨੇ ਸ਼ੁੱਕਰਵਾਰ ਉੱਤਰੀ ਗਾਜ਼ਾ ਦੇ 11 ਲੱਖ ਲੋਕਾਂ ਨੂੰ 24 ਘੰਟਿਆਂ ਦੇ ਅੰਦਰ ਇਲਾਕੇ 'ਚੋਂ ਨਿਕਲ ਜਾਣ ਦਾ ਹੁਕਮ ਦਿੱਤਾ ਹੈ। ਸੰਯੁਕਤ ਰਾਸ਼ਟਰ ਦੇ ਬੁਲਾਰੇ ਨੇ ਕਿਹਾ ਕਿ ਇਸ ਹੁਕਮ ਨਾਲ 'ਭਿਆਨਕ ਨਤੀਜਿਆਂ' ਦਾ ਖਤਰਾ ਹੈ। ਇਹ ਹੁਕਮ ਅਜਿਹੇ ਸਮੇਂ 'ਚ ਆਇਆ ਹੈ, ਜਦੋਂ ਇਜ਼ਰਾਈਲ ਨੇ ਹਮਾਸ ਖਿਲਾਫ ਆਪਣੀ ਜਵਾਬੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਇਸ ਹੁਕਮ ਦਾ ਮਤਲਬ ਇਹ ਹੋ ਸਕਦਾ ਹੈ ਕਿ ਜ਼ਮੀਨੀ ਹਮਲੇ ਤੇਜ਼ ਹੋ ਸਕਦੇ ਹਨ, ਹਾਲਾਂਕਿ ਇਜ਼ਰਾਈਲੀ ਫੌਜ ਨੇ ਇਸ ਸੰਬੰਧ ਵਿਚ ਕੋਈ ਜਾਣਕਾਰੀ ਨਹੀਂ ਦਿੱਤੀ ਹੈ।

ਉਧਰ, ਹਮਾਸ ਦਾ ਕਹਿਣਾ ਹੈ ਕਿ ਗਾਜ਼ਾ ਪੱਟੀ 'ਚ ਇਜ਼ਰਾਈਲ ਦੀ ਭਾਰੀ ਬੰਬਾਰੀ 'ਚ ਵਿਦੇਸ਼ੀਆਂ ਸਣੇ 13 ਬੰਦੀਆਂ ਦੀ ਮੌਤ ਹੋ ਗਈ। ਇਸ ਨੇ ਵਿਦੇਸ਼ੀਆਂ ਦੀ ਕੌਮੀਅਤ ਨਹੀਂ ਦਿੱਤੀ। ਇਜ਼ਰਾਈਲ ਵੱਲੋਂ ਕੋਈ ਪੁਸ਼ਟੀ ਨਹੀਂ ਕੀਤੀ ਗਈ ਹੈ।



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਕਿਹਾ ਕਿ ਦੁਨੀਆ ਅੱਜ ਜੋ ਸੰਘਰਸ਼ ਤੇ ਟਕਰਾਅ ਦਾ ਸਾਹਮਣਾ ਕਰ ਰਹੀ ਹੈ, ਉਸ ਤੋਂ ਕਿਸੇ ਨੂੰ ਵੀ ਫਾਇਦਾ ਨਹੀਂ ਹੋਵੇਗਾ, ਸਗੋਂ ਦੁਨੀਆ ਨੂੰ ਮਨੁੱਖ-ਕੇਂਦਰਤ ਪਹੁੰਚ ਨਾਲ ਅੱਗੇ ਵਧਣ ਦੀ ਲੋੜ ਹੈ।

ਮੋਦੀ ਨੇ ਨਵੀਂ ਦਿੱਲੀ 'ਚ ਸੰਸਦ ਦੇ ਸਪੀਕਰਾਂ ਅਤੇ ਜੀ-20 ਦੇਸ਼ਾਂ ਦੇ ਸੰਸਦੀ ਵਫਦਾਂ ਦੇ ਸੰਮੇਲਨ 'ਚ ਇਹ ਵੀ ਕਿਹਾ ਕਿ ਸਾਨੂੰ ਵਿਸ਼ਵ ਪੱਧਰ 'ਤੇ ਇੱਕ-ਦੂਜੇ 'ਤੇ ਭਰੋਸਾ ਕਰਨ ਦੇ ਰਾਹ 'ਚ ਆਉਣ ਵਾਲੇ ਅੜਿੱਕਿਆਂ ਨੂੰ ਦੂਰ ਕਰਨਾ ਹੋਵੇਗਾ। ਇਹ ਸਮਾਂ ਸ਼ਾਂਤੀ ਅਤੇ ਭਾਈਚਾਰੇ ਦਾ ਅਤੇ ਇਕੱਠੇ ਹੋ ਕੇ ਅੱਗੇ ਵਧਣ ਦਾ ਹੈ।

## ਲਾਸ ਏਂਜਲਸ ਉਲੰਪਿਕ 'ਚ ਟੀ-20 ਕ੍ਰਿਕਟ ਸ਼ਾਮਲ





**ਮੁੰਬਈ** : 128 ਸਾਲਾਂ ਬਾਅਦ ਕ੍ਰਿਕਟ ਇਕ ਵਾਰ ਫਿਰ ਉਲੰਪਿਕ 'ਚ ਖੇਡੀ ਜਾਵੇਗੀ। ਕੌਮਾਂਤਰੀ ਉਲੰਪਿਕ ਕਮੇਟੀ (ਆਈ ਓ ਸੀ) ਨੇ ਲਾਸ ਏਂਜਲਸ ਉਲੰਪਿਕ-2028 ਲਈ ਟੀ-20 ਕ੍ਰਿਕਟ ਸਮੇਤ ਪੰਜ ਖੇਡਾਂ ਨੂੰ ਸ਼ਾਮਲ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਫਲੈਗ ਫੁੱਟਬਾਲ, ਬੇਸਬਾਲ/ਸਾਫਟਬਾਲ, ਲੈਕਰੋਸ ਤੇ ਸਕੁਐਸ਼ ਨੂੰ ਵੀ 2028 ਦੀਆਂ ਉਲੰਪਿਕ ਖੇਡਾਂ 'ਚ ਸ਼ਾਮਲ ਕੀਤਾ ਗਿਆ ਹੈ।

ਲਾਸ ਏਂਜਲਸ ਖੇਡਾਂ ਦੀ ਪ੍ਰਬੰਧਕੀ ਕਮੇਟੀ ਨੇ ਇਨ੍ਹਾਂ ਖੇਡਾਂ ਦੀ ਸਿਫਾਰਸ਼ ਕੀਤੀ ਸੀ, ਜਿਸ ਨੂੰ ਆਈ ਓ ਸੀ ਨੇ ਪ੍ਰਧਾਨ ਥਾਮਸ ਬਾਕ ਦੀ ਪ੍ਰਧਾਨਗੀ ਹੇਠ ਹੋਈ ਐਗਜ਼ੈਕਟਿਵ ਮੀਟਿੰਗ ਦੌਰਾਨ ਸਵੀਕਾਰ ਕਰ ਲਿਆ। 1900 'ਚ ਪੈਰਿਸ ਉਲੰਪਿਕ 'ਚ ਪਹਿਲੀ ਵਾਰ ਕ੍ਰਿਕਟ ਨੂੰ ਸ਼ਾਮਲ ਕੀਤਾ ਗਿਆ ਸੀ। ਉਸ ਸਮੇਂ ਉਲੰਪਿਕ 'ਚ ਸਿਰਫ ਦੋ ਕ੍ਰਿਕਟ ਟੀਮਾਂ (ਗ੍ਰੇਟ ਬ੍ਰਿਟੇਨ ਤੇ ਫਰਾਂਸ) ਨੇ ਹਿੱਸਾ ਲਿਆ ਸੀ। ਪਿਛਲੇ ਸਾਲ ਇੰਗਲੈਂਡ ਦੇ ਬਰਮਿੰਘਮ 'ਚ 22ਵੀਆਂ ਰਾਸ਼ਟਰਮੰਡਲ ਖੇਡਾਂ 'ਚ ਵੀ ਕ੍ਰਿਕਟ ਨੂੰ ਸ਼ਾਮਲ ਕੀਤਾ ਗਿਆ ਸੀ।

ਇਸ ਤੋਂ ਪਹਿਲਾਂ 1998 'ਚ ਪੁਰਸ਼ਾਂ ਦੇ ਇਕ ਰੋਜ਼ਾ ਫਾਰਮੈਟ ਨੂੰ ਰਾਸ਼ਟਰਮੰਡਲ ਖੇਡਾਂ 'ਚ ਥਾਂ ਮਿਲੀ ਸੀ, ਪਰ ਪਿਛਲੀ ਵਾਰ ਮਹਿਲਾ ਟੀ-20 ਫਾਰਮੈਟ ਨੂੰ ਰਾਸ਼ਟਰਮੰਡਲ 'ਚ ਸ਼ਾਮਲ ਕੀਤਾ ਗਿਆ ਸੀ।

ਇਸ ਤਹਿਤ ਭਾਰਤ ਸਮੇਤ 8 ਟੀਮਾਂ ਨੂੰ ਜਗ੍ਹਾ ਮਿਲੀ ਸੀ।

14-OCT-PAGE-1.qxd 10/13/2023 9:56 PM Page 2



## ਕੌਲਗੜ੍ਹ 'ਚ ਸੋਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦਾ ਮਨੀ ਬੜਿੰਗ ਵੱਲੋਂ ਉਦਘਾਟਨ



ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)-ਪਿੰਡ ਕੌਲਗੜ੍ਹ ਵਿਖੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮਨਿੰਦਰ ਸਿੰਘ ਮਨੀ ਬੜਿੰਗ ਵੱਲੋਂ ਸੋਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ, ਉਥੇ ਹੀ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਗਈਆਂ, ਜਿਨ੍ਹਾਂ ਨੂੰ ਜਲਦ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਮਨੀ ਬੜਿੰਗ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਪਿੰਡ ਵਿਚੋਂ ਰੂੜੀਆਂ ਖਤਮ ਹੋ ਜਾਣਗੀਆਂ ਤੇ ਪਿੰਡ ਪਹਿਲਾਂ ਨਾਲੋਂ ਹੋਰ ਸੁੰਦਰ ਦਿਖਣ ਲੱਗ ਜਾਵੇਗਾ ਅਤੇ ਇਹ ਕੂੜਾ ਪਲਾਂਟ ਵਿੱਚ ਸੁੱਟਿਆ ਜਾਵੇਗਾ, ਜਿਸ ਲਈ ਪਿੰਡ ਵਾਸੀਆਂ ਨੂੰ ਗਿੱਲਾ ਤੇ ਸੁੱਕਾ ਕੂੜਾ ਅਲੱਗ-ਅਲੱਗ ਰੱਖਣ ਲਈ ਡਸਟਬਿਨ ਵੀ ਵੰਡੇ ਗਏ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਵੀ ਕੀਤੀ ਕਿ ਹਰ ਇਨਸਾਨ ਦਾ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਆਲੇ-ਦੁਆਲੇ ਦੀ ਸਫਾਈ ਜ਼ਰੂਰ ਰੱਖੇ ਤਾਂ ਜੁ ਬਿਮਾਰੀਆਂ ਤੋਂ ਵੀ ਬਚਿਆ ਜਾ ਸਕੇ। ਇਸ ਮੌਕੇ ਬੀਡੀਪੀਓ ਮੋਹਿਤ ਕਲਿਆਣ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਪਰਮਵੀਰ ਸਿੰਘ ਮਾਂਗਟ, ਸੀਨੀਅਰ ਆਗੂ ਸਿੰਗਾਰਾ ਸਿੰਘ ਸਲਾਣਾ, ਪ੍ਰਧਾਨ ਸਿਕੰਦਰ ਸਿੰਘ ਗੋਗੀ, ਜਸਵੰਤ ਕੌਰ ਸਰਪੰਚ, ਜਿੰਮੀ ਲਾਡਪੁਰ, ਪ੍ਰਧਾਨ ਗੁਰਮੀਤ ਸਿੰਘ ਛੰਨਾ, ਸੀਨੀਅਰ ਆਗੂ ਦਰਸ਼ਨ ਸਿੰਘ ਭਦਲਥੂਹਾ, ਨਵਤੇਜ ਕੁਮਾਰ, ਤੇਜਿੰਦਰ ਸਿੰਘ, ਦਰਬਾਰਾ ਸਿੰਘ ਤੇ ਪਿੰਡ ਵਾਸੀ ਮੌਜੂਦ ਸਨ।

## ਲੋਕ ਨਾਚ ਮੁਕਾਬਲੇ 'ਚ ਸਰਕਾਰੀ ਸਕੂਲ ਚੱਕ ਸੈਦੋਕੇ ਨੇ ਦੂਜਾ ਸਥਾਨ ਪ੍ਰਾਪਤ ਕੀਤਾ



ਜਲਾਲਾਬਾਦ (ਜੀਤ ਕੁਮਾਰ)-ਐਨ.ਪੀ.ਈ.ਪੀ. ਤਹਿਤ ਬਲਾਕ ਅਤੇ ਜ਼ਿਲ੍ਹਾ ਪੱਧਰੀ ਸੱਭਿਆਚਾਰਕ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਸੈਦੋਕੇ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਅਨੀਤਾ ਰਾਣੀ ਨੇ ਦੱਸਿਆ ਕਿ ਬਲਾਕ ਗੁਰੂਹਰਸਹਾਏ-3 ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਲੇਲ ਕੇ ਹਾਸਲ ਵਿੱਚ ਹੋਏ ਬਲਾਕ ਪੱਧਰੀ ਮੁਕਾਬਲੇ ਵਿਚ ਸਕੂਲ ਦੇ ਵਿਦਿਆਰਥੀਆਂ ਨੂੰ ਲੋਕ ਨਾਂਚ, ਪੇਂਟਿੰਗ ਅਤੇ ਰੋਲ ਪਲੇਅ ਮੁਕਾਬਲਿਆਂ ਵਿਚ ਭਾਗ ਲਿਆ। ਲੋਕ ਨਾਚ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਜ਼ਿਲ੍ਹੇ ਲਈ ਕੁਆਲੀਫਾਈ ਕੀਤਾ। ਇਸ ਤੋਂ ਬਾਅਦ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ ਵਿਦਿਆਰਥੀ ਲੋਕ ਨਾਚ ਵਿੱਚ ਦੂਜਾ ਸਥਾਨ ਹਾਸਲ ਕਰਨ ਵਿਚ ਕਾਮਯਾਬ ਰਹੇ। ਪ੍ਰਿੰਸੀਪਲ ਸ਼੍ਰੀਮਤੀ ਅਨੀਤਾ ਰਾਣੀ ਨੇ ਇਸ ਉਪਲਬਧੀ ਲਈ ਗਾਈਡ ਅਧਿਆਪਕਾ ਸ਼੍ਰੀਮਤੀ ਗਿਰਜਾ ਅਤੇ ਉਨ੍ਹਾਂ ਦਾ ਸਾਥ ਨਿਭਾਉਣ ਵਾਲੇ ਸਹਿਯੋਗੀ ਅਧਿਆਪਕ ਸ਼੍ਰੀਮਤੀ ਸੰਦੀਪ ਕੌਰ, ਰਾਜ ਕੁਮਾਰ, ਸਾਹਿਲ ਦੇ ਸ਼ਲਾਘਾਯੋਗ ਕੰਮ ਦੀ ਤੈਅ ਦਿਲੋਂ ਤਾਰੀਫ਼ ਕੀਤੀ। ਦੱਸਣਯੋਗ ਗੱਲ ਇਹ ਹੈ ਕਿ ਸ਼੍ਰੀਮਤੀ ਗਿਰਜਾ ਨੇ ਇਨ੍ਹਾਂ ਬਲਾਕ ਪੱਧਰੀ ਮੁਕਾਬਲਿਆਂ ਵਿਚ ਜੱਜ ਸਾਹਿਬਾਨ ਦੀ ਵੀ ਭੂਮਿਕਾ ਨਿਭਾਈ। ਜਿਸ ਲਈ ਉਨ੍ਹਾਂ ਨੂੰ ਖਾਸ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਾਰੇ ਵਿਦਿਆਰਥੀ ਤੇ ਅਧਿਆਪਕਾਂ ਨੂੰ ਉਪਲਬਧੀ ਹਾਸਲ ਕਰਨ ਵਾਲੇ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ।

## ਨਿਸ਼ਕਾਮ ਸੇਵਾ ਸਭਾ ਨੇ ਸਿਲਾਈ ਮਸ਼ੀਨਾਂ ਵੰਡੀਆਂ



ਧੂਰੀ (ਸੁਖਦੇਵ ਧੂਰੀ)-ਨਿਸ਼ਕਾਮ ਸੇਵਾ ਸਭਾ (ਰਜਿ.) ਤੇ ਨੇਤਰ ਬੈਂਕ ਸੰਮਤੀ (ਰਜਿ.) ਦੇ ਦਫ਼ਤਰ ਵਿਖੇ ਚੱਲ ਰਹੇ ਸਿਲਾਈ ਤੇ ਕੰਪਿਊਟਰ ਸੈਂਟਰ ਵਿੱਚ ਲੜਕੀਆਂ ਦੇ ਸਿਲਾਈ ਕੋਰਸ ਦੇ 6 ਮਹੀਨੇ ਪੂਰੇ ਹੋਣ ਉਪਰੰਤ ਹਰ ਲੜਕੀ ਨੂੰ ਨਵੀਂ ਸਿਲਾਈ ਮਸ਼ੀਨ, ਇਕ ਸੂਟ ਤੇ ਸਰਟੀਫਿਕੇਟ ਦਿੱਤਾ ਗਿਆ। ਇਹ ਪ੍ਰੋਜੈਕਟ ਉੱਘੇ ਸਮਾਜ ਸੇਵੀ ਮਹਾਸਾ ਪ੍ਰਤਿਗਿਆਪਾਲ ਜੀ ਦੀ ਯੋਗ ਅਗਵਾਈ ਹੇਠ ਚੱਲ ਰਹੇ ਹਨ। ਸਮਾਗਮ ਦੇ ਮੁੱਖ ਮਹਿਮਾਨ ਡਾ. ਏ. ਆਰ. ਸ਼ਰਮਾ, ਸੀ.ਐਮ.ਡੀ. ਰਾਇਸੀਲਾ ਹੈਲਥ ਫੂਡਜ, ਧੂਰੀ ਵੱਲੋਂ ਲੜਕੀਆਂ ਨੂੰ ਉਨ੍ਹਾਂ ਦੀ ਕਾਮਯਾਬੀ ਲਈ ਅਸ਼ੀਰਵਾਦ ਦਿੱਤਾ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਯਾਬੀ ਦੀ ਕਾਮਨਾ ਕੀਤੀ। ਇਸ ਸਮੇਂ ਸੰਸਥਾ ਦੇ ਡਾਇਰੈਕਟਰ ਹੰਸ ਰਾਜ ਗਰਗ, ਸਤੀਸ਼ ਚੰਦਰ ਅਰੋੜਾ, ਅਸ਼ੋਕ ਰੈਣਾ, ਰਮੇਸ਼ਵਰ ਦਾਸ ਸ਼ਰਮਾ, ਸੰਤ ਸਿੰਘ, ਰਾਕੇਸ਼ ਗਰਗ, ਸਮਾਜ ਸੇਵੀ ਪਵਨ ਵਰਮਾ ਚੌਧਰੀ, ਰਾਜ ਕੁਮਾਰ, ਮਲਕੀਤ ਸਿੰਘ ਚਾਂਗਲੀ, ਸਾਬਕਾ ਡੀ ਪੀ ਆਰ ਓ ਮਨਜੀਤ ਸਿੰਘ ਬਖ਼ਸ਼ੀ, ਤਰਸੇਮ ਮਿੱਤਲ, ਰਮੇਸ਼ ਸ਼ਰਮਾ, ਰਜਿੰਦਰਪਾਲ, ਚਮਨ ਲਾਲ, ਪੰਕਜ ਕੁਮਾਰ ਗੁਪਤਾ, ਰਮੇਸ਼ ਗਰਗ, ਵਿਨੋਦ ਕੁਮਾਰ, ਨਰਿੰਦਰ ਨਿੰਦੀ, ਬਲਜੀਤ ਸਿੰਘ ਤੇ ਬੰਦਨਾ ਰਾਣੀ ਆਦਿ ਹਾਜ਼ਰ ਸਨ।

## ਵਿਧਾਇਕ ਨਰੇਸ਼ ਕਟਾਰੀਆ ਨੇ ਬੰਨ੍ਹ ਮਜ਼ਬੂਤ ਕਰਨ ਦਾ ਕੰਮ ਸ਼ੁਰੂ ਕਰਾਇਆ



ਮੱਖੂ (ਰਛਪਾਲ ਸਿੰਘ ਸੰਧੂ)-ਵਿਧਾਨ ਸਭਾ ਹਲਕਾ ਜੀਰਾ ਦੇ ਲੋਕ ਉਨ੍ਹਾਂ ਦੇ ਪਰਵਾਰ ਵਾਂਗ ਹਨ ਅਤੇ ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਮੇਰਾ ਮੁੱਖ ਉਦੇਸ਼ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਇਲਾਕੇ ਦੇ ਲੋਕਾਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਲਈ ਗੱਟਾ ਬਾਦਸ਼ਾਹ ਦੇ ਬੰਨ੍ਹ ਨੂੰ ਤਕਨੀਕੀ ਤੌਰ 'ਤੇ ਮਜਬੂਤ ਬਣਾਉਣ ਲਈ ਕੰਮ ਦੀ ਸ਼ੁਰੂਆਤ ਕਰਾਉਣ ਤੋਂ ਬਾਅਦ ਗੱਲਬਾਤ ਕਰਦੇ ਕਹੇ। ਬੰਨ੍ਹ ਨੂੰ ਮਜਬੂਤ ਬਣਾਉਣ ਦਾ ਕੰਮ ਗੁਰਦੁਆਰਾ ਸ਼ਹੀਦ ਸ਼ਾਮ ਸਿੰਘ ਅਟਾਰੀ ਫ਼ਤਿਹਗੜ੍ਹ ਸਭਰਾ ਦੇ ਮੁੱਖ ਸੇਵਾਦਾਰ ਬਾਬਾ ਸ਼ਿੰਦਰ ਸਿੰਘ ਸਭਰਾਵਾਂ ਦੇ ਸੰਗੀ ਬਾਬਾ ਆਤਮਾ ਸਿੰਘ ਵੱਲੋਂ ਅਰਦਾਸ ਕਰਨ ਤੋਂ ਬਾਅਦ ਵਿਧਾਇਕ ਨਰੇਸ ਕਟਾਰੀਆ ਵੱਲੋਂ ਬੰਨ੍ਹ ਦਾ ਕੰਮ ਸ਼ੁਰੂ ਕਰਾਇਆ ਗਿਆ। ਵਿਧਾਇਕ ਨੇ ਕਿਹਾ ਕਿ ਬੰਨ੍ਹ ਨੂੰ ਮਜਬੂਤ ਬਣਾਉਣ ਲਈ ਪਹਿਲੇ ਪ੍ਰਜੈਕਟ ਤਹਿਤ ਬੁਰਜੀ ਨੰਬਰ 9800 ਆਰਡੀ ਤੋਂ 10200 ਆਰਡੀ ਤੱਕ 400 ਫੁੱਟ ਲੰਬਾਈ ਅਤੇ 16 ਫੁੱਟ ਚੌੜਾਈ ਵਾਲੀ ਮਜਬੂਤ ਪੱਥਰ ਦੀ ਕੰਧ ਬਣਾਈ ਜਾਵੇਗੀ ਤਾਂ ਜੁ ਨੇੜਲੇ ਪਿੰਡ ਗੱਟਾ ਬਾਦਸ਼ਾਹ, ਨਿਜਾਮਦੀਨ ਵਾਲਾ, ਦੀਨੇ ਕੇ, ਵੱਟੂ ਭੱਟੀ ਤੇ ਹੋਰ ਪਿੰਡਾਂ ਦੇ ਵਸਨੀਕਾਂ ਨੂੰ ਹੜ੍ਹ ਤੋਂ ਰਾਹਤ ਮਿਲ ਸਕੇ। ਵਿਧਾਇਕ ਨਰੇਸ ਕਟਾਰੀਆ ਨੇ ਕਿਹਾ ਕਿ ਹਲਕਾ ਜੀਰਾ 'ਚ ਕਰੋੜਾਂ ਦੀ ਲਾਗਤ ਨਾਲ ਵਿਕਾਸ ਕਾਰਜ ਜੰਗੀ ਪੱਧਰ 'ਤੇ ਕਰਾਏ ਜਾ ਰਹੇ ਹਨ।

## ਪਰਾਲੀ ਦੀ ਸੰਭਾਲ ਲਈ ਕੋਟਸ਼ਮੀਰ 'ਚ ਕੈਂਪ ਲਾਇਆ



ਬਠਿੰਡਾ (ਬਖਤੌਰ ਢਿੱਲੋਂ)-ਪਰਾਲੀ ਨੂੰ ਸਾੜਣ ਤੋਂ ਬਗੈਰ ਸਾਂਭ ਸੰਭਾਲ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦੇ ਨਿਰਦੇਸ਼ਾਂ ਅਨੁਸਾਰ ਸ੍ਰੀ ਹਸਨ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਦੀ ਅਗਵਾਈ ਵਿੱਚ ਪਿੰਡ ਕੋਟਸ਼ਮੀਰ ਵਿਖੇ ਕਲੱਸਟਰ ਪੱਧਰ ਦਾ ਕਿਸਾਨ ਜਾਗਰੂਕਤਾ ਕੈਂਪ ਲਾਇਆ ਗਿਆ, ਜਿਸਦੀ ਪ੍ਰਧਾਨਗੀ ਸ੍ਰੀ ਬਲਜਿੰਦਰ ਸਿੰਘ ਖੇਤੀਬਾੜੀ ਅਫ਼ਸਰ ਬਲਾਕ ਬਠਿੰਡਾ ਨੇ ਕੀਤੀ। ਕੈਂਪ ਦੀ ਸ਼ੁਰੂਆਤ ਸ੍ਰੀ ਗੁਰਮਿਲਾਪ ਸਿੰਘ ਬੀ ਟੀ ਐਮ ਵੱਲੋਂ ਪਹੁੰਚੇ ਕਿਸਾਨਾਂ ਦਾ ਸੁਆਗਤ ਕਰਕੇ ਕੀਤੀ ਗਈ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਬਲਜਿੰਦਰ ਸਿੰਘ ਨੇ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਾ ਕੇ ਵਾਤਾਵਰਣ ਤੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਚਾਇਆ ਜਾ ਸਕਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਾਉਣ। ਡਾ. ਜਗਪਾਲ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਸੰਬੋਧਨ ਕਰਦਿਆਂ ਕਿਸਾਨਾਂ ਨੂੰ ਕਣਕ ਦੀ ਬਿਜਾਈ ਅਤੇ ਨਦੀਨਾਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਡਾ: ਮਨਜਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਨਾਲ ਮਿੱਟੀ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ ਅਤੇ ਫ਼ਸਲ ਦਾ ਪੂਰਾ ਝਾੜ ਮਿਲਦਾ ਹੈ। ਸ੍ਰੀ ਗੁਰਮਿਲਾਪ ਸਿੰਘ ਨੇ ਕਿਸਾਨਾਂ ਨੂੰ ਮਿੱਟੀ ਤੇ ਪਾਣੀ ਪਰਖ ਕਰਾਉਣ ਦੀ ਮਹੱਤਤਾ ਦਸਦਿਆਂ ਸੈਂਪਲ ਲਉਂਣ ਦੇ ਤਰੀਕਿਆਂ ਬਾਰੇ ਦੱਸਿਆ। ਇਸ ਮੌਕੇ ਸ੍ਰੀ ਭੁਪਿੰਦਰ ਸਿੰਘ ਬੀ ਡੀ ਪੀ ਓ ਬਠਿੰਡਾ, ਸ੍ਰੀਮਤੀ ਅਮਨਦੀਪ ਕੌਰ ਏ ਐਸ ਆਈ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ।

## ਖੇਡਾਂ ਵਤਨ ਪੰਜਾਬ ਦੀਆਂ 'ਚ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਨੇ ਮਾਰੀਆਂ ਮੱਲਾਂ



ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ, ਨਛੱਤਰ ਸੰਧੂ)-ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਕਰਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿਧਵਾਂ ਬੇਟ ਦੇ ਵਿਦਿਆਰਥੀਆਂ ਨੇ ਹੁੰਮ ਹੁਮਾ ਕੇ ਹਿਸਾ ਲਿਆ ਅਤੇ ਸਫਲਤਾ ਦਾ ਰਾਸਤਾ ਚੁੰਮਿਆ। ਬੀਤੇ ਦਿਨੀ 'ਖੇਡਾਂ ਵਤਨ ਪੰਜਾਬ ਦੀਆਂ' ਦੇ ਜ਼ਿਜਲ੍ਹਾ ਲੈਵਲ ਮੁਕਾਬਲੇ ਕਰਾਏ ਗਏ, ਜਿਸ ਵਿੱਚ ਸਾਰੇ ਲੁਧਿਆਣਾ ਜ਼ਿਲ੍ਹੇ ਦੇ ਬਲਾਕ ਨੇ ਭਾਗ ਲਿਆ, ਜਿਸ ਵਿੱਚ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿਧਵਾਂ ਬੇਟ ਦੇ ਵਿਦਿਆਰਥੀਆਂ ਜਸਪ੍ਰੀਤ ਸਿੰਘ ਨੇ ਬਾਕਸਿੰਗ ਵਿੱਚ ਗੋਲਡ, ਰੋਸ਼ਨਪ੍ਰੀਤ ਸਿੰਘ ਨੇ ਫੁੱਟਬਾਲ ਵਿੱਚ ਸਿਲਵਰ ਮੈਡਮ ਅਤੇ ਗੁਰਲੀਨ ਕੌਰ ਨੇ ਸ਼ਤਰੰਜ ਵਿੱਚ ਸਿਲਵਰ ਮੈਡਮ ਹਾਸਿਲ ਕਰਕੇ ਆਪਣਾ, ਆਪਣੇ ਸਕੂਲ ਦਾ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ। ਇਹਨਾਂ ਹੋਣਹਾਰ ਵਿਦਿਆਰਥੀਆਂ ਨੂੰ ਸਕੂਲ ਪਹੁੰਚਣ 'ਤੇ ਸਕੂਲ ਦੀ ਪ੍ਰਬੰਧਕੀ ਕਮੇਟੀ ਅਤੇ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਜੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਾ ਠਾਕੁਰ ਜੀ ਵੱਲੋਂ ਬੱਚਿਆਂ ਨੂੰ ਕਿਹਾ ਕਿ ਖੇਡਾਂ ਵਿੱਚ ਭਾਗ ਲੈ ਕੇ ਬੱਚੇ ਆਪਣੇ ਮਾਂ ਬਾਪ ਦਾ ਹੀ ਨਹੀਂ, ਸਗੋਂ ਸਕੂਲ ਦਾ ਨਾਂਅ ਵੀ ਰੌਸ਼ਨ ਕਰਦੇ ਹਨ।

## ਤਿਉਹਾਰੀ ਸੀਜ਼ਨ ਦੌਰਾਨ ਚੱਲਣਗੀਆਂ ਵਿਸ਼ੇਸ਼ ਗੱਡੀਆਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਤਿਓਹਾਰੀ ਸੀਜ਼ਨ ਦੌਰਾਨ ਰੇਲ ਗੱਡੀਆਂ 'ਚ ਹੋਣ ਵਾਲੀ ਭੀੜ ਨੂੰ ਘੱਟ ਕਰਨ ਲਈ ਰੇਲਵੇ ਵਿਭਾਗ ਫਿਰੋਜ਼ਪੁਰ ਕੈਂਟ-ਪਟਨਾ ਤੇ ਜੰਮੂਤਵੀ-ਬਰੌਨੀ ਵਿਚਾਲੇ ਸਪੈਸ਼ਲ ਰੇਲ ਗੱਡੀਆਂ ਚਲਾਉਣ ਜਾ ਰਿਹਾ ਹੈ।ਵਿਭਾਗ ਵੱਲੋਂ ਜਾਰੀ ਸੂਚਨਾ ਅਨੁਸਾਰ ਗੱਡੀ ਨੰਬਰ 04678 ਫਿਰੋਜ਼ਪੁਰ ਕੈਂਟ ਸਟੇਸ਼ਨ ਤੋਂ 25 ਅਕਤੂਬਰ ਤੋਂ ਲੈ ਕੇ 29 ਨਵੰਬਰ ਤੱਕ ਹਰ ਬੁੱਧਵਾਰ ਦੁਪਹਿਰ 1:25 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸ਼ਾਮ 5 ਵਜੇ ਪਟਨਾ ਪਹੁੰਚੇਗੀ।ਵਾਪਸੀ ਦੇ ਲਈ ਗੱਡੀ ਨੰਬਰ 04677 ਪਟਨਾ ਸਟੇਸ਼ਨ ਤੋਂ 26 ਅਕਤੂਬਰ ਤੋਂ 30 ਨਵੰਬਰ ਤੱਕ ਹਰ ਵੀਰਵਾਰ ਸ਼ਾਮ 6:45 ਵਜੇ ਨਾ ਹੋ ਕੇ ਅਗਲੇ ਦਿਨ ਰਾਤ 10:40 ਵਜੇ ਫਿਰੋਜ਼ਪੁਰ ਪਹੁੰਚਿਆ ਕਰੇਗੀ।ਇਨ੍ਹਾਂ ਰੇਲ ਗੱਡੀਆਂ ਦਾ ਦੋਹੇਂ ਪਾਸਿਓਂ ਠਹਿਰਾਓ ਕੋਟਕਪੂਰਾ, ਬਠਿੰਡਾ, ਰਾਮਪੁਰਾ ਫੂਲ, ਧੂਰੀ, ਪਟਿਆਲਾ, ਰਾਜਪੁਰਾ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਲਖਨਊ, ਪ੍ਰਤਾਪਗੜ੍ਹ, ਵਾਰਾਣਸੀ, ਪੰਡਿਤ ਦੀਨ ਦਿਆਲ ਉਪਾਧਿਆਏ ਜੰਕਸ਼ਨ, ਬਕਸਰ, ਆਰਾ ਤੇ ਦਾਨਾਪੁਰ ਸਟੇਸ਼ਨਾਂ 'ਤੇ ਹੋਵੇਗਾ। ਗੱਡੀ ਨੰਬਰ 04646 ਜੰਮੂਤਵੀ ਸਟੇਸ਼ਨ ਤੋਂ 19 ਅਕਤੂਬਰ ਤੋਂ ਲੈ ਕੇ 30 ਨਵੰਬਰ ਤੱਕ ਹਰ ਵੀਰਵਾਰ ਸਵੇਰੇ 5:45 ਵਜੇ ਚੱਲਦੇ ਹੋਏ ਅਗਲੇ ਦਿਨ ਦੁਪਹਿਰ 12:10 ਵਜੇ ਬਰੌਨੀ ਪਹੁੰਚੇਗੀ।ਵਾਪਸੀ ਲਈ ਗੱਡੀ ਨੰਬਰ 04645 ਬਰੌਨੀ ਸਟੇਸ਼ਨ ਤੋਂ 20 ਅਕਤੂਬਰ ਤੋਂ ਲੈ ਕੇ 1 ਦਸੰਬਰ ਤੱਕ ਹਰ ਸ਼ੁੱਕਰਵਾਰ ਦੁਪਹਿਰ 3:15 ਵਜੇ ਚੱਲਦੇ ਹੋਏ ਅਗਲੇ ਦਿਨ ਰਾਤ 10:30 ਵਜੇ ਜੰਮੂਤਵੀ ਸਟੇਸ਼ਨ ਪਹੁੰਚਿਆ ਕਰੇਗੀ।ਇਨ੍ਹਾਂ ਰੇਲ ਗੱਡੀਆਂ ਦਾ ਦੋਹੇਂ ਪਾਸਿਓਂ ਠਹਿਰਾਓ ਪਠਾਨਕੋਟ ਕੈਂਟ, ਜਲੰਧਰ ਕੈਂਟ, ਲੁਧਿਆਣਾ, ਅੰਬਾਲਾ ਕੈਂਟ, ਸਹਾਰਨਪੁਰ, ਲਕਸਰ, ਮੁਰਾਦਾਬਾਦ, ਬਰੇਲੀ, ਸੀਤਾਪੁਰ, ਗੌਂਡਾ, ਗੋਰਖਪੁਰ, ਛੱਪਰਾ, ਛੱਪਰਾ ਗ੍ਰਾਮੀਣ, ਹਾਜ਼ੀਪੁਰ, ਸ਼ਾਹਪੁਰ ਪਟੋਰੀ, ਬਛਵਾੜਾ ਸਟੇਸ਼ਨਾਂ 'ਤੇ ਹੋਵੇਗਾ।

# ਨਰਾਇਣ ਦਾਸ ਡਾਬਰ ਨੂੰ ਭਰਪੂਰ ਸ਼ਰਧਾਂਜਲੀਆਂ



ਸਾਹਕੋਟ (ਗਿਆਨ ਸੈਦਪੁਰੀ) ਜਗਮੋਹਨ ਡਾਬਰ (ਹੈਪੀ) ਸਾਬਕਾ ਮੈਂਬਰ ਨਗਰ ਪੰਚਾਇਤ ਸਾਹਕੋਟ, ਰਵੀ ਮੋਹਨ ਅਤੇ ਵਿਵੇਕ ਨੰਦਨ ਡਾਬਰ ਦੇ ਪਿਤਾ ਨਰਾਇਣ ਦਾਸ ਡਾਬਰ ਨੂੰ ਵੱਖ ਵੱਖ ਸਿਆਸੀ, ਸਮਾਜੀ ਅਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਭਰਪੂਰ ਸਰਧਾਂਜਲੀਆਂ ਭੇਂਟ ਕੀਤੀਆਂ। ਉਹ ਤਿੰਨ ਅਕਤੂਬਰ ਨੂੰ ਸਦੀਵੀਂ ਵਿਛੋੜਾ ਦੇ ਗਏ ਸਨ। ਸਥਾਨਕ ਲਕਸਮੀ ਨਰਾਇਣ ਮੰਦਿਰ ਵਿੱਚ ਗਰੁੜ ਪੁਰਾਣ ਜੀ ਦੇ ਪਾਠ ਦੇ ਭੋਗ ਪਾਏ ਗਏ। ਧਾਰਮਿਕ ਰਸਮਾਂ ਪੰਡਿਤ ਓਮ ਦੱਤ ਨੇ ਨਿਭਾਈਆਂ।

ਇਸ ਮੌਕੇ ਹੋਏ ਸਰਧਾਂਜਲੀ ਸਮਾਗਮ ਦੌਰਾਨ ਪਦਮ ਸ੍ਰੀ ਮੈਂਬਰ ਪਾਰਲੀਮੈਂਟ ਹੰਸ ਰਾਜ ਹੰਸ ਨੇ ਭਾਵ ਪੂਰਤ ਸਬਦਾਂ ਵਿੱਚ ਸਰਧਾਂਜਲੀ ਭੇਂਟ ਕਰਦਿਆਂ ਨਰਾਇਣ ਦਾਸ ਹੁਰਾਂ ਦੀ ਪ੍ਰਤਿਭਾਵਾਨ ਸਖਸੀਅਤ ਬਾਰੇ ਦੱਸਿਆ। ਉਨ੍ਹਾਂ ਨੇ ਡਾਬਰ ਪ੍ਰਵਾਰ ਦੇ ਹਲੀਮੀ ਵਾਲੇ ਸੁਭਾਅ ਦਾ ਜ਼ਿਕਰ ਕਰਦਿਆ ਉਨ੍ਹਾਂ ਦੇ ਸਿਆਸੀ ਤੇ ਸਮਾਜੀ ਰੁਤਬੇ ਨੂੰ ਵੀ ਬਿਆਨ ਕੀਤਾ। ਹੰਸ ਨੇ ਪ੍ਰਵਾਰ ਵੱਲੋਂ ਸਭ ਦਾ ਧੰਨਵਾਦ ਵੀ ਕੀਤਾ। ਇਸ ਤੋਂ ਪਹਿਲਾਂ ਨਗਰ ਪੰਚਾਇਤ ਸਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ ਰਿਹਾਨ ਨੇ ਡਾਬਰ ਪ੍ਰਵਾਰ ਦੇ ਪਾਕਿਸਤਾਨ ਦੇ ਜ਼ਿਲ੍ਹਾ ਲਾਇਲਪੁਰ ਤੋ ਇੱਧਰ ਆਉਣ ਤੋਂ ਲੈ ਕੇ ਹੁਣ ਤੱਕ ਦੇ ਸਫਰ 'ਤੇ ਚਾਨਣਾ ਪਾਇਆ।

ਸਰਧਾਂਜਲੀ ਭੇਂਟ ਕਰਨ ਵਾਲਿਆਂ ਵਿੱਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸੇਰੋਵਾਲੀਆ, ਉੱਘੇ ਖੇਡ ਪ੍ਰਮੋਟਰ ਅਤੇ ਸਮਾਜ ਸੇਵਕ ਹਰਬੰਸ ਸਿੰਘ ਚੰਦੀ, ਆਪ ਦੇ ਹਲਕਾ ਇਨਚਾਰਜ ਰਤਨ ਸਿੰਘ ਕਾਕੜ ਕਲਾਂ, ਸਾਬਕਾ ਵਿਧਾਇਕ ਕੇ.ਡੀ. ਭੰਡਾਰੀ, ਅਸੋਕ ਚਾਵਲਾ ਗਾਜੀਆਬਾਦ, ਆਕਲੀ ਦਲ ਦੇ ਹਲਕਾ ਇਨਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ, ਆਪ ਆਗੂ ਬਲਕਾਰ ਸਿੰਘ ਚੱਠਾ ਤੇ ਤਜਿੰਦਰ ਸਿੰਘ ਰਾਮਪੁਰ, ਭਾਜਪਾ ਆਗੂ ਐਡਵੋਕੇਟ ਦੀਪਕ ਸਰਮਾ ਤੇ ਅਮਰਜੀਤ ਸਿੰਘ ਅਮਰੀ(ਜਲੰਧਰ) ਆਦਿ ਸਾਮਲ ਸਨ। ਇਸ ਮੌਕੇ ਹੋਰਨਾਂ ਤੋ ਇਲਾਵਾ ਸਾਬਕਾ ਐਮ. ਸੀ. ਜਤਿੰਦਰਪਾਲ ਸਿੰਘ ਬੱਲ੍ਹਾ, ਐਡਵੋਕੇਟ ਸ਼ਿਵ ਕਰਨ ਮਲਹੋਤਰਾ, ਸਾਬਕਾ ਐਮ. ਸੀ. ਪਵਨ ਅੱਗਰਵਾਲ, ਸੀਨੀਅਰ ਕਾਂਗਰਸੀ ਆਗੂ ਅਜਮੇਰ ਸਿੰਘ ਖਾਲਸਾ, ਨਿਰਮਲ ਕੁਟੀਆ ਸੀਚੇਵਾਲ ਤੋਂ ਸੁਰਜੀਤ ਸਿੰਘ ਸੈਂਟੀ, ਜੋਗਾ ਸਿੰਘ ਸਰਪੰਚ ਚੱਕ ਚੇਲਾ, ਨਬਜ ਦੇ ਸੰਪਾਦਕ ਦਵਿੰਦਰ ਸਿੰਘ ਆਹਲੂਵਾਲੀਆ, ਬਾਲ ਸਾਹਿਤ ਲੇਖਕ ਡਾ ਨਗਿੰਦਰ ਸਿੰਘ ਬਾਂਸਲ, ਤਰਸੇਮ ਲਾਲ ਅੱਗਰਵਾਲ ਸੀ.ਏ, ਡੀ. ਐਸ. ਪੀ. ਵਿਮਲ ਕਾਂਤ ਆਦਿ ਹਾਜਰ ਸਨ। ਉੱਘੇ ਗਾਇਕ ਧੀਰਜ ਕਾਂਤ ਨੇ ਭਜਨ ਗਾਇਨ ਕੀਤਾ। ਦਿਵਿਆ ਜੋਯਤੀ ਜਾਗ੍ਰਤੀ ਸੰਸਥਾਨ ਨੂਰਮਹਿਲ ਦੇ ਸੁਆਮੀ ਮਨਜੋਤ ਨੇ ਧਾਰਮਿਕ ਪ੍ਰਵਚਨ ਦਿੱਤੇ।

## ਵਿਧਾਇਕਾ ਨਰਿੰਦਰ ਕੌਰ ਵੱਲੋਂ 1.30 ਕਰੋੜ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ

ਸੰਗਰੂਰ (ਪ੍ਰਵੀਨ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਸੰਗਰੂਰ ਨੂੰ ਸੂਬੇ ਦੇ ਮੋਹਰੀ ਹਲਕਿਆਂ ਦੀ ਸੂਚੀ ਵਿੱਚ ਸ਼ਾਮਲ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਇਸੇ ਉਦੇਸ਼ ਦੀ ਪੂਰਤੀ ਹਿੱਤ ਸ਼ਹਿਰ ਤੇ ਦਿਹਾਤੀ ਖੇਤਰਾਂ ਦੇ ਸਰਬਪੱਖੀ ਵਿਕਾਸ ਲਈ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਹ ਪ੍ਰਗਟਾਵਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸ਼ਹਿਰ ਵਿਖੇ ਕਰੀਬ 1.30 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜ ਸ਼ੁਰੂ ਕਰਾਉਣ ਮੌਕੇ ਕੀਤਾ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਹਲਕੇ ਦੀ ਨੁਹਾਰ ਨੂੰ ਸੰਵਾਰਨ ਅਤੇ ਵਿਕਾਸ ਕਾਰਜਾਂ ਨੂੰ ਪੜਾਅਵਾਰ ਢੰਗ ਨਾਲ ਪੂਰਾ ਕਰਨ ਲਈ ਸਮੁੱਚੀ ਰੂਪ ਰੇਖਾ ਤਿਆਰ ਕਰ ਲਈ ਗਈ ਹੈ ਅਤੇ ਰੋਜ਼ਾਨਾ ਦੇ ਆਧਾਰ 'ਤੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਸਥਾਈ ਹੱਲ ਲਈ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮੁੱਚੇ ਨਿਰਮਾਣ ਕਾਰਜ ਪਾਰਦਰਸ਼ਤਾ ਨਾਲ ਅਤੇ ਸਮਾਂਬੱਧ ਕਰਵਾਉਣ ਦੇ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ ਗਏ ਹਨ ਅਤੇ ਆਮ ਲੋਕ ਵੀ ਲਗਾਤਾਰ ਕਾਰਜਾਂ ਦੀ ਨਿਗਰਾਨੀ ਰੱਖਣਗੇ ਅਤੇ ਨਿਰਮਾਣ ਮਟੀਰੀਅਲ ਵਿੱਚ ਕਮੀ ਸਾਹਮਣੇ ਆਉਣ 'ਤੇ ਫੌਰੀ ਕਾਰਵਾਈ ਕੀਤੀ ਜਾਵੇਗੀ। ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਰੈਸਟ ਹਾਊਸ ਸੰਗਰੂਰ ਦੇ ਆਲੇ ਦੁਆਲੇ ਬਰਮਾਂ 'ਤੇ ਕਰੀਬ 39.22 ਲੱਖ ਦੀ ਲਾਗਤ ਨਾਲ, ਸਰਕਾਰੀ ਸਕੂਲ ਹਰੀਪੁਰਾ ਰੋਡ 'ਤੇ 41.14 ਲੱਖ ਦੀ ਲਾਗਤ ਨਾਲ, ਖੈਰਾਤੀ ਰਾਮ ਤੋਂ ਬੇਅੰਤ ਕਰਿਆਨਾ ਸਟੋਰ ਤੇ ਮੰਦਰ ਵਾਲੀ ਗਲੀ ਵਿੱਚ 31.92 ਲੱਖ ਦੀ ਲਾਗਤ ਨਾਲ ਅਤੇ ਮਦਨਜੀਤ ਦੀ ਕੋਠੀ ਨਾਲ ਗਲੀ ਵਿੱਚ 18.27 ਲੱਖ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਲਵਾਉਣ ਦੇ ਕਾਰਜਾਂ ਦੇ ਕਹੀ ਨਾਲ ਟੱਕ ਲਾ ਕੇ ਸ਼ੁਰੂਆਤ ਕੀਤੀ ਤੇ ਸਬੰਧਤ ਕੰਮ ਨਿਰਧਾਰਤ ਸਮੇਂ ਅੰਦਰ ਪੂਰਾ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਕਾਰਜਸਾਧਕ ਅਫ਼ਸਰ ਰਾਕੇਸ਼ ਕੁਮਾਰ ਅਰੋੜਾ ਵੀ ਹਾਜ਼ਰ ਸਨ।

## ਸ੍ਰੀ ਦੁਰਗਾ ਰਾਮਾ ਡਰਾਮਾਟਿਕ ਕਲੱਬ ਵੱਲੋਂ ਰਾਮਲੀਲ੍ਹਾ ਦੀ ਸ਼ੁਰੂਆਤ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸ੍ਰੀ ਦੁਰਗਾ ਦਲ ਸੇਵਾ ਸੰਮਤੀ ਮੰਦਰ ਰਾਮਲੀਲ੍ਹਾ ਤੇ ਧਰਮਸ਼ਾਲਾ ਦੀ ਅਗਵਾਈ 'ਚ ਸ੍ਰੀ ਦੁਰਗਾ ਰਾਮਾ ਡ੍ਰਾਮਾਟਿਕ ਕਲੱਬ, ਸ਼ਿਵ ਸ਼ੰਕਰ ਯੂਥ ਸੇਵਾ ਦਲ ਤੇ ਸ੍ਰੀ ਸੱਚਾ ਮਹਾਂ ਕਲੇਸ਼ਵਰ ਮੰਦਰ ਦੇ ਸਹਿਯੋਗ ਨਾਲ ਰਮੇਸ਼ ਗਰਗ ਦੀ ਸਰਪ੍ਰਸਤੀ ਤੇ ਵੇਦ ਪ੍ਰਕਾਸ਼ ਕਾਂਸਲ ਦੀ ਪ੍ਰਧਾਨਗੀ ਤੇ ਡਾਇਰੈਕਟਰ ਰਿੰਕੂ ਚੋਪੜਾ ਦੀ ਦੇਖ-ਰੇਖ ਵਿੱਚ ਆਰੰਭ ਹੋਈ ਰਾਮਲੀਲ੍ਹਾ ਕਲੱਬ ਦੇ ਕਲਾਕਾਰਾਂ ਵੱਲੋਂ ਦਸ ਦਿਨਾਂ ਲਈ ਕੀਤੀ ਜਾ ਰਹੀ ਰਾਮਲੀਲਾ ਦੇ ਪਹਿਲੇ ਦਿਨ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਗਰਵਾਲ ਧਰਮਸ਼ਾਲਾ ਦੇ ਪ੍ਰਧਾਨ ਮਦਨ ਮਿੱਤਲ ਤੇ ਪੀ ਏ ਗੁਰਦੇਵ ਟਿਵਾਣਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹਰ ਮਨੁੱਖ ਨੂੰ ਭਗਵਾਨ ਸ੍ਰੀ ਰਾਮ ਦੇ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ ਤੇ ਦੂਜਿਆਂ ਦੀ ਭਲਾਈ ਕਰਦੇ ਹੋਏ ਆਪਣਾ ਜੀਵਨ ਸਫ਼ਲ ਬਣਾਉਣਾ ਚਾਹੀਦਾ ਹੈ। ਰਾਮਲੀਲ੍ਹਾ ਦਾ ਮੰਚਨ ਸੀਤਾ ਸਵੰਬਰ ਤੇ ਦਸ਼ਰਥ ਦਰਬਾਰ ਤੇ ਰਾਜਾ ਜਨਕ ਦਰਬਾਰ ਨੂੰ ਕਲੱਬ ਦੇ ਕਲਾਕਾਰਾਂ ਵੱਲੋਂ ਬਹੁਤ ਹੀ ਚੰਗੇ ਢੰਗ ਨਾਲ ਪੇਸ਼ ਕੀਤਾ ਗਿਆ। ਸਟੇਜ ਦੀ ਭੂਮਿਕਾ ਮਾਸਟਰ ਸਤਿੰਦਰ ਲਾਲ ਨੇ ਬਾਖੂਬੀ ਨਿਭਾਈ। ਇਸ ਮੌਕੇ ਉਨ੍ਹਾਂ ਅਗਰਵਾਲ ਧਰਮਸ਼ਾਲਾ ਦੇ ਸਮੂਹ ਮੈਂਬਰ, 'ਆਪ' ਪਾਰਟੀ ਦੇ ਯੂਥ ਪ੍ਰਧਾਨ ਪਾਰਸ ਸ਼ਰਮਾ, ਮਹਿਲਾ ਵਿੰਗ ਪ੍ਰਧਾਨ ਸੁਨੈਨਾ ਮਿੱਤਲ, ਪੰਕਜ ਗਰਗ, ਨਰਿੰਦਰ ਪੰਮੀ, ਪ੍ਰਿੰਸੀਪਲ ਭੂਸ਼ਣ ਮਿੱਤਲ, ਰਵੀ ਗਰਗ ਟੀਮਾ, ਹੁਸਨ ਲਾਲ, ਪ੍ਰਦੀਪ ਸ਼ਰਮਾ, ਧਰਮਪਾਲ ਨਾਹਰ, ਕੁਲਬੀਰ ਸਿੰਗਲਾ, ਦੀਪਕ ਵਧਵਾ, ਸੰਦੀਪ ਸ਼ਰਮਾ, ਰਾਜੂ ਛਾਬੜਾ, ਪਿੰਕਾ ਸ਼ਰਮਾ, ਵਿਸ਼ਾਲ ਗਰਗ, ਰਮਨ ਗੁਪਤਾ, ਰਵਿੰਦਰ ਸੋਹਲ, ਰਿੰਪੀ ਮੇਨਕਾ ਆਦਿ ਮੌਜੂਦ ਸਨ।

## ਨਸ਼ਾ ਵਿਰੋਧੀ ਮੁਹਿੰਮ ਸੰਬੰਧੀ ਕਾਨੂੰਨੀ ਸੇਵਾਵਾਂ ਦੀ ਪਹਿਲਕਦਮੀ ਤਹਿਤ ਪ੍ਰੋਗਰਾਮ ਕਰਾਇਆ



ਧੂਰੀ (ਸੁਖਦੇਵ ਧੂਰੀ)-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਐੱਨ ਐੱਸ ਐੱਸ ਤੇ ਰੈੱਡ ਰਿਬਨ ਕਲੱਬ ਨੇ ਸਾਂਝੇ ਤੌਰ 'ਤੇ ਪੰਜਾਬ ਸਟੇਟ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਬ ਡਵੀਜ਼ਨ ਜੁਡੀਸ਼ੀਅਲ ਮੈਜਿਸਟ੍ਰੇਟ ਧੂਰੀ ਤੇ ਐਂਟੀ ਕੁਰੱਪਸ਼ਨ ਵੈਲਫੇਅਰ ਸੋਸਾਇਟੀ ਦੇ ਸਹਿਯੋਗ ਨਾਲ ਪ੍ਰੋਗਰਾਮ ਕਰਾਇਆ। ਇਸ ਪ੍ਰੋਗਰਾਮ ਵਿਚ ਐਡਵੋਕੇਟ ਸੰਦੀਪ ਥਾਪਰ ਨੇ ਮੁੱਖ ਬੁਲਾਰੇ ਵਜੋਂ ਤੇ ਐਡੀਸ਼ਨਲ ਸਿਵਲ ਜੱਜ ਧੂਰੀ ਜਸਟਿਸ ਨੇਹਾ ਗੋਇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਪ੍ਰੋਗਰਾਮ ਵਿਚ ਸ਼ਾਮਲ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ। ਐਸ.ਐਚ.ਓ. ਥਾਣਾ ਸਿਟੀ ਧੂਰੀ ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਾ ਨਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਸਟਿਸ ਪੀ.ਐਸ.ਕਾਲੇਕਾ, ਮੁੱਖ ਜੱਜ ਸੰਗਰੂਰ ਤੇ ਸੈਕਟਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਨਸ਼ਾ ਕਰਨ ਵਾਲਾ ਵਿਅਕਤੀ ਆਪਣੀ ਸੋਚਣ ਤੇ ਸਮਝਣ ਦੀ ਸ਼ਕਤੀ ਗੁਆ ਦਿੰਦਾ ਹੈ ਅਤੇ ਬੇਸਮਝ ਹੋ ਜਾਂਦਾ ਹੈ। ਡਾ. ਊਸ਼ਾ ਰਾਣੀ ਨੇ ਵੀ ਵਿਦਿਆਰਥੀਆਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਇਹ ਪ੍ਰੋਗਰਾਮ ਐਂਟੀ ਕ੍ਰਪਸ਼ਨ ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਕਰਾਇਆ ਗਿਆ। ਸੋਸਾਇਟੀ ਦੇ ਵੱਖ ਵੱਖ ਅਹੁਦੇਦਾਰ ਵਿਕਾਸ ਵਰਮਾ ਪ੍ਰਧਾਨ, ਵਰਿੰਦਰ ਸਿੰਗਲਾ ਜਨਰਲ ਸੈਕਟਰੀ ਨਰੇਸ਼ ਅੱਤਰੀ ਸੈਕਟਰੀ, ਅਮਿਤ ਗੁਪਤਾ ਪੀ.ਆਰ.ਓ. ਨੇ ਇਸ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ। ਕਾਲਜ ਦੇ ਵਿਦਿਆਰਥੀਆਂ ਨੇ ਵੀ ਨਸ਼ਿਆਂ ਬਾਰੇ ਆਪਣੇ ਵਿਚਾਰ ਇਸ ਪ੍ਰੋਗਰਾਮ ਵਿਚ ਸਾਂਝੇ ਕੀਤੇ। ਇਹਨਾਂ ਵਿਦਿਆਰਥੀਆਂ ਨੂੰ ਐਂਟੀ ਕੁਰੱਪਸ਼ਨ ਵੈੱਲਫੇਅਰ ਸੁਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰੋ. ਰਾਜਿੰਦਰ ਸਿੰਘ ਨੇ ਸਟੇਜ ਸੰਚਾਲਕ ਦੀ ਭੂਮਿਕਾ ਨਿਭਾਈ।

# ਟਰੱਕ ਯੂਨੀਅਨ 'ਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਾਏ



ਧਰਮਕੋਟ (ਗੁਰਦੀਪ ਸਿੰਘ ਭੁੱਲਰ) ਜਦੋਂ ਵੀ ਝੋਨੇ ਜਾਂ ਕਣਕ ਦੀ ਫ਼ਸਲ ਆਉਂਦੀ ਹੈ ਤਾਂ ਸਭ ਤੋਂ ਪਹਿਲਾਂ ਗੁਰੂ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਖਰੀਦ ਸ਼ੁਰੂ ਕਰਾਈ ਜਾਂਦੀ ਹੈ। ਬੀਤੇ ਦਿਨੀਂ ਦਾਣਾ ਮੰਡੀ ਵਿਖੇ ਗੁਰਮੀਤ ਮੁਖੀਜਾ ਦੀ ਆੜ੍ਹਤ 'ਤੇ ਸਮੂਹ ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਾਏ ਗਏ। ਇਸੇ ਤਰ੍ਹਾਂ ਟਰੱਕ ਯੂਨੀਅਨ ਧਰਮਕੋਟ ਵਿਖੇ ਟਰੱਕ ਯੂਨੀਅਨ ਦੇ ਪ੍ਰਧਾਨ ਸਤਬੀਰ ਸਿੰਘ ਸੱਤੀ ਜਲਾਲਾਬਾਦ ਦੇ ਸਹਿਯੋਗ ਨਾਲ ਟਰੱਕ ਯੂਨੀਅਨ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਾਏ ਗਏ। ਇਸ ਮੌਕੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਉਚੇਚੇ ਤੌਰ 'ਤੇ ਪਹੁੰਚੇ। ਅਰਦਾਸ ਉਪਰੰਤ ਹਲਕਾ ਵਿਧਾਇਕ ਲਾਡੀ ਢੋਸ ਨੇ ਕਿਹਾ ਕਿ ਜਦੋਂ ਤੋਂ ਟਰੱਕ ਯੂਨੀਅਨ ਦੀ ਜ਼ਿੰਮੇਵਾਰੀ ਸਤਵੀਰ ਸਿੰਘ ਸੱਤੀ ਨੂੰ ਸੌਂਪੀ ਹੈ, ਉਦੋਂ ਤੋਂ ਟਰੱਕ ਮਾਲਕਾਂ ਦੇ ਚਿਹਰੇ 'ਤੇ ਰੌਣਕਾਂ ਆ ਗਈਆਂ ਹਨ ਤੇ ਯੂਨੀਅਨ ਦੀ ਆਮਦਨ ਵਿੱਚ ਵਾਧਾ ਹੋਇਆ।

ਉਨ੍ਹਾਂ ਕਿਹਾ ਕਿ ਟਰੱਕ ਯੂਨੀਅਨ ਨੂੰ ਕਿਸੇ ਤਰ੍ਹਾਂ ਦੀ ਵੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਟਰੱਕ ਯੂਨੀਅਨ ਵੱਲੋਂ ਹਲਕਾ ਵਿਧਾਇਕ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਰਾਜਵੰਤ ਸਿੰਘ ਵਾਲੀਆ ਇੰਸਪੈਕਟਰ ਫੂਡ ਸਪਲਾਈ ਧਰਮਕੋਟ, ਸਤਵੀਰ ਸਿੰਘ ਸੱਤੀ ਪ੍ਰਧਾਨ ਟਰੱਕ ਯੂਨੀਅਨ ਧਰਮਕੋਟ, ਗੁਰਤਾਰ ਸਿੰਘ ਕਮਾਲ ਕੇ ਸੀਨੀਅਰ ਆਗੂ ਆਮ ਆਦਮੀ ਪਾਰਟੀ ਧਰਮਕੋਟ, ਅਸ਼ੋਕ ਕੁਮਾਰ ਖੁੱਲਰ, ਕਿੱਕਰ ਸਿੰਘ ਢੋਸ, ਰਾਜਾ ਬਤਰਾ ਆੜ੍ਹਤੀਆ ਧਰਮਕੋਟ, ਕ੍ਰਿਸ਼ਨ ਹਾਂਸ, ਅਮਰਜੀਤ ਸਿੰਘ ਬੀਰਾ, ਬਲਰਾਜ ਸਿੰਘ ਕਲਸੀ, ਅਮਰਜੀਤ ਸਿੰਘ, ਡਾਕਟਰ ਗੁਰਮੀਤ ਸਿੰਘ, ਰਾਜਪਾਲ ਮੁਖੀਜਾ ਗੱਗੂ ਮਖੀਜਾ, ਬਲਵਿੰਦਰ ਸਿੰਘ ਤੋਂ ਇਲਾਵਾ ਸਮੂਹ ਟਰੱਕ ਯੂਨੀਅਨ ਦੇ ਮੈਂਬਰ ਤੇ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

## ...ਸ.ਫਾ 1 ਦੇ ਬਾਕੀ

### 18 ਨੂੰ ਨਸ਼ਾ ਮੁਕਤੀ ਲਈ...

ਤੱਕ ਲੜਕੀਆਂ ਦੀਆਂ ਅੱਠ ਟੀਮਾਂ ਸਮੇਤ 900 ਟੀਮਾਂ ਨੇ ਰਜਿਸਟਰੇਸ਼ਨ ਕਰਵਾ ਲਈ ਹੈ। ਉਨ੍ਹਾਂ ਕਿਹਾ ਕਿ ਕ੍ਰਿਕੇਟ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ 15,000 ਦੇ ਕਰੀਬ ਬੱਚਿਆਂ ਨੂੰ ਮੁਫ਼ਤ ਟੀ-ਸ਼ਰਟਾਂ ਅਤੇ ਕ੍ਰਿਕਟ ਕਿੱਟ ਵੰਡੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਮੈਚ ਛੇ ਲੀਗਾਂ ਵਿੱਚ ਹੋਣਗੇ, ਜਿਨਾਂ ਵਿੱਚ ਜਜ਼ਬਾ ਕ੍ਰਿਕਟ ਲੀਗ, ਫੱਟਾ ਕ੍ਰਿਕਟ ਲੀਗ, ਸਕੂਲ ਕ੍ਰਿਕਟ ਲੀਗ, ਮਹਿਲਾ ਲੀਗ ਅਤੇ ਲੀਡਰਜ਼ ਕ੍ਰਿਕਟ ਲੀਗ ਸ਼ਾਮਲ ਹਨ। ਭਾਗ ਲੈਣ ਵਾਲਿਆਂ ਨੂੰ ਅੰਮ੍ਰਿਤਸਰ ਪੁਲਿਸ ਕਮਿਸ਼ਨਰੇਟ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਜੇਤੂਆਂ ਨੂੰ 15 ਲੱਖ ਦੇ ਕਰੀਬ ਨਕਦ ਇਨਾਮ ਦਿੱਤੇ ਜਾਣਗੇ ਅਤੇ ਹਰ ਇੱਕ ਵਰਗ ਵਿੱਚ ਟਰਾਫੀ ਦਿੱਤੀ ਜਾਵੇਗੀ, ਜਦਕਿ ਫਾਈਨਲ ਵਿੱਚ ਪਹੁੰਚਣ ਵਾਲੀਆਂ ਟੀਮਾਂ ਨੂੰ ਮੈਡਲ ਵੀ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਭਾਗੀਦਾਰਾਂ ਦੀ ਉਮਰ 14 ਸਾਲ ਅਤੇ ਇਸ ਤੋਂ ਵੱਧ ਹੋਣੀ ਚਾਹੀਦੀ ਹੈ ਤਾਂ ਜੋ ਵੱਖ-ਵੱਖ ਸਮਾਗਮਾਂ ਦੀ ਸਾਰਥਕਤਾ ਨੂੰ ਸਮਝ ਸਕਣ ਅਤੇ ਇਹਨਾਂ ਵਿੱਚ ਸਰਗਰਮੀ ਨਾਲ ਹਿੱਸਾ ਲੈ ਸਕਣ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਇਨਾਮ ਦਾ ਇੱਕ ਹਿੱਸਾ ਮੀਡੀਆ ਲਈ ਵੀ ਰਾਖਵਾਂ ਰੱਖਿਆ ਗਿਆ ਹੈ, ਕਿਉਂਕਿ ਅੰਮ੍ਰਿਤਸਰ ਪੁਲਿਸ ਕਮਿਸ਼ਨਰੇਟ ਨੇ ਦ ਹੋਪ ਇਨੀਸ਼ੀਏਟਿਵ ਨੂੰ ਕਵਰ ਕਰਨ ਵਾਲੇ ਮੀਡੀਆ ਕਰਮਚਾਰੀਆਂ ਅਤੇ ਮੀਡੀਆ ਹਾਊਸਾਂ ਨੂੰ ਵੱਖ-ਵੱਖ ਪੁਰਸਕਾਰਾਂ ਅਤੇ ਮਾਨਤਾਵਾਂ ਰਾਹੀਂ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਹੈ।

### ਕਿਸਾਨਾਂ ਨੂੰ ਝੋਨੇ ਦੀਆਂ ਢੇਰੀਆਂ ...

ਉਨ੍ਹਾਂ ਨਾਲ ਮੋਗਾ ਦੀ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ, ਵਿਧਾਇਕ ਧਰਮਕੋਟ ਸ੍ਰਥ ਦਵਿੰਦਰਜੀਤ ਸਿੰਘ ਲਾਡੀ ਢੋਸ, ਡਿਪਟੀ ਕਮਿਸ਼ਨਰ ਸ੍ਰ ਕੁਲਵੰਤ ਸਿੰਘ, ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਦੀਪਕ ਅਰੋੜਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਮੋਗਾ ਹਰਮਨਜੀਤ ਸਿੰਘ ਬਰਾੜ, ਮੇਅਰ ਨਗਰ ਨਿਗਮ ਬਲਜੀਤ ਸਿੰਘ ਚਾਨੀ ਸਮੇਤ ਹੋਰ ਵੀ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ।ਮੰਤਰੀ ਨੇ ਮੰਡੀਆਂ ਦੇ ਖ੍ਰੀਦ ਅਤੇ ਸਫ਼ਾਈ ਪ੍ਰਬੰਧਾਂ ਉੱਪਰ ਸੰਤੁਸ਼ਟੀ ਜਾਹਰ ਕੀਤੀ।ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਪੰਜਾਬ ਦੀ ਆਰਥਿਕਤਾ ਨੂੰ ਉੱਪਰ ਚੁੱਕਣ ਲਈ ਇਹ ਦੋਨੋਂ ਝੋਨੇ ਅਤੇ ਕਣਕ ਦਾ ਸੀਜ਼ਨ ਬੜੀ ਮਹੱਤਤਾ ਰੱਖਦੇ ਹਨ।ਉਨ੍ਹਾਂ ਦੱਸਿਆ ਕਿ 8ਥ5 ਲੱਖ ਕਿਸਾਨਾਂ ਨੇ ਪੂਰੇ ਪੰਜਾਬ ਵਿੱਚ ਬਣੇ 1854 ਖ੍ਰੀਦ ਕੇਂਦਰਾਂ ਵਿੱਚ ਆਪਣੀ ਝੋਨੇ ਦੀ ਫ਼ਸਲ ਵੇਚਣੀ ਹੈ।ਪੰਜਾਬ ਸਰਕਾਰ ਕੋਲ 37 ਹਜ਼ਾਰ ਕਰੋੜ ਸੀ ਸੀ ਐਲ਼ ਮੌਜੂਦ ਹੈ ਇਸ ਲਈ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਦੀ ਅਦਾਇਗੀ ਵਿੱਚ ਕੋਈ ਵੀ ਮੁਸ਼ਕਿਲ ਪੇਸ਼ ਨਹੀਂ ਆਵੇਗੀ।ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਖੱਜਲ ਖੁਆਰੀ ਨੂੰ ਬਿਲਕੁਲ ਬੰਦ ਕਰਨ ਲਈ ਮਾਣਯੋਗ ਮੁੱਖ ਮੰਤਰੀ ਵੀ ਲਗਾਤਾਰ ਇਨ੍ਹਾਂ ਪ੍ਰਬੰਧਾਂ ਦਾ ਫੀਡਬੈਕ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ 1 ਅਕਤੂਬਰ ਤੋਂ ਸ਼ੁਰੂ ਹੋਏ ਇਸ ਸੀਜ਼ਨ ਦੌਰਾਨ 12 ਅਕਤੂਬਰ ਤੱਕ 15.51 ਲੱਖ ਮੀਟ੍ਰਿਕ ਟਨ ਝੋਨਾ ਮੰਡੀਆਂ ਵਿੱਚ ਆਇਆ ਹੈ ਜਿਸ ਵਿੱਚੋਂ 14.50 ਲੱਖ ਮੀਟ੍ਰਿਕ ਟਨ ਝੋਨਾ ਮੰਡੀਆਂ ਵਿੱਚੋਂ ਸਰਕਾਰ ਵੱਲੋਂ ਖਰੀਦਿਆ ਜਾ ਚੁੱਕਾ ਹੈ। 2100 ਕਰੋੜ ਰੁਪਏ ਤੋਂ ਉੱਪਰ ਝੋਨੇ ਦੀ ਰਕਮ ਨੂੰ ਕਿਸਾਨਾਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕਰ ਦਿੱਤਾ ਗਿਆ ਹੈ।ਸਰਕਾਰ ਦੀ ਸੁਚੱਜੀ ਅਗਵਾਈ ਸਦਕਾ ਇਸ ਸੀਜ਼ਨ ਵਿੱਚ ਕਿਸਾਨਾਂ, ਮਜ਼ਦੂਰ, ਮਿੱਲਰਾ, ਆੜ੍ਹਤੀਆਂ ਆਦਿ ਹਰ ਵਰਗ ਖੁਸ਼ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਦੂਰ-ਅੰਦੇਸ਼ੀ ਸੋਚ ਸਦਕਾ ਘਰੇਲੂ ਉੱਦਮੀਆਂ ਨੇ ਵੀ ਇਸ ਵਾਰ ਆਪਣੀਆਂ 480 ਮਿੱਲਾਂ ਨਵੀਆਂ ਲਗਾਈਆਂ ਹਨ ਇਨ੍ਹਾਂ ਨਾਲ ਉਨ੍ਹਾਂ ਦਾ ਕਾਰੋਬਾਰ ਵੀ ਪ੍ਰਫੁੱਲਤ ਹੋ ਰਿਹਾ ਹੈ।ਇਸ ਮੌਕੇ ਉਹਨਾਂ ਜਿਲ੍ਹਾ ਪ੍ਰਸ਼ਾਸਨ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਕਿਸਾਨਾਂ ਨੂੰ ਝੋਨੇ ਦੀ ਫਸਲ ਵੇਚਣ ਸਬੰਧੀ ਕਿਸੇ ਵੀ ਕਿਸਮ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਉਣ ਦਿਤੀ ਜਾਵੇ। ਉਹਨਾਂ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਅਨਾਜ ਮੰਡੀਆਂ ਵਿਚ ਪੀਣ ਵਾਲੇ ਪਾਣੀ, ਰੌਸ਼ਨੀ ਅਤੇ ਸਾਫ਼ ਸਫ਼ਾਈ ਦਾ ਖਾਸ ਖਿਆਲ ਰੱਖਿਆ ਜਾਵੇ।

### ਮੁਜਾਰਿਆਂ ਨੂੰ ਜ਼ਮੀਨਾਂ ਦਾ ...

ਸ਼ਲਾਘਾਯੋਗ ਰਿਹਾ। ਇਸ ਦੇ ਨਾਲ ਹੀ ਬੀਬੀ ਜੀ ਦਾ ਯੋਗਦਾਨ ਬਹੁਤ ਵੱਡਾ ਹੈ। ਜਿਸ ਵਿਚ ਉਨ੍ਹਾਂ ਨੇ ਜਿਨ੍ਹਾਂ ਲੋਕਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਇਆ ਉਹ ਅੱਜ ਦੇਸ਼ ਦੀ ਆਜ਼ਾਦੀ ਨੂੰ ਸਹੀ ਅਰਥਾਂ ਵਿਚ ਮਾਣ ਰਹੇ ਹਨ। ਇਸ ਮੌਕੇ ਹਾਜ਼ਰ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸਰਾਜ ਗੋਲਡਨ, ਦਰਸ਼ਨ ਲਾਧੂਕਾ, ਆਰ ਐਮ ਪੀ ਆਈ ਦੇ ਜ਼ਿਲ੍ਹਾ ਸਕੱਤਰ ਗੁਰਮੇਜ ਸਿੰਘ ਗੇਜੀ, ਕਾਮਰੇਡ ਤੇਜਾ ਸਿੰਘ ਫਤਿਹਗੜ੍ਹ, ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਅਵਿਨਾਸ਼ ਚੰਦਰ ਲਾਲੋਵਾਲੀ, ਕਾਮਰੇਡ ਹਰਭਜਨ ਖੁੰਗਰ, ਹਰੀਸ਼ ਕੰਬੋਜ ਅਤੇ ਨੇ ਬੀਬੀ ਵੀਰਾਂ ਬਾਈ ਨੂੰ ਸ਼ਰਧਾਂਜਲੀ ਅਰਪਿਤ ਕਰਦਿਆਂ ਕਿਹਾ ਕਿ ਉਹਨਾਂ ਦੀ ਸਮਾਜ ਨੂੰ ਦਿੱਤੀ ਦੇਣ ਨੂੰ ਭੁਲਾਇਆ ਨਹੀਂ ਜਾ ਸਕਦਾ। ਆਗੂਆਂ ਨੇ ਕਿਹਾ ਕਿ ਕਾਮਰੇਡ ਵਧਾਵਾ ਰਾਮ ਜਿੱਥੇ ਜੇਲ 'ਚ ਰਹਿ ਕੇ ਹਲਕੇ ਦੇ ਲੋਕਾਂ ਦੇ ਵਿਧਾਇਕ ਚੁਣੇ ਗਏ, ਉੱਥੇ ਕਿਸਾਨੀ ਅੰਦੋਲਨ ਦੀ ਅਗਵਾਈ ਕਰਦਿਆਂ ਮੁਜਾਰਾ ਲਹਿਰ ਨੂੰ ਸਿਖਰਾਂ 'ਤੇ ਪਹੁੰਚਾ ਕੇ ਮੁਜਾਰਿਆਂ ਨੂੰ ਜ਼ਮੀਨਾਂ ਦੇ ਹੱਕ ਦਵਾਉਣ ਲਈ ਬੀਬੀ ਵੀਰਾਂ ਬਾਈ ਦਾ ਕਾਮਰੇਡ ਵਧਾਵਾ ਰਾਮ ਨਾਲ ਅਹਿਮ ਯੋਗਦਾਨ ਹੈ। ਇਸ ਮੌਕੇ ਹੋਰਾਂ ਤੋਂ ਇਲਾਵਾ ਕਿਸਾਨ ਆਗੂ ਸੁਰਿੰਦਰ ਢੰਡੀਆਂ, ਬੂਟਾ ਸਿੰਘ ਚਿਮਨੇਵਾਲਾ, ਫਾਜ਼ਿਲਕਾ ਦੇ ਸਾਬਕਾ ਵਿਧਾਇਕ ਦਵਿੰਦਰ ਸਿੰਘ ਘੁਬਾਇਆ, ਕਾਮਰੇਡ ਮਹਿਤਾਬ ਸਿੰਘ, ਬਖਤਾਵਰ ਸਿੰਘ, ਤਰਕਸ਼ੀਲ ਆਗੂ ਸੁਰਿੰਦਰ ਗੰਜੂਆਣਾ, ਅਧਿਆਪਕ ਆਗੂ ਵੀਨਾ ਜੰਮੂ, ਵਰਿਆਮ ਘੁੱਲਾ, ਮਹਿੰਦਰ ਕੋੜਿਆਂ ਵਾਲਾ, ਅਜੀਤ ਧੰਧੂ, ਆਲ ਇੰਡੀਆ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ (ਏਟਕ) ਦੀ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ, ਸਕੱਤਰ ਚਰਨਜੀਤ ਛਾਂਗਾਰਾਏ, ਏ ਆਈ ਐਸ ਐਫ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ, ਪੰਜਾਬ ਇਸਤਰੀ ਸਭਾ ਦੇ ਆਗੂ ਹਰਜੀਤ ਕੌਰ ਢੰਡੀਆਂ, ਕਾਮਰੇਡ ਸ਼ਕਤੀ, ਕੰਬੋਜ ਸਭਾ ਦੇ ਕੌਮਾਂਤਰੀ ਆਗੂ ਪਾਲਾ ਬੱਟੀ, ਕੇਵਲ ਕੁਮਾਰ, ਐਡਵੋਕੇਟ ਤਿਲਕ ਰਾਜ ਹਰਿਆਣਾ, ਐਡਵੋਕੇਟ ਦੇਸ ਰਾਜ ਜੰਡਵਾਲਾ, ਹਰਬੰਸ ਵੈਰੜ, ਚਰਨਜੀਤ ਛਾਂਗਾਰਾਏ, ਕਾਮਰੇਡ ਵਜੀਰ ਚੰਦ, ਦੀਵਾਨ ਸਿੰਘ, ਭਗਵਾਨ ਬਹਾਦਰ ਕੇ, ਜੰਮੂ ਰਾਮ, ਸੁਬੇਗ ਝੰਗੜਭੈਣੀ, ਸਤੀਸ਼ ਛੱਪੜੀਵਾਲਾ ਤੋਂ ਇਲਾਵਾ ਹੋਰਨਾਂ ਨੇ ਸ਼ਰਧਾਂਜਲੀ ਅਰਪਤ ਕੀਤੀ।


**PUBLIC NOTICE**

IN THE COURT OF ADHOC DISTRICT JUDGE-1 AND ASSTT. SESSION JUDGE, YAVATMAL. (MAHARASHTRA STATE)

Notice to show cause (General form). (Sch. 1, App. H, Form 4)

M. A. C. P. No. 78/2022
Fixed For: 10/11/2023.

Asha Govindrao Chikane ....Applicant
-- Vs --
Gurumukh Singh Charanjit Singh ....Non Applicants

Non-Applicant :
1. Gurmukh Singh s/o Charanjit Singh, Age about 44 years, Occ:- Transport Business. R/o Thikriwal, Goraya. Po. Qadian Gsp. Tq. Batala, Distt. Gurdaspur. State : Punjab.

WHEREAS the above-named applicant Smt. Asha wd/o Govindrao Chikane, Aged about 45 years, R/o Akola Bazar, Tq. & Distt. Yavatmal has made an application to this tribunal, for compensation U/s 166 of M. V. Act 1988.

You are hereby warned to appear in this Court in person or by a pleader duly instructed on the 10/11/2023 at 11.00 O'clock in the forenoon, to show cause against the application failing wherein, the said application will be heard and determined exparte.

Also take notice that in default of your filing an address for service on or before the date mentioned your liable to have your defense struck out.

Given under my hand and the seal of the Court, this 07th day October of 2023.

Court Seal

By Order, Superintendent District and Sessions Court, Yavatmal.



**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਦੂਸਰੀ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰ, ਆਖਰੀ ਮਿਤੀ 02.11.2023 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
| 11.10.2023 | 19.10.2023 | 02.11.2023/ 15:00 ਵਜੇ |

ਲ.ਨੰ: 1. ਟੈਂਡਰ ਨੰਬਰ: 237-2023-24-PLMX-DRM-FZR

ਟੈਂਡਰ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ / ਪਾਲਮਪੁਰ ਦੇ ਖੰਡ ਵਿਚ ਪੁਲਾਂ ਦੀ ਮੁਰੰਮਤ ਅਤੇ ਰੱਖ-ਰੱਖਾਵ ਦਾ ਕੰਮ ਕਰਨਾ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 34,99,233.52/- | 70,000/- | 60 ਦਿਨ | 08 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਲ.ਨੰ: 2. ਟੈਂਡਰ ਨੰਬਰ: 262-2023-24-PTK-DRM-FZR

ਟੈਂਡਰ ਦਾ ਵੇਰਵਾ : ਸੀਨੀਅਰ ਸੈਕਸ਼ਨ ਇੰਜੀਨੀਅਰ/ਵਰਕਸ/ਬਟਾਲਾ ਦੇ ਖੰਡ ਵਿਚ ਭਾਰੀ ਬਾਰਸ਼ ਦੇ ਦੋਰਾਨ ਐਲਐਚੇਐਸ ਦੀ ਡੀਵਾਟਰਿੰਗ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 11,98,906.11/- | 24,000/- | 60 ਦਿਨ | 10 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਲ.ਨੰ: 3. ਟੈਂਡਰ ਨੰਬਰ: 263-2023-24-PTK-DRM-FZR

ਟੈਂਡਰ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਅੰਤਰਗਤ ਸੀਨੀਅਰ ਸੈਕਸ਼ਨ ਇੰਜੀਨੀਅਰ/ਵਰਕਸ/ਬਟਾਲਾ ਦੇ ਸੈਕਸ਼ਨ ਵਿਚ ਬਟਾਲਾ ਅਤੇ ਗੁਰਦਾਸਪੁਰ ਕਲੋਨੀ ਅਤੇ ਸਟੇਸ਼ਨ ਉਤੇ ਜਲ ਆਪੂਰਤੀ ਅਤੇ ਸੀਵਰੇਜ ਪ੍ਰਣਾਲੀ ਵਿਚ ਸੁਧਾਰ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 44,77,326.39/- | 89,600/- | 60 ਦਿਨ | 08 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਲ.ਨੰ: 4. ਟੈਂਡਰ ਨੰਬਰ: 264-2023-24-PTK-DRM-FZR

ਟੈਂਡਰ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ/ਪਾਲਮਪੁਰ ਦੇ ਅੰਤਰਗਤ ਵਿਚ ਲੇਵਲ-ਕਰੋਸਿੰਗ ਦੀ ਮੁਰੰਮਤ ਅਤੇ ਰੱਖ-ਰੱਖਾਵ ਦਾ ਕੰਮ ਕਰਨ ਲਈ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 29,98,581.54/- | 60,000/- | 60 ਦਿਨ | 08 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਲ.ਨੰ: 5. ਟੈਂਡਰ ਨੰਬਰ: 265-2023-24-PTK-DRM-FZR

ਟੈਂਡਰ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਅਧਿਕਾਰ ਖੇਤਰ ਦੇ ਅੰਤਰਗਤ ਵਿਵਿਧ ਪੀ.ਵੇ. ਕੰਮ ਅਤੇ ਟ੍ਰੈਕ ਦਾ ਰੱਖ-ਰੱਖਾਵ ਦਾ ਕੰਮ ਕਰਨ ਲਈ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 34,96,973.93/- | 69,900/- | 60 ਦਿਨ | 10 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਲ.ਨੰ: 6. ਟੈਂਡਰ ਨੰਬਰ: 266-2023-24-JAT-DRM-FZR

ਟੈਂਡਰ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਅਧਿਕਾਰ ਖੇਤਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਪੀ.ਵੇ/ਜੰਮੂ ਦੇ ਸੈਕਸ਼ਨ ਵਿਚ ਵਿਵਿਧ ਪੀ.ਵੇ ਕੰਮ ਅਤੇ ਟ੍ਰੈਕ ਰੱਖ-ਰੱਖਾਵ ਦਾ ਕੰਮ ਕਰਨ ਲਈ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 44,96,318.44/- | 89,900/- | 60 ਦਿਨ | 10 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਲ.ਨੰ: 7. ਟੈਂਡਰ ਨੰਬਰ: 267-2023-24-JAT-DRM-FZR

ਟੈਂਡਰ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਅਧਿਕਾਰ ਖੇਤਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਪੀ.ਵੇ/ਕਠੂਆ ਦੇ ਸੈਕਸ਼ਨ ਵਿਚ ਵਿਵਿਧ ਪੀ.ਵੇ ਕੰਮ ਅਤੇ ਟ੍ਰੈਕ ਰੱਖ-ਰੱਖਾਵ ਦਾ ਕੰਮ ਕਰਨ ਲਈ।

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 44,96,318.44/- | 89,900/- | 60 ਦਿਨ | 10 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਲਾਗੂ ਨਹੀਂ"

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗਰੇਜੀ ਵਰਜਨ ਹੀ ਮਾਨਯ ਹੋਣਗੇ।

ਨੰ: 237 & 264-PLMX-DRM-FZR, 262, 263 & 265-2023-24-PTK-DRM-FZR, 266 & 267-2023-24-JAT-DRM-FZR ਮਿਤੀ 12.10.2023 3181/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**AMBIT Finvest** Pragati ke partner

**AMBIT FINVEST PRIVATE LIMITED**

Corporate Off: Kanakia Wall Street, 5th floor, A 506-510, Andheri-Kurla Road, Andheri East, Mumbai-400093

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ) (ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਦੇ ਤਹਿਤ)**

ਜਿਵੇਂ ਕਿ ਨਿਮਨਹਸਤਾਖਰੀ ਨੇ ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ, ਜਿਸ ਦਾ ਰਜਿਸਟਰਡ ਦਫਤਰ ਅੰਬਿਤ ਹਾਊਸ, 449, ਸੈਨਾਪਤੀ ਬਪਤ ਮਾਰਗ, ਲੋਵਰ ਪਾਰੇਲ, ਮੁੰਬਈ-400013, ਕਾਰਪੋਰੇਟ ਦਫਤਰ ਕਨਕੀਆ ਵਾਲ ਸਟ੍ਰੀਟ-5ਵੀਂ ਮੰਜ਼ਲ, ਏ 506-510, ਅੰਧੇਰੀ ਕੁਰਲਾ ਰੋਡ, ਅੰਧੇਰੀ ਈਸਟ, ਮੁੰਬਈ-400093 ਹੈ, ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਨੋਟਿਸ ਜਾਰੀ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਅਤੇ ਹੇਠਾਂ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ। ਹੇਠਾਂ ਦਰਸਾਏ ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਕਬਜ਼ਾ ਹਾਸਲ ਕਰ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰਾਂ/ਗਰੰਟਰਾਂ ਦਾ ਨਾਂਅ ਅਤੇ ਕਰਜ਼ਾ ਖਾਤਾ ਨੰਬਰ | ਡਿਮਾਂਡ ਨੋਟਿਸ ਦੀ ਮਿਤੀ ਰਕਮ | ਅਚੱਲ ਜਾਇਦਾਦ/ਰਹਿਣ ਜਾਇਦਾਦਾਂ ਦਾ ਵੇਰਵਾ | ਕਬਜ਼ੇ ਦੀ ਮਿਤੀ ਕਬਜ਼ੇ ਦੀ ਕਿਸਮ |
|---|---|---|---|
| 1. ਮੈਸ. ਸੰਧੂ ਮਾਡਰਨ ਢਾਬਾ 2. ਵਰਿੰਦਰ ਸਿੰਘ, 3. ਮਨਜੀਤ ਕੌਰ 4. ਮੇਜ਼ਰ ਸਿੰਘ Lan No (s). LUI000000027131 & LUI000000043393 | 21.07.2023 ਰੁ. 58,97,806.66/- (ਅਠਵੰਜਾ ਲੱਖ ਸਤਾਨਵੇਂ ਹਜ਼ਾਰ ਅੱਠ ਸੌ ਛੇ ਰੁਪਏ ਅਤੇ ਛਿਆਹਠ ਪੈਸੇ ਕੇਵਲ) 10.07.2023 ਨੂੰ | ਜਾਇਦਾਦ ਨੰ. 1- ਜਾਇਦਾਦ ਰਕਬਾ 03 ਕਨਾਲ 15 ਮਰਲੇ, ਖੱਤਾ ਨੰ. 296/373,57/64, 58/65, ਖਸਰਾ ਨੰ. 23//7/2, 23//7/3, 23//14, ਜਮ੍ਹਾਂਬੰਦੀ ਸਾਲ 2014-2015, ਪਿੰਡ ਲਾਲੇ, ਡਾਕਖਾਨਾ ਤਲਵੰਡੀ ਭਾਈ, ਨੇੜੇ ਸਤਸੰਗ ਬਿਆਸ ਡੇਰਾ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142050, ਸਕਿਉਰਡ ਐੱਸਟ ਦੀਆਂ ਹੱਦਾਂ : ਪੂਰਬ : ਲਿੰਕ ਰੋਡ, ਪੱਛਮ : ਖੁਦ ਮਾਲਕ, ਉੱਤਰ : ਵਸਾਖਾ ਸਿੰਘ, ਦੱਖਣ : ਜੀ ਟੀ ਰੋਡ। ਜਾਇਦਾਦ ਨੰ. 2- ਜਾਇਦਾਦ ਰਕਬਾ 02 ਕਨਾਲ, ਖੱਤਾ ਨੰ. 296/373, 57/64, 58/65, ਖਸਰਾ ਨੰ. 23//7/2, 23//7/3, 23//14, ਜਮ੍ਹਾਂਬੰਦੀ ਸਾਲ 2014-2015, ਪਿੰਡ ਲਾਲੇ, ਡਾਕਖਾਨਾ ਤਲਵੰਡੀ ਭਾਈ, ਨੇੜੇ ਸਤਸੰਗ ਬਿਆਸ ਡੇਰਾ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142050, ਸਕਿਉਰਡ ਐੱਸਟ ਦੀਆਂ ਹੱਦਾਂ : ਪੂਰਬ : ਲਿੰਕ ਰੋਡ, ਪੱਛਮ : ਖੁਦ ਮਾਲਕ, ਉੱਤਰ : ਵਸਾਖਾ ਸਿੰਘ, ਦੱਖਣ : ਜੀ ਟੀ ਰੋਡ। | 12.10.2023 ਸੰਕੇਤਕ ਕਬਜ਼ਾ |

ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਕਿਸਮ ਦੀ ਸੌਦੇਬਾਜ਼ੀ ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ ਨੂੰ ਇੱਥੇ ਉਪਰ ਦਰਸਾਈ ਰਕਮ ਅਤੇ ਉਸ ਉੱਪਰ ਵਿਆਜ ਵਸੂਲੀ ਹੇਠ ਹੋਵੇਗੀ। ਉਪਲਬੱਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਮਿਤੀ : 14.10.2023, ਸਥਾਨ : ਫਿਰੋਜ਼ਪੁਰ (ਪੰਜਾਬ) ਸਹੀ/-ਅਧਿਕਾਰਤ ਅਫਸਰ, ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in


CMYK

# ਦਿਹਾਤੀ ਮਜ਼ਦੂਰ ਸਭਾ ਵੱਲੋਂ 16 ਨੂੰ ਨੈਸ਼ਨਲ ਹਾਈਵੇ 'ਤੇ ਬੈਠਣ ਦਾ ਐਲਾਨ



**ਪਠਾਨਕੋਟ (ਦਵਿੰਦਰ ਸਿੰਘ)**-ਇੱਕ ਮਹੀਨਾ ਦਸ ਦਿਨ ਦੀ ਇੰਤਜ਼ਾਰ ਵਿੱਚ ਬੈਠੇ ਦਿਹਾਤੀ ਮਜ਼ਦੂਰ ਸਭਾ ਦੇ ਆਗੂਆਂ ਨੇ ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸਨ ਪਠਾਨਕੋਟ ਵਲੋਂ ਗਰੀਬ ਲੋਕਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕਰਨ ਦੇ ਰੋਸ ਵਜੋਂ ਸੰਘਰਸ਼ ਨੂੰ ਤਿੱਖਾ ਰੂਪ ਦਿੰਦਿਆਂ 16 ਅਕਤੂਬਰ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਨੈਸ਼ਨਲ ਹਾਈਵੇ ਤੇ ਬੈਠਣ ਦਾ ਐਲਾਨ ਕੀਤਾ ਹੈ। ਗਰੀਬ ਪਰਿਵਾਰਾਂ ਦੇ ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਦੀ ਬਹਾਲੀ, ਕਾਰਡਾਂ ਚੋਂ ਕੱਟੇ ਨਾਮ ਮੁੜ ਸ਼ਾਮਲ ਕਰਾਉਣ ਲਈ, ਰਹਿ ਗਏ ਗਰੀਬ ਪਰਿਵਾਰਾਂ ਦੇ ਨਵੇਂ ਰਾਸ਼ਨ ਕਾਰਡ ਬਣਾਉਣ, ਖਰਾਬ ਬੰਦ ਕਰਕੇ ਸਾਫ-ਸੁਥਰੀ ਕਣਕ ਦਾ ਮਿਲਣਾ ਯਕੀਨੀ ਬਣਾਉਣ ਅਤੇ ਹੋਰ ਮੰਗਾਂ ਨੂੰ ਲੈ ਕੇ 4 ਸਤੰਬਰ ਤੋਂ ਜ਼ਿਲ੍ਹਾ ਹੈਡਕੁਆਰਟਰ ਪਠਾਨਕੋਟ ਵਿਖੇ ਅਣਮਿੱਥੇ ਸਮੇਂ ਲਈ ਲੱਗਾ ਦਿਨ ਰਾਤ ਦਾ ਧਰਨਾ ਅੱਜ ਇੱਕ ਮਹੀਨਾ ਦਸਵੇਂ ਦਿਨ ਵੀ ਜਾਰੀ ਰਿਹਾ ਪਰ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਗਰੀਬ ਲੋਕਾਂ ਨਾਲ ਕੋਈ ਹਮਦਰਦੀ ਨਜ਼ਰ ਨਹੀਂ ਆਈ। ਧਰਨੇ ਦੀ ਅਗਵਾਈ ਕਰ ਰਹੇ ਦਿਹਾਤੀ ਮਜ਼ਦੂਰ ਸਭਾ ਦੇ ਆਗੂਆਂ ਸਾਥੀ ਅਜੀਤ ਰਾਮ ਗੰਦਲਾਂ ਲਾਹੜੀ, ਪ੍ਰਵੀਨ ਕੁਮਾਰ ਬਮਿਆਲ ਅਤੇ ਬਲਕਾਰ ਚੰਦ ਭਰਿਆਲ ਲਾਹੜੀ ਉਪਰੋਕਤ ਮੁਸ਼ਕਲਾਂ ਤੋਂ ਅਵਾਜ਼ਾਰ ਗਰੀਬ ਲੋਕਾਂ ਨੇ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਦਫਤਰ, ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਏਥੋਂ ਤੱਕ ਕਿ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਤੱਕ ਵੀ ਪਹੁੰਚ ਕੀਤੀ ਪਰ ਕਿਸੇ ਨੇ ਕੁਝ ਪੱਲੇ ਨਹੀਂ ਪਾਇਆ। ਅਖੀਰ ਥੱਕੇ ਹਾਰੇ ਲੋਕਾਂ ਨੇ ਦਿਹਾਤੀ ਮਜ਼ਦੂਰ ਸਭਾ ਦੀ ਅਗਵਾਈ ਹੇਠ 4 ਸਤੰਬਰ 2023 ਤੋਂ ਜਿਲ੍ਹਾ ਹੈਡਕੁਆਰਟਰ ਪਠਾਨਕੋਟ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਹੋਇਆ ਹੈ। ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ 16 ਅਕਤੂਬਰ ਨੂੰ 12 ਵਜੇ ਤੋਂ 2 ਵਜੇ ਤੱਕ ਦੋ ਘੰਟੇ ਲਈ ਨੈਸ਼ਨਲ ਹਾਈਵੇ ਤੇ ਬੈਠਣ ਦਾ ਐਲਾਨ ਕਰਦਿਆਂ ਸਮੂਹ ਸੰਘਰਸ਼ਸ਼ੀਲ ਕਿਸਾਨ, ਮਜ਼ਦੂਰ, ਮੁਲਾਜ਼ਮ, ਨੌਜਵਾਨ ਜਥੇਬੰਦੀਆਂ ਅਤੇ ਇਨਸਾਫ ਪਸੰਦ ਅਗਾਂਹਵਧੂ ਸੋਚ ਦੇ ਧਾਰਨੀ ਲੋਕਾਂ ਨੂੰ ਮਜ਼ਦੂਰਾਂ ਦੇ ਸੰਘਰਸ਼ ਵਿੱਚ ਆ ਕੇ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਇਸ ਮੌਕੇ ਮੀਟਿੰਗ ਵਿੱਚ ਕਾਮਰੇਡ ਸ਼ਿਵ ਕੁਮਾਰ, ਤਿਲਕ ਰਾਜ ਜਿਆਣੀ, ਰਜਿੰਦਰ ਕੁਮਾਰ, ਰਾਜ ਕੁਮਾਰ ਨਰੋਟ ਮਹਿਰਾ, ਯਸ਼ਪਾਲ, ਅਸ਼ਵਨੀ ਕੁਮਾਰ, ਕੁਲਦੀਪ ਰਾਜ, ਦੇਵ ਰਾਜ, ਮੋਹਨ ਲਾਲ ਅਤੇ ਹੋਰ ਸਾਥੀ ਹਾਜ਼ਰ ਸਨ।

# ਭਖਦੀਆਂ ਮੰਗਾਂ ਨੂੰ ਲੈ ਕੇ ਕਿਰਤ ਮੰਤਰੀ ਪੰਜਾਬ ਨੂੰ ਸੌਂਪਿਆ ਮੰਗ ਪੱਤਰ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕੇਂਦਰੀ ਟਰੇਡ ਯੂਨੀਅਨਜ਼ ਦੇ ਸੱਦੇ ਤੇ ਸੀ ਟੀ ਯੂ ਪੰਜਾਬ ਵੱਲੋਂ ਪੰਜਾਬ ਸਰਕਾਰ ਅਤੇ ਕਿਰਤ ਮੰਤਰੀ ਪੰਜਾਬ ਨੂੰ ਕਿਰਤੀਆਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਦਫਤਰ ਰਾਹੀਂ ਮੰਗ ਪੱਤਰ ਭੇਜਿਆ ਗਿਆ। ਸੀ ਟੀ ਯੂ ਪੰਜਾਬ ਦੇ ਸੂਬਾਈ ਆਗੂ ਧਰਮ ਸਿੰਘ ਪੱਟੀ ਨੇ ਮੰਗ ਕਰਦਿਆਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦਾ ਨਾਦਰਸ਼ਾਹੀ ਫੁਰਮਾਨ ਕੰਮ ਦਾ ਸਮਾਂ 8 ਘੰਟੇ ਤੋਂ ਵਧਾ ਕੇ 12 ਘੰਟੇ ਦਾ ਸਮਾਂ ਬੱਧ ਤੁਰੰਤ ਵਾਪਸ ਲਿਆ ਜਾਵੇ। 44 ਕਾਨੂੰਨ ਤੋੜ ਕੇ 4 ਕਿਰਤ ਕੋਡ ਦਾ ਫੈਸਲਾ ਪੰਜਾਬ ਸਰਕਾਰ ਪੰਜਾਬ ਐਸੰਬਲੀ ਚ ਮਤਾ ਪਾ ਕੇ ਰੱਦ ਕਰੇ ਅਤੇ ਕਿਰਤੀਆਂ ਦੇ ਸਾਰੇ ਕਾਨੂੰਨ ਬਹਾਲ ਕੀਤੇ ਜਾਣ। ਕਿਰਤੀਆਂ ਦੀਆਂ ਲੰਮੇ ਸਮੇਂ ਤੋਂ ਉਜਰਤਾਂ 'ਚ ਵਾਧਾ ਬੰਦ ਕੀਤਾ ਹੋਇਆ ਹੈ, ਵਾਧਾ ਤੁਰੰਤ ਕੀਤਾ ਜਾਵੇ। ਹਰੇਕ ਮਹਿਕਮੇ ਚ' ਖਾਲੀ ਪਈ ਆਸਾਮੀਆਂ ਤੁਰੰਤ ਭਰੀਆਂ ਜਾਣ। ਮਿਡ ਡੇ ਮੀਲ/ਆਸ਼ਾ ਵਰਕਰ/ ਆਂਗਣਵਾੜੀ ਵਰਕਰਾਂ ਨੂੰ ਸਰਕਾਰੀ ਘੇਰੇ ਵਿੱਚ ਲਿਆਂਦਾ ਜਾਵੇ ਅਤੇ ਉਜਰਤਾਂ ਵਿੱਚ ਵਾਧਾ ਕੀਤਾ ਜਾਵੇ। ਮਨਰੇਗਾ ਵਰਕਰਾਂ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ 700 ਰੁਪਏ ਦਿੱਤੀ ਜਾਵੇ।

ਬੀਓਸੀਡਬਲਿਊ ਦੇ ਸਾਰੇ ਮੁਲਾਜ਼ਮਾਂ ਨੂੰ ਕਿਰਤ ਵਿਭਾਗ ਦੇ ਘੇਰੇ ਵਿੱਚ ਲਿਆਂਦਾ ਜਾਵੇ ਆਦਿ ਮੰਗਾਂ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ । ਇਸ ਮੌਕੇ ਰਮੇਸ਼ ਕੁਮਾਰ ਸ਼ੇਰ ਗਿੱਲ, ਜਸਬੀਰ ਸਿੰਘ ਭੂਰਾ, ਬਲਦੇਵ ਸਿੰਘ ਆਦਿ ਹਾਜ਼ਰ ਸਨ।

# ਟ੍ਰੈਫਿਕ ਐਜੂਕੇਸ਼ਨ ਸੈੱਲ ਤੇ ਸਾਂਝ ਕੇਂਦਰ ਵੱਲੋਂ ਸੈਮੀਨਾਰ ਦਾ ਆਯੋਜਨ



**ਮਾਨਾਂਵਾਲਾ (ਮਨਦੀਪ ਸਿੰਘ ਜੰਮੂ)**-ਐਸ. ਪੀ. ਅੰਮ੍ਰਿਤਸਰ (ਦਿਹਾਤੀ) ਸਤਿੰਦਰ ਸਿੰਘ ਅਤੇ ਐੱਸਪੀ ਹੈੱਡਕੁਆਰਟਰ ਜਸਵੰਤ ਕੌਰ ਦੇ ਦਿਸ਼ਾ ਨਿਰਦੇਸ਼ ਤਹਿਤ ਵਿਦਿਅਕ ਸੰਸਥਾ ਮਸੂਰੀ ਇੰਟਰਨੈਸ਼ਨਲ ਪਬਲਿਕ ਸਕੂਲ ਅਤੇ ਰਿਵਰਡੇਲ ਕਾਨਵੈਂਟ ਸਕੂਲ ਫਤਿਹਪੁਰ ਰਾਜਪੂਤਾਂ 'ਚ ਟ੍ਰੈਫਿਕ ਐਜੂਕੇਸ਼ਨ ਸੈੱਲ ਅਤੇ ਸਾਂਝ ਕੇਂਦਰ ਵੱਲੋਂ ਸਾਂਝੇ ਤੌਰ ਤੇ ਨਿਯਮਾਂ ਦੀ ਜਾਣਕਾਰੀ ਸਬੰਧੀ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਟ੍ਰੈਫਿਕ ਪੁਲਿਸ ਐਜੂਕੇਸ਼ਨ ਸੈਲ ਦੇ ਇੰਚਾਰਜ ਇੰਦਰਮੋਹਨ ਸਿੰਘ ਨੇ ਸਕੂਲ ਦੇ ਬੱਚਿਆਂ ਅਤੇ ਸਟਾਫ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਨੂੰ ਦੋਪਹੀਆ ਵਾਹਨ ਚਲਾਉਣ ਵੇਲੇ ਹੈਲਮਟ ਜ਼ਰੂਰੀ ਪਾਉਣਾ ਚਾਹੀਦਾ ਹੈ ਅਤੇ ਚਾਰਪਹੀਆ ਵਾਹਨ ਚਲਾਉਣ ਵੇਲੇ ਸੀਟ ਬੈਲਟ ਦੀ ਵਰਤੋਂ ਕਰਨੀ ਚਾਹੀਦੀ ਹੈ। ਇੰਦਰਮੋਹਨ ਨੇ ਕਿਹਾ ਕਿ ਐਕਸੀਡੈਂਟ ਹੋਣ ਮੌਕੇ 90 ਫੀਸਦੀ ਮੌਤਾਂ ਸਿਰ ਦੀ ਸੱਟ ਕਾਰਨ ਹੁੰਦੀਆਂ ਹਨ ਪਰ ਜੇ ਅਸੀਂ ਟ੍ਰੈਫਿਕ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰੀਏ ਤਾਂ ਮੌਤਾਂ ਦੀ ਦਰ ਨੂੰ ਬਹੁਤ ਘੱਟ ਕੀਤਾ ਜਾ ਸਕਦਾ ਹੈ। ਇਸ ਮੌਕੇ ਮਸੂਰੀ ਸੰਸਥਾਵਾਂ ਦੇ ਚੇਅਰਮੈਨ ਇੰਜਨੀਅਰ ਕਰਨਬੀਰ ਸਿੰਘ ਥਿੰਦ, ਡਾਇਰੈਕਟਰ ਸੁਖਜੀਤ ਸਿੰਘ ਥਿੰਦ, ਪ੍ਰਿੰ. ਪਰਮੀਤ ਕੌਰ ਥਿੰਦ ਤੇ ਹੋਰ ਸਕੂਲ ਦੇ ਸਟਾਫ ਨੇ ਵੀ ਬੱਚਿਆਂ ਤੇ ਉਨਾਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ 18 ਸਾਲ ਤੋਂ ਪਹਿਲਾਂ ਕੋਈ ਵੀ ਵਾਹਨ ਨਾ ਚਲਾਉਣ ਦੇਣ। ਇਸ ਮੌਕੇ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਨੂੰ ਦਰਸਾਉਂਦੇ ਹੋਏ ਇੰਚਾਰਜ ਸਾਂਝ ਕੇਂਦਰ ਰਣਜੀਤ ਸਿੰਘ ਨੇ ਕਿਹਾ ਕਿ ਜੇ ਅਸੀਂ ਟ੍ਰੈਫਿਕ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰੀਏ ਤਾਂ ਮੌਤਾਂ ਦੀ ਦਰ ਨੂੰ ਬਹੁਤ ਘੱਟ ਕੀਤਾ ਜਾ ਸਕਦਾ ਹੈ। ਇਸ ਮੌਕੇ ਸਾਂਝ ਕੇਂਦਰ ਜੰਡਿਆਲਾ ਗੁਰੂ ਏਐਸਆਈ ਰਣਜੀਤ ਸਿੰਘ, ਜੈਸੀ ਮੋਟਰ ਮਰੂਤੀ ਸਜ਼ੂਕੀ ਡਰਾਈਵਿੰਗ ਸਕੂਲ ਮੈਨੇਰ ਮੈਡਮ ਸੀਤਲ ਹੰਸ, ਗੁਰਸੇਵਕ ਸਿੰਘ, ਡਾ. ਸਰਵਣ ਸਿੰਘ ਭੁੱਲਰ, ਸਤਿੰਦਰ ਸਿੰਘ ਅਠਵਾਲ, ਮਨਦੀਪ ਸਿੰਘ, ਦਾਖਲਾ ਇੰਚਾਰਜ ਅਮਨਦੀਪ ਸਿੰਘ ਥਿੰਦ, ਡਾ. ਦੀਪ ਸ਼ਿਖਾ, ਦਵਿੰਦਰ ਸਿੰਘ, ਰਮਨਦੀਪ ਕੌਰ, ਮਮਤਾ ਸ਼ਰਮਾ, ਡਾ. ਦਲੇਰ ਸਿੰਘ ਜੌਹਲ, ਡਾ, ਗੁਰਪ੍ਰੀਤ ਕੌਰ, ਰਣਜੀਤ ਕੌਰ, ਜੈਗੀਤਾ, ਗੀਨਾ ਸ਼ਰਮਾ, ਪ੍ਰਿੰਕਾ, ਚਾਹਤ ਸ਼ਰਮਾ ਆਦਿ ਹਾਜ਼ਰ ਸਨ। ਸੈਮੀਨਾਰ ਦੇ ਅਖੀਰ ਵਿੱਚ ਇੰਜੀ. ਕਰਨਬੀਰ ਸਿੰਘ ਥਿੰਦ ਡਾਇਰੈਕਟਰ ਸੁਖਜੀਤ ਸਿੰਘ ਤੇ ਹੋਰਨਾਂ ਨੇ ਟਰੈਫਿਕ ਇੰਚਾਰਜ ਇੰਦਰਮੋਹਨ ਸਿੰਘ ਨੇ ਆਏ ਹੋਏ ਅਤੇ ਪੱਤਰਕਾਰਾਂ ਨੂੰ ਸਨਮਾਨਿਤ ਵੀ ਕੀਤਾ।

# ਚੰਡੀਗੜ੍ਹ ਤੋਂ ਪੱਟੀ 6.45 ਵਾਲਾ ਕੁਝ ਦਿਨਾਂ ਤੋਂ ਬੰਦ ਟਾਈਮ ਚਾਲੂ ਕਰਾਉਣ ਦੀ ਮੰਗ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਪੰਜਾਬ ਰੋਡਵੇਜ ਡੀਪੂ ਪੱਟੀ ਦੀ ਚੰਡੀਗੜ੍ਹ ਤੋਂ 6,45 ਵਜੇ ਚੱਲ ਕੇ ਰਾਤ 12-00 ਅੰਮ੍ਰਿਤਸਰ ਵਾਇਆ ਪੱਟੀ ਵਿਖੇ ਪਹੁੰਚਣ ਵਾਲੀ ਪੰਜਾਬ ਰੋਡਵੇਜ ਪਨਬੱਸ ਪਿਛਲੇ 6-7 ਦਿਨਾਂ ਤੋਂ ਬੰਦ ਹੋਣ ਕਾਰਨ ਚੰਡੀਗੜ੍ਹ ਤੋਂ ਵਾਇਆ ਅੰਮ੍ਰਿਤਸਰ ਪੱਟੀ ਪਹੁੰਚਣ ਵਾਲੇ ਮੁਸਾਫਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਮਹਾਂਵੀਰ ਸਿੰਘ ਗਿੱਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਕਾਮਰੇਡ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੱਟੀ ਸ਼ਹਿਰ ਅਤੇ ਆਸ-ਪਾਸ ਪਿੰਡਾਂ ਦੇ ਇਲਾਕਾ ਨਿਵਾਸੀ ਸਵੇਰੇ ਪਹਿਲੇ ਟਾਈਮਾਂ ਵਾਲੀਆਂ ਬੱਸਾਂ ਉੱਪਰ ਚੰਡੀਗੜ੍ਹ ਪਹੁੰਚ ਕੇ ਕੋਰਟ ਕਚਹਿਰੀਆਂ ਅਤੇ ਆਪਣੇ ਹੋਰ ਕੰਮਕਾਜ ਨਿਪਟਾ ਕੇ ਸ਼ਾਮ 6,45 ਵਜੇ ਚੱਲਣ ਵਾਲੀ ਪੰਜਾਬ ਰੋਡਵੇਜ਼ ਪਨਬਸ ਉਪਰ ਅੰਮ੍ਰਿਤਸਰ ਵਾਇਆ ਪੱਟੀ ਪਹੁੰਚ ਜਾਂਦੇ ਸਨ ਪਰ ਪਿਛਲੇ 6-7 ਦਿਨਾਂ ਤੋਂ ਇਹ ਟਾਈਮ ਬੰਦ ਕੀਤਾ ਹੋਇਆ ਹੈ। ਕਾਮਰੇਡ ਗਿੱਲ ਨੇ ਵਿਧਾਨ ਸਭਾ ਹਲਕਾ ਪੱਟੀ ਦੇ ਵਿਧਾਇਕ ਅਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੋਂ ਮੰਗ ਕੀਤੀ ਕਿ ਸਹਿਰ ਅਤੇ ਇਲਾਕਾ ਨਿਵਾਸੀਆਂ ਦੀ ਮੁਸ਼ਕਲ ਨੂੰ ਮੁੱਖ ਰੱਖਦਿਆਂ ਚੰਡੀਗੜ੍ਹ ਤੋਂ 6-45 ਵਾਇਆ ਅੰਮ੍ਰਿਤਸਰ ਪੱਟੀ ਪਹੁੰਚਣ ਵਾਲਾ ਬੰਦ ਕੀਤਾ ਟਾਈਮ ਚਾਲੂ ਕਰਵਾਇਆ ਜਾਵੇ। ਜਦ ਇਸ ਸਬੰਧੀ ਪੰਜਾਬ ਰੋਡਵੇਜ਼ ਡਿਪੂ ਪੱਟੀ ਦੇ ਜੀਐੱਮ ਦੇ ਨਾਲ ਫੋਨ ਨੰਬਰ 98554 52834 ਉੱਪਰ ਰਾਬਤਾ ਕਾਇਮ ਕਰਨਾ ਚਾਹਿਆ ਤਾਂ ਹੋ ਨਹੀਂ ਸਕਿਆ।

# ਤਾਲਬਪੁਰ ਪੰਡੋਰੀ ਤੋਂ ਕੋਟਭੱਲਾ ਕਲੀਜਪੁਰ ਨੂੰ ਜਾਣ ਵਾਲੀ ਸੜਕ ਦੀ ਹਾਲਤ ਖਸਤਾ



**ਗੁਰਦਾਸਪੁਰ, (ਜਨਕ ਮਹਾਜਨ)**-ਬੇਟ ਖੇਤਰ ਦੇ ਕਸਬਾ ਤਾਲਬਪੁਰ ਪੰਡੋਰੀ ਤੋਂ ਕੋਟ ਭੱਲਾ-ਕਲੀਜਪੁਰ ਨੂੰ ਜਾਣ ਵਾਲੀ ਸੜਕ ਦੀ ਹਾਲਤ ਖਸਤਾ ਹੋਣ ਕਾਰਨ ਇਲਾਕਾ ਵਾਸੀਆਂ ਦਾ ਪੰਜਾਬ ਸਰਕਾਰ ਅਤੇ ਸਬੰਧਿਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਹੋਈ ਵਰਖਾ ਕਾਰਨ ਸੜਕ ਕਈ ਜਗ੍ਹਾ ਤੋਂ ਟੁੱਟ ਭੱਜ ਗਈ ਹੈ ਅਤੇ ਇਸ ਵਿਚ ਥਾਂ-ਥਾਂ ਟੋਏ ਪੈ ਗਏ ਹਨ ਜਿਨ੍ਹਾਂ ਵਿਚ ਮਾਮੂਲੀ ਜਿਹੀ ਵਰਖਾ ਹੋਣ ਕਾਰਨ ਪਾਣੀ ਭਰ ਜਾਂਦਾ ਹੈ ਅਤੇ ਦੋਪਹੀਆ ਵਾਹਨ ਚਾਲਕਾਂ ਦਾ ਲੰਘਣਾ ਮੁਸ਼ਕਿਲ ਹੋ ਜਾਂਦਾ ਹੈ। ਕਈ ਵਾਰ ਸਕੂਟਰ ਅਤੇ ਮੋਟਰਸਾਈਕਲ ਆਦਿ ਪਲਟ ਜਾਂਦੇ ਹਨ ਅਤੇ ਲੋਕ ਸੱਟਾਂ ਆਦਿ ਵੀ ਲਗਵਾ ਬੈਠਦੇ ਹਨ। ਲੋਕਾਂ ਨੇ ਦੱਸਿਆ ਕਿ ਇਹ ਸੜਕ ਕਾਫ਼ੀ ਪਿੰਡਾਂ ਨਾਲ ਜੁੜੀ ਹੋਈ ਹੈ ਅਤੇ ਇਸ 'ਤੇ ਦਿਨ-ਰਾਤ ਆਵਾਜਾਈ ਲੱਗੀ ਰਹਿੰਦੀ ਹੈ। ਲੋਕਾਂ ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਿਤ ਵਿਭਾਗ ਪਾਸੋਂ ਮੰਗ ਹੈ ਕਿ ਇਸ ਸੜਕ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਰਵਾਈ ਜਾਵੇ ਜਿਸ ਨਾਲ ਲੋਕਾਂ ਨੂੰ ਰਾਹਤ ਮਿਲ ਸਕੇ।

13ਜੀਡੀਪੀ03

# ਸਾਰੇ ਪੰਜਾਬ 'ਚ 'ਵਿਲੇਜ ਡਿਫੈਂਸ' ਕਮੇਟੀਆਂ ਬਣਾਈਆਂ ਜਾਣਗੀਆਂ : ਰਾਜਪਾਲ

## * ਗਲਤ ਅਨਸਰਾਂ ਨਾਲ ਗੱਠਜੋੜ ਰੱਖਣ ਵਾਲੇ ਪੁਲਸ ਅਧਿਕਾਰੀ ਤੇ ਕਰਮਮਚਾਰੀ ਬਖਸ਼ੇ ਨਹੀਂ ਜਾਣਗੇ: ਡੀ ਜੀ ਪੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਪੁਲਿਸ ਸਮੇਤ ਦੇਸ਼ ਦੀ ਸੁਰੱਖਿਆ ਵਿਚ ਲੱਗੀਆਂ ਸਾਰੀਆਂ ਏਜੰਸੀਆਂ ਦੇ ਪੰਜਾਬ ਮੁਖੀਆਂ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਵਿਸਥਾਰਤ ਮੀਟਿੰਗ ਕਰਨ ਮਗਰੋਂ ਰਾਜਪਾਲ ਪੰਜਾਬ ਸ਼੍ਰੀ ਬਨਵਾਰੀ ਲਾਲ ਪੁਰੋਹਿਤ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਕਿਹਾ ਕਿ ਡਰੋਨ ਨਾਲ ਹੋ ਰਹੀ ਸਮਗਲਿੰਗ ਇਕ ਵੱਡੀ ਚੁਣੌਤੀ ਹੈ, ਜਿਸ ਨਾਲ ਨਿਜੱਠਣ ਲਈ ਸਰਹੱਦੀ ਪੱਟੀ ਉਤੇ ਐਂਟੀ ਡਰੋਨ ਸਿਸਟਮ ਲਗਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਸਰਹੱਦ ਦੇ 15 ਕਿਲੋਮੀਟਰ ਘੇਰੇ ਅੰਦਰ ਬਣਾਈਆਂ ਗਈਆਂ ਸੁਰੱਖਿਆ ਕਮੇਟੀਆਂ ਦੀ ਕਾਮਯਾਬੀ ਤੋਂ ਬਾਅਦ ਪੂਰੇ ਰਾਜ ਵਿਚ ਅਜਿਹੀਆਂ ਨਾਗਰਿਕ ਸੁਰੱਖਿਆ ਕਮੇਟੀਆਂ ਬਨਾਉਣ ਦੀ ਹਦਾਇਤ ਮੁੱਖ ਸਕੱਤਰ ਪੰਜਾਬ ਨੂੰ ਕੀਤੀ ਗਈ ਹੈ, ਜੋ ਉਨ੍ਹਾਂ ਨੇ ਪ੍ਰਵਾਨ ਕਰ ਲਈ ਹੈ। ਉਨ੍ਹਾਂ ਕਿਹਾ ਕਿ ਸਾਰੇ ਪੰਜਾਬ ਦੇ ਪਿੰਡਾਂ ਵਿਚ 21 ਮੈਂਬਰੀ ਸੁਰੱਖਿਆ ਕਮੇਟੀਆਂ ਬਣਾਈਆਂ ਜਾਣਗੀਆਂ, ਜੋ ਕਿ ਨਸ਼ੇ ਅਤੇ ਗੈਰ ਕਾਨੂੰਨੀ ਮਾਈਨਿੰਗ ਦੇ ਖਾਤਮੇ ਲਈ ਕੰਮ ਕਰਨਗੀਆਂ। ਉਨ੍ਹਾਂ ਕਿਹਾ ਕਿ ਨਸ਼ੇ ਦੀ ਹੋ ਰਹੀ ਸਮਗਲਿੰਗ ਪਾਕਿਸਤਾਨ ਦੀ ਦੇਣ ਹੈ, ਜੋ ਕਿ ਸਾਡੇ ਨਾਲ ਸਿੱਧੀ ਲੜਾਈ ਤਾਂ ਕਰ ਨਹੀਂ ਸਕਦਾ, ਪਰ ਸਾਡੀ ਨੌਜਵਾਨ ਪੀੜ੍ਹੀ ਨੂੰ ਬਰਬਾਦ ਕਰਨ ਲਈ ਨਸ਼ੇ ਦੀ ਸਮੱਗਲਿੰਗ ਕਰਕੇ ਸਾਡੀ ਪਿੱਠ ਵਿਚ ਵਾਰ ਕਰ ਰਿਹਾ ਹੈ ਅਤੇ ਅਸੀਂ ਸਾਰਿਆਂ ਨੇ ਦੁਸ਼ਮਣ ਦੀ ਇਸ ਚਾਲ ਨੂੰ ਰੋਕਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਤੇ ਪਾਕਿਸਤਾਨ ਨਾਲ ਲੱਗਦੀ ਸਰਹੱਦ ਉਤੇ ਸਮਗਲਿੰਗ ਘੱਟ ਹੋਣ ਤੋਂ ਬਾਅਦ ਵੀ ਨਸ਼ੇ ਦੀ ਆਮਦ ਵਧੀ ਹੈ, ਜਿਸ ਤੋਂ ਸਪੱਸ਼ਟ ਹੈ ਕਿ ਇਹ ਸਪਲਾਈ ਸਾਡੇ ਗੁਆਂਢੀ ਰਾਜਾਂ ਦੇ ਰਸਤੇ ਵੀ ਹੋ ਰਹੀ ਹੈ, ਜਿਸ ਨੂੰ ਰੋਕਣ ਲਈ ਪੁਲਿਸ ਨੂੰ ਗੁਆਂਢੀ ਰਾਜਾਂ ਦੀ ਪੁਲਿਸ ਨਾਲ ਲਗਾਤਾਰ ਸੰਪਰਕ ਰੱਖਣ ਦੀ ਲੋੜ ਹੈ। ਇਸ ਮੌਕੇ ਇਕ ਪ੍ਰਸ਼ਨ ਦੀ ਉੱਤਰ ਵਿਚ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 15 ਅਗਸਤ 2024 ਤੱਕ ਨਸ਼ਾ ਖਤਮ ਕਰਨ ਦਾ ਐਲਾਨ ਕੀਤਾ ਗਿਆ ਹੈ ਅਤੇ ਅਸੀਂ ਇਸ ਟੀਚੇ ਦੀ ਪ੍ਰਾਪਤੀ ਲਈ ਲਗਾਤਾਰ ਕੰਮ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਨਸ਼ੇ ਦੇ ਮੁੱਦੇ ਉਤੇ ਅਸੀਂ ਜ਼ੀਰੋ ਟੋਲਰੈਂਸ ਦੀ ਨੀਤੀ ਨਾਲ ਕੰਮ ਕਰ ਰਹੇ ਹਾਂ ਤੇ ਜੋ ਵੀ ਪੁਲਸ ਅਧਿਕਾਰੀ ਜਾਂ ਕਰਮਚਾਰੀ ਨਸ਼ੇ ਦੇ ਵਪਾਰੀਆਂ ਨਾਲ ਸੰਪਰਕ ਰੱਖਣ ਦਾ ਦੋਸ਼ੀ ਪਾਇਆ ਗਿਆ ਉਸ ਉਤੇ ਉਹੀ ਕਾਰਵਾਈ ਕੀਤੀ ਜਾਵੇਗੀ, ਜੋ ਕਿ ਅਪਰਾਧੀ ਲੋਕਾਂ ਨਾਲ ਕੀਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਪੁਲਿਸ ਉਤੇ ਨਸ਼ੇ ਤੇ ਨਾਜਾਇਜ਼ ਮਾਈਨਿੰਗ ਦੇ ਖਾਤਮੇ ਨੂੰ ਲੈ ਕੇ ਕਿਸੇ ਤਰਾਂ ਦਾ ਕੋਈ ਦਬਾਅ ਨਹੀਂ ਹੈ। ਇਸ ਮੌਕੇ ਮੁੱਖ ਸਕੱਤਰ ਪੰਜਾਬ ਅਨੁਰਾਗ ਵਰਮਾ, ਸਪੈਸ਼ਲ ਚੀਫ ਸੈਕਟਰੀ ਸਰਵਜੀਤ ਸਿੰਘ, ਵਧੀਕ ਚੀਫ ਸੈਕਟਰੀ ਕੇ ਸ਼ਿਵਾ ਪ੍ਰਸਾਦ, ਪੁਲਸ ਕਮਿਸ਼ਨਰ ਨੌਨਿਹਾਲ ਸਿੰਘ, ਡੀਆਈਜੀ ਨਰਿੰਦਰ ਭਾਰਗਵ, ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ, ਡਿਪਟੀ ਕਮਿਸ਼ਨਰ ਅਮਿਤ ਤਲਵਾੜ, ਐੱਸਐੱਸਪੀ ਸਤਿੰਦਰ ਸਿੰਘ ਅਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਝਬਾਲ ਦੀ ਧੀ ਮੀਨਾਕਸ਼ੀ ਬਣੀ ਜੱਜ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਸਬਾ ਝਬਾਲ ਦੇ ਮੱਧਵਰਗ ਪਰਿਵਾਰ ਦੀ ਧੀ ਨੇ ਪੀਸੀਐੱਸ ਜੁਡੀਸ਼ਰੀ ਦੀ ਪ੍ਰੀਖਿਆ ਵਿੱਚੋਂ ਸਮੁੱਚੇ ਪੰਜਾਬ ਵਿੱਚੋਂ ਤੀਸਰਾ ਅਤੇ ਤਰਨਤਾਰਨ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਜੱਜ ਬਣਨ ਦਾ ਮਾਣ ਪ੍ਰਾਪਤ ਕੀਤਾ ਹੈ। ਅੱਡਾ ਝਬਾਲ ਵਾਸੀ ਸੁਭਾਸ਼ ਚੰਦਰ ਦੀ ਬੇਟੀ ਮੀਨਾਕਸ਼ੀ ਦੇ ਘਰ ਜਦੋਂ ਪਤਾ ਲੱਗਣ 'ਤੇ ਪੱਤਰਕਾਰਾਂ ਦੀ ਟੀਮ ਪਹੁੰਚੀ ਤਾਂ ਘਰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਾ ਸੀ ਅਤੇ ਘਰ ਵਿੱਚ ਵਿਆਹ ਵਾਲਾ ਮਾਹੌਲ ਬਣਿਆ ਪਿਆ ਸੀ। ਮੀਨਾਕਸ਼ੀ ਆਪਣੀ ਕਾਮਯਾਬੀ ਤੇ ਬਹੁਤ ਖੁਸ਼ ਸੀ। ਪਿਤਾ ਸੁਭਾਸ਼ ਚੰਦਰ, ਮਾਤਾ ਕਮਲੇਸ਼ ਰਾਣੀ, ਦਾਦੀ ਸਾਬਕਾ ਸਰਪੰਚ ਪ੍ਰਸਿੰਨੀ ਦੇਵੀ ਅਤੇ ਚਾਚਾ ਸਬ ਇੰਸਪੈਕਟਰ ਨਰੇਸ਼ ਕੁਮਾਰ ਦੀ ਹਾਜ਼ਰੀ ਵਿੱਚ ਦੱਸਿਆ ਕਿ ਇਹ ਉਸ ਦਾ ਜ਼ਿੰਦਗੀ ਦਾ ਵੱਡਾ ਸੁਪਨਾ ਪੂਰਾ ਹੋਇਆ। ਉਸ ਨੇ ਦੱਸਿਆ ਕਿ ਉਸ ਨੇ ਮੈਟ੍ਰਿਕ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਝਬਾਲ, ਐੱਲਐੱਲਬੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਕਰਕੇ ਪੀਸੀਐੱਸ ਜੁਡੀਜ਼ਰੀ ਦਾ ਟੈਸਟ ਦਿੱਤਾ ਜਿਸ ਵਿੱਚੋਂ ਉਸ ਨੇ ਪੰਜਾਬ ਵਿੱਚੋਂ ਤੀਸਰਾ ਅਤੇ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਮੀਨਾਕਸ਼ੀ ਨੂੰ ਵਧਾਈ ਦਿੰਦਿਆਂ ਡੀਜੀਪੀ ਦਿਲਬਾਗ ਸਿੰਘ, ਐੱਸਪੀ ਗੁਰਪ੍ਰੀਤ ਸਿੰਘ, ਐੱਸਪੀ ਵਿਸ਼ਾਲਜੀਤ ਸਿੰਘ, ਡੀਐੱਸਪੀ ਜਸਪਾਲ ਸਿੰਘ ਢਿੱਲੋਂ, ਲੇਖਕ ਜਸਬੀਰ ਸਿੰਘ, ਸਬ ਇੰਸਪੈਕਟਰ ਕਸ਼ਮੀਰ ਸਿੰਘ, ਇੰਸ. ਰਜਿੰਦਰ ਸਿੰਘ ਥਾਣਾ ਮੁਖੀ ਝਬਾਲ, ਵਰਿਆਮ ਸਿੰਘ, ਏਐੱਸਆਈ ਚਰਨਜੀਤ ਸਿੰਘ, ਸਬ ਇੰਸ. ਪ੍ਰਭਜੀਤ ਸਿੰਘ,ਐਡਵੋਕੇਟ ਜੇ. ਐੱਸ. ਢਿੱਲੋਂ, ਕਾਮਰੇਡ ਦਵਿੰਦਰ ਸੋਹਲ, ਸਰਪੰਚ ਨਰਿੰਦਰ ਪੱਪਾ ਆਦਿ ਨੇ ਕਿਹਾ ਕਿ ਕੁੱਖ ਵਿਚ ਧੀਆਂ ਮਾਰਨ ਵਾਲਿਆਂ ਲਈ ਇਹ ਇਕ ਸੇਧ ਹੈ, ਪ੍ਰੇਰਨਾ ਹੈ।

# ਲਾਲਪੁਰਾ ਨੇ ਲੋਕ ਮੁਸ਼ਕਲਾਂ ਦੇ ਹੱਲ ਲਈ ਲਾਇਆ ਖੁੱਲ੍ਹਾ ਲੋਕ ਦਰਬਾਰ

## * 200 ਤੋਂ ਵੱਧ ਮੁਸ਼ਕਲਾਂ ਦਾ ਕੀਤਾ ਮੌਕੇ 'ਤੇ ਨਿਪਟਾਰਾ



**ਮੀਆਂਵਿੰਡ (ਰਵੀ ਖਹਿਰਾ)**-ਪੰਜਾਬ ਸਰਕਾਰ ਤੁਹਾਡੇ ਦੁਆਰ ਤਹਿਤ ਅੱਜ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਹਲਕੇ ਦੇ ਲੋਕਾਂ ਦੀਆਂ ਵੱਖ-ਵੱਖ ਸਮੱਸਿਆਵਾਂ ਦੇ ਹੱਲ ਲਈ ਖੁੱਲ੍ਹਾ ਦਰਬਾਰ ਲਾਇਆ ਗਿਆ। ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦੀ ਅਗਵਾਈ ਵਿੱਚ ਲਗਾਏ ਗਏ ਇਸ ਲੋਕ ਦਰਬਾਰ ਸਾਹਿਬ ਹਲਕਾ ਖਡੂਰ ਦੇ ਅੱਧੀ ਦਰਜਨ ਪਿੰਡ ਕਸਬਿਆ ਦੇ ਨਾਲ ਜੁੜੀਆਂ ਸਮੱਸਿਆਵਾ ਦੇ ਹੱਲ ਲਈ ਵੱਖ-ਵੱਖ ਵਿਭਾਗਾ ਨਾਲ ਜੁੜੇ ਅਧਿਕਾਰੀ ਮੌਜੂਦ ਰਹੇ। ਇਸ ਦੌਰਾਨ ਐਸਡੀਐਮ ਦੀਪਕ ਭਾਟੀਆ, ਨਾਇਬ ਤਹਿਸੀਲਦਾਰ ਸੰਤੋਖ ਸਿੰਘ ਤੱਖੀ, ਸੁਪਰਡੈਂਟ ਰਾਜਵਿੰਦਰ ਸਿੰਘ ਤੋਂ ਇਲਾਵਾ ਸਬ ਡਵੀਜ਼ਨ ਗੋਇੰਦਵਾਲ ਸਾਹਿਬ ਦੇ ਡੀਐਸਪੀ ਰਵੀਸ਼ੇਰ ਸਿੰਘ, ਪਾਵਰਕੌਮ ਵੱਲੋਂ ਐਸਡੀਓ ਕੁਲਵਿੰਦਰ ਸਿੰਘ,ਸੀ ਡੀ ਪੀ ਓ ਮਲਕੀਤ ਕੌਰ ਆਦਿ ਵੱਲੋਂ ਲੋਕਾਂ ਦੀਆਂ ਦਿੱਕਤਾਂ ਨੂੰ ਸੁਣਿਆ ਗਿਆ। ਇਸ ਲੋਕ ਮਿਲਣੀ ਵਿੱਚ ਕਸਬਾ ਖਡੂਰ ਸਾਹਿਬ,ਗੋਇੰਦਵਾਲ ਸਾਹਿਬ, ਫਤਿਆਬਾਦ, ਝੰਡੇਰ ਮਹਾਂਪੁਰਖ, ਧੂੰਦਾ, ਖੱਖ, ਹੰਸਾਵਾਲਾ ਆਦਿ ਪਿੰਡਾਂ ਦੇ ਲੋਕ ਆਪੋ-ਆਪਣੀਆਂ ਸਮੱਸਿਆਵਾਂ ਲੈ ਕੇ ਪੁੱਜੇ। ਇਸ ਮੌਕੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਆਖਿਆ ਕਿ ਭਗਵੰਤ ਮਾਨ ਸਰਕਾਰ ਹੁਣ ਆਮ ਲੋਕਾਂ ਨੂੰ ਘਰ-ਘਰ ਸਰਕਾਰੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਰਕਾਰੀ ਅਫ਼ਸਰ ਆਮ ਲੋਕਾਂ ਦੇ ਕੰਮ ਖੁਦ ਕਰਨ ਲਈ ਉਨ੍ਹਾਂ ਤੱਕ ਪਹੁੰਚ ਕਰਨਗੇ। ਵਿਧਾਇਕ ਨੇ ਦੱਸਿਆ ਕਿ ਅੱਜ ਹਲਕਾ ਖਡੂਰ ਸਾਹਿਬ ਵਿੱਚ ਲੋਕਾਂ ਦੀ ਸਰਕਾਰੀ ਕੰਮਾਂ ਲਈ ਖੱਜਲ ਖੁਆਰੀ ਨੂੰ ਮੁਕੰਮਲ ਤੌਰ ਤੇ ਬੰਦ ਕਰਨ ਲਈ ਲੋਕ ਦਰਬਾਰ 'ਪੰਜਾਬ ਸਰਕਾਰ ਤੁਹਾਡੇ ਦੁਆਰ' ਤਹਿਤ ਅੱਜ 200 ਦੇ ਕਰੀਬ ਸਮੱਸਿਆਵਾਂ ਨੂੰ ਮੌਕੇ ਤੇ ਹੱਲ ਕੀਤਾ ਗਿਆ ਹੈ। ਉਨ੍ਹਾਂ ਆਖਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ। ਇਸ ਮੌਕੇ ਉਨ੍ਹਾਂ ਨਾਲ ਗੁਰਸ਼ਰਨ ਸਿੰਘ ਪੀ ਏ, ਪ੍ਰੈੱਸ ਸਕੱਤਰ ਹਰਪ੍ਰੀਤ ਸਿੰਘ ਧੁੰਨਾ, ਪ੍ਰਧਾਨ ਖਡੂਰ ਸਾਹਿਬ ਗੁਰਵਿੰਦਰ ਸਿੰਘ ਗੋਰਾ, ਇੰਦਰਜੀਤ ਸਿੰਘ ਹੈਰੀ ਗਿੱਲ ਜਿਲ੍ਹਾ ਜੋਂਟ ਸੈਕਟਰ, ਗੁਰਭੇਜ ਸਿੰਘ ਫੌਜੀ,ਠੇਕੇਦਾਰ ਹਰਜੀਤ ਸਿੰਘ,ਮਲਕੀਤ ਸਿੰਘ, ਕਾਨਗੋ ਸੁਖਪ੍ਰੀਤ ਸਿੰਘ, ਸੂਬੇਦਾਰ ਬਲਕਾਰ ਸਿੰਘ ਆਦਿ ਮੌਜੂਦ ਸਨ।

# 25 ਦੇ ਪਲੇਠੇ ਕਬੱਡੀ ਟੂਰਨਾਮੈਂਟ ਸੰਬੰਧੀ ਮੀਟਿੰਗ



**ਮਜੀਠਾ/ਚੰਵਿਡਾ ਦੇਵੀ (ਸੋਇਮ ਆਨੰਦ/ਪ੍ਰੀਤਮ ਸਿੰਘ)**-ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਕਬੱਡੀ ਟੂਰਨਾਮੈਂਟ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਡੇਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਵਿਖੇ ਮੁੱਖ ਸੇਵਾਦਾਰ ਬਾਬਾ ਦਿਦਾਰ ਸਿੰਘ ਦੀ ਅਗਵਾਈ ਹੇਠ ਹੋਈ। ਇਸ ਮੌਕੇ ਬਾਬਾ ਜੀ ਨੇ ਕਬੱਡੀ ਟੂਰਨਾਮੈਂਟ ਦੇ ਪ੍ਰਬੰਧਕਾਂ ਨਾਲ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਇਸ ਬਾਬਾ ਬੁੱਢਾ ਸਾਹਿਬ ਜੀ ਦੇ ਅਸਥਾਨ ਤੇ ਪਹਿਲਾ ਕਬੱਡੀ ਟੂਰਨਾਮੈਂਟ 25 ਅਕਤੂਬਰ ਦਿਨ ਬੁੱਧਵਾਰ ਨੂੰ ਡੇਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਵਿਖੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਬਾਬਾ ਦਿਦਾਰ ਸਿੰਘ ਨੇ ਕਿਹਾ ਕਿ 24 ਅਕਤੂਬਰ ਦਿਨ ਮੰਗਲਵਾਰ ਨੂੰ ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਜਾਵੇਗਾ ਜਿਸ ਵਿਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸਰ ਤੇ ਕਥਾਵਾਚਕ ਜਥੇ ਗੁਰਬਾਣੀ ਕੀਰਤਨ ਕਥਾ ਵਿਚਾਰਾਂ ਅਤੇ ਬਾਬਾ ਬੁੱਢਾ ਜੀ ਦੀ ਜੀਵਨੀ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ 25 ਅਕਤੂਬਰ ਨੂੰ ਅੰਮ੍ਰਿਤਸਰ ਬਟਾਲਾ ਰੋਡ ਤੇ ਮਹਾਂ ਕਬੱਡੀ ਟੂਰਨਾਮੈਂਟ ਕਰਵਾਇਆ ਜਾਵੇਗਾ। ਇਸ ਮੌਕੇ ਬਾਬਾ ਦਿਦਾਰ ਸਿੰਘ ਨਾਲ ਸਰਪੰਚ ਪ੍ਰੇਮ ਸਿੰਘ, ਸੋਨੀ ਰੰਧਾਵਾ ਕੱਥੂਨੰਗਲ, ਦਵਿੰਦਰਪਾਲ ਸਿੰਘ ਗਿੱਲ, ਡਾ ਸੁਖਵਿੰਦਰ ਸਿੰਘ ਰੰਧਾਵਾ ਸੰਨੀ ਹਦਾਇਤਪੁਰ, ਕਬੱਡੀ ਪ੍ਰਮੋਟਰ ਕੁਲਦੀਪ ਸਿੰਘ ਕਾਹਲੋ, ਡਾ ਭੁਪਿੰਦਰ ਸਿੰਘ ਗਿੱਲ, ਤੇਜਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

# ਸੋਨਾਲੀ ਵੱਲੋਂ ਪੇਂਟਿੰਗ ਮੁਕਾਬਲੇ 'ਚ ਸ਼ਾਨਦਾਰ ਕਾਰਗੁਜ਼ਾਰੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)** - ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਅਗਵਾਈ ਹੇਠ ਸਕੂਲ ਦੀ ਅੱਠਵੀਂ ਜਮਾਤ ਦੀ ਵਿਦਿਆਰਥਣ ਸੋਨਾਲੀ ਕੁਮਾਰੀ ਨੇ ਜ਼ਿਲ੍ਹਾ ਪੱਧਰੀ ਪੇਂਟਿੰਗ ਮੁਕਾਬਲੇ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਕਰਕੇ ਆਪਣੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਦੇ ਪ੍ਰਿੰ. ਕਿਰਨ ਕੇਸਰ ਨੇ ਦੱਸਿਆ ਕਿ ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪੱਧਰੀ ਕਰਵਾਏ ਪੇਂਟਿੰਗ ਮੁਕਾਬਲਿਆਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਸਮੇਤ ਜ਼ਿਲ੍ਹਾ ਭਰ ਤੋਂ ਵੱਖ-ਵੱਖ ਸਕੂਲਾਂ ਦੇ 600 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਬੰਦਾ ਬਹਾਦਰ ਸਕੂਲ ਦੀ ਅੱਠਵੀਂ ਜਮਾਤ ਦੀ ਵਿਦਿਆਰਥਣ ਸੋਨਾਲੀ ਕੁਮਾਰੀ ਵੱਲੋਂ ਸ਼ਾਨਦਾਰ ਕਾਰਗੁਜ਼ਾਰੀ ਕਰਨ ਤੇ ਡਿਪਟੀ ਕਮਿਸਨਰ ਗੁਰਦਾਸਪੁਰ ਦੁਆਰਾ ਕੋਨਸੋਲੇਸ਼ਨ ਇਨਾਮ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪਹੁੰਚਣ ਤੇ ਇਸ ਜ਼ਿਲ੍ਹਾ ਪੱਧਰੀ ਪੇਂਟਿੰਗ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਬੱਚਿਆਂ ਦਾ ਪ੍ਰਿੰ. ਕਿਰਨ ਕੇਸਰ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਜ਼ਿਲ੍ਹਾ ਪੱਧਰ ਦੇ ਮੁਕਾਬਲੇ ਵਿੱਚ ਭਾਗ ਲੈਣਾ ਵਿਦਿਆਰਥੀਆਂ ਲਈ ਇਕ ਵੱਡੀ ਪ੍ਰਾਪਤੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਫ਼ਸਲੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਲਈ ਕਿਸਾਨ ਜਾਗਰੂਕਤਾ ਸਮਾਗਮ ਆਯੋਜਿਤ

## * ਪਰਾਲੀ ਦੀ ਸਾਂਭ-ਸੰਭਾਲ ਲਈ ਮਸ਼ੀਨਰੀ ਦੀ ਪ੍ਰਦਰਸ਼ਨੀ ਲਗਾਈ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਰਿਵਾਈਵਿੰਗ ਗ੍ਰੀਨ ਰੈਵੋਲਿਊਸ਼ਨ ਸੈੱਲ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੀ ਟੀਮ ਵੱਲੋਂ ਗੁਰਦਾਸਪੁਰਦੇ ਕਸਬਾ ਡੇਰਾ ਬਾਬਾ ਨਾਨਕ ਗਿੱਲ ਪੈਲੇਸ ਵਿਖੇ ਇੱਕ ਜ਼ਿਲ੍ਹਾ ਪੱਧਰੀ ਕਿਸਾਨ ਜਾਗਰੂਕਤਾ ਸਮਾਗਮ ਦਾ ਆਯੋਜਨ ਕੀਤਾ ਜਿਸ ਵਿੱਚ ਵੱਖ-ਵੱਖ ਪਿੰਡਾਂ ਦੇ 1000 ਤੋਂ ਵੱਧ ਸੂਝਵਾਨ ਕਿਸਾਨਾਂ ਨੇ ਭਾਗ ਲਿਆ। ਇਸ ਵਿੱਚ ਪ੍ਰਾਨਾ ਪ੍ਰੋਜੈਕਟ ਦੇ ਅਧੀਨ ਫ਼ਸਲਾਂ ਦੀ ਰਹਿੰਦ-ਖੂੰਹਦ ਦੀ ਸੁਚੱਜੀ ਸਾਂਭ-ਸੰਭਾਲ ਲਈ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ। ਇਸ ਸਮਾਗਮ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਸੀਨੀਅਰ ਖੇਤੀਬਾੜੀ ਸਲਾਹਕਾਰਾਂ ਵੱਲੋਂ ਕਿਸਾਨਾਂ ਨੂੰ ਤਕਨੀਕੀ ਲੈਕਚਰ ਦੁਆਰਾ ਜਾਗਰੂਕ ਕੀਤਾ ਗਿਆ। ਇਸ ਮੌਕੇ ਖੇਤੀ ਦੇ ਮਾਹਿਰਾਂ ਨੇ ਕਣਕ ਦੀ ਉੱਨਤ ਕਾਸ਼ਤ ਬਾਰੇ ਵੀ ਜਾਣਕਾਰੀ ਦਿੱਤੀ। ਇਸ ਸਮਾਗਮ ਦੌਰਾਨ ਪਰਾਲੀ ਦੀ ਸਾਂਭ-ਸੰਭਾਲ ਲਈ ਮਸ਼ੀਨਰੀ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ ਅਤੇ ਕੁਦਰਤੀ ਸੋਮਿਆਂ ਦੀ ਸੰਭਾਲ ਲਈ ਜਾਗਰੂਕ ਕਰਨ ਲਈ ਨੁੱਕੜ ਨਾਟਕ ਪੇਸ਼ ਕੀਤਾ ਗਿਆ। ਇਸ ਮੌਕੇ ਆਪ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਨੇ ਵੀ ਆਪਣੇ ਸੰਬੋਧਨ ਵਿੱਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ। ਇਸ ਸਮਾਰੋਹ ਦੌਰਾਨ ਖੇਤੀਬਾੜੀ ਵਿੱਚ ਉੱਤਮਤਾ ਸਨਮਾਨ ਕੀਤਾ ਗਿਆ। ਬਤੌਰ ਮੁੱਖ ਖੇਤੀਬਾੜੀ ਅਫਸਰ ਕਿਰਪਾਲ ਸਿੰਘ ਢਿੱਲੋਂ ਨੇ 20 ਅਗਾਂਹਵਧੂ ਕਿਸਾਨਾਂ ਨੂੰ ਸਨਮਾਨ ਚਿੰਨ੍ਹ ਤੇ ਪ੍ਰਸੰਸਾ ਪੱਤਰ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਮੁੱਖ ਖੇਤੀਬਾੜੀ ਅਫਸਰ ਕਿਰਪਾਲ ਸਿੰਘ ਢਿੱਲੋਂ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਨਾਂ ਪਿੰਡਾਂ ਵਿੱਚ ਪਰਾਲੀ ਨੂੰ ਮੁਕੰਮਲ ਤੌਰ 'ਤੇ ਅੱਗ ਨਹੀਂ ਲਗਾਈ ਜਾਵੇਗੀ ਸਰਕਾਰ ਵੱਲੋਂ ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਇੱਕ ਲੱਖ ਰੁਪਏ ਦੀ ਰਾਸ਼ੀ ਇਨਾਮ ਵਜੋਂ ਦਿੱਤੀ ਜਾਵੇਗੀ। ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ. ਬਲਜਿੰਦਰ ਸਿੰਘ ਭੁੱਲਰ ਤੋਂ ਇਲਾਵਾ ਵੱਖ-ਵੱਖ ਖੇਤੀ ਮਾਹਰਾਂ ਨੇ ਦੇ ਸੰਬੋਧਨ ਕੀਤਾ। ਸਮਾਗਮ ਦੌਰਾਨ ਪਹੁੰਚੇ ਸਾਰੇ ਕਿਸਾਨਾਂ ਨੂੰ ਘਰ ਬਗੀਚੀ ਲਈ ਸਬਜ਼ੀਆਂ ਦੇ ਬੀਜਾਂ ਦੀਆਂ ਕਿੱਟਾਂ ਅਤੇ ਕੈਲੰਡਰ ਵੀ ਵੰਡੇ ਗਏ । ਰੀਵਾਈਵਿੰਗ ਗ੍ਰੀਨ ਰਿਵੋਲਿਊਸ਼ਨ ਸੈੱਲ ਦੁਆਰਾ ਆਯੋਜਿਤ ਇਹ ਜ਼ਿਲ੍ਹਾ ਪੱਧਰੀ ਸਮਾਗਮ ਇਕ ਅਜਿਹਾ ਉਪਰਾਲਾ ਹੈ ਜੋ ਕਿ ਖੇਤੀ ਦੇ ਵਿੱਚ ਨਵੀਂ ਤਕਨੀਕਾਂ ਲਿਆ ਕੇ ਛੋਟੀ ਕਿਸਾਨੀ ਦੀ ਮਦਦ ਕਰ ਸਕੇ ਅਤੇ ਖੇਤੀਬਾੜੀ ਨੂੰ ਲਾਹੇਵੰਦ ਬਣਾਉਣ ਲਈ ਯੋਗਦਾਨ ਪਾ ਸਕੇ। ਇਸ ਮੌਕੇ ਡਾ. ਬਲਜਿੰਦਰ ਸਿੰਘ ਕੰਬੋਜ ਏਰੀਆ ਮੈਨੇਜਰ, ਡਾ. ਸਹੋਤਾ, ਡਾ. ਇੰਦਰ ਮੋਹਨ, ਡਾ. ਸੁਰਜੀਤ ਸਿੰਘ, ਭਿੰਦਰਪਾਲ ਸਿੰਘ, ਗੁਰਪ੍ਰੀਤ ਸਿੰਘ, ਅਰਸ਼ਦੀਪ ਕੌਰ, ਲਵਪ੍ਰੀਤ ਸਿੰਘ, ਤਰਲੋਚਨ ਸਿੰਘ, ਮਸਤਾਨ ਸਿੰਘ, ਮਨਪ੍ਰੀਤ ਸਿੰਘ, ਪਲਵਿੰਦਰ ਸਿੰਘ, ਬਲਜੀਤ ਸਿੰਘ, ਜਗਮੋਹਨ ਸਿੰਘ, ਪ੍ਰਿਤਪਾਲ ਸਿੰਘ, ਬਚਿੱਤਰ ਸਿੰਘ, ਹਰਜੀਤ ਸਿੰਘ ਠੇਠਰਕੇ, ਰਜੇਸ਼ ਕੁਮਾਰ ਬਿੱਟਾ, ਕਸ਼ਮੀਰ ਸਿੰਘ ਸਭਰਾਂ, ਨਰਿੰਦਰ ਸਿੰਘ ਮਛਰਾਲਾ, ਰਿੰਕਾ ਅਡਵਾਨੀ, ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਮੁਹੱਬਤਪਾਲ ਸਿੰਘ ਜ਼ਿਲ੍ਹਾ ਪੱਧਰੀ ਵਾਲੀਬਾਲ ਮੁਕਾਬਲੇ 'ਚੋਂ ਅੱਵਲ




**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬੀਤੇ ਦਿਨੀਂ 67 ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਸੈਸ਼ਨ 2023-2024 ਏ.ਈ.ਓ. ਸ. ਮਨਿੰਦਰ ਸਿੰਘ ਜੀ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਯੁਗਰਾਜ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਈਆਂ ਗਈਆਂ ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਤੇ ਸਰੀਰਕ ਬਲ ਦਾ ਵਾਧਾ ਕਰਨਾ ਸੀ। ਇਸ ਦੇ ਚੱਲਦਿਆਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀ ਮੁਹੱਬਤਪਾਲ ਸਿੰਘ ਜਮਾਤ ਗਿਆਰ੍ਹਵੀਂ ਨੇ ਜ਼ਿਲ੍ਹਾ ਪੱਧਰੀ ਵਾਲੀਬਾਲ ਮੁਕਾਬਲੇ ਵਿੱਚ ਗੋਇੰਦਵਾਲ ਸਾਹਿਬ ਜ਼ੋਨ ਵੱਲੋਂ ਹਿੱਸਾ ਲਿਆ ਅਤੇ ਇਹ ਜ਼ਿਲ੍ਹਾ ਪੱਧਰੀ ਵਾਲੀਬਾਲ ਮੈਚ ਸੇਵਾ ਦੇਵੀ ਕਾਲਜ ਤਰਨ ਤਾਰਨ ਵਿਖੇ ਕਰਵਾਏ ਗਏ ਜਿਸ ਵਿੱਚ ਤਰਨ ਤਾਰਨ ਜ਼ਿਲ੍ਹੇ ਦੇ ਕਈ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲੇ ਕਠਿਨ ਹੋਣ ਦੇ ਬਾਵਜੂਦ ਵਿਦਿਆਰਥੀ ਮੁਹੱਬਤਪਾਲ ਸਿੰਘ ਨੇ ਆਪਣੀ ਮਿਹਨਤ ਅਤੇ ਕੋਚ ਸੁਖਵਿੰਦਰ ਸਿੰਘ ਦੀ ਸਹੀ ਸੇਧ ਸਦਕਾ ਵਾਲੀਬਾਲ (ਅੰਡਰ-19) ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਜੇਤੂ ਵਿਦਿਆਰਥੀ ਨੂੰ ਸਨਮਾਨਿਤ ਕਰਦਿਆਂ ਸੰਸਥਾ ਦੇ ਡਾਇਰੈਕਟਰ ਸ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰ. ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀ ਨੂੰ ਵਧਾਈ ਦਿੱਤੀ ਅਤੇ ਅਗਲੇਰੇ ਪੜਾਅ ਲਈ ਤਿਆਰੀ ਕਰਨ ਲਈ ਉਤਸ਼ਾਹਿਤ ਕੀਤਾ।

# ਲੋਕਾਂ ਨੂੰ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨਾਲ ਜੁੜਨ ਦੀ ਅਪੀਲ

**ਗੁਰਦਾਸਪੁਰ, (ਜਨਕ ਮਹਾਜਨ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਜ਼ੋਨ ਤੇਜਾ ਸਿੰਘ ਸੁਤੰਤਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਅੱਲੜ ਪਿੰਡੀ ਦੀ ਪ੍ਰਧਾਨਗੀ ਹੇਠ ਇਕ ਮੀਟਿੰਗ ਹੋਈ। ਮੀਟਿੰਗ ਦੌਰਾਨ ਪਿੰਡ ਨਿੱਕੇ ਸ਼ਹੂਰ ਵਿਖੇ ਪਹੁੰਚ ਕੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਗਲੀ ਪੁੱਟਣ ਦੀ ਕੋਸ਼ਿਸ਼ ਕੀਤੀ ਗਈ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਇਸ ਦਾ ਸਖਤ ਵਿਰੋਧ ਕਰੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰੈਸ ਸਕੱਤਰ ਸੁਖਦੇਵ ਸਿੰਘ ਅੱਲੜ ਪਿੰਡੀ, ਸਤਨਾਮ ਸਿੰਘ ਖਜਾਨਚੀ, ਹਰਵਿੰਦਰ ਸਿੰਘ ਮੱਲ੍ਹੀ, ਗੁਰਪ੍ਰੀਤ ਸਿੰਘ ਸਹੂਰ ਤੇ ਲਾਲੀ ਨਿੱਕਾ ਸ਼ਹੂਰ ਵੱਲੋਂ ਦਿਨ-ਰਾਤ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡਾਂ ਵਿੱਚ ਮਿਹਨਤ ਕਰਕੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਲੋਕਾਂ ਨੂੰ ਅਪੀਲ ਕੀਤੀ ਜਾ ਰਹੀ ਕਿ ਸਿਆਸਤ ਨੂੰ ਛੱਡ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨਾਲ ਜੁੜਨ। ਜ਼ਿਲ੍ਹਾ ਪ੍ਰੈਸ ਸਕੱਤਰ ਸੁਖਦੇਵ ਸਿੰਘ ਅੱਲੜਪਿੰਡੀ ਅਤੇ ਹਰਵਿੰਦਰ ਸਿੰਘ ਮੱਲ੍ਹੀ ਨੇ ਕਸਬਾ ਕਲਾਨੌਰ ਹਲਕਾ ਡੇਰਾ ਬਾਬਾ ਨਾਨਕ ਦੇ ਕਾਫ਼ੀ ਪਿੰਡਾਂ ਵਿੱਚੋ ਕੁਝ ਵੱਖ-ਵੱਖ ਪਿੰਡਾਂ ਨੂੰ ਆਖਿਆ ਕਿ ਜਲਦ ਹਾਈ ਕਮਾਂਡ ਨਾਲ ਗੱਲ ਕਰ ਕੇ ਟਾਈਮ ਦੱਸਿਆ ਜਾਵੇਗਾ। ਇਸ ਮੌਕੇ ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਅੱਲੜ ਪਿੰਡੀ, ਰਣਬੀਰ ਸਿੰਘ ਡੁਗਰੀ, ਤਰਸੇਮ ਸਿੰਘ ਨਿੱਕੇ ਸਹੂਰ, ਪ੍ਰਗਟ ਸਿੰਘ ਸਹੂਰ, ਨਿਸ਼ਾਨ ਸਿੰਘ ਬਾਊਪੁਰ, ਸੁੱਚਾ ਸਿੰਘ ਬਲੱਗਣ, ਕਰਨੈਲ ਸਿੰਘ ਮੱਲ੍ਹੀ, ਕੁਲਵੰਤ ਸਿੰਘ ਚੌੜਾ, ਰਸ਼ਪਾਲ ਸਿੰਘ ਡੁਗਰੀ, ਕਰਨੈਲ ਸਿੰਘ, ਬਲਦੇਵ ਸਿੰਘ ਸ਼ਹੂਰ, ਦਿਲਬਾਗ ਸਿੰਘ ਹਰਦੋਛੰਨੀ, ਹਰਭਜਨ ਸਿੰਘ ਮਹੰਤਪੁਰ ਬੀਬੀ ਅਮਰਜੀਤ ਕੌਰ, ਬੀਬੀ ਮਨਜਿੰਦਰ ਕੌਰ ਆਦਿ ਹਾਜ਼ਰ ਸਨ।

# ਧੰਨ-ਧੰਨ ਬਾਬਾ ਸਿੱਧ ਸਾਹਿਬ ਜੀ ਦਾ ਸਾਲਾਨਾ ਜੋੜ ਮੇਲਾ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਜਾਣਕਾਰੀ ਦਿੰਦਿਆਂ ਪਿੰਡ ਠੱਠਗੜ੍ਹ ਗੁਰਦੁਆਰਾ ਬਾਬਾ ਸਿੱਧ ਜੀ ਦੇ ਮੁੱਖ ਸੇਵਾਦਾਰ ਜਥੇਦਾਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਪਿੰਡ ਠੱਠਗੜ੍ਹ ਵਿਖੇ ਧੰਨ-ਧੰਨ ਬਾਬਾ ਸਿੱਧ ਸਾਹਿਬ ਜੀ ਦਾ ਸਾਲਾਨਾ ਜੋੜ ਮੇਲਾ ਸਮੂਹ ਨਗਰ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। 10 ਅਕਤੂਬਰ ਮੰਗਲਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਜਿਨ੍ਹਾਂ ਦੇ 12 ਅਕਤੂਬਰ ਵੀਰਵਾਰ ਨੂੰ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਭਾਈ ਜਗਜੀਤ ਸਿੰਘ ਕੀਰਤਨੀਏ, ਕਵੀਸ਼ਰ ਭਾਈ ਸੰਦੀਪ ਸਿੰਘ, ਕਵੀਸ਼ਰ ਭਾਈ ਬਲਵਿੰਦਰ ਸਿੰਘ ਬਹਿਲਾ, ਢਾਡੀ ਭਾਈ ਸੁਖਦੇਵ ਸਿੰਘ ਬੂਹ ਨੇ ਸ੍ਰੀ ਗੁਰੂ ਅਰਜਨਦੇਵ ਜੀ ਦਾ ਤੇ ਬਾਬਾ ਸਿੱਧ ਸਾਹਿਬ ਜੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸੰਤ ਮਹੰਤ ਅਤੇ ਜਥੇਦਾਰ ਸੰਤ ਬਾਬਾ ਦਰਸ਼ਨ ਸਿੰਘ ਜੀ ਬੋਰੀਵਾਲਿਆਂ ਨੇ ਪਹੁੰਚ ਕੇ ਹਾਜ਼ਰੀ ਭਰੀ।

ਦੂਰੋਂ ਨੇੜਿਓਂ ਪਹੁੰਚੀਆਂ ਸੰਗਤਾਂ ਦਾ ਜਥੇਦਾਰ ਮਨਜਿੰਦਰ ਸਿੰਘ ਵੱਲੋਂ ਧੰਨਵਾਦ ਕੀਤਾ ਗਿਆ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਮੁੱਖ ਸੇਵਾਦਾਰ ਜਥੇਦਾਰ ਮਨਜਿੰਦਰ ਸਿੰਘ ਤੋਂ ਇਲਾਵਾ ਗੁਰਸਾਹਿਬ ਸਿੰਘ, ਸਵਰਨ ਸਿੰਘ ਪਿੰਟੂ, ਬਾਬਾ ਹੀਰਾ, ਬਾਬਾ ਜੋਗਿੰਦਰ ਸਿੰਘ, ਬਾਬਾ ਮਨਜੀਤ ਸਿੰਘ, ਬਾਬਾ ਮੁਲਤਾਨ ਸਿੰਘ, ਕੁਲਵੰਤ ਸਿੰਘ, ਸੁਖਚੈਨ ਸਿੰਘ, ਝਿਰਮਲ ਸਿੰਘ, ਸ਼ਮਸ਼ੇਰ ਸਿੰਘ, ਦਿਲਬਾਗ ਸਿੰਘ, ਇਕਬਾਲ ਸਿੰਘ, ਗੁਰਮੀਤ ਸਿੰਘ ਭਾਈ, ਗੁਰਪ੍ਰੀਤ ਸਿੰਘ ਗੋਪੀ, ਸੁਖਦੇਵ ਸਿੰਘ ਘੁੱਕ, ਜਗਰੂਪ ਸਿੰਘ, ਲਵਪ੍ਰੀਤ ਸਿੰਘ ਸੇਵਾਦਾਰ ਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

# ਪ੍ਰਦੂਸ਼ਣ ਮੁਕਤ ਪਿੰਡ ਨੂੰ ਮਿਲੇਗੀ ਇਕ ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ: ਜ਼ਿਲ੍ਹਾ ਸਿਖਲਾਈ ਅ਼ਫ਼ਸਰ



**ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)**-ਡਾ. ਹਿਮਾਂਸ਼ੂ ਅਗਰਵਾਲ ਆਈਏਐੱਸ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਨੂੰ ਪ੍ਰਦੂਸ਼ਣ ਮੁਕਤ ਜ਼ਿਲ੍ਹਾ ਬਨਾਉਣ ਚਲਾਈ ਜਾ ਰਹੀ ਮੁਹਿੰਮ ਤਹਿਤ ਖੇਤੀਬਾੜੀ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਕਰਮਚਾਰੀਆਂ ਵਲੋਂ ਲਗਾਤਾਰ ਪਿੰਡਾਂ ਵਿਚ ਕਿਸਾਨਾਂ ਨਾਲ ਰਾਬਤਾ ਬਣਾਇਆ ਜਾ ਰਿਹਾ ਹੈ। ਵੱਡੇ-ਵੱਡੇ ਇਕੱਠ ਕਰਨ ਦੀ ਬਿਜਾਏ ਨੁੱਕੜ ਮੀਟਿੰਗਾਂ ਤੋਂ ਇਲਾਵਾ ਕਿਸਾਨਾਂ ਨਾਲ ਨਿੱਜੀ ਸੰਪਰਕ ਵੀ ਕੀਤਾ ਜਾ ਰਿਹਾ ਹੈ ਜਿਸ ਦੇ ਕਾਫੀ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਤੋਂ ਇਲਾਵਾ ਨੁੱਕੜ ਨਾਟਕ ਕਰਕੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ। ਇਸ ਮੁਹਿੰਮ ਤਹਿਤ ਦਾਣਾ ਮੰਡੀ ਕਾਦੀਆਂ ਅਤੇ ਥਿੰਦ ਧਾਰੀਵਾਲ ਵਿਖੇ ਵਿੰਗੀਫਾਈ ਉਤੇ ਪੰਜਾਬ ਫੋਕ ਆਰਟ ਸੈਂਟਰ ਦੇ ਸਹਿਯੋਗ ਨਾਲ ਲਘੂ ਨਾਟਕ "ਮਾਤਾ ਧਰਿਤ ਮਹਤੁ" ਰਾਹੀ ਕਿਸਾਨਾ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਨਾਂ ਸਾੜਣ ਬਾਰੇ ਜਾਗਰੂਕ ਕੀਤਾ ਗਿਆ। ਖੇਤੀਬਾੜੀ ਵਿਕਾਸ ਅਫਸਰ ਡਾ. ਜੋਬਨਜੀਤ ਸਿੰਘ ਖਹਿਰਾ ਦੇ ਪ੍ਰਬੰਧਾਂ ਹੇਠ ਆਯੋਜਤ ਕੀਤੇ ਗਏ ਨੁੱਕੜ ਨਾਟਕ ਮੌਕੇ ਡਾ. ਅਮਰੀਕ ਸਿੰਘ ਜ਼ਿਲ੍ਹਾ ਸਿਖਲਾਈ ਅਫਸਰ ਕਮ ਨੋਡਲ ਅਫ਼ਸਰ (ਸਟੱਬਲ ਬਰਨਿੰਗ) ਤਹਿਸੀਲ ਬਟਾਲਾ ਅਤੇ ਡੇਰਾ ਬਾਬਾ ਨਾਨਕ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਸਤਨਾਮ ਸਿੰਘ, ਮਨਪ੍ਰੀਤ ਸਿੰਘ ਖੇਤੀਬਾੜੀ ਵਿਸਥਾਰ ਅਫ਼ਸਰ, ਤਜਿੰਦਰ ਸਿੰਘ ਬੀ ਟੀ ਐਮ, ਚੇਅਰਮੈਨ ਮਾਰਕੀਟ ਕਮੇਟੀ ਮੋਹਨ ਸਿੰਘ, ਗੁਰਵਿੰਦਰ ਸਿੰਘ, ਸੁਰਿੰਦਰ ਸਿੰਘ ਸਕੱਤਰ, ਸ਼ਰਨਜੀਤ ਸਿੰਘ, ਮਨਦੀਪ, ਰਵਿੰਦਰ ਸਿੰਘ ਸੁਪਰਵਾਈਜਰ, ਨਿਰਵੈਰ ਸਿੰਘ ਹਾਜ਼ਰ ਸਨ ਹਾਜ਼ਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਜ਼ਿਲਾ ਗੁਰਦਾਸਪੁਰ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਇਸ ਵਾਰ ਕਈ ਉਪਰਾਲੇ ਕੀਤੇ ਜਾ ਰਹੇ ਹਨ। ਉਨਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਜ਼ਿਲ੍ਹਾ ਪੱਧਰ ਤੇ ਕੰਟਰੋਲ ਨੰਬਰ ਸਥਾਪਤ ਕੀਤਾ ਗਿਆ ਹੈ ਤਾਂ ਜੋ ਜੇਕਰ ਕਿਸੇ ਵੀ ਕਿਸਾਨ ਨੂੰ ਕਿਸੇ ਕਿਸਮ ਦੀ ਸਮੱਸਿਆ ਆਉਂਦੀ ਹੈ ਜਾਂ ਕਿਤੇ ਪਰਾਲੀ ਨੂੰ ਅੱਗ ਲੱਗਦੀ ਦਿਖਾਈ ਦਿੰਦੀ ਹੈ ਤਾਂ 24 ਘੰਟੇ ਕਿਸੇ ਸਮੇਂ ਟੋਲ ਫਰੀ ਨੰਬਰ 1800-180-1852 ਤੇ ਸੰਪਰਕ ਕਰ ਸਕਦਾ ਹੈ। ਉਨਾਂ ਦੱਸਿਆ ਇਸ ਤੋਂ ਇਲਾਵਾ ਜੇਕਰ ਕਿਸੇ ਕਿਸਾਨ ਨੂੰ ਝੋਨੇ ਦੀ ਪਰਾਲੀ ਦੀ ਸੰਭਾਲ ਲਈ ਕਿਸੇ ਕਿਸਮ ਦੀ ਖੇਤੀ ਮਸ਼ੀਨਰੀ ਜਿਵੇਂ ਬੇਲਰ,ਸੁਰ ਸੀਡਰ,ਹੈਪੀ ਸੀਡਰ ਆਦਿ ਦੀ ਜ਼ਰੂਰਤ ਹੋਵੇ ਤਾਂ ਵੀ ਇਸ ਨੰਬਰ ਤੇ ਜਾਂ ਖੇਤੀ ਅਧਿਕਾਰੀਆਂ ਦੇ ਮੋਬਾਇਲ ਨੰਬਰ ਤੇ ਸੰਪਰਕ ਕੀਤਾ ਜਾ ਸਕਦਾ ਹੈ। ਲਗਾਉਣ ਲਈ ਪ੍ਰੇਰਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਵਿੱਚ ਕਿਸਾਨ ਜਥੇਬੰਦੀਆ ਦੇ ਆਗੂਆਂ ਤੋਂ ਇਲਾਵਾ ਬਹੁਤ ਸਾਰੇ ਕਿਸਾਨ ਵੀ ਸ਼ਾਮਿਲ ਹੋ ਕੇ ਕਿਸਾਨਾਂ ਨੂੰ ਪ੍ਰੇਰਿਤ ਕਰ ਰਹੇ ਹਨ ਉਨਾਂ ਕਿਹਾ ਕਿ ਗੰਨਾ, ਮਟਰਾਂ ਅਤੇ ਆਲੂਆਂ ਦੀ ਕਾਸ਼ਤ ਕਰਨ ਵਾਲੇ ਕਿਸਾਨ ਝੋਨੇ ਦੀ ਕਟਾਈ ਤੋਂ ਬਾਅਦ ਬੇਲਰ ਦੀ ਵਰਤੋਂ ਕਰਕੇ ਪਰਾਲੀ ਨੂੰ ਬਾਹਰ ਕੱਢ ਕੇ ਮਟਰ, ਆਲੂਆਂ ਦੀ ਬਿਜਾਈ ਕਰ ਸਕਦੇ ਹਨ। ਐੱਸਡੀਓ ਸੁਖਮਨੀ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਐਲਾਨ ਕੀਤਾ ਗਿਆ ਹੈ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ ਹੌਟ ਸਪੌਟ ਪਿੰਡ ਪ੍ਰਦੂਸ਼ਣ ਮੁਕਤ ਹੋਣ ਤੇ ਸੰਬੰਧਤ ਪਿੰਡਾਂ ਨੂੰ ਇਕ ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਮਿਲੇਗੀ ਅਤੇ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਵਾਤਾਵਰਣ ਦੇ ਰੱਖਵਾਲੇ ਦੇ ਤੌਰ ਤੇ ਸਨਮਾਨਿਤ ਕਰਦਿਆਂ ਵਿਸ਼ੇਸ਼ ਸਰਟੀਫੀਕੇਟ ਦਿੱਤੇ ਜਾਣਗੇ , ਜਿਨ੍ਹਾਂ ਨੂੰ ਕਿਸੇ ਵੀ ਦਫਤਰ ਵਿੱਚ ਦਿਖਾ ਕੇ ਪਹਿਲ ਦੇ ਅਧਾਰ ਤੇ ਕੰਮ ਕਰਵਾ ਸਕਣਗੇ। ਖੇਤੀਬਾੜੀ ਵਿਕਾਸ ਅ਼ਫ਼ਸਰ ਡਾ. ਜੋਬਨਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਫਸਲੀ ਰਹਿੰਦ ਖੂੰਹਦ ਦੀ ਅੱਗ ਨੂੰ ਰੋਕਣ ਲਈ ਧਾਰਾ 144 ਤਹਿਤ ਪਾਬੰਦੀ ਲਗਾਈ ਗਈ ਹੈ ਅਤੇ ਜੋ ਵੀ ਵਿਅਕਤੀ ਇਨਾਂ ਹੁਕਮਾਂ ਦੀ ਉਲੰਘਣਾ ਕਰਕੇ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਏਗਾ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਨਵਾਂ ਜ਼ਮਾਨਾ
ਸ਼ਨੀਵਾਰ, 14 ਅਕਤੂਬਰ 2023

# ਬਦੇਸ਼ ਨੀਤੀ ਦਾ ਹਸ਼ਰ

*ਹਮਾਸ ਤੇ ਇਜ਼ਰਾਈਲ ਵਿੱਚ ਛਿੜੇ ਯੁੱਧ ਦੇ ਪਹਿਲੇ ਦਿਨ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਪ੍ਰਤੀਕ੍ਰਿਆ ਦਿੰਦਿਆਂ ਟਵਿੱਟਰ 'ਤੇ ਲਿਖਿਆ ਸੀ, ਉਹ ਇਜ਼ਰਾਈਲ ਉੱਤੇ ਹੋਏ ਅੱਤਵਾਦੀ ਹਮਲੇ ਦੀ ਖ਼ਬਰ ਨਾਲ ਸਦਮੇ ਵਿੱਚ ਹਨ ਤੇ ਭਾਰਤ ਇਸ ਔਖੇ ਸਮੇਂ ਇਜ਼ਰਾਈਲ ਨਾਲ ਇਕਜੁੱਟਤਾ ਪ੍ਰਗਟ ਕਰਦਾ ਹੈ। ਇਸ ਤੋਂ ਬਾਅਦ ਮੋਦੀ ਨੇ ਬੀਤੇ ਮੰਗਲਵਾਰ ਫਿਰ ਕਿਹਾ, "ਨੇਤਨਯਾਹੂ ਨਾਲ ਫੋਨ 'ਤੇ ਗੱਲ ਹੋਈ। ਉਨ੍ਹਾ ਹਾਲਾਤ ਬਾਰੇ ਜਾਣਕਾਰੀ ਦਿੱਤੀ। ਭਾਰਤ ਦੇ ਲੋਕ ਇਸ ਔਖੀ ਘੜੀ ਮਜ਼ਬੂਤੀ ਨਾਲ ਇਜ਼ਰਾਈਲ ਸੰਗ ਖੜ੍ਹੇ ਹਨ। ਭਾਰਤ ਅੱਤਵਾਦ ਦੇ ਸਭ ਰੂਪਾਂ ਤੇ ਕਾਰਵਾਈਆਂ ਦੀ ਸਖ਼ਤੀ ਤੇ ਸਪੱਸ਼ਟਤਾ ਨਾਲ ਨਿੰਦਾ ਕਰਦਾ ਹੈ।"*

*ਪ੍ਰਧਾਨ ਮੰਤਰੀ ਦੇ ਇਸ ਬਿਆਨ ਤੋਂ ਦੇਸ਼ ਭਰ ਦੇ ਜਾਗਰੂਕ ਨਾਗਰਿਕਾਂ ਨੂੰ ਬੇਚੈਨ ਕਰ ਦੇਣ ਵਾਲੀ ਹੈਰਾਨੀ ਹੋਈ ਸੀ। ਕਿਸੇ ਵੀ ਦੇਸ਼ ਦੀ ਬਦੇਸ਼ ਨੀਤੀ ਇੱਕ ਦਿਨ ਵਿੱਚ ਨਹੀਂ ਬਣਦੀ। ਨਾ ਹੀ ਸਰਕਾਰਾਂ ਬਦਲਣ ਨਾਲ ਇਹ ਬਦਲਦੀ ਰਹਿੰਦੀ ਹੈ। ਭਾਰਤ ਸਾਮਰਾਜੀਆਂ ਦੇ ਕਬਜ਼ੇ ਵਿੱਚੋਂ ਅਜ਼ਾਦ ਹੋਇਆ ਸੀ। ਇਸ ਲਈ ਹਰ ਦੇਸ਼ ਦੀ ਅਜ਼ਾਦੀ ਤੇ ਖੁਦਮੁਖਤਾਰੀ ਦੀ ਹਮਾਇਤ ਕਰਨਾ ਭਾਰਤ ਦੀ ਬਦੇਸ਼ ਨੀਤੀ ਦਾ ਅਹਿਮ ਅੰਗ ਰਿਹਾ ਹੈ। ਦੱਖਣੀ ਅਫ਼ਰੀਕੀ ਦੇਸ਼ਾਂ ਤੋਂ ਲੈ ਕੇ ਵੀਅਤਨਾਮੀ ਤੇ ਫਲਸਤੀਨੀ ਨਾਗਰਿਕਾਂ ਦੀ ਆਪਣੇ ਦੇਸ਼ ਉੱਤੇ ਕਬਜ਼ਿਆਂ ਵਿਰੁੱਧ ਲੜਾਈਆਂ ਵਿੱਚ ਭਾਰਤ ਉਨ੍ਹਾਂ ਨਾਲ ਚੱਟਾਨ ਵਾਂਗ ਖੜ੍ਹਾ ਰਿਹਾ ਹੈ। ਇਸੇ ਨੀਤੀ ਦੇ ਸਿੱਟੇ ਵਜੋਂ ਭਾਰਤ ਗੁੱਟਨਿਰਲੇਪ ਲਹਿਰ ਦਾ ਆਗੂ ਬਣ ਕੇ ਉੱਭਰਿਆ ਸੀ। ਇਹੋ ਨਹੀਂ ਅਰਬ ਦੇਸ਼ਾਂ ਤੋਂ ਬਾਹਰਲਾ ਦੇਸ਼ ਭਾਰਤ ਹੀ ਹੈ ਜਿਸ ਨੇ ਫਲਸਤੀਨ ਨੂੰ ਮਾਨਤਾ ਦਿੱਤੀ ਹੈ।*

*ਅਜ਼ਾਦੀ ਤੋਂ ਤੁਰੰਤ ਬਾਅਦ ਹੀ 1947 ਵਿੱਚ ਭਾਰਤ ਨੇ ਸੰਯੁਕਤ ਰਾਸ਼ਟਰ ਮਹਾਂਸਭਾ ਵਿੱਚ ਫਲਸਤੀਨ ਨੂੰ ਵੰਡ ਕੇ ਇੱਕ ਵੱਖਰਾ ਦੇਸ਼ ਇਜ਼ਰਾਈਲ ਬਣਾਉਣ ਵਿਰੁੱਧ ਵੋਟ ਪਾਈ ਸੀ। ਫਲਸਤੀਨੀ ਆਗੂ ਯਾਸਰ ਅਰਾਫਾਤ ਤਾਂ ਭਾਰਤ ਨੂੰ ਆਪਣੀ ਦੂਜੀ ਮਾਤਭੂਮੀ ਕਹਿੰਦੇ ਸਨ। ਉਨ੍ਹਾ ਦੇ ਭਾਰਤ ਦੀਆਂ ਸਭ ਪਾਰਟੀਆਂ ਦੇ ਆਗੂਆਂ ਨਾਲ ਦੋਸਤਾਨਾ ਸੰਬੰਧ ਸਨ। 1999 ਵਿੱਚ ਯਾਸਰ ਅਰਾਫਤ ਵੇਲੇ ਦੇ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਉਨ੍ਹਾ ਦੇ ਘਰ ਜਾ ਕੇ ਮਿਲੇ ਸਨ।*

*ਭਾਰਤ ਦੇ ਚੋਟੀ ਦੇ ਆਗੂ ਫਲਸਤੀਨ ਦਾ ਦੌਰਾ ਕਰਦੇ ਰਹੇ ਹਨ। 2015 ਵਿੱਚ ਵੇਲੇ ਦੇ ਰਾਸ਼ਟਰਪਤੀ ਪ੍ਰਣਬ ਮੁਖਰਜੀ ਨੇ ਫਲਸਤੀਨ ਦਾ ਦੌਰਾ ਕੀਤਾ ਸੀ। 2012 ਵਿੱਚ ਉਸ ਸਮੇਂ ਦੇ ਬਦੇਸ਼ ਮੰਤਰੀ ਐੱਸ ਐੱਮ ਕ੍ਰਿਸ਼ਨਾ ਫਲਸਤੀਨ ਗਏ ਸਨ। ਇਹੋ ਨਹੀਂ, 2000 ਵਿੱਚ ਵੇਲੇ ਦੇ ਗ੍ਰਹਿ ਮੰਤਰੀ ਐੱਲ ਕੇ ਅਡਵਾਨੀ ਤੇ ਬਦੇਸ਼ ਮੰਤਰੀ ਜਸਵੰਤ ਸਿੰਘ ਨੇ ਵੀ ਫਲਸਤੀਨ ਦਾ ਦੌਰਾ ਕੀਤਾ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤਾਂ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਹਨ, ਜਿਹੜੇ 2018 ਵਿੱਚ ਫਲਸਤੀਨ ਗਏ ਸਨ। ਉਨ੍ਹਾ ਤੋਂ ਪਹਿਲਾਂ ਬਦੇਸ਼ ਮੰਤਰੀ ਸੁਸ਼ਮਾ ਸਵਰਾਜ ਤੇ ਬਦੇਸ਼ ਰਾਜ ਮੰਤਰੀ ਐੱਮ ਜੇ ਅਕਬਰ ਵੀ ਫਲਸਤੀਨ ਗਏ ਸਨ।*

*ਇਹ ਵੇਰਵੇ ਅਸੀਂ ਇਸ ਲਈ ਦਿੱਤੇ ਹਨ ਤਾਂ ਕਿ ਇਹ ਸਮਝਣ ਵਿੱਚ ਸੌਖ ਰਹੇ ਕਿ ਭਾਰਤ ਦੀ ਬਦੇਸ਼ ਨੀਤੀ ਦਾ ਇੱਕ ਲੰਮਾ ਇਤਿਹਾਸ ਹੈ, ਜਿਸ ਵਿੱਚ ਸਮੇਂ ਅਨੁਸਾਰ ਵਾਧਾ-ਘਾਟਾ ਤਾਂ ਹੋ ਸਕਦਾ ਹੈ, ਮੁੱਢੋਂ-ਸੁੱਢੋਂ ਰੱਦ ਨਹੀਂ ਕੀਤਾ ਜਾ ਸਕਦਾ।*

*ਇਸੇ ਕਾਰਨ ਭਾਰਤ ਦੇ ਬਦੇਸ਼ ਮੰਤਰਾਲੇ ਵੱਲੋਂ ਮੋਦੀ ਦੇ ਬਿਆਨ ਤੋਂ ਬਾਅਦ ਸਫਾਈ ਪੇਸ਼ ਕੀਤੀ ਗਈ ਹੈ। ਬਦੇਸ਼ ਮੰਤਰਾਲੇ ਦੇ ਬੁਲਾਰੇ ਅਰਿੰਦਮ ਬਾਗਚੀ ਨੇ ਵੀਰਵਾਰ ਨੂੰ ਮੀਡੀਆ ਨੂੰ ਸੰਬੋਧਨ ਕਰਨ ਸਮੇਂ ਕਿਹਾ ਕਿ ਸਾਡੀ ਨੀਤੀ ਲੰਮੇ ਸਮੇਂ ਤੋਂ ਅਤੇ ਲਗਾਤਾਰ ਇਹੋ ਰਹੀ ਹੈ ਕਿ ਭਾਰਤ ਮਾਨਤਾਪ੍ਰਾਪਤ ਸਰਹੱਦਾਂ ਵਿੱਚ ਰਹਿਣ ਵਾਲੇ ਇੱਕ ਖੁਦਮੁਖਤਾਰ, ਅਜ਼ਾਦ ਤੇ ਵਿਹਾਰਕ ਫਲਸਤੀਨੀ ਰਾਜ ਦੀ ਸਥਾਪਨਾ ਅਤੇ ਇਜ਼ਰਾਈਲ ਸੰਗ ਸ਼ਾਂਤੀ ਨਾਲ ਰਹਿਣ ਵਾਸਤੇ ਗੱਲਬਾਤ ਸ਼ੁਰੂ ਕਰਨ ਦੀ ਵਕਾਲਤ ਕਰਦਾ ਹੈ। ਇਸ ਦੇ ਨਾਲ ਹੀ ਅਸੀਂ ਕਿਸੇ ਵੀ ਅੱਤਵਾਦੀ ਕਾਰਵਾਈ ਦੀ ਅਲੋਚਨਾ ਕਰਦੇ ਹਾਂ। ਬਦੇਸ਼ ਮੰਤਰਾਲੇ ਨੇ ਇੰਜ ਕਰਕੇ ਪ੍ਰਧਾਨ ਮੰਤਰੀ ਵੱਲੋਂ ਸਿਰ ਪਰਨੇ ਕਰ ਦਿੱਤੀ ਗਈ ਬਦੇਸ਼ ਨੀਤੀ ਨੂੰ ਪੈਰਾਂ ਸਿਰਫ ਕਰਨ ਦੀ ਕੋਸ਼ਿਸ਼ ਕੀਤੀ ਹੈ।*

**-ਚੰਦ ਫਤਿਹਪੁਰੀ**

ਇੱਕ ਦੇਸ਼, ਇੱਕ ਚੋਣ

# ਮੌਜੂਦਾ ਚੋਣ ਪ੍ਰਣਾਲੀ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ

**ਮੂਲ : ਡੀ ਰਾਜਾ, ਜਨਰਲ ਸਕੱਤਰ ਸੀ ਪੀ ਆਈ**
**ਅਨੁਵਾਦਕ : ਐੱਮ ਐੱਸ ਭਾਟੀਆ**

ਸੰਵਿਧਾਨ ਦਾ ਨਿਰਮਾਣ ਸਾਡੇ ਦੇਸ਼ ਦੀ ਵਿਸ਼ਾਲ ਵਿਭਿੰਨਤਾ ਨੂੰ ਨਿਆਂ ਅਤੇ ਸਮਾਨਤਾ ਦੇ ਸਿਧਾਂਤਾਂ ਨੂੰ ਕਾਇਮ ਰੱਖਦੇ ਹੋਏ ਆਪਣੇ ਵਿਚ ਸਮਾਉਣ ਨਾਲ ਸ਼ੁਰੂ ਹੋਇਆ ਸੀ। ਸਭ ਦੀ ਪ੍ਰਤੀਨਿਧਤਾ ਅਤੇ ਮਾਨਤਾ ਦੀ ਮਜ਼ਬੂਤ ਭਾਵਨਾ ਨਾਲ ਜਮਹੂਰੀਅਤ ਵੱਲ ਵਧਣਾ ਸ਼ੁਰੂ ਕੀਤਾ ਗਿਆ ਸੀ। ਸਾਰੇ ਬਾਲਗਾਂ ਨੂੰ ਵੋਟ ਦੇਣ ਦਾ ਅਧਿਕਾਰ ਦੇਣਾ ਇਸ ਦ੍ਰਿਸ਼ਟੀਕੋਣ ਦੇ ਸ਼ੁਰੂਆਤੀ ਸਮੀਕਰਨਾਂ ਵਿੱਚੋਂ ਇੱਕ ਸੀ।

ਇਸੇ ਤਰ੍ਹਾਂ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਵਿਸ਼ਿਆਂ ਦੀ ਸਪੱਸ਼ਟ ਵੰਡ, ਕੌਮੀ ਅਤੇ ਸੂਬਾਈ ਇੱਛਾਵਾਂ ਦੇ ਜਮਹੂਰੀ ਪ੍ਰਗਟਾਵੇ ਦੀ ਭਾਵਨਾ ਲਈ ਤਿਆਰ ਕੀਤੀ ਗਈ ਸੀ। ਸੰਘੀ ਢਾਂਚੇ ਦੇ ਅੰਦਰ ਕੰਮ ਕਰਨ ਵਾਲੀ ਜਮਹੂਰੀ ਤੌਰ 'ਤੇ ਚੁਣੀ ਗਈ ਸਰਕਾਰ ਸੰਵਿਧਾਨਕ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਦਾ ਜਾਇਜ਼ ਮਾਧਿਅਮ ਬਣ ਜਾਂਦੀ ਹੈ। ਡਾ: ਅੰਬੇਡਕਰ ਦੇ ਦ੍ਰਿਸ਼ਟੀਕੋਣ ਮੁਤਾਬਕ ਕੇਂਦਰ ਅਤੇ ਰਾਜ ਦੋਵਾਂ ਦੀਆਂ ਨਿਯਮਤ ਵਕਫੇ ਨਾਲ ਕਰਵਾਈਆਂ ਜਾਂਦੀਆਂ ਚੋਣਾਂ ਆਜ਼ਾਦ ਅਤੇ ਨਿਰਪੱਖ ਚੋਣਾਂ ਦੀ ਗਰੰਟੀ ਦਿੰਦੇ ਹਨ। ਇਸ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਨੇ ਭਾਰਤੀ ਚੋਣ ਕਮਿਸ਼ਨ ਦੀ ਇੱਕ ਸੁਤੰਤਰ ਅਤੇ ਸਥਾਈ ਸੰਸਥਾ ਵਜੋਂ ਸਿਫਾਰਸ਼ ਕੀਤੀ। ਸੰਵਿਧਾਨ ਦਾ ਅਨੁਛੇਦ 324 ਇਸ ਨੂੰ ਇੰਨ-ਬਿੰਨ ਉਸੇ ਰੂਪ ਵਿੱਚ ਯਕੀਨੀ ਬਣਾਉਂਦਾ ਹੈ।

ਮੰਦਭਾਗੀ ਗੱਲ ਇਹ ਹੈ ਇਸ ਸੰਵਿਧਾਨਕ ਮੁੱਲ ਦੇ ਉਲਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਇਕ ਦੇਸ਼, ਇਕ ਚੋਣ' ਦੇ ਸਭ ਤੋਂ ਕੱਟੜ ਸਮਰਥਕ ਹਨ। ਇਸ ਨੂੰ ਸੰਵਿਧਾਨ ਵਿੱਚ ਸ਼ਾਮਲ ਸਭ ਦੀ ਹਿੱਸੇਦਾਰੀ ਦੇ ਮੂਲ ਤੱਤ 'ਤੇ ਇੱਕ ਹਮਲਾ ਕਿਹਾ ਜਾਣਾ ਚਾਹੀਦਾ ਹੈ।

ਇਸ ਨਾਪਾਕ ਯੋਜਨਾ ਨੂੰ ਅੰਜ਼ਾਮ ਦੇਣ ਦੀਆਂ ਸੰਭਾਵਨਾਵਾਂ ਦੀ ਘੋਖ ਕਰਨ ਲਈ ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਦੀ ਪ੍ਰਧਾਨਗੀ ਵਾਲੀ ਕਮੇਟੀ ਨਿਯੁਕਤ ਕੀਤੀ ਗਈ ਹੈ। ਕਮੇਟੀ ਦੀ ਬਣਤਰ ਅਤੇ ਉਦੇਸ਼ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਸਿਫਾਰਸ਼ਾਂ ਪਹਿਲਾਂ ਹੀ ਬਣਾਈਆਂ ਜਾ ਚੁੱਕੀਆਂ ਹਨ ਅਤੇ ਰਾਮਨਾਥ ਕੋਵਿੰਦ ਦੀ ਅਗਵਾਈ ਵਾਲੀ ਸਾਰੀ ਕਵਾਇਦ ਕਿਸੇ ਹੋਰ ਤਾਨਾਸ਼ਾਹੀ ਖਾਹਿਸ਼ ਨੂੰ ਜਾਇਜ਼ ਠਹਿਰਾਉਣ ਲਈ ਹੀ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਇਕਸਾਰਤਾ ਦਾ ਜਨੂੰਨ ਕਿਸੇ ਤੋਂ ਲੁਕਿਆ ਨਹੀਂ। 'ਇੱਕ ਦੇਸ਼ ਇੱਕ ਟੈਕਸ' ਅਤੇ 'ਇੱਕ ਦੇਸ਼ ਇੱਕ ਚੋਣ' ਜਾਂ ਅਜਿਹੇ ਹੋਰ ਜੁਮਲਿਆਂ ਦਾ ਕੀ ਕੋਈ ਅੰਤ ਨਹੀਂ ਹੈ। ਕੁਝ ਸਮਾਂ ਪਹਿਲਾਂ ਭਾਰਤ ਦੇ ਲਾਅ ਕਮਿਸ਼ਨ ਨੇ ਰਾਜਾਂ ਦੀਆਂ ਵਿਧਾਨ ਸਭਾਵਾਂ ਅਤੇ ਲੋਕ ਸਭਾ ਦੀਆਂ ਇੱਕੋ ਸਮੇਂ ਚੋਣਾਂ ਕਰਵਾਉਣ ਬਾਰੇ ਸੰਬੰਧਤ ਧਿਰਾਂ ਤੋਂ ਵਿਚਾਰ ਮੰਗੇ ਸਨ ਅਤੇ ਉਨ੍ਹਾਂ ਨੇ ਅਜੇ ਰਿਪੋਰਟ ਦੇਣੀ ਹੈ। ਸਵਾਲ ਪੈਦਾ ਹੁੰਦਾ ਹੈ ਕਿ ਜਦੋਂ ਲਾਅ ਕਮਿਸ਼ਨ ਪਹਿਲਾਂ ਹੀ ਇਸ ਵਿਸ਼ੇ 'ਤੇ ਕੰਮ ਕਰ ਰਿਹਾ ਹੈ ਤਾਂ ਵੱਖਰੀ ਕਮੇਟੀ ਦੀ ਕੀ ਲੋੜ ਹੈ? ਇਹ, ਜਿਵੇਂ ਕਿ ਪਹਿਲਾਂ ਕਿਹਾ ਗਿਆ ਹੈ, ਸਿਰਫ ਇਸ ਵਧਦੇ ਕਦਮ ਨੂੰ ਜਾਇਜ਼ ਠਹਿਰਾਉਣ ਲਈ ਹੈ।

ਲਾਅ ਕਮਿਸ਼ਨ ਵਲੋਂ ਇੱਕੋ ਸਮੇਂ ਚੋਣਾਂ ਕਰਵਾਉਣ ਲਈ ਪੁੱਛੇ ਗਏ ਸਵਾਲ ਇਕ ਪਾਸੜ ਧਾਰਨਾ ਬਣਾਉਣ ਵਿਚ ਸਹਾਈ ਹੁੰਦੇ ਹਨ। ਇਸੇ ਤਰ੍ਹਾਂ ਸੰਭਾਵਤ ਤੌਰ 'ਤੇ ਸਰਕਾਰ ਦੁਆਰਾ ਗਠਿਤ ਕਮੇਟੀ ਇੱਕ ਰਿਪੋਰਟ ਪੇਸ਼ ਕਰੇਗੀ, ਜੋ ਪ੍ਰਧਾਨ ਮੰਤਰੀ ਦੇ ਵਿਚਾਰਾਂ ਦੀ ਹਾਮੀ ਭਰੇਗੀ, ਜੋ ਉਨ੍ਹਾਂ ਵੱਲੋਂ ਕਈ ਵਾਰ ਪਹਿਲਾਂ ਹੀ ਜ਼ੋਰਸ਼ੋਰ ਨਾਲ ਪ੍ਰਗਟ ਕੀਤੇ ਗਏ ਹਨ। ਇਹ ਸਾਨੂੰ ਇਸ ਮੁੱਦੇ ਵਿੱਚ ਡੂੰਘਾਈ ਨਾਲ ਜਾਣ ਅਤੇ ਇਹ ਦੇਖਣ ਲਈ ਪ੍ਰੇਰਿਤ ਕਰਦਾ ਹੈ ਕਿ ਲੋਕ ਸਭਾ ਅਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਅਲੱਗ-ਅਲੱਗ ਹੋਣ ਦਾ ਕਾਰਨ ਕੀ ਹੈ ਅਤੇ ਕੀ ਇਨ੍ਹਾਂ ਨੂੰ ਇਕੱਠਿਆਂ ਕਰਵਾਉਣਾ ਠੀਕ ਰਹੇਗਾ। ਸਾਡੀ ਮੌਜੂਦਾ ਚੋਣ ਪ੍ਰਣਾਲੀ 'ਚ ਲੋਕਤਾਂਤਰਿਕ ਤੌਰ 'ਤੇ ਚੁਣੀਆਂ ਗਈਆਂ ਰਾਜ ਸਰਕਾਰਾਂ ਨੂੰ ਉਦੋਂ ਤੱਕ ਅਹੁਦੇ 'ਤੇ ਬਣੇ ਰਹਿਣ ਦਾ ਅਧਿਕਾਰ ਹੈ, ਜਦੋਂ ਤੱਕ ਉਨ੍ਹਾਂ ਨੂੰ ਵਿਧਾਨ ਸਭਾ ਦਾ ਵਿਸ਼ਵਾਸ ਪ੍ਰਾਪਤ ਹੁੰਦਾ ਹੈ ਜਾਂ ਮਿਆਦ ਪੂਰੀ ਹੋਣ ਤੱਕ। ਜਦੋਂ ਸਾਡਾ ਸੰਵਿਧਾਨ ਬਣਾਇਆ ਜਾ ਰਿਹਾ ਸੀ, ਡਾ ਅੰਬੇਡਕਰ ਅਤੇ ਹੋਰ ਨੇਤਾਵਾਂ ਨੇ ਇਸ ਦੀ ਸਥਿਰਤਾ ਨਾਲੋਂ ਸਰਕਾਰ ਦੀ ਜ਼ਿੰਮੇਵਾਰੀ ਨੂੰ ਤਰਜੀਹ ਦਿੱਤੀ ਸੀ। 'ਇੱਕ ਦੇਸ਼, ਇੱਕ ਚੋਣ' ਦੀ ਤਜਵੀਜ਼ ਵੱਖ-ਵੱਖ ਰਾਜਾਂ ਦੇ ਲੋਕਾਂ ਦੀ ਰਾਏ, ਜਿਵੇਂ ਕਿ ਰਾਜ ਵਿਧਾਨ ਸਭਾਵਾਂ ਦੀਆਂ ਚੋਣਾਂ ਵਿੱਚ ਪ੍ਰਗਟ ਕੀਤੀ ਗਈ ਹੈ, ਕੇਂਦਰ ਪ੍ਰਤੀ ਉਨ੍ਹਾਂ ਦੀ ਰਾਏ, ਜਿਵੇਂ ਕਿ ਲੋਕ ਸਭਾ ਦੀਆਂ ਚੋਣਾਂ ਵਿੱਚ ਪ੍ਰਗਟ ਕੀਤੀ ਗਈ ਨੂੰ ਇਕੋ ਜਿਹਾ ਬਣਾਉਣ ਦੀ ਕੋਸ਼ਿਸ਼ ਕਰਦਾ ਹੈ। ਅਜਿਹੇ ਹਾਲਾਤ 'ਚ ਲੋਕ ਸਰਕਾਰ ਦੀ ਜ਼ਿੰਮੇਵਾਰੀ ਅਤੇ ਜਵਾਬਦੇਹੀ ਤੋਂ ਮਹਿਰੂਮ ਹੋ ਜਾਣਗੇ, ਕਿਉਂਕਿ ਸਿਆਸੀ ਪਾਰਟੀਆਂ ਪੰਜ ਸਾਲਾਂ 'ਚ ਸਿਰਫ ਇਕ ਵਾਰ ਹੀ ਲੋਕਾਂ ਨੂੰ ਮਿਲਣਗੀਆਂ। ਜੇਕਰ ਅਸੀਂ ਅਮਲੀ ਤੌਰ 'ਤੇ ਇਸ ਦੀ ਪਾਲਣਾ ਕਰਦੇ ਹਾਂ ਅਤੇ ਲੋਕ ਸਭਾ ਨੂੰ ਬੇਭਰੋਸਗੀ ਮਤੇ ਤੋਂ ਬਾਅਦ ਭੰਗ ਕਰ ਦਿੱਤਾ ਜਾਂਦਾ ਹੈ ਅਤੇ ਕੋਈ ਗੱਠਜੋੜ ਸਥਿਰ ਬਹੁਮਤ ਤੱਕ ਨਹੀਂ ਪਹੁੰਚਦਾ, ਤਾਂ ਸਾਰੀਆਂ ਵਿਧਾਨ ਸਭਾਵਾਂ ਲਈ ਚੋਣਾਂ ਕਰਵਾਉਣੀਆਂ ਪੈਣਗੀਆਂ, ਚਾਹੇ ਰਾਜਾਂ ਵਿੱਚ ਸਥਿਰ ਸਰਕਾਰਾਂ ਹੀ ਕਿਉਂ ਨਾ ਬਣੀਆਂ ਹੋਣ। ਇਹ ਲੋਕਾਂ ਵੱਲੋਂ ਰਾਜਾਂ ਦੀਆਂ ਪਾਰਟੀਆਂ ਨੂੰ ਦਿੱਤੇ ਫਤਵੇ ਦਾ ਅਪਮਾਨ ਹੈ ਅਤੇ ਸੰਸਦੀ ਜਮਹੂਰੀਅਤ ਦੇ ਮੂਲ ਸਿਧਾਂਤਾਂ ਦੇ ਵਿਰੁੱਧ ਹੈ।

ਇਹ ਦਲੀਲ ਦਿੱਤੀ ਜਾ ਰਹੀ ਹੈ ਕਿ ਸਾਡੇ ਗਣਤੰਤਰ ਦੀ ਸ਼ੁਰੂਆਤ ਤੋਂ ਬਾਅਦ ਵਿਧਾਨ ਸਭਾਵਾਂ ਅਤੇ ਲੋਕ ਸਭਾ ਦੀਆਂ ਚੋਣਾਂ ਇਕੱਠੀਆਂ ਹੁੰਦੀਆਂ ਰਹੀਆਂ ਸਨ। ਇਹ ਤਾਂ ਹਰ ਕੋਈ ਜਾਣਦਾ ਹੈ, ਪਰ ਇੱਥੇ ਸਵਾਲ ਇਹ ਹੈ ਕਿ ਨਾਲੋ-ਨਾਲ ਚੋਣਾਂ ਦਾ ਸਿਲਸਿਲਾ ਕਿਉਂ ਟੁੱਟ ਗਿਆ? 1957 ਵਿੱਚ ਦੂਜੀਆਂ ਆਮ ਚੋਣਾਂ ਤੋਂ ਬਾਅਦ ਕੇਰਲ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੁਆਰਾ ਬਣਾਈ ਗਈ ਸਰਕਾਰ ਕਿਸੇ ਕਾਰਨ ਟੁੱਟ ਗਈ, ਜਿਸ ਕਰਕੇ ਇਹ ਰਵਾਇਤ ਟੁੱਟ ਗਈ। ਸੀ ਪੀ ਆਈ ਦੀ ਸਰਕਾਰ ਸੰਵਿਧਾਨ ਦੀ ਧਾਰਾ 356 ਦੀ ਵਰਤੋਂ ਦੇ ਸ਼ੁਰੂਆਤੀ ਪੀੜਤਾਂ ਵਿੱਚੋਂ ਇੱਕ ਹੈ ਅਤੇ 1960 ਵਿੱਚ ਕੇਰਲ ਵਿਧਾਨ ਸਭਾ ਲਈ ਚੋਣਾਂ, ਆਮ ਚੋਣਾਂ ਤੋਂ ਵੱਖਰੀਆਂ ਹੋਈਆਂ ਸਨ। 1965 ਵਿੱਚ ਹੋਈਆਂ ਕੇਰਲ ਵਿਧਾਨ ਸਭਾ ਦੀਆਂ ਚੋਣਾਂ ਵਿੱਚ, ਜੋ ਆਮ ਚੋਣਾਂ ਤੋਂ ਵੱਖ ਹੋਈਆਂ ਸਨ, ਕੋਈ ਵੀ ਪਾਰਟੀ ਬਹੁਮਤ ਸਾਬਤ ਨਹੀਂ ਕਰ ਸਕੀ, ਜਿਸ ਕਰਕੇ ਆਮ ਚੋਣਾਂ ਦੇ ਨਾਲ-ਨਾਲ 1967 ਵਿੱਚ ਦੁਬਾਰਾ ਚੋਣਾਂ ਕਰਵਾਈਆਂ ਗਈਆਂ। ਇਹ ਚੋਣ ਪ੍ਰਕਿਰਿਆ ਜਮਹੂਰੀਅਤ ਦੀ ਪ੍ਰਕਿਰਤੀ ਅਤੇ ਲੋਕਾਂ ਵੱਲੋਂ ਆਪਣੀ ਵੋਟ ਦੇ ਇਸਤੇਮਾਲ ਕਰਨ ਦੇ ਤਰੀਕੇ ਨੂੰ ਦੇਖਦੇ ਹੋਏ ਕੁਦਰਤੀ ਸੀ। ਰਾਜ ਵਿਧਾਨ ਸਭਾ ਚੋਣਾਂ ਨੂੰ ਲੋਕ ਸਭਾ ਚੋਣਾਂ ਨਾਲ ਇਕੋ ਸਮੇਂ ਕਰਵਾਉਣ ਲਈ ਕੋਈ ਉਤਸੁਕਤਾ ਨਹੀਂ ਦਿਖਾਈ ਗਈ।

1967 ਦੀਆਂ ਚੋਣਾਂ ਦੇ ਵੱਖਰੇ ਨਤੀਜੇ ਲੋਕਾਂ ਵਿੱਚ ਲੋਕਤੰਤਰ ਨੂੰ ਹੋਰ ਮਜ਼ਬੂਤ ਕਰਨ ਦਾ ਸਬੂਤ ਸਨ। ਸੱਤਾਧਾਰੀ ਪਾਰਟੀ ਨੇ ਅੱਠ ਰਾਜਾਂ ਵਿੱਚ ਸੱਤਾ ਗੁਆ ਦਿੱਤੀ ਸੀ। ਉਹ ਸਿਆਸੀ ਪਾਰਟੀਆਂ, ਜੋ ਲੋਕਾਂ ਦੀਆਂ ਇੱਛਾਵਾਂ ਦੀ ਪ੍ਰਤੀਨਿਧਤਾ ਕਰਦੀਆਂ ਸਨ, ਨੇ ਜ਼ਿਆਦਾਤਰ ਰਾਜਾਂ ਵਿੱਚ ਇੱਕ ਪਾਰਟੀ ਦੇ ਸ਼ਾਸਨ ਨੂੰ ਚੁਣੌਤੀ ਦਿੱਤੀ ਅਤੇ ਮੁੱਖ ਪਾਰਟੀ ਨਾਲੋਂ ਵਧੀਆ ਪ੍ਰਦਰਸ਼ਨ ਕੀਤਾ। ਦੂਜੇ ਸ਼ਬਦਾਂ ਵਿਚ, ਨਾਲੋ-ਨਾਲ ਚੋਣਾਂ ਦੇ ਚੱਕਰ ਤੋਂ ਟੁੱਟਣਾ ਲੋਕਾਂ ਦੀ ਇੱਛਾ ਦਾ ਪੂਰੀ ਤਰ੍ਹਾਂ ਜਮਹੂਰੀ ਅਤੇ ਜਾਇਜ਼ ਰੂਪ ਸੀ। ਇਹ ਨਿਖੇੜਾ ਆਪਣੇ ਆਪ ਵਿੱਚ ਕਾਫੀ ਸਪੱਸ਼ਟ ਹੈ ਕਿ ਇੱਕ ਸੰਘੀ ਸੰਸਦੀ ਲੋਕਤੰਤਰ ਵਿੱਚ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਲਈ ਇੱਕੋ ਸਮੇਂ ਚੋਣਾਂ ਕਰਵਾਉਣਾ ਲੋਕਾਂ ਦੀ ਜਮਹੂਰੀ ਇੱਛਾ ਦੇ ਖਿਲਾਫ ਜਾਂਦਾ ਹੈ, ਕਿਉਂਕਿ ਲੋਕਾਂ ਦੇ ਰਾਜਾਂ ਅਤੇ ਕੇਂਦਰ ਦੀ ਚੋਣ ਵੇਲੇ ਫੈਸਲੇ ਵੱਖੋ-ਵੱਖਰੇ ਹੁੰਦੇ ਹਨ। ਬਾਬਰੀ ਮਸਜਿਦ ਦੇ ਢਾਹੇ ਜਾਣ ਤੋਂ ਬਾਅਦ ਚਾਰ ਰਾਜ ਸਰਕਾਰਾਂ ਨੂੰ ਸੰਵਿਧਾਨਕ ਮਸ਼ੀਨਰੀ ਦੀ ਅਸਫਲਤਾ ਦਾ ਹਵਾਲਾ ਦਿੰਦੇ ਹੋਏ ਰਾਸ਼ਟਰਪਤੀ ਦੁਆਰਾ ਬਰਖਾਸਤ ਕਰ ਦਿੱਤਾ ਗਿਆ ਸੀ। ਹਾਲਾਂਕਿ ਸੀ ਪੀ ਆਈ ਸਿਧਾਂਤਕ ਆਧਾਰ 'ਤੇ ਰਾਸ਼ਟਰਪਤੀ ਸ਼ਾਸਨ ਦੇ ਵਿਰੋਧ ਵਿੱਚ ਹੈ, ਪਰ ਕਈਆਂ ਨੇ ਰਾਜ ਵਿੱਚ ਪ੍ਰਸ਼ਾਸਨ ਦੇ ਪੂਰੀ ਤਰ੍ਹਾਂ ਢਹਿ-ਢੇਰੀ ਹੋਣ ਨੂੰ ਦੇਖਦੇ ਹੋਏ ਮਨੀਪੁਰ ਵਿੱਚ ਰਾਸ਼ਟਰਪਤੀ ਸ਼ਾਸਨ ਦੀ ਮੰਗ ਕੀਤੀ ਹੈ। ਇਕੋ ਸਮੇਂ ਰਾਜਾਂ ਅਤੇ ਕੇਂਦਰ ਲਈ ਚੋਣਾਂ ਕਰਵਾਉਣ ਦਾ ਪ੍ਰਸਤਾਵ ਮਨੀਪੁਰ ਵਰਗੀਆਂ ਸਥਿਤੀਆਂ ਨਾਲ ਨਜਿੱਠਣ ਲਈ ਕੋਈ ਹੱਲ ਪੇਸ਼ ਨਹੀਂ ਕਰਦਾ, ਸਗੋਂ ਗੈਰ-ਜਮਹੂਰੀਅਤ ਨੂੰ ਹੀ ਅੱਗੇ ਵਧਾਉਂਦਾ ਹੈ।

'ਇੱਕ ਦੇਸ਼, ਇੱਕ ਚੋਣ' ਦੀ ਇੱਛਾ ਲਈ ਪੇਸ਼ ਕੀਤਾ ਜਾ ਰਿਹਾ ਇਕ ਵੱਡਾ ਕਾਰਨ ਪੈਸੇ ਦੀ ਬਚਤ ਹੈ। ਇਸ ਵਿਚਾਰ 'ਤੇ ਭਾਰੀ ਜ਼ੋਰ ਲਗਾਇਆ ਜਾ ਰਿਹਾ ਹੈ ਕਿ ਇਹ ਹਜ਼ਾਰਾਂ ਕਰੋੜ ਰੁਪਏ ਚੋਣ ਕਰਵਾਉਣ 'ਤੇ ਹੋਣ ਵਾਲੇ ਖਰਚੇ ਨੂੰ ਬਚਾਏਗਾ। ਰਾਜ ਦੇ ਚੋਣ ਖਰਚੇ ਪੋਲਿੰਗ ਬੂਥਾਂ ਦੀ ਸਥਾਪਨਾ, ਕਰਮਚਾਰੀਆਂ ਨੂੰ ਟੀ ਏ/ਡੀ ਏ ਦੀ ਅਦਾਇਗੀ, ਆਵਾਜਾਈ ਦੇ ਪ੍ਰਬੰਧ, ਸਿਆਹੀ ਦੀ ਖਰੀਦ ਆਦਿ 'ਤੇ ਹੁੰਦੇ ਹਨ। ਇਹ ਦਲੀਲ ਦਿੱਤੀ ਜਾ ਰਹੀ ਹੈ ਕਿ ਇੱਕੋ ਸਮੇਂ ਚੋਣਾਂ ਕਰਵਾਉਣ ਨਾਲ ਇਹ ਖਰਚੇ ਕਾਫੀ ਘੱਟ ਜਾਣਗੇ ਜਾਂ ਅੱਧੇ ਹੋ ਸਕਦੇ ਹਨ। ਹਾਲਾਂਕਿ, ਭਾਰਤ ਦੇ ਚੋਣ ਕਮਿਸਨ ਤੋਂ ਪ੍ਰਾਪਤ ਅੰਕੜੇ ਸਾਨੂੰ ਸਪੱਸ਼ਟ ਤੌਰ 'ਤੇ ਦੱਸਦੇ ਹਨ ਕਿ ਚੋਣ ਖਰਚਿਆਂ ਨੂੰ ਏਨੀ ਸੌਖੀ ਤਰ੍ਹਾਂ ਨਹੀਂ ਸਮਝਿਆ ਜਾ ਸਕਦਾ ਅਤੇ ਅਜਿਹੀਆਂ ਵਿਆਪਕ ਆਮ ਟਿੱਪਣੀਆਂ ਕਰਨ ਤੋਂ ਪਹਿਲਾਂ ਡੂੰਘਾਈ ਨਾਲ ਅਧਿਐਨ ਕੀਤਾ ਜਾਣਾ ਚਾਹੀਦਾ ਹੈ।

ਉਦਾਹਰਣ ਦੇ ਤੌਰ 'ਤੇ ਆਂਧਰਾ ਪ੍ਰਦੇਸ਼ ਵਿੱਚ 2014 ਵਿੱਚ ਇੱਕੋ ਸਮੇਂ ਚੋਣਾਂ ਹੋਈਆਂ ਸਨ ਅਤੇ ਪ੍ਰਤੀ ਵਿਧਾਨ ਸਭਾ ਹਲਕੇ ਦੀ ਔਸਤ ਲਾਗਤ 1.66 ਕਰੋੜ ਰੁਪਏ ਸੀ। ਇੱਕ ਹੋਰ ਵੱਡੇ ਰਾਜ, ਮੱਧ ਪ੍ਰਦੇਸ ਵਿੱਚ ਲੋਕ ਸਭਾ ਅਤੇ ਰਾਜ ਵਿਧਾਨ ਸਭਾ ਦੀਆਂ ਚੋਣਾਂ ਵੱਖੋ-ਵੱਖਰੇ ਤੌਰ 'ਤੇ ਕਰਵਾਈਆਂ ਗਈਆਂ ਸਨ ਅਤੇ ਪ੍ਰਤੀ ਹਲਕੇ ਦੀ ਸੰਯੁਕਤ ਲਾਗਤ 1.43 ਕਰੋੜ ਰੁਪਏ ਸੀ। ਇੱਕੋ ਸਮੇਂ ਚੋਣਾਂ ਹੋਣ ਜਾਂ ਵੱਖਰੀਆਂ, ਫਰਕ ਬਹੁਤ ਛੋਟਾ ਹੈ ਅਤੇ 'ਇਕ ਦੇਸ਼, ਇਕ ਚੋਣ, ਚੋਣ ਖਰਚਿਆਂ ਜਾਂ ਧਾਂਦਲੀਆਂ ਦੂਰ ਕਰਨ ਦਾ ਕੋਈ ਇਲਾਜ ਨਹੀਂ, ਸਿਵਾਏ ਇਸ ਤੋਂ ਕਿ ਇਹ ਲੋਕਾਂ ਦੇ ਵੋਟ ਦੇਣ ਦੇ ਜਮਹੂਰੀ ਹੱਕ ਨੂੰ ਘਟਾਉਂਦਾ ਹੈ।

ਇਸ ਤੋਂ ਇਲਾਵਾ 'ਇੱਕ ਦੇਸ਼, ਇੱਕ ਚੋਣ' ਦੇ ਵੀ ਪੱਕੇ ਖਰਚੇ ਹੋਣੇ ਹਨ, ਜੋ ਅਨੁਮਾਨਤ ਬਚਤ ਤੋਂ ਵੱਧ ਹੋ ਸਕਦੇ ਹਨ। ਇੱਕੋ ਸਮੇਂ ਚੋਣਾਂ ਕਰਵਾਉਣ ਲਈ ਵੱਡੇ ਪੈਮਾਨੇ 'ਤੇ ਈ ਵੀ ਐਮ ਮਸ਼ੀਨਾਂ ਦੀ ਖਰੀਦ ਆਪਣੇ ਆਪ ਵਿੱਚ ਪੰਜ ਸਾਲਾਂ ਦੀ ਮਿਆਦ ਲਈ ਸੁਰੱਖਿਅਤ ਸੰਭਾਲ ਤੋਂ ਇਲਾਵਾ ਇੱਕ ਵੱਡਾ ਖਰਚ ਹੈ। ਈ ਵੀ ਐਮ ਮਸ਼ੀਨਾਂ ਨੂੰ ਪੰਜ ਸਾਲਾਂ ਲਈ ਬੰਦ ਰੱਖਣਾ ਤਰਕਹੀਣ ਹੈ, ਜਦੋਂ ਕਿ ਇਨ੍ਹਾਂ ਦੀ ਵਰਤੋਂ ਵੱਖ-ਵੱਖ ਰਾਜਾਂ ਅਤੇ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਕਰਵਾਉਣ ਲਈ ਕੀਤੀ ਜਾ ਸਕਦੀ ਹੈ, ਨਾ ਕਿ ਸਿਰਫ ਪੈਸੇ ਦੀ ਬਚਤ ਕਰਨ ਲਈ, ਜੋ ਕਿ ਨਿਸਚਿਤ ਨਹੀਂ।

ਸਾਡੇ ਦੇਸ਼ ਨੂੰ ਸੁਤੰਤਰ ਅਤੇ ਨਿਰਪੱਖ ਚੋਣਾਂ ਦੇ ਉਦੇਸ਼ ਨਾਲ ਵਿਆਪਕ ਚੋਣ ਸੁਧਾਰਾਂ ਦੀ ਲੋੜ ਹੈ, ਨਾ ਕਿ ਨਰਿੰਦਰ ਮੋਦੀ ਦੇ ਖੋਖਲੇ ਸੁਝਾਵਾਂ ਦੀ। ਸਿਆਸੀ ਪਾਰਟੀਆਂ ਵੱਲੋਂ ਕੀਤੇ ਜਾਂਦੇ ਚੋਣ ਖਰਚਿਆਂ ਨੂੰ ਘਟਾਇਆ ਜਾਣਾ ਚਾਹੀਦਾ ਹੈ, ਜੋ ਕਿ ਇੰਦਰਜੀਤ ਗੁਪਤਾ ਕਮੇਟੀ ਦੁਆਰਾ ਸਿਫਾਰਿਸ਼ ਕੀਤੀ ਗਈ ਸੀ, ਜਦੋਂ ਕਿ ਉਸੇ ਕਮੇਟੀ ਨੇ ਚੋਣਾਂ ਲਈ ਸਰਕਾਰ ਵੱਲੋਂ ਖਰਚੇ ਕਰਨ ਦੀ ਸਿਫਾਰਿਸ਼ ਵੀ ਕੀਤੀ ਸੀ, ਜਿਸ ਨੂੰ ਕਿ ਅਣਦੇਖਿਆ ਕੀਤਾ ਜਾ ਰਿਹਾ ਹੈ।

ਸਾਨੂੰ ਚੋਣ ਬਾਂਡਾਂ ਦੇ ਰੂਪ ਵਿੱਚ ਵੱਡੇ ਪੱਧਰ 'ਤੇ ਹੋ ਰਹੇ ਭ੍ਰਿਸ਼ਟਾਚਾਰ ਨੂੰ ਖਤਮ ਕਰਨਾ ਚਾਹੀਦਾ ਹੈ ਅਤੇ ਚੋਣਾਂ ਵਿੱਚ ਪੈਸੇ ਦੀ ਤਾਕਤ ਅਤੇ ਗੁੰਡਾਗਰਦੀ ਨੂੰ ਘਟਾਉਣ ਲਈ ਬਿਹਤਰ ਕਾਨੂੰਨ ਬਣਾਉਣੇ ਚਾਹੀਦੇ ਹਨ। ਕੁਝ ਸਮਰਥਕਾਂ ਨੇ ਉਤਸ਼ਾਹ ਨਾਲ ਇੱਕ ਅਜੀਬ ਜਿਹੀ ਉਮੀਦ ਜ਼ਾਹਰ ਕੀਤੀ ਹੈ ਕਿ 'ਇਕ ਦੇਸ਼, ਇੱਕ ਚੋਣ' ਨਫਰਤ ਭਰੇ ਭਾਸ਼ਣ ਦੇ ਮਾਮਲੇ ਨੂੰ ਘਟਾ ਦੇਵੇਗੀ, ਕਿਉਂਕਿ ਘੱਟ ਰੈਲੀਆਂ ਕਰਨ ਨਾਲ ਨਫਰਤ ਵਾਲੇ ਭਾਸ਼ਣ ਦੀਆਂ ਘਟਨਾਵਾਂ ਘੱਟ ਹੋਣਗੀਆਂ। ਇਹ ਦਾਅਵਾ ਸਿਰਫ ਮਜ਼ਾਕ ਹੈ, ਕਿਉਂਕਿ ਨਫਰਤ ਭਰੇ ਭਾਸ਼ਣਾਂ ਵਿੱਚ ਸ਼ਾਮਲ ਲੋਕਾਂ ਲਈ ਸਖਤ ਸਜ਼ਾਵਾਂ ਦੀ ਸਿਫਾਰਸ਼ ਕਰਨ ਦੀ ਥਾਂ ਇਸ ਰਾਇ ਦਾ ਉਦੇਸ਼ ਸਿਆਸੀ ਨੇਤਾਵਾਂ ਨਾਲ ਲੋਕਾਂ ਦੀ ਗੱਲਬਾਤ ਲਈ ਨੇੜਤਾ ਦੀ ਗਿਣਤੀ ਨੂੰ ਘਟਾਉਣਾ ਹੈ। ਮੀਡੀਆ ਘਰਾਣਿਆਂ ਦਾ ਪੱਖਪਾਤ ਸੂਚਨਾ ਦੇ ਸੁਤੰਤਰ ਪ੍ਰਵਾਹ ਨੂੰ ਨੁਕਸਾਨ ਪਹੁੰਚਾ ਰਿਹਾ ਹੈ, ਜਿਸ ਨਾਲ ਨਜਿੱਠਣ ਦੀ ਲੋੜ ਹੈ, ਨਾ ਕਿ ਚੋਣਾਂ ਨੂੰ ਇਕੋ ਸਮੇਂ ਕਰਵਾਉਣਾ।

ਇਹ ਦੇਖ ਕੇ ਪਰੇਸ਼ਾਨੀ ਹੁੰਦੀ ਹੈ ਕਿ ਕੇਂਦਰ ਸਰਕਾਰ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀ ਵਾਂਗ ਹੀ ਚਿੰਤਾ ਜ਼ਾਹਰ ਕਰ ਰਹੀ ਹੈ। ਸਾਡੇ ਲੋਕਤੰਤਰ ਨੂੰ ਚੋਣਾਵੀ ਤਾਨਾਸ਼ਾਹੀ ਵਿੱਚ ਬਦਲਣ ਲਈ 2019 ਵਿੱਚ ਮਿਲੇ ਬਹੁਮਤ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਵਿਆਪਕ ਤਬਦੀਲੀਆਂ ਦੇ ਸਾਰੇ ਦਾਅਵਿਆਂ ਲਈ ਨਰਿੰਦਰ ਮੋਦੀ ਦੇ ਸਾਰੇ 'ਸ਼ਾਨਦਾਰ ਫੈਸਲੇ' ਬੁਰੀ ਤਰ੍ਹਾਂ ਅਸਫਲ ਰਹੇ ਹਨ, ਜਿਸ ਕਰਕੇ ਲੋਕਾਂ 'ਤੇ ਦੁੱਖਾਂ ਦੇ ਪਹਾੜ ਟੁੱਟ ਪਏ ਹਨ। ਨੋਟਬੰਦੀ ਨੇ ਸਾਡੀ ਅਰਥ ਵਿਵਸਥਾ ਨੂੰ ਤਬਾਹ ਕਰ ਦਿੱਤਾ ਹੈ ਅਤੇ ਨੁਕਸਦਾਰ ਜੀ ਐੱਸ ਟੀ ਕਰਕੇ ਸੈਂਕੜੇ ਛੋਟੀਆਂ ਉਤਪਾਦਕ ਇਕਾਈਆਂ ਬੰਦ ਹੋ ਗਈਆਂ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਨ੍ਹਾ ਦੀ ਪਾਰਟੀ ਨੇ ਜੰਮੂ-ਕਸ਼ਮੀਰ ਦੇ ਮਾਮਲੇ ਵਿੱਚ ਚੋਣਾਂ ਅਤੇ 'ਜਮਹੂਰੀ ਪ੍ਰਕਿਰਿਆ ਲਈ ਆਪਣੀ ਚਿੰਤਾ' ਜ਼ਾਹਿਰ ਕੀਤੀ ਹੈ, ਜਿੱਥੇ ਲੋਕ 2019 ਤੋਂ ਹੀ ਲੋਕਤੰਤਰੀ ਪ੍ਰਤੀਨਿਧਤਾ ਤੋਂ ਵਾਂਝੇ ਹਨ।

ਧਰਮ ਨਿਰਪੱਖ, ਜਮਹੂਰੀ ਅਤੇ ਦੇਸ਼ ਭਗਤੀ ਦੀਆਂ ਕਦਰਾਂ-ਕੀਮਤਾਂ ਵਾਲੀਆਂ ਪਾਰਟੀਆਂ ਦੇ ਇਕੱਠੇ ਆਉਣ ਨੇ ਭਾਜਪਾ ਨੂੰ ਬੇਚੈਨ ਕਰ ਦਿੱਤਾ ਹੈ। 'ਇੰਡੀਆ' ਨਰਿੰਦਰ ਮੋਦੀ ਨੂੰ ਚੁਭਣ ਲੱਗ ਪਿਆ ਹੈ। ਭਾਜਪਾ ਨੂੰ ਲੋਕਤੰਤਰੀ ਲੋਕਾਂ ਦੀ ਏਕਤਾ ਤੋਂ ਆਪਣੇ ਅਹੁਦੇ 'ਤੇ ਬਣੇ ਰਹਿਣ ਦਾ ਖਤਰਾ ਨਜ਼ਰ ਆਉਣ ਲੱਗ ਹੈ। 'ਇਕ ਦੇਸ਼, ਇਕ ਚੋਣ' ਅਤੇ ਮੁੱਖ ਚੋਣ ਕਮਿਸ਼ਨਰ ਦੀ ਨਿਯੁਕਤੀ ਦੇ ਤਰੀਕੇ ਵਿਚ ਤਬਦੀਲੀਆਂ, ਇਕੱਠੇ ਲਿਆਂਦਾ ਜਾਣਾ, ਮੌਜੂਦਾ ਚੋਣ ਪ੍ਰਣਾਲੀ ਦੀ ਕਿਸੇ ਵੀ ਬਿਮਾਰੀ ਦਾ ਭਾਜਪਾ ਦਾ ਜਵਾਬ ਨਹੀਂ ਹੈ। ਇਹ ਸਿਆਸੀ ਪਾਰਟੀਆਂ ਨੂੰ ਅਨੁਪਾਤਕ ਨੁਮਾਇੰਦਗੀ ਅਤੇ ਬਰਾਬਰੀ ਦੇ ਚੋਣ ਮੈਦਾਨ ਸਮੇਤ ਵਿਆਪਕ ਚੋਣ ਸੁਧਾਰਾਂ ਦੀ ਮੰਗ ਕਰਦਾ ਹੈ। 'ਇਕ ਦੇਸ਼, ਇਕ ਚੋਣ' ਭਾਜਪਾ ਦੀ ਸੱਤਾ ਵਿੱਚ ਬਣੇ ਰਹਿਣ ਅਤੇ ਜਮਹੂਰੀਅਤ ਨੂੰ ਲਤਾੜਨਾ ਜਾਰੀ ਰੱਖਣ ਦੀ ਇੱਕ ਨਿਰਾਸ਼ਾਜਨਕ ਕੋਸ਼ਿਸ਼ ਹੈ।

***# ਸੰਪਰਕ : 99884-91002***

# ਯੁੱਧ ਅਮਰੀਕਾ ਦੀ ਜੀਵਨ ਸ਼ੈਲੀ ਹੈ !



ਪਵਨ ਕੁਮਾਰ ਕੌਸ਼ਲ

ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਜਿੰਮੀ ਕਾਰਟਰ ਨੇ ਇੱਕ ਵਾਰ ਕਬੂਲ ਕੀਤਾ ਸੀ ਕਿ, 'ਸੰਯੁਕਤ ਰਾਜ ਦੁਨੀਆ ਦੇ ਇਤਿਹਾਸ ਵਿੱਚ ਸਭ ਤੋਂ ਵੱਡਾ ਜੰਗੀ ਦੇਸ਼ ਹੈ।' ਇਸੇ ਲਈ 'ਯੁੱਧ ਅਮਰੀਕੀ ਜੀਵਨ ਦਾ ਢੰਗ ਤਰੀਕਾ ਹੈ।' ਬ੍ਰਾਊਨ ਯੂਨੀਵਰਸਿਟੀ ਦੇ ਕਾਸਟਸ ਆਫ਼ ਵਾਰ ਪ੍ਰੋਜੈਕਟ ਦੀ ਇੱਕ ਨਵੀਂ ਰਿਪੋਰਟ ਅਨੁਸਾਰ, ਸਤੰਬਰ 11, 2001 ਤੋਂ ਸੰਯੁਕਤ ਰਾਜ ਦੁਆਰਾ ਲੜੀਆਂ ਗਈਆਂ ਲੜਾਈਆਂ ਦੇ ਸਿੱਧੇ ਨਤੀਜੇ ਵਜੋਂ ਘੱਟੋ-ਘੱਟ 3.7 ਕਰੋੜ ਲੋਕ ਬੇਘਰ ਹੋਏ ਹਨ। ਲੇਖਕਾਂ ਦਾ ਕਹਿਣਾ ਹੈ ਕਿ ਦੂਜੇ ਵਿਸ਼ਵ ਯੁੱਧ ਦੇ ਅਪਵਾਦ ਦੇ ਨਾਲ ਇਹ ਅੰਕੜਾ 1900 ਤੋਂ ਬਾਅਦ ਸੰਘਰਸ਼ ਦੁਆਰਾ ਵਿਸਥਾਪਤ ਲੋਕਾਂ ਤੋਂ ਵੱਧ ਹੈ।

ਰਿਪੋਰਟ ਵਿੱਚ ਅਫਗਾਨਿਸਤਾਨ, ਇਰਾਕ, ਪਾਕਿਸਤਾਨ, ਯਮਨ, ਸੋਮਾਲੀਆ, ਫਿਲਪੀਨਜ਼, ਲੀਬੀਆ ਅਤੇ ਸੀਰੀਆ ਵਿੱਚ ਵਿਸਥਾਪਤ ਹੋਏ ਲੋਕਾਂ, ਜ਼ਿਆਦਾਤਰ ਆਮ ਨਾਗਰਿਕਾਂ ਦੀ ਗਿਣਤੀ ਲਈ ਲੇਖਾ-ਜੋਖਾ ਕੀਤਾ ਗਿਆ ਹੈ, ਜਿੱਥੇ ਲੜਾਈ ਸਭ ਤੋਂ ਮਹੱਤਵਪੂਰਨ ਰਹੀ ਹੈ, ਅਤੇ ਕਿਹਾ ਗਿਆ ਹੈ ਕਿ ਇਹ ਅੰਕੜਾ ਇੱਕ ਰੂੜੀਵਾਦੀ ਅਨੁਮਾਨ ਹੈ-ਅਸਲ ਸੰਖਿਆ 4.8 ਕਰੋੜ ਤੋਂ 5.9 ਕਰੋੜ ਤੱਕ ਹੋ ਸਕਦੀ ਹੈ।

'ਜਮਹੂਰੀਅਤ' ਦੀ ਆੜ ਵਿੱਚ ਯੂ ਐੱਸ ਯੁੱਧ ਭੜਕਾਉਣ ਨਾਲ ਦੁਨੀਆ ਨੂੰ ਬੇ-ਅਥਾਹ ਨੁਕਸਾਨ ਪਹੁੰਚਦਾ ਹੈ। ਲੋਕਤੰਤਰ ਦੇ ਨਾਂ 'ਤੇ ਕਿੰਨੀਆਂ ਕੁ ਬੁਰਾਈਆਂ ਕੀਤੀਆਂ ਗਈਆਂ ਹਨ, ਇਨ੍ਹਾਂ ਦਾ ਕੋਈ ਅੰਦਾਜ਼ਾ ਨਹੀਂ ?

ਜੰਗਾਂ ਨੂੰ ਨਿਰਯਾਤ ਕਰਨਾ, ਰੰਗ ਦੀਆਂ ਕ੍ਰਾਂਤੀਆਂ ਸ਼ੁਰੂ ਕਰਨਾ, ਕੱਟੜਪੰਥੀ ਵਿਚਾਰਧਾਰਾਵਾਂ ਨੂੰ ਭੜਕਾਉਣਾ ਅਤੇ ਆਰਥਿਕ ਅਸਥਿਰਤਾ ਨੂੰ ਉਤਸ਼ਾਹਿਤ ਕਰਨਾ ਅਮਰੀਕਾ ਦਾ ਪੇਸ਼ਾ ਹੈ। ਅਮਰੀਕਾ ਨੇ ਦੁਨੀਆ ਭਰ ਵਿੱਚ ਖ਼ੂਨ-ਖਰਾਬੇ ਅਤੇ ਗੜਬੜ ਦੇ ਅਣਗਿਣਤ ਮਾਰਗ ਛੱਡੇ ਹਨ, ਜਦੋਂ ਕਿ "ਜਮਹੂਰੀਅਤ ਦਾ ਮਾਡਲ" ਆਪਣੀ ਚਮਕ ਗੁਆ ਲੈਂਦਾ ਹੈ, ਅਮਰੀਕਾ ਅਜੇ ਵੀ ਅਖੌਤੀ ਲੋਕਤੰਤਰ ਸੰਮੇਲਨ ਦੁਆਰਾ ਵਿਸ਼ੇਸ਼ ਗੁੱਟ ਸਥਾਪਤ ਕਰਨ ਦੀ ਕੋਸ਼ਿਸ਼ ਕਰਦਾ ਹੈ। 'ਯੁੱਧ ਅਮਰੀਕੀ ਜੀਵਨ ਦਾ ਤੌਰ-ਤਰੀਕਾ ਹੈ।' ਯੂ ਐੱਸ ਇਤਿਹਾਸਕਾਰ ਪਾਲ ਐਟਵੁੱਡ ਨੇ ਕਿਹਾ, ਇਹ ਨੋਟ ਕਰਦੇ ਹੋਏ ਕਿ ਅਮਰੀਕਾ ਯੁੱਧ, ਗੁਲਾਮੀ ਅਤੇ ਮਨੁੱਖੀ ਕਤਲੇਆਮ ਤੋਂ ਪੈਦਾ ਹੋਇਆ, ਵਧਿਆ ਅਤੇ ਇੱਕ ਮਹਾਂਸ਼ਕਤੀ ਬਣ ਗਿਆ।

4 ਜੁਲਾਈ, 1776 ਨੂੰ ਆਜ਼ਾਦੀ ਦੀ ਘੋਸ਼ਣਾ ਕਰਨ ਤੋਂ ਬਾਅਦ ਦੇ ਇਸ ਦੇ 240 ਸਾਲਾਂ ਤੋਂ ਵੱਧ ਲੰਬੇ ਇਤਿਹਾਸ ਵਿੱਚ, ਸਿਰਫ 16 ਸਾਲ ਹੀ ਹੋਏ ਹਨ ਜਦੋਂ ਅਮਰੀਕਾ ਯੁੱਧ ਵਿੱਚ ਨਹੀਂ ਸੀ। ਦੂਜੇ ਵਿਸ਼ਵ ਯੁੱਧ ਦੇ ਅੰਤ ਤੋਂ ਲੈ ਕੇ 2001 ਤੱਕ, ਅਮਰੀਕਾ ਨੇ 153 ਸਥਾਨਾਂ 'ਤੇ 248 ਹਥਿਆਰਬੰਦ ਸੰਘਰਸ਼ਾਂ ਵਿੱਚੋਂ 201 ਦੀ ਸ਼ੁਰੂਆਤ ਕੀਤੀ ਹੈ, ਜੋ ਕੁੱਲ ਲੜਾਈਆਂ ਦੇ 80 ਪ੍ਰਤੀਸ਼ਤ ਤੋਂ ਵੱਧ ਹਨ। 2001 ਤੋਂ, ਅਮਰੀਕਾ ਦੁਆਰਾ ਜੰਗਾਂ ਅਤੇ ਫੌਜੀ ਕਾਰਵਾਈਆਂ ਨੇ 800,000 ਤੋਂ ਵੱਧ ਲੋਕਾਂ ਦੀ ਜਾਨ ਲੈ ਲਈ ਹੈ ਅਤੇ ਲੱਖਾਂ ਲੋਕਾਂ ਨੂੰ ਬੇਘਰ ਕੀਤਾ ਹੈ।

ਗਲੋਬਲ ਟਾਈਮਜ਼ ਦੁਆਰਾ ਪਹੁੰਚੇ ਮਾਹਿਰਾਂ ਅਤੇ ਨਿਰੀਖਕਾਂ ਨੇ ਕਿਹਾ ਕਿ ਅਮਰੀਕਾ ਆਪਣੇ ਖੁਦ ਦੇ ਵਿਅੰਗਾਤਮਕ ਜਮਹੂਰੀ ਰਿਕਾਰਡ ਦੀ ਬਾਹਰਮੁਖੀ ਹਕੀਕਤ ਨੂੰ ਨਜ਼ਰਅੰਦਾਜ਼ ਕਰਦੇ ਹੋਏ, 'ਜਮਹੂਰੀਅਤ' ਨੂੰ ਜੰਗ ਛੇੜਨ ਦੇ ਬਹਾਨੇ ਅਤੇ ਮਨੁੱਖਤਾਵਾਦੀ ਤਬਾਹੀਆਂ ਦਾ ਕਾਰਨ ਬਣਨ ਵਰਗੇ ਆਪਣੇ ਕਈ ਅਪਰਾਧਾਂ ਲਈ ਕਵਰ ਵਜੋਂ ਵਰਤਣ ਦੀ ਕੋਸ਼ਿਸ਼ ਕਰਦਾ ਹੈ ਅਤੇ ਪ੍ਰਭੂਸੱਤਾ ਵਿਵਸਥਾ ਨੂੰ ਤਬਾਹ ਕਰਨਾ, ਸੰਸਾਰ ਨੂੰ ਧਮਕੀ ਦੇਣ ਵਾਲਾ ਅਸਲ ਦੋਸ਼ੀ ਹੈ।

ਅਮਰੀਕਾ ਦੁਆਰਾ ਚਲਾਈਆਂ ਗਈਆਂ ਜੰਗਾਂ ਵਿੱਚ ਅਣਗਿਣਤ ਜਾਨਾਂ ਗੁਆ ਦਿੱਤੀਆਂ ਗਈਆਂ ਹਨ ਅਤੇ ਜੋ ਲੋਕ ਅਜੇ ਵੀ ਇਸ ਤੋਂ ਬਾਅਦ ਪੀੜਤ ਹਨ, ਉਨ੍ਹਾਂ ਨੂੰ ਭੁਲਾਇਆ ਨਹੀਂ ਜਾਣਾ ਚਾਹੀਦਾ। ਲੋਕਤੰਤਰ ਸੰਮੇਲਨ ਦੀ ਮੇਜ਼ਬਾਨੀ ਕਰਨ ਦੀ ਬਜਾਏ ਅਮਰੀਕਾ ਨੂੰ ਆਪਣੀਆਂ ਬੇਰਹਿਮ ਕਾਰਵਾਈਆਂ 'ਤੇ ਵਿਚਾਰ ਕਰਨਾ ਚਾਹੀਦਾ ਹੈ।

ਅਮਰੀਕਾ ਦੁਆਰਾ ਚਲਾਈਆਂ ਗਈਆਂ ਜੰਗਾਂ ਵਿੱਚ ਅਣਗਿਣਤ ਜਾਨਾਂ ਗੁਆ ਦਿੱਤੀਆਂ ਗਈਆਂ ਹਨ ਅਤੇ ਜੋ ਲੋਕ ਅਜੇ ਵੀ ਇਸ ਤੋਂ ਬਾਅਦ ਪੀੜਤ ਹਨ, ਉਨ੍ਹਾਂ ਨੂੰ ਭੁਲਾਇਆ ਨਹੀਂ ਜਾਣਾ ਚਾਹੀਦਾ। "ਲੋਕਤੰਤਰ ਸੰਮੇਲਨ" ਦੀ ਮੇਜ਼ਬਾਨੀ ਕਰਨ ਦੀ ਬਜਾਏ ਅਮਰੀਕਾ ਨੂੰ ਆਪਣੀਆਂ ਬੇਰਹਿਮ ਕਾਰਵਾਈਆਂ 'ਤੇ ਵਿਚਾਰ ਕਰਨਾ ਚਾਹੀਦਾ ਹੈ।

ਪੂਰੀ ਤਬਾਹੀ: ਲੰਬੇ ਸਮੇਂ ਤੋਂ ਅਮਰੀਕਾ ਦੀ ਜੰਗੀ ਮਸ਼ੀਨ ਦੁਨੀਆ ਭਰ ਵਿੱਚ ਗੂੰਜ ਰਹੀ ਹੈ, ਜਿਸ ਨਾਲ ਦੇਸ਼ਾਂ ਵਿੱਚ ਗੜਬੜ ਹੋ ਗਈ ਹੈ ਅਤੇ ਲੋਕਾਂ ਦੀ ਰੋਜ਼ੀ-ਰੋਟੀ ਤਬਾਹ ਹੋ ਗਈ ਹੈ।

ਕੋਰੀਆਈ ਯੁੱਧ (1950-53) ਦੇ ਨਤੀਜੇ ਵਜੋਂ 30 ਲੱਖ ਤੋਂ ਵੱਧ ਨਾਗਰਿਕ ਅਤੇ ਏਨੇ ਹੀ ਲੱਗਭੱਗ ਸ਼ਰਨਾਰਥੀ ਮਾਰੇ ਗਏ।

ਅੰਕੜੇ ਦਰਸਾਉਂਦੇ ਹਨ ਕਿ ਯੂ ਐੱਸ ਬਲਾਂ ਨੇ ਵੀਅਤਨਾਮ, ਲਾਓਸ ਅਤੇ ਕੰਬੋਡੀਆ ਉੱਤੇ ਦੂਸਰੇ ਵਿਸ਼ਵ ਯੁੱਧ ਦੌਰਾਨ ਸਾਰੇ ਪਾਸਿਆਂ ਦੁਆਰਾ ਸੁੱਟੇ ਗਏ ਬੰਬਾਂ ਨਾਲੋਂ ਤਿੰਨ ਗੁਣਾ ਵੱਧ ਬੰਬ ਸੁੱਟੇ।

ਨਿਊਯਾਰਕ ਟਾਈਮਜ਼ ਦੇ ਅਨੁਸਾਰ, 1975 ਵਿੱਚ ਅਧਿਕਾਰਤ ਤੌਰ 'ਤੇ ਯੁੱਧ ਖਤਮ ਹੋਣ ਤੋਂ ਬਾਅਦ, ਲੱਗਭੱਗ 40,000 ਵੀਅਤਨਾਮੀ ਬਾਰੂਦੀ ਸੁਰੰਗਾਂ, ਕਲੱਸਟਰ ਬੰਬਾਂ ਅਤੇ ਹੋਰਾਂ ਦੁਆਰਾ ਮਾਰੇ ਗਏ ਹਨ।

ਅਮਰੀਕਾ ਵਿੱਚ ਬੰਦੂਕ ਸੱਭਿਆਚਾਰ ਦਾ ਬੋਲਬਾਲਾ ਹੈ ਅਤੇ ਅਮਰੀਕਾ ਦੇ ਹਰ ਇੱਕ ਬਸ਼ਿੰਦੇ ਕੋਲ ਇੱਕ ਤੋਂ ਵੱਧ ਹਥਿਆਰ ਹਨ । ਨਾਬਾਲਗਾਂ ਕੋਲ ਵੀ ਹਥਿਆਰ ਹਨ। ਸਕੂਲਾਂ ਅਤੇ ਭੀੜ-ਭੜੱਕੇ ਵਾਲੀਆਂ ਥਾਂਵਾਂ ਉਪਰ ਬੰਦੂਕਾਂ ਰਾਹੀਂ ਗੋਲੀਬਾਰੀ ਕਰਕੇ ਲੋਕਾਂ ਨੂੰ ਮਾਰਨਾ ਆਮ ਹੀ ਵਾਪਰਦਾ ਹੈ। ਵਿਸ਼ਵ-ਵਿਆਪੀ ਅਮਰੀਕਾ ਕੋਲ ਸਭ ਤੋਂ ਵੱਧ ਹਥਿਆਰ ਹਨ।

ਹਰੇਕ ਅਮਰੀਕੀ ਕੋਲ ਹਥਿਆਰ ਹਨ। ਅਮਰੀਕਨਾਂ ਦੀ ਫਿਤਰਤ ਹੀ ਯੁੱਧ ਨਾਲ ਭਰੀ ਹੋਈ ਹੈ। ਅਮਰੀਕਾ ਦੀ ਆਰਥਿਕਤਾ ਹਥਿਆਰਾਂ ਦੀ ਸਨਅਤ ਉਪਰ ਨਿਰਭਰ ਕਰਦੀ ਹੈ। ਅਮਰੀਕਾ ਵਿਸ਼ਵ ਦਾ ਸਭ ਤੋਂ ਵੱਡਾ ਹਥਿਆਰਾਂ ਦਾ ਸਪਲਾਇਰ ਹੈ। 2017 -21 ਦੌਰਾਨ ਇਸ ਨੇ 100 ਤੋਂ ਵੱਧ ਦੇਸ਼ਾਂ ਨੂੰ ਹਥਿਆਰ ਵੇਚੇ। ਇਸ ਦੌਰਾਨ ਅਮਰੀਕਾ ਅਤੇ ਇਕੱਲੇ ਨੇ 2020 ਵਿੱਚ ਅਮਰੀਕਨ ਕੰਪਨੀਆਂ ਨੇ 111 ਅਰਬ ਡਾਲਰ ਕਮਾਏ। ਭਾਰਤ ਵਿਸ਼ਵ ਦਾ ਸਭ ਤੋਂ ਵੱਡਾ ਹਥਿਆਰਾਂ ਦਾ ਖਰੀਦਦਾਰ ਹੈ।

***# ਸੰਪਰਕ : 98550-04500***

# ਮਜ਼ਦੂਰਾਂ ਤੋਂ 12 ਘੰਟੇ ਕੰਮ ਲੈਣ ਦੇ ਹੁਕਮ ਵਿਰੁੱਧ ਲਾਮਬੰਦੀ ਦੀ ਲੋੜ



ਨਿਰਮਲ ਸਿੰਘ ਧਾਲੀਵਾਲ

ਵੈਸੇ ਤਾਂ ਭਾਰਤ ਦੇ ਕਈ ਸੂਬਿਆਂ ਵੱਲੋਂ ਫੈਕਟਰੀ ਐਕਟ 1948 ਦੀ ਆਗਿਆ ਦਿੰਦੀ ਸੈਕਸ਼ਨ 65 ਦੀ ਸਬ ਸੈਕਸ਼ਨ (2) ਦੇ ਤਹਿਤ ਫੈਕਟਰੀ ਕਾਮਿਆਂ ਤੋਂ 8 ਘੰਟੇ ਦੀ ਬਜਾਏ 12 ਘੰਟੇ ਰੋਜ਼ਾਨਾ ਕੰਮ ਲੈਣ ਦੇ ਨੋਟੀਫਿਕੇਸ਼ਨ ਪਿਛਲੇ ਕੁੱਝ ਸਮੇਂ ਤੋਂ ਜਾਰੀ ਕਰਨ ਦਾ ਸਿਲਸਿਲਾ ਚਲਿਆ ਆ ਰਿਹਾ ਹੈ। ਜਿਸ ਦਾ ਉਹਨਾਂ ਰਾਜਾਂ ਦੀਆਂ ਕਾਮਿਆਂ ਦੀਆਂ ਜਥੇਬੰਦੀਆਂ ਆਪਣੀ ਸ਼ਕਤੀ ਮੁਤਾਬਿਕ ਵਿਰੋਧ ਕਰ ਰਹੀਆਂ ਹਨ।

ਹੁਣ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਦੇ ਕੰਮ ਦੇ ਘੰਟੇ 8 ਦੀ ਬਜਾਏ ਰੋਜ਼ਾਨਾ 12 ਘੰਟੇ ਕਰਨ ਦਾ ਨੋਟੀਫਿਕੇਸ਼ਨ 20 ਸਤੰਬਰ 2023 ਨੂੰ ਜਾਰੀ ਕੀਤਾ ਗਿਆ। ਜਿੱਥੇ ਅਸੀਂ ਇਸ ਨੋਟੀਫਿਕੇਸ਼ਨ ਦੇ ਤੱਤ ਸਾਰ 'ਤੇ ਨਜ਼ਰ ਮਾਰਾਂਗੇ। ਉੱਥੇ ਅਸੀਂ ਇਹ ਵੀ ਵੇਖਣਾ ਹੈ ਕਿ ਇਕੱਲੇ ਕੰਮ ਘੰਟੇ 12 ਕਰਨ ਤੋਂ ਇਲਾਵਾ ਸਨਅਤਕਾਰਾਂ ਨਾਲ ਕੀਤੇ ਅੰਦਰੂਨੀ ਵਾਅਦੇ ਕਿ ਮਜ਼ਦੂਰਾਂ ਦੀਆਂ ਉਜਰਤਾਂ ਵਿੱਚ ਵਾਧਾ ਨਹੀਂ ਕੀਤਾ ਜਾਵੇਗਾ, ਜਿਹੜਾ ਪਿਛਲੇ 12 ਸਾਲਾਂ ਤੋਂ ਨਹੀਂ ਹੋਇਆ, ਟਰੇਡ ਯੂਨੀਅਨ ਦੇ ਅਧਿਕਾਰਾਂ ਨੂੰ ਕਾਨੂੰਨੀ ਅਤੇ ਗੈਰ ਕਾਨੂੰਨੀ ਤਰੀਕੇ ਨਾਲ ਕੁਚਲਿਆ ਜਾਵੇਗਾ, ਠੇਕੇਦਾਰੀ ਸਿਸਟਮ ਰਾਹੀਂ ਮਜ਼ਦੂਰਾਂ ਦਾ ਸ਼ੋਸ਼ਣ ਜਾਰੀ ਰੱਖਿਆ ਜਾਵੇਗਾ, ਮਜ਼ਦੂਰਾਂ ਦੀਆਂ ਟਰੇਡ ਯੂਨੀਅਨ ਜਹਿਦਾਂ ਨੂੰ ਦਬਾਅ ਕੇ ਰੱਖਿਆ ਜਾਵੇਗਾ ਅਤੇ ਹੋਰ ਤਰ੍ਹਾਂ-ਤਰ੍ਹਾਂ ਦੀਆਂ ਸਨਅਤਕਾਰਾਂ ਵੱਲੋਂ ਕੀਤੀਆਂ ਜਾਂਦੀਆਂ ਉਲੰਘਣਾਵਾਂ ਨੂੰ ਨਜ਼ਰ-ਅੰਦਾਜ਼ ਕੀਤਾ ਜਾਵੇਗਾ। ਲੇਬਰ ਕਾਨੂੰਨਾਂ ਨੂੰ ਲਾਗੂ ਕਰਨ ਲਈ ਵੀ ਤੁਹਾਨੂੰ ਤੰਗ ਨਹੀਂ ਕੀਤਾ ਜਾਵੇਗਾ, ਆਦਿ ਹੋਰ ਬਹੁਤ ਕੁੱਝ ਹੈ, ਜੋ ਕਾਰਪੋਰੇਟ ਘਰਾਣਿਆਂ ਨਾਲ ਮਜ਼ਦੂਰਾਂ ਦੇ ਸ਼ੋਸ਼ਣ ਦੀ ਸੌਦੇਬਾਜੀ ਵਜੋਂ ਹੁੰਦਾ ਆ ਰਿਹਾ ਹੈ।

ਪੰਜਾਬ ਸਰਕਾਰ ਨੇ ਫੈਕਟਰੀਜ਼ ਐਕਟ 1948 ਦੀ ਸੈਕਸ਼ਨ 65 ਦੀ ਸਬ ਸੈਕਸ਼ਨ (2) ਅਤੇ ਸੈਕਸ਼ਨ 65 ਵਿੱਚ ਸੋਧ ਕਰਕੇ ਜੋੜੀ ਗਈ ਸਬ ਸੈਕਸ਼ਨ (3) ਕਲਾਜ (4) ਤਹਿਤ ਅਧਿਕਾਰਤ ਹੋਣ ਦੀ ਵਰਤੋਂ ਕਰਦਿਆਂ ਫੈਕਟਰੀਜ਼ ਐਕਟ 1948 ਦੇ ਸੈਕਸ਼ਨ 51, 52, 54 ਅਤੇ ਸੈਕਸ਼ਨ 56 ਨੂੰ ਨਵੀਆਂ ਸ਼ਰਤਾਂ ਬਣਾ ਕੇ ਫੈਕਟਰੀਆਂ ਨੂੰ ਇਨ੍ਹਾਂ ਧਾਰਾਵਾਂ ਨੂੰ ਲਾਗੂ ਕਰਨ ਤੋਂ ਛੋਟ ਪ੍ਰਦਾਨ ਕਰ ਦਿੱਤੀ ਹੈ। ਨਵੀਆਂ ਸ਼ਰਤਾਂ ਕੀ ਹਨ : ਸੈਕਸ਼ਨ 51 ਤਹਿਤ ਕੰਮ ਦੇ ਘੰਟੇ 8 ਨਿਯਤ ਕੀਤੇ ਹੋਏ ਹਨ ਅਤੇ ਹਫਤੇ ਵਿੱਚ 48 ਘੰਟੇ ਅਤੇ ਸੈਕਸ਼ਨ 54 ਤਹਿਤ ਸਮੇਤ ਰੈਸਟ 9 ਘੰਟੇ ਤੋਂ ਵੱਧ ਕੰਮ ਨਹੀਂ ਲਿਆ ਜਾ ਸਕਦਾ, ਪਰ ਹਫਤੇ ਦੇ 48 ਘੰਟੇ ਦੀ ਸ਼ਰਤ ਸੈਕਸ਼ਨ 51 ਅਨੁਸਾਰ ਰਹੇਗੀ। ਸੈਕਸ਼ਨ 56 ਤਹਿਤ ਕੰਮ ਸਮੇਂ ਦੀ ਸੀਮਾ ਸਮੇਤ ਅਰਾਮ ਸਮਾਂ 10:30 ਘੰਟੇ ਤੋਂ ਵੱਧ ਨਹੀਂ ਹੋਵੇਗਾ। 8 ਘੰਟੇ ਤੋਂ ਵੱਧ ਸਮੇਂ ਦਾ ਸੈਕਸ਼ਨ 59 ਅਨੁਸਾਰ ਉਜਰਤ ਦੇ ਡਬਲ ਰੇਟ ਦੇ ਹਿਸਾਬ ਨਾਲ ਓਵਰ ਟਾਈਮ ਮਿਲਣਯੋਗ ਹੈ।

ਇਹ ਉਪਰੋਕਤ ਸ਼ਰਤਾਂ ਫੈਕਟਰੀ ਐਕਟ 1948 ਦੀਆਂ ਹਨ ਨਵੇਂ ਨੋਟੀਫਿਕੇਸ਼ਨ ਅਨੁਸਾਰ ਸ਼ਰਤਾਂ ਮੁਤਾਬਿਕ :

1. ਪ੍ਰਤੀ ਦਿਨ ਕੰਮ ਦੇ ਘੰਟੇ 8 ਦੀ ਬਜਾਏ 12 ਘੰਟੇ ਹੋਣਗੇ।
2. ਸਪਰੈਡ ਓਵਰ ਸਮੇਤ ਅਰਾਮ ਸਮਾਂ 13 ਘੰਟੇ ਕਰ ਦਿੱਤਾ ਗਿਆ ਹੈ।
3. ਇੱਕ ਹਫਤੇ ਦਾ ਕੰਮ ਸਮਾਂ ਸਮੇਤ ਓਵਰ ਟਾਈਮ 60 ਘੰਟੇ ਤੋਂ ਵੱਧ ਨਹੀਂ ਹੋਵੇਗਾ।
4. ਕਿਸੇ ਕਾਮੇ ਤੋਂ ਸਾਰਾ ਹਫਤਾ ਲਗਾਤਾਰ ਓਵਰ ਟਾਈਮ ਕੰਮ ਨਹੀਂ ਲਿਆ ਜਾਵੇਗਾ ਅਤੇ ਤਿੰਨ ਮਹੀਨੇ ਵਿੱਚ ਓਵਰ ਟਾਈਮ ਦੀ ਸੀਮਾ 115 ਘੰਟੇ ਤੋਂ ਵੱਧ ਨਹੀਂ ਹੋਵੇਗੀ।
5. ਓਵਰ ਟਾਈਮ ਦੀ ਲਾਗ ਬੁੱਕ ਭਰੀ ਜਾਵੇਗੀ।
6. ਉਪਰੋਕਤ ਸ਼ਰਤਾਂ ਦੀ ਉਲੰਘਣਾ ਦੀ ਸੂਰਤ ਵਿੱਚ ਓਵਰ ਟਾਈਮ ਦੀ ਸਹੂਲਤ ਕਸੂਰਵਾਰ ਤੋਂ ਵਾਪਸ ਲੈ ਲਈ ਜਾਵੇਗੀ।
7. ਸੈਕਸ਼ਨ 59 ਮੁਤਾਬਿਕ ਓਵਰ ਟਾਈਮ ਡਬਲ ਰੇਟ 'ਤੇ ਮਿਲਣਯੋਗ ਹੈ।

ਇਨ੍ਹਾਂ ਸ਼ਰਤਾਂ ਵਿੱਚੋਂ ਵੀ 5 ਅਤੇ 6 ਅਸਪੱਸ਼ਟ ਹਨ। ਜਿਵੇਂ ਕਿ 5 ਨੰਬਰ ਵਿੱਚ ਦਰਸਾਇਆ ਗਿਆ ਹੈ ਕਿ ਲਾਗ ਬੁੱਕ ਭਰੀ ਜਾਵੇਗੀ, ਪਰ ਇਹ ਨਹੀਂ ਦੱਸਿਆ ਗਿਆ ਕਿ ਲਾਗ ਬੁੱਕ ਮਾਲਕ ਭਰੇਗਾ ਜਾਂ ਕਾਮਾ, ਇਸੇ ਤਰ੍ਹਾਂ ਸ਼ਰਤ ਨੰ: 6 ਵਿੱਚ ਲਿਖਿਆ ਹੈ ਕਿ ਸ਼ਰਤਾਂ ਦੀ ਉਲੰਘਣਾ ਜਾਂ ਅਣਦੇਖੀ ਦੀ ਸੂਰਤ ਵਿੱਚ ਕਸੂਰਵਾਰ ਤੋਂ ਓਵਰ ਟਾਈਮ ਦੀ ਸਹੂਲਤ ਵਾਪਸ ਲੈ ਲਈ ਜਾਵੇਗੀ। ਕੀ ਉਲੰਘਣਾ ਕਿਸ ਵੱਲੋਂ ਉਲੰਘਣਾ ਕੁੱਝ ਵੀ ਸਪੱਸ਼ਟ ਨਹੀਂ, ਜਦ ਕਿ ਓਵਰ ਟਾਈਮ ਕੰਮ ਕਰਨ ਵਾਲੇ ਦੀ ਕੀ ਉਲੰਘਣਾ ਹੋ ਸਕਦੀ ਹੈ।

ਫੈਕਟਰੀਜ਼ ਐਕਟ 1948 ਦੀਆਂ 120 ਧਾਰਾਵਾਂ ਹਨ ਜਿਹੜੀਆਂ ਕਿ ਮੁੱਖ ਤੌਰ 'ਤੇ ਵਰਕਰਾਂ ਦੀ ਨਿਯੁਕਤੀ, ਕੰਮ ਹਾਲਤਾਂ, ਉਜਰਤਾਂ, ਛੁੱਟੀਆਂ ਰੈਸਟਾਂ, ਓਵਰ ਟਾਈਮ, ਕੰਮ ਘੰਟੇ, ਸੇਫਟੀ, ਕਰੈਚ ਸਹੂਲਤ, ਜੋਖਮ, ਸਿਹਤ, ਸਫਾਈ, ਪੀਣ ਵਾਲਾ ਸਾਫ ਪਾਣੀ, ਪਖਾਨੇ, ਫਸਟ ਏਡ, ਕਨਟੀਨਾਂ, ਵੈੱਲਫੇਅਰ ਸਕੀਮਾਂ, ਪਨਲਟੀ, ਉਲੰਘਣਾਵਾ, ਜ਼ਿੰਮੇਵਾਰੀਆਂ, ਪਾਬੰਦੀਆਂ, ਅਧਿਕਾਰ ਆਦਿ ਦੇ ਸਬੰਧ ਵਿੱਚ ਵਿਆਖਿਆ ਕਰਦੀਆਂ ਹਨ। ਇਸੇ ਤਰ੍ਹਾਂ ਜਿੰਨੇ ਵੀ ਲੇਬਰ ਕਾਨੂੰਨ ਬਣੇ, ਉਹ ਸਭ ਕਾਫੀ ਹੱਦ ਤੱਕ ਕਿਰਤੀਆਂ ਦੇ ਹੱਕਾਂ ਦੀ ਰਾਖੀ ਕਰਨ ਵਿੱਚ ਸਹਾਈ ਹਨ। ਅਮਲ ਕਰਨ ਵਿੱਚ ਭਾਵੇਂ ਸਰਕਾਰੀ ਅਧਿਕਾਰੀਆਂ ਦੀ ਅਤੇ ਸਰਕਾਰਾਂ ਦੀ ਮਰਜ਼ੀ ਅਨੁਸਾਰ ਅਨੇਕਾਂ ਰੁਕਾਵਟਾਂ ਖੜੀਆਂ ਕੀਤੀਆਂ ਜਾਂਦੀਆਂ ਹਨ, ਹੁਣ ਤਾਂ ਕੇਂਦਰ ਸਰਕਾਰ ਨੇ ਸਭ ਲੇਬਰ ਕਾਨੂੰਨਾਂ ਨੂੰ ਖਤਮ ਕਰਕੇ 4 ਲੇਬਰ ਕੋਡਜ਼ ਵਿੱਚ ਤਬਦੀਲ ਕਰਕੇ 90 ਫੀਸਦੀ ਤੱਕ ਕਾਰਪੋਰੇਟ ਪੱਖੀ ਬਣਾ ਦਿੱਤੇ ਹਨ, ਪਰ ਇਨ੍ਹਾਂ ਦੇ ਹੋਂਦ ਵਿੱਚ ਆਉਣ ਤੋਂ ਪਹਿਲਾਂ ਹੀ ਪਹਿਲੇ ਲੇਬਰ ਕਾਨੂੰਨਾਂ ਵਿੱਚ ਲਚਕ ਵਾਲੀਆਂ ਧਾਰਾਵਾਂ ਦੀ ਵਰਤੋਂ ਕਰਕੇ ਕਿਰਤੀਆਂ ਦੇ ਹੱਕਾਂ 'ਤੇ ਕੈਂਚੀ ਚਲਾਉਣ ਦਾ ਸਿਲਸਿਲਾ ਜਾਰੀ ਹੈ, ਕਿਉਂਕਿ ਸਰਕਾਰਾਂ ਦੀਆਂ ਵਰਤਮਾਨ ਨੀਤੀਆਂ ਕਾਰਪੋਰੇਟ ਘਰਾਣਿਆਂ ਨੂੰ ਹਰ ਕਿਸਮ ਦੀ ਰੁਕਾਵਟ ਤੋਂ ਮੁਕਤ ਅਤੇ ਜ਼ਿੰਮੇਵਾਰੀਆਂ ਤੋਂ ਮੁਕਤ ਵਾਤਾਵਰਣ ਮੁਹੱਈਆ ਕਰਨ ਦੇ ਵਾਅਦੇ ਕਰਦੀਆਂ ਹਨ। ਫੈਕਟਰੀਜ਼ ਐਕਟ ਵਿੱਚ ਗੁਜਰਾਤ, ਮੱਧ ਪ੍ਰਦੇਸ਼, ਹਿਮਾਚਲ ਪ੍ਰਦੇਸ਼, ਹਰਿਆਣਾ, ਰਾਜਸਥਾਨ, ਕਰਨਾਟਕਾ, ਉੜੀਸਾ, ਤ੍ਰਿਪੁਰਾ, ਮਹਾਰਾਸ਼ਟਰ, ਬਿਹਾਰ, ਯੂ.ਪੀ. ਆਦਿ ਸੂਬੇ ਪੰਜਾਬ ਤੋਂ ਪਹਿਲਾਂ ਕੰਮ ਦੇ ਘੰਟੇ 12 ਕਰਨ ਦੀਆਂ ਸੋਧਾਂ ਕਰ ਚੁੱਕੇ ਹਨ। ਤਾਮਿਲਨਾਡੂ ਸਰਕਾਰ ਨੇ 12 ਘੰਟੇ ਦਾ ਕਾਨੂੰਨ ਮਿਤੀ 21ਅਪ੍ਰੈਲ 2023 ਨੂੰ ਪਾਸ ਕੀਤਾ ਸੀ, ਪਰ ਖੱਬੀਆਂ ਪਾਰਟੀਆਂ ਅਤੇ ਟਰੇਡ ਯੂਨੀਅਨਾਂ ਵੱਲੋਂ ਕੀਤੀ ਵਿਰੋਧਤਾ ਕਾਰਨ 1 ਮਈ 2023 ਨੂੰ ਸਰਕਾਰ ਨੇ ਇਸ ਫੈਸਲੇ ਨੂੰ ਵਾਪਸ ਲੈ ਲਿਆ ਸੀ। ਇਹ ਸਰਕਾਰ ਦਾ ਸਵਾਗਤਯੋਗ ਕਦਮ ਹੀ ਕਹਾਂਗੇ। ਇਸੇ ਤਰ੍ਹਾਂ ਕੇਰਲਾ ਸਰਕਾਰ ਨੂੰ ਵੀ ਟਰਾਂਸਪੋਰਟ ਵਿੱਚ ਲਾਗੂ ਕੀਤਾ 12 ਘੰਟੇ ਡਿਊਟੀ ਦਾ ਫੈਸਲਾ ਵਾਪਸ ਲੈਣਾ ਚਾਹੀਦਾ ਹੈ।

ਪੰਜਾਬ ਸਰਕਾਰ ਦੇ ਕਿਰਤੀਆਂ ਵਿਰੋਧੀ ਪ੍ਰਤੱਖ ਅਤੇ ਅਪ੍ਰਤੱਖ ਮਨਸੂਬੇ ਕੋਈ ਲੁਕੇ ਹੋਏ ਨਹੀਂ, ਸਰਕਾਰ ਕਾਰਪੋਰੇਟ ਨਿਵੇਸ਼ਕਾਰਾਂ ਨੂੰ ਕਿਰਤੀਆਂ ਦੀਆਂ ਉਜਰਤਾਂ ਵਿੱਚ ਵਾਧਾ ਨਾ ਕਰਨ ਦੀ ਵੀ ਵਚਨਬੱਧਤਾ ਨਿਭਾਅ ਰਹੀ ਹੈ, ਠੇਕੇਦਾਰੀ ਪ੍ਰਥਾ ਰਾਹੀਂ ਲੁੱਟ ਵੀ ਜਾਰੀ ਰੱਖੀ ਜਾ ਰਹੀ ਹੈ। ਟਰੇਡ ਯੂਨੀਅਨ ਅਧਿਕਾਰਾਂ ਨੂੰ ਕੁਚਲਣਾ ਦਸਤੂਰ ਬਣ ਚੁੱਕਾ ਹੈ, ਹੱਕਾਂ ਲਈ ਜੱਦੋ-ਜਹਿਦ ਕਰਦੇ ਕਿਰਤੀਆਂ ਨੂੰ ਲੁੱਟਣ ਅਤੇ ਕੁੱਟਣ ਦਾ ਵਰਤਾਰਾ ਚੱਲ ਰਿਹਾ ਹੈ। ਨਵੇਂ ਰੁਜ਼ਗਾਰ ਸਿਰਜਣ ਦੀ ਕੋਈ ਨੀਤੀ ਨਹੀਂ। ਆਧੁਨਿਕ ਮਸ਼ੀਨੀਕਰਨ ਨੇ ਕਾਮਿਆਂ ਦੀ ਪਹਿਲਾਂ ਹੀ ਘਟਾਈ ਗਿਣਤੀ ਨੂੰ ਹੋਰ ਘੱਟ ਕਰਨ ਲਈ 12 ਘੰਟੇ ਕੰਮ ਸਮਾਂ ਨਿਰਧਾਰਤ ਕਰਨਾ ਆਦਿ ਅਜਿਹੇ ਕਦਮ ਹਨ, ਜਿਹੜੇ ਇਸ ਸਰਕਾਰ ਦੇ ਵਰਕਰ ਵਿਰੋਧੀ ਕਿਰਦਾਰ ਦੀ ਤਸਵੀਰ ਹਨ।

ਸੋ ਮਜ਼ਦੂਰ ਜਮਾਤ, ਬੇਰੁਜ਼ਗਾਰ ਅਤੇ ਸੁਚੇਤ ਲੋਕਾਂ ਨੂੰ 12 ਘੰਟੇ ਕੰਮ ਦਿਨ ਦਾ ਨੋਟੀਫਿਕੇਸ਼ਨ ਰੱਦ ਕਰਾਉਣ ਲਈ, ਰੁਜ਼ਗਾਰ, ਸਿਹਤ, ਵਿੱਦਿਆ, ਕੰਟਰੈਕਟ, ਆਊਟ ਸੋਰਸ, ਸਿਸਟਮ ਖਤਮ ਕਰਕੇ ਪੱਕੇ ਕਰਾਉਣ ਦੀ, ਪੁਰਾਣੀ ਪੈਨਸ਼ਨ ਬਹਾਲੀ, ਪਬਲਿਕ ਸੈਕਟਰ ਦੀ ਸਲਾਮਤੀ ਅਤੇ ਭ੍ਰਿਸ਼ਟਾਚਾਰ, ਨੌਜੁਆਨੀ ਦਾ ਵਿਦੇਸ਼ਾਂ ਵੱਲ ਨੂੰ ਮਜਬੂਰੀ ਤਹਿਤ ਹੋ ਰਿਹਾ ਪਲਾਇਨ ਰੋਕਣ ਲਈ ਘੱਟੋ-ਘੱਟ ਉਜਰਤਾਂ 26000 ਰੁਪਏ ਕਰਨ ਦੀ ਮੰਗ, ਭਲਾਈ ਸਕੀਮ ਵਰਕਰਾਂ ਨੂੰ ਪੱਕਾ ਕਰਾਉਣਾ, ਭਲਾਈ ਸਕੀਮਾਂ ਤਹਿਤ ਉਚਿੱਤ ਲਾਭ ਲੋੜਵੰਦਾਂ ਤੱਕ ਪਹੁੰਚਾਉਣਾ ਆਦਿ ਮੁੱਦਿਆਂ ਨੂੰ ਲੈ ਕੇ ਸਾਂਝੇ ਸੰਘਰਸ਼ ਮਜਬੂਤੀ ਨਾਲ ਲੜਨੇ ਪੈਣਗੇ। ਵਰਨਾ ਤਾਂ ਹੋਰ ਸੰਭਾਵੀ ਹਮਲੇ ਵੀ ਕਾਰਪੋਰੇਟਾਂ ਦੀਆਂ ਗੁਲਾਮ ਸਰਕਾਰਾਂ ਵੱਲੋਂ ਕੀਤੇ ਜਾਣਗੇ। ਹਰ ਰੋਜ਼ ਸੜਕਾਂ 'ਤੇ ਹੋ ਰਹੇ ਸੰਘਰਸ਼ ਇੱਕਜੁੱਟ ਹੋ ਕੇ ਹੋਰ ਤਿੱਖੇ ਕਰਨ ਦੀ ਲੋੜ ਹੈ।

***# ਜਨਰਲ ਸਕੱਤਰ, ਪੰਜਾਬ ਏਟਕ, 83604-13128***

CMYK

# ਇਜ਼ਰਾਈਲ-ਫਲਸਤੀਨ 'ਚ ਸ਼ਾਂਤੀ ਬਹਾਲ ਕਰੋ : ਆਈ ਡੀ ਪੀ ਡੀ

■ ਹਿੰਸਾ ਵਧਣ ਦੇ ਗੰਭੀਰ ਮਾਨਵਤਾਵਾਦੀ ਨਤੀਜੇ ਹੋਣਗੇ




**ਲੁਧਿਆਣਾ (ਐੱਮ ਐੱਸ ਭਾਟੀਆ)**

ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ.ਡੀ.ਪੀ.ਡੀ.) ਨੇ ਅੱਜ ਆਰਤੀ ਚੌਂਕ, ਲੁਧਿਆਣਾ ਵਿਖੇ 'ਸ਼ਾਂਤੀ ਲਈ ਪ੍ਰਦਰਸ਼ਨ' ਦਾ ਆਯੋਜਨ ਕੀਤਾ ਤੇ ਇਜ਼ਰਾਈਲ ਤੇ ਫਿਲਸਤੀਨ ਦਰਮਿਆਨ ਹਿੰਸਾ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ, ਜਿਸ ਦੇ ਗੰਭੀਰ ਮਾਨਵਤਾਵਾਦੀ ਨਤੀਜੇ ਹੋਣਗੇ। ਹਾਲ ਹੀ ਵਿੱਚ ਹੋਈ ਹਿੰਸਾ ਨੇ ਬਹੁਤ ਹੀ ਘੱਟ ਸਮੇਂ ਵਿੱਚ ਦੋਵਾਂ ਪਾਸਿਆਂ ਦੇ ਹਜ਼ਾਰਾਂ ਲੋਕਾਂ ਦੀ ਜਾਨ ਲੈ ਲਈ ਹੈ। ਇਹ ਸਮਝਣਯੋਗ ਹੈ ਕਿ ਦੋਵਾਂ ਵਿਚਕਾਰ ਲੰਬੇ ਸਮੇਂ ਤੋਂ ਚੱਲ ਰਹੇ ਮੁੱਦੇ ਨੂੰ ਸੁਲਝਾਉਣ ਤੋਂ ਬਿਨਾਂ ਇਸ ਖੇਤਰ ਵਿੱਚ ਸਥਾਈ ਸ਼ਾਂਤੀ ਨਹੀਂ ਹੋ ਸਕਦੀ। ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਨੂੰ ਮਨੁੱਖੀ ਸੰਕਟ ਦਾ ਤੁਰੰਤ ਨੋਟਿਸ ਲੈਣਾ ਚਾਹੀਦਾ ਹੈ ਤੇ ਦੋਵਾਂ ਧਿਰਾਂ ਦੁਆਰਾ ਹਿੰਸਾ ਨੂੰ ਤੁਰੰਤ ਬੰਦ ਕਰਨਾ ਯਕੀਨੀ ਬਣਾਉਣਾ ਚਾਹੀਦਾ ਹੈ। ਜਿਵੇਂ ਉਮੀਦ ਕੀਤੀ ਜਾਂਦੀ ਹੈ ਕਿ ਦੁਨੀਆ ਦੇ ਕਈ ਦੇਸ ਟਕਰਾਅ ਵਿੱਚ ਫਸਦੇ ਜਾ ਰਹੇ ਹਨ। ਅਮਰੀਕੀ ਸਰਕਾਰ ਦਾ ਇਜ਼ਰਾਈਲ ਨੂੰ ਭਾਰੀ ਹਥਿਆਰਬੰਦ ਕਰਨ ਦਾ ਫੈਸਲਾ ਸਿਰਫ ਮਨੁੱਖਤਾਵਾਦੀ ਸੰਕਟਾਂ ਦੇ ਵਾਧੇ ਨੂੰ ਵਧਾਏਗਾ। ਅਮਰੀਕਾ ਨੂੰ ਇਸ ਦੀ ਬਜਾਏ ਸ਼ਾਂਤੀ ਦੀ ਗੱਲ ਕਰਨੀ ਚਾਹੀਦੀ ਹੈ। ਇਹ ਮੰਦਭਾਗਾ ਹੈ ਕਿ ਭਾਰਤ ਦੇ ਪ੍ਰਧਾਨ ਮੰਤਰੀ ਨੇ ਇਜ਼ਰਾਈਲ ਦਾ ਖੁੱਲ੍ਹ ਕੇ ਸਮਰਥਨ ਕੀਤਾ ਹੈ। ਇਹ ਫਲਸਤੀਨੀਆਂ ਦੇ ਜਾਇਜ਼ ਅਧਿਕਾਰਾਂ ਤੇ ਇਜ਼ਰਾਈਲ ਅਤੇ ਫਲਸਤੀਨ ਦੇ ਲੋਕਾਂ ਦੀ ਸ਼ਾਂਤੀਪੂਰਨ ਸਹਿ-ਹੋਂਦ ਨੂੰ ਯਕੀਨੀ ਬਣਾ ਕੇ ਗੱਲਬਾਤ ਰਾਹੀਂ ਸ਼ਾਂਤੀਪੂਰਨ ਹੱਲ ਲਈ ਭਾਰਤ ਦੀ ਪ੍ਰਵਾਨਿਤ ਨੀਤੀ ਦੇ ਵਿਰੁੱਧ ਹੈ। ਹਿੰਦੂਤਵੀ ਤਾਕਤਾਂ ਇਸ ਨੂੰ ਮੁਸਲਿਮ ਵਿਰੋਧੀ ਬਿਆਨਬਾਜ਼ੀ ਵਜੋਂ ਵਰਤ ਰਹੀਆਂ ਹਨ, ਜਦਕਿ ਇਜ਼ਰਾਈਲ-ਫਲਸਤੀਨ ਸੰਘਰਸ਼ ਵਿੱਚ ਅਜਿਹਾ ਕੁਝ ਨਹੀਂ ਹੈ। ਸਮਾਜ ਨੂੰ ਫਿਰਕੂ ਲੀਹਾਂ 'ਤੇ ਵੰਡ ਕੇ ਚੋਣਾਵੀ ਖੇਡ ਲਈ ਅਜਿਹੀ ਸੌੜੀ ਪਹੁੰਚ ਬਹੁਤ ਖਤਰਨਾਕ ਹੈ ਤੇ ਜਾਣਬੁੱਝ ਕੇ ਕੀਤੀ ਜਾ ਰਹੀ ਹੈ। ਇਸ ਨਾਲ ਇਕ ਸਮੇਂ ਗੁੱਟ ਨਿਰਲੇਪ ਅੰਦੋਲਨ ਦੇ ਆਗੂ ਰਹੇ ਸਾਡੇ ਦੇਸ਼ ਦੇ ਅਕਸ ਨੂੰ ਨਾ-ਪੱਖੀ ਸੱਟ ਵੱਜ ਰਹੀ ਹੈ। ਸੰਯੁਕਤ ਰਾਸ਼ਟਰ ਸੰਘ ਵੱਲੋਂ ਮੁਹੱਈਆ ਕਰਵਾਏ ਗਏ ਅੰਕੜਿਆਂ ਅਨੁਸਾਰ 2008 ਤੋਂ 2020 ਦਰਮਿਆਨ ਖੇਤਰ ਵਿੱਚ ਜਾਰੀ ਤਣਾਅ ਵਿੱਚ ਪਹਿਲਾਂ ਹੀ 5590 ਫਲਸਤੀਨੀਆਂ ਅੇ 251 ਇਜ਼ਰਾਈਲੀਆਂ ਦੀ ਮੌਤ ਹੋ ਚੁੱਕੀ ਹੈ। ਇਜ਼ਰਾਈਲ ਦੁਆਰਾ ਗਾਜਾ ਪੱਟੀ ਦੀ ਘੇਰਾਬੰਦੀ ਤੇ ਭੋਜਨ, ਬਿਜਲੀ, ਪਾਣੀ ਤੇ ਦਵਾਈਆਂ ਆਦਿ ਦੀ ਸਪਲਾਈ ਨੂੰ ਰੋਕਣ ਦੇ ਗਾਜਾ ਦੇ ਲੋਕਾਂ ਦੇ ਜੀਵਨ 'ਤੇ ਬਹੁਤ ਗੰਭੀਰ ਪ੍ਰਭਾਵ ਪੈਣਗੇ। ਇਸ ਲਈ ਪਾਣੀ, ਭੋਜਨ, ਬਿਜਲੀ ਤੇ ਦਵਾਈਆਂ ਸਮੇਤ ਐਮਰਜੈਂਸੀ ਸੇਵਾਵਾਂ ਅਤੇ ਸਹਾਇਤਾ ਦੇ ਸੁਰੱਖਿਅਤ ਰਸਤੇ ਲਈ ਮਾਨਵਤਾਵਾਦੀ ਗਲਿਆਰੇ ਦੀ ਸਥਾਪਨਾ ਕਰਨਾ ਜ਼ਰੂਰੀ ਹੈ। ਇਸ ਮੌਕੇ ਡਾ: ਅਰੁਣ ਮਿੱਤਰਾ, ਡੀ ਪੀ ਮੌੜ, ਐੱਮ ਐੱਸ ਭਾਟੀਆ, ਰਣਜੀਤ ਸਿੰਘ, ਡਾ: ਰਜਿੰਦਰ ਪਾਲ ਔਲਖ, ਜਸਵੰਤ ਜੀਰਖ, ਰਮੇਸ਼ ਰਤਨ, ਡਾ: ਬਲਵਿੰਦਰ ਸਿੰਘ ਔਲਖ, ਡਾ: ਸੂਰਜ ਢਿੱਲੋਂ, ਡਾ: ਗੁਰਵੀਰ ਸਿੰਘ, ਡਾ: ਅੰਕੁਸ਼ ਕੁਮਾਰ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਗੁਰਸ਼ਰਨ ਸਿੰਘ, ਡਾ: ਤਜਿੰਦਰ ਤੂਰ, ਡਾ: ਗੁਰਪ੍ਰੀਤ ਰਤਨ, ਐਡਵੋਕੇਟ ਨਵਲ ਛਿੱਬੜ, ਅਵਤਾਰ ਛਿੱਬੜ, ਡਾ: ਐੱਸ ਕੇ ਨਾਗੇਸ਼, ਮਲਕੀਤ ਸਿੰਘ ਮਾਲੜਾ, ਡਾ: ਹਿਤੇਸ਼ ਨਾਰੰਗ, ਪ੍ਰੋਫੈਸਰ ਏ ਕੇ ਮਲੇਰੀ, ਅਜੀਤ ਜਵੱਦੀ, ਦਾਨ ਸਿੰਘ, ਕੇਵਲ ਸਿੰਘ ਬਨਵੈਤ, ਅਨੋਦ ਕੁਮਾਰ, ਰਣਧੀਰ ਸਿੰਘ ਧੀਰਾ, ਸੰਜੀਵ ਮਲਿਕ, ਸਤਨਾਮ ਸਿੰਘ, ਰਾਜਪਾਲ ਵਰਮਾ ਆਦਿ ਹਾਜ਼ਰ ਸਨ।

# ਆਪਣੀਆਂ ਅੱਖਾਂ ਨੂੰ ਪਿਆਰ ਕਰੋ : ਡਾ. ਰਮੇਸ਼

*ਵਿਸ਼ਵ ਦ੍ਰਿਸ਼ਟੀ ਦਿਵਸ ਨੂੰ ਸਮਰਪਤ ਫੋਟੋ ਕੰਪੀਟੀਸ਼ਨ*



**ਲੁਧਿਆਣਾ (ਐੱਮ ਐੱਸ ਭਾਟੀਆ)**-ਪੁਨਰਜੋਤ ਆਈ ਬੈਂਕ ਸੁਸਾਇਟੀ ਵੱਲੋਂ ਡਾ. ਰਮੇਸ਼ ਸੁਪਰਸਪੈਸ਼ਿਲਟੀ ਆਈ ਐਂਡ ਲੇਜ਼ਰ, ਬੀ. ਆਰ. ਐੱਸ. ਲੁਧਿਆਣਾ ਵਿਖੇ ਅੱਖਾਂ ਦੀ ਸਿਹਤ ਸਿੱਖਿਆ ਜਾਗਰੂਕਤਾ ਪ੍ਰੋਗਰਾਮ ਲਈ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਗਿਆ। ਡਾ. ਰਮੇਸ਼ ਐੱਮ. ਡੀ. ਅੱਖਾਂ ਦੇ ਮਾਹਰ, ਮੈਡੀਕਟ ਡਾਇਰੈਕਟਰ ਪੁਨਰਜੋਤ ਆਈ ਬੈਂਕ ਸੁਸਾਇਟੀ ਨੇ ਕਿਹਾ ਕਿ ਵਿਸ਼ਵ ਦ੍ਰਿਸ਼ਟੀ ਦਿਵਸ ਹਰ ਸਾਲ 12 ਅਕਤੂਬਰ ਨੂੰ ਅੱਖਾਂ ਦੀ ਸਿਹਤ ਸਿੱਖਿਆ ਸੰਬੰਧੀ ਜਾਗਰੂਕਤਾ ਪੈਦਾ ਕਰਨ ਲਈ ਸੰਸਾਰ ਭਰ ਵਿੱਚ ਮਨਾਇਆ ਜਾਂਦਾ ਹੈ। ਇਸ ਵਾਰ ਵਿਸ਼ਵ ਦ੍ਰਿਸ਼ਟੀ ਦਿਵਸ ਨੂੰ ਸਮਰਪਤ ਪੁਨਰਜੋਤ ਆਈ ਬੈਂਕ ਸੁਸਾਇਟੀ ਵੱਲੋਂ ਫੋਟੋ ਕੰਪੀਟੀਸ਼ਨ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ 20 ਅਕਤੂਬਰ 2023 ਤੱਕ ਦੋ ਕੈਟਾਗਰੀਆਂ, ਨੰ. 1 ਆਪਣੀਆਂ ਅੱਖਾਂ ਨੂੰ ਪਿਆਰ ਕਰਨ ਦੇ ਵਿਸ਼ੇ ਨੂੰ ਦਰਸਾਉਂਦੀਆਂ ਤਸਵੀਰਾਂ, ਨੰ. 2 ਕੰਮ ਵਾਲੀ ਥਾਂ 'ਤੇ ਅੱਖਾਂ ਦੀ ਦੇਖਭਾਲ ਨੂੰ ਤਰਜੀਹ ਦੇਣ ਵਾਲੇ ਵਿਸ਼ੇ ਨੂੰ ਦਰਸਾਉਂਦੀਆਂ ਤਸਵੀਰਾਂ ਭੇਜਣੀਆਂ ਹਨ, ਜਿਸ ਵਿੱਚ ਸਭ ਤੋਂ ਵਧੀਆ ਅੱਖਾਂ ਦੀ ਦੇਖਭਾਲ ਨੂੰ ਦਰਸਾਉਂਦੀਆਂ ਤਸਵੀਰਾਂ ਭੇਜਣ ਵਾਲਿਆਂ ਨੂੰ ਪੁਨਰਜੋਤ ਆਈ ਬੈਂਕ ਸੁਸਾਇਟੀ ਵੱਲੋਂ ਇਨਾਮ ਦਿੱਤੇ ਜਾਣਗੇ। ਸਾਨੂੰ ਵਿਅਕਤੀਗਤ ਪੱਧਰ 'ਤੇ ਅੱਖਾਂ ਦੀ ਜਾਂਚ ਲਈ ਖਾਸ ਕਰਕੇ ਨੌਜਵਾਨਾਂ, ਸਕੂਲ ਜਾਣ ਵਾਲੇ ਬੱਚੇ, ਬਜ਼ੁਰਗ ਤੇ ਸ਼ੂਗਰ ਵਾਲੇ ਮਰੀਜ਼ਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਖਾਂ ਕੁਦਰਤ ਦਾ ਅਨਮੋਲ ਤੋਹਫਾ ਹੈ, ਸਾਨੂੰ ਆਪਣੀਆਂ ਅੱਖਾਂ ਨਾਲ ਪਿਆਰ ਕਰਨਾ ਚਾਹੀਦਾ ਹੈ, ਆਪਣੇ ਰੋਜ਼ਾਨਾ ਕੰਮ ਕਰਦੇ ਸਮੇਂ ਆਪਣੀਆਂ ਅੱਖਾਂ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਆਪਣੀਆਂ ਅੱਖਾਂ ਦੀ ਤੰਦਰੁਸਤੀ ਲਈ ਅੱਖਾਂ ਦੇ ਮਾਹਰ ਡਾਕਟਰ ਤੋਂ ਸਮੇਂ ਸਮੇਂ ਸਿਰ ਅੱਖਾਂ ਦੀ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਹੈ ਤਾਂ ਜੋ ਹਰ ਵਰਗ ਉਮਰ ਵਿੱਚ ਅੱਖਾਂ ਦੀ ਸਥਾਈ ਕਮੀ ਤੋਂ ਬਚਿਆ ਜਾ ਸਕੇ।

# ਕਾਮਰੇਡ ਸਤਨਾਮ ਸਿੰਘ ਛਲੇੜੀ ਦੀ ਯਾਦ 'ਚ ਤੀਜਾ ਜਾਗ੍ਰਿਤੀ ਟਰੇਡ ਯੂਨੀਅਨ ਸਕੂਲ ਰਾਜਪੁਰਾ 'ਚ 16 ਨੂੰ



**ਰਾਜਪੁਰਾ (ਰਮੇਸ਼ ਕਟਾਰੀਆ)**-ਸਰਕਲ ਪਟਿਆਲਾ ਡਵੀਜ਼ਨ ਰਾਜਪੁਰਾ ਦੀ ਮੀਟਿੰਗ ਕੁਲਦੀਪ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਨੇ ਸ਼ਮੂਲੀਅਤ ਕੀਤੀ ਅਤੇ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੇ ਸਾਬਕਾ ਪ੍ਰਧਾਨ ਐਫੀ. ਆਗੂ ਕਾਮਰੇਡ ਸਤਨਾਮ ਸਿੰਘ ਛਲੇੜੀ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰਾਜਪੁਰਾ ਡਵੀਜ਼ਨ ਵਿਖੇ 16 ਅਕਤੂਬਰ ਸੋਮਵਾਰ ਸਵੇਰੇ 10 ਵਜੇ ਤੀਜਾ ਜਾਗ੍ਰਿਤੀ ਟਰੇਡ ਯੂਨੀਅਨ ਸਕੂਲ ਰਾਜਪੁਰਾ ਵਿਖੇ ਲਗਾਇਆ ਜਾਵੇਗਾ ਅਤੇ ਇਸ ਤਿੰਨ ਸਾਲ ਵਿੱਚ ਵਿਛੜੇ ਲੀਡਰਾਂ ਤੇ ਸਰਕਲ ਪਟਿਆਲਾ ਅਧੀਨ ਡਵੀਜ਼ਨਾਂ ਦੇ ਜਿੰਨੇ ਵੀ ਏਟਕ ਦੇ ਸਾਥੀ ਵਿੱਛੜੇ ਹਨ, ਉਨ੍ਹਾਂ ਸਾਥੀਆਂ ਦੇ ਪਰਿਵਾਰਾਂ ਨੂੰ ਸਨਮਾਨ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਵਿੱਛੜੇ ਸਾਥੀਆਂ ਨੂੰ ਯਾਦ ਕੀਤਾ ਜਾਵੇਗਾ। ਸਕੂਲ ਲਗਾਉਣ ਦੀਆਂ ਤਿਆਰੀਆਂ ਮੁਕੰਮਲ ਕਰਨ ਲਈ ਗੁਰਦਿਆਲ ਸਿੰਘ ਬੱਬੂ ਦੀ ਅਗਵਾਈ ਹੇਠ ਕਮੇਟੀ ਬਣਾਈ ਗਈ, ਇਸੇ ਤਰ੍ਹਾਂ ਪਰਮਜੀਤ ਸਿੰਘ, ਸੁਖਦੇਵ ਸਿੰਘ ਦੀ ਅਗਵਾਈ ਵਿੱਚ ਲੰਗਰ ਕਮੇਟੀ ਬਣਾਈ ਗਈ, ਸਾਫ ਸਫਾਈ ਲਈ ਸਾਥੀ ਸਤਨਾਮ ਸਿੰਘ, ਸਾਥੀ ਜਗਵਿੰਦਰ ਸਿੰਘ, ਸਾਥੀ ਸੁੱਚਾ ਸਿੰਘ ਦੀ ਅਗਵਾਈ ਹੇਠ ਕਮੇਟੀ ਬਣਾਈ ਗਈ, ਸਾਥੀ ਸ਼ਾਮ ਸੁੰਦਰ, ਸਾਥੀ ਰਾਮ ਰਤਨ, ਸਾਥੀ ਅਜੇ ਕੁਮਾਰ, ਨਰਿੰਦਰ ਮੈਨੋਰੀ ਦੀ ਅਗਵਾਈ ਵਿੱਚ ਝੰਡੀਆਂ, ਮਾਟੋ, ਬੈਨਰ ਲਗਾਉਣ ਲਈ ਇਨ੍ਹਾਂ ਸਾਥੀਆਂ ਦੀ ਨਿਗਰਾਨੀ ਹੇਠ ਕਮੇਟੀ ਬਣਾਈ ਗਈ। ਸਵਾਗਤੀ ਕਮੇਟੀ ਸਾਥੀ ਬਲਜੀਤ ਕੁਮਾਰ, ਸਾਥੀ ਗੁਰਦਿਆਲ ਸਿੰਘ ਬੱਬੂ, ਸਾਥੀ ਅਰਸ਼ਦੀਪ ਸਿੰਘ, ਸਾਥੀ ਬਲਬੀਰ ਸਿੰਘ ਤੇ ਬਾਹਰੋਂ ਆਉਣ ਵਾਲੀ ਲੀਡਰਸ਼ਿਪ ਅਤੇ ਆਏ ਸਾਥੀਆਂ ਨੂੰ ਜੀ ਆਇਆਂ ਕਹਿਣਗੇ। ਇਸ ਸਕੂਲ ਵਿੱਚ ਅਧਿਆਪਕ ਦੇ ਤੌਰ 'ਤੇ ਪੰਜਾਬ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਟਰੇਡ ਯੂਨੀਅਨ ਬਾਰੇ ਜਾਣਕਾਰੀ ਦੇਣਗੇ। ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਵੀ ਟਰੇਡ ਯੂਨੀਅਨ ਤੇ ਧਰਮ ਦੀ ਜਾਣਕਾਰੀ ਦੇਣਗੇ। ਐਫੀ ਆਗੂ ਸਾਥੀ ਨਰਿੰਦਰ ਸੈਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਤੋਂ ਇਲਾਵਾ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਸੂਬਾ ਜਰਨਲ ਸਕੱਤਰ ਸਾਥੀ ਸੁਰਿੰਦਰ ਪਾਲ ਸਿੰਘ ਲਹੌਰੀਆ ਤੇ ਸਮੂਹ ਸਟੇਟ ਕਮੇਟੀ ਅਤੇ ਵਰਕਿੰਗ ਕਮੇਟੀ ਪੰਜਾਬ ਦੇ ਆਗੂ ਸ਼ਾਮਲ ਹੋਣਗੇ।

## ਕਾਤਰਾਂ

### ਟੂਰਨਾਮੈਂਟ 20 ਤੇ 21 ਨੂੰ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਬਰਨਾਲਾ ਕਬੱਡੀ ਲੀਗ ਦਾ ਟੂਰਨਾਮੈਂਟ 20 ਤੇ 21 ਅਕਤੂਬਰ ਨੂੰ ਗ੍ਰਾਮ ਪੰਚਾਇਤ ਰਾਇਸਰ, ਸਮੂਹ ਐੱਨ ਆਰ ਆਈ ਵੀਰਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਰਾਇਸਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਸੰਬੰਧੀ ਲੋਕ ਕਵੀ ਸੰਤ ਰਾਮ ਉਦਾਸੀ ਯਾਦਗਾਰੀ ਸਟੇਡੀਅਮ ਰਾਇਸਰ ਵਿਖੇ ਰੱਖੀ ਮੀਟਿੰਗ ਉਪਰੰਤ ਅੰਤਰ-ਰਾਸ਼ਟਰੀ ਕਬੱਡੀ ਖਿਡਾਰੀ ਰਾਜਾ ਰਾਇਸਰ ਨੇ ਦੱਸਿਆ ਕਿ ਇਸ ਟੂਰਨਾਮੈਂਟ ਦੌਰਾਨ 20 ਅਕਤੂਬਰ ਨੂੰ ਕਬੱਡੀ 52 ਕਿੱਲੋ, ਕਬੱਡੀ 65 ਕਿੱਲੋ ਤੇ ਤਾਸ਼ ਸੀਪ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਦੂਸਰੇ ਦਿਨ 21 ਅਕਤੂਬਰ ਨੂੰ ਜ਼ਿਲ੍ਹਾ ਬਰਨਾਲਾ ਦੀਆਂ ਕਬੱਡੀ ਆਲ ਓਪਨ ਟੀਮਾਂ ਦੇ ਮੁਕਾਬਲੇ ਅੰਤਰ-ਰਾਸ਼ਟਰੀ ਨਿਯਮਾਂ ਅਨੁਸਾਰ ਕਰਵਾਏ ਜਾਣਗੇ। ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ ਗਿੱਲ, ਗੁਰਬਾਜ਼ ਸਿੰਘ ਵਿਰਕ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਦੇ ਪਤਵੰਤੇ ਹਾਜ਼ਰ ਸਨ।

### ਅੱਜ ਬਿਜਲੀ ਬੰਦ ਰਹੇਗੀ

**ਜਲਾਲਾਬਾਦ (ਜੀਤ ਕੁਮਾਰ)**-ਬਿਜਲੀ ਵਿਭਾਗ ਜਲਾਲਾਬਾਦ ਸ਼ਹਿਰੀ ਸਬ ਡਵੀਜ਼ਨ ਦੇ ਐੱਸ ਡੀ ਓ ਸੰਦੀਪ ਕੁਮਾਰ ਨੇ ਦੱਸਿਆ ਕਿ 14 ਅਕਤੂਬਰ ਸ਼ਨੀਵਾਰ ਨੂੰ 132 ਕੇ.ਵੀ. ਸਬ-ਸਟੇਸ਼ਨ ਜਲਾਲਾਬਾਦ ਤੋਂ ਚੱਲਦੇ 11 ਕੇ.ਵੀ. ਫੀਡਰ ਬੈਂਕ ਰੋਡ, ਟੈਲੀਫੋਨ ਐਕਸਚੇਂਜ ਅਰਾਈਆਂ ਵਾਲਾ ਰੋਡ, ਫਿਰੋਜ਼ਪੁਰ ਰੋਡ, ਸਿਵਲ ਹਸਪਤਾਲ, ਗੁਮਾਨੀਵਾਲਾ ਰੋਡ, ਫਾਜ਼ਿਲਕਾ ਰੋਡ, ਟਿਵਾਣਾ ਰੋਡ, ਸ਼ਹਿਰੀ ਫੀਡਰ, ਬੱਘਾ ਬਜ਼ਾਰ, ਮੰਨੇਵਾਲਾ ਤੇ ਹੋਰ ਸਾਰੇ ਪੇਂਡੂ ਫੀਡਰ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਬਿਜਲੀ ਘਰ ਦੀ ਜ਼ਰੂਰੀ ਸਾਂਭ-ਸੰਭਾਲ ਲਈ ਬੰਦ ਰਹਿਣਗੇ, ਜਿਸ ਦੇ ਕਾਰਨ ਉਕਤ ਫੀਡਰਾਂ ਅਧੀਨ ਆਉਂਦੇ ਇਲਾਕੇ ਵਿੱਚ ਬਿਜਲੀ ਬੰਦ ਰਹੇਗੀ।

### ਸੂਏ 'ਚੋਂ ਮਿਲੀ ਲਾਸ਼

**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲਾਲਾਬਾਦ ਰੋਡ ਸੂਏ ਵਿੱਚੋਂ ਸ਼ੁੱਕਰਵਾਰ ਤੜਕੇ ਲਗਭਗ ਅੱਠ ਵਜੇ ਇੱਕ ਲਾਸ਼ ਪਾਈਪ 'ਚ ਫਸੀ ਦਿਸੀ, ਜਿਸ ਨੂੰ ਦੇਖ ਕੇ ਲੋਕਾਂ 'ਚ ਦਹਿਸ਼ਤ ਫੈਲ ਗਈ। ਪੁਲਸ ਦੀ ਮੌਜੂਦਗੀ 'ਚ ਬਾਬਾ ਸ਼ਨੀਦੇਵ ਸੇਵਾ ਸੁਸਾਇਟੀ ਦੇ ਪ੍ਰਧਾਨ ਦਵਿੰਦਰ ਗਾਂਧੀ ਤੇ ਉਨ੍ਹਾਂ ਦੀ ਟੀਮ ਨੇ ਲਾਸ਼ ਨੂੰ ਸੂਏ 'ਚੋਂ ਬਾਹਰ ਕਢਵਾ ਕੇ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾਇਆ। ਜਾਣਕਾਰੀ ਅਨੁਸਾਰ ਸਵੇਰੇ ਜਦੋਂ ਲੋਕਾਂ ਨੇ ਸੂਏ 'ਚ ਲਾਸ਼ ਫਸੀ ਦੇਖੀ ਤਾਂ ਸਿਟੀ ਪੁਲਸ ਤੇ ਬਾਬਾ ਸ਼ਨੀਦੇਵ ਸੇਵਾ ਸੁਸਾਇਟੀ ਦੇ ਪ੍ਰਧਾਨ ਦਵਿੰਦਰ ਗਾਂਧੀ ਨੂੰ ਸੂਚਿਤ ਕੀਤਾ, ਜਿਸ 'ਤੇ ਕੁਝ ਦੇਰ ਮਗਰੋਂ ਡੀਐੱਸਪੀ ਸਤਨਾਮ ਸਿੰਘ ਵਿਰਕ, ਥਾਣਾ ਸਿਟੀ ਪ੍ਰਭਾਰੀ ਵਰੁਣ ਮੱਟੂ ਸਮੇਤ ਹੋਰ ਟੀਮ ਮੌਕੇ 'ਤੇ ਪਹੁੰਚੀ ਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਮੌਕੇ 'ਤੇ ਪਹੁੰਚੇ ਦਵਿੰਦਰ ਗਾਂਧੀ ਤੇ ਉਨ੍ਹਾਂ ਦੀ ਟੀਮ ਵੱਲੋਂ ਲਾਸ਼ ਨੂੰ ਸੂਏ 'ਚੋਂ ਬਾਹਰ ਕੱਢਿਆ ਗਿਆ। ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ।

### ਮਸਕੂਲਰ ਡਿਸਟਰਾਫੀ ਬਿਮਾਰੀ ਸੰਬੰਧੀ ਰੈਲੀ ਭਲਕੇ

**ਲੁਧਿਆਣਾ (ਰਾਜ ਸਿੰਗਲਾ)**-ਅਜੋਕੇ ਸਮੇਂ ਵਿੱਚ ਦੁਨੀਆਂ ਭਰ ਵਿੱਚ ਬਹੁਤ ਸਾਰੀਆਂ ਬਿਮਾਰੀਆਂ ਫੈਲ ਰਹੀਆਂ ਹਨ ਅਤੇ ਇਹਨਾਂ ਵਿੱਚੋਂ ਕੁਝ ਬੀਮਾਰੀਆਂ ਅਜਿਹੀਆਂ ਹਨ ਜਿਹਨਾਂ ਦਾ ਅਜੇ ਤੱਕ ਇਲਾਜ ਸੰਭਵ ਨਹੀਂ ਹੈ। ਅਜਿਹੀਆਂ ਬਿਮਾਰੀਆਂ ਵਿੱਚੋਂ ਇੱਕ ਬਿਮਾਰੀ ਹੈ ਮਸਕੂਲਰ ਡਿਸਟਰੋਫੀ ਜੋ ਕਿ ਪੂਰੀਆਂ ਦੁਨੀਆਂ ਵਿੱਚ ਬੜੀ ਤੇਜ਼ੀ ਨਾਲ ਫੈਲ ਰਹੀ ਹੈ। ਅਜਿਹੀਆਂ ਬਿਮਾਰੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਸੀ.ਐਮ.ਸੀ. ਹਸਪਤਾਲ ਲੁਧਿਆਣਾ ਦੇ ਮਸਕੂਲਰ ਸੈਂਟਰ ਵੱਲੋਂ ਦੂਜੀ ਵਰਲਡ ਦੁਸ਼ੀਨ ਜਾਗਰੂਕ ਰਾਈਡ ਮਿਤੀ 15 ਅਕਤੂਬਰ ਨੂੰ ਲੁਧਿਆਣਾ ਸ਼ਹਿਰ ਵਿਖੇ ਕੱਢੀ ਜਾ ਰਹੀ ਹੈ ਜੋ ਕਿ ਸ਼ਾਮ 4 ਵਜੇ ਰਾਈਡਰਜ ਕੈਫੇ ਲੁਧਿਆਣਾ ਤੋਂ ਸ਼ੁਰੂ ਹੋਵੇਗੀ ਅਤੇ ਇਸ ਰੈਲੀ ਤੋਂ ਬਾਅਦ ਇਸ ਸੰਬੰਧੀ ਇੱਕ ਪ੍ਰੋਗਰਾਮ ਵੀ ਸੀ.ਐਮ.ਸੀ. ਡੈਂਟਲ ਕਾਲਜ ਲੁਧਿਆਣਾ ਦੇ ਅਸੈਂਬਲੀ ਹਾਲ ਵਿਖੇ ਕਰਵਾਇਆ ਜਾਵੇਗਾ ਜਿਸ ਵਿੱਚ ਅਜਿਹੀਆਂ ਬਿਮਾਰੀਆਂ ਬਾਰੇ ਵਿਚਾਰ ਵਟਾਂਦਾਰਾ ਕੀਤਾ ਜਾਵੇਗਾ।

# ਆੜ੍ਹਤੀਆਂ ਵੱਲੋਂ ਪੁਤਲੇ ਫੂਕਣ ਦਾ ਪ੍ਰੋਗਰਾਮ ਮੁਲਤਵੀ



**ਬਰੇਟਾ (ਗੋਬਿੰਦ ਸ਼ਰਮਾ, ਰੀਤਵਾਲ)**-ਬਰੇਟਾ ਤੇ ਕੁਲਰੀਆਂ ਦੀ ਅਨਾਜ ਮੰਡੀ ਵਿੱਚ ਆਰਜ਼ੀ ਫੜ੍ਹਾਂ ਦੀ ਮਨਜ਼ੂਰੀ ਨਾ ਦੇਣ ਤੋਂ ਖਫ਼ਾ ਆੜ੍ਹਤੀਆਂ ਵੱਲੋਂ ਅੱਜ ਜੋ ਜ਼ਿਲ੍ਹਾ ਖੁਰਾਕ ਵੰਡ ਨਰੀਖਕ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕਣ ਦਾ ਐਲਾਨ ਕੀਤਾ ਗਿਆ ਸੀ, ਹੁਣ ਪ੍ਰਸ਼ਾਸਨ ਵੱਲੋਂ ਇਨ੍ਹਾਂ ਫੜ੍ਹਾਂ ਦੀ ਮਨਜ਼ੂਰੀ ਦੇਣ ਦਾ ਵਿਸ਼ਵਾਸ ਦਿਵਾਉਣ ਤੋਂ ਬਾਅਦ ਇਸ ਪ੍ਰੋਗਰਾਮ ਨੂੰ ਕੁਝ ਦਿਨਾਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ।

ਇਸ ਸੰਬੰਧੀ ਆੜ੍ਹਤੀਆ ਐਸੋਸੀਏਸ਼ਨ ਬਰੇਟਾ ਦੀ ਕਾਰਜਕਾਰਨੀ ਕਮੇਟੀ ਦੀ ਇੱਕ ਮੀਟਿੰਗ ਪ੍ਰਧਾਨ ਜਤਿੰਦਰ ਮੋਹਨ ਗਰਗ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪ੍ਰਧਾਨ ਸ੍ਰੀ ਗਰਗ ਵੱਲੋਂ ਦੱਸਿਆ ਗਿਆ ਕਿ ਅੱਜ ਦੇ ਪੁਤਲੇ ਫੂਕਣ ਦੇ ਪ੍ਰੋਗਰਾਮ ਨੂੰ ਇਸ ਲਈ ਮੁਲਤਵੀ ਕੀਤਾ ਜਾਂਦਾ ਹੈ, ਕਿਉਂਕਿ ਮਾਰਕਿਟ ਕਮੇਟੀ ਦੇ ਚੇਅਰਮੈਨ ਸ੍ਰ. ਚਮਕੌਰ ਸਿੰਘ ਖੁਡਾਲ ਵੱਲੋਂ ਆੜ੍ਹਤੀਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਆਰਜ਼ੀ ਫੜ੍ਹਾਂ ਦੀ ਮਨਜ਼ੂਰੀ ਲਈ ਜ਼ਿਲ੍ਹਾ ਕਮੇਟੀ ਵੱਲੋਂ ਕਾਰਵਾਈ ਪੂਰੀ ਕਰਕੇ ਮਨਜ਼ੂਰੀ ਲਈ ਮੁੱਖ ਦਫਤਰ ਵਿਖੇ ਫਾਈਲ ਭੇਜ ਦਿੱਤੀ ਗਈ ਹੈ ਅਤੇ ਆਰਜ਼ੀ ਫੜ੍ਹਾਂ ਦੀ ਮਨਜ਼ੂਰੀ ਜਲਦੀ ਆ ਜਾਵੇਗੀ। ਚੇਅਰਮੈਨ ਦੇ ਵਿਸ਼ਵਾਸ਼ ਦਿਵਾਉਣ ਤੋਂ ਬਾਅਦ ਆੜ੍ਹਤੀਆਂ ਨੇ ਫੈਸਲਾ ਕੀਤਾ ਕਿ ਜੇਕਰ ਮੰਗਲਵਾਰ ਤੱਕ ਇਨ੍ਹਾਂ ਫੜ੍ਹਾਂ ਦੀ ਮਨਜ਼ੂਰੀ ਨਾ ਆਈ ਤਾਂ ਦੋਬਾਰਾ ਮੀਟਿੰਗ ਕਰਕੇ ਪੁਤਲੇ ਫੂਕਣ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ। ਇਸ ਮੀਟਿੰਗ ਵਿੱਚ ਐਸੋਸੀਏਸ਼ਨ ਦੇ ਸਕੱਤਰ ਰਾਜੇਸ਼ ਸਿੰਗਲਾ, ਮੀਤ ਪ੍ਰਧਾਨ ਸੁਖਦੇਵ ਸਿੰਘ, ਅਮਨਦੀਪ ਸਿੰਗਲਾ, ਗੋਰਾ ਲਾਲ, ਕਪਿਲ ਦੇਵ, ਰਾਮ ਲਾਲ, ਸੰਜੀਵ ਗਰਗ, ਰਮੇਸ਼ ਕੁਮਾਰ, ਭੂਰਾ ਸਿੰਘ, ਸੁਰੇਸ਼ ਕੁਮਾਰ, ਦ੍ਰਿਸ਼ ਮਹਾਸ਼ਾ ਮੌਜੂਦ ਸਨ।

# ਕਲਾ ਉਤਸਵ ਮੁਕਾਬਲਿਆਂ 'ਚ ਜੱਜਮੈਂਟ ਟੀਮ 'ਤੇ ਲੱਗਾ ਸਵਾਲੀਆ ਨਿਸ਼ਾਨ

■ ਜੱਜਾਂ ਨੂੰ ਨਿਯਮ ਕਿਤਾਬਚਾ ਮੁਹੱਈਆ ਨਾ ਕਰਵਾਉਣ ਦੇ ਲੱਗੇ ਦੋਸ਼

■ ਘੋਸ਼ਿਤ ਨਤੀਜਿਆਂ ਦੀ ਉੱਚ-ਪੱਧਰੀ ਜਾਂਚ ਕਰਵਾਉਣ ਦੀ ਅਪੀਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਰੈੱਡ ਕਰਾਸ ਭਵਨ ਵਿਖੇ ਕਰਵਾਏ ਗਏ ਕਲਾ ਉਤਸਵ ਮੁਕਾਬਲਿਆਂ ਵਿੱਚ ਸੋਲੋ ਲੋਕ ਸੰਗੀਤਕ ਸਾਜ ਪਰਕਿਊਸਵ ਮੁਕਾਬਲੇ ਦੀ ਸ਼ੁਰੂਆਤ ਵਿੱਚ ਜੱਜਮੈਂਟ ਟੀਮ 'ਚ ਸ਼ਾਮਲ ਸ਼ਖਸੀਅਤਾਂ ਦੀ ਜਾਣ-ਪਹਿਚਾਣ ਕਰਵਾਉਂਦਿਆਂ ਹੀ ਹਾਲ ਵਿੱਚ ਬੈਠੇ ਲੋਕਾਂ ਵਿੱਚ ਘੁਸਰ-ਮੁਸਰ ਸ਼ੁਰੂ ਹੋ ਗਈ, ਕਈਆਂ ਨੇ ਤਾਂ ਮੌਕੇ 'ਤੇ ਹੀ ਮੁਕਾਬਲੇ ਦੇ ਜੱਜਮੈਂਟ ਟੀਮ ਵਿੱਚ ਸ਼ਾਮਲ ਮੈਂਬਰਾਂ ਦੀ ਯੋਗਤਾ ਤੇ ਤਜਰਬੇ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤਾ, ਪਰ ਹੱਦ ਤਾਂ ਉਸ ਸਮੇਂ ਹੋ ਗਈ, ਜਦੋਂ ਪਤਾ ਲੱਗਾ ਕਿ ਇੱਕ ਜੱਜ ਸਾਹਿਬ ਤਾਂ ਕੈਨੇਡਾ ਤੋਂ ਆਏ ਹਨ ਤੇ ਪ੍ਰਬੰਧਕਾਂ ਨੇ ਖੁਸ਼ ਕਰਨ ਲਈ ਉਨ੍ਹਾਂ ਨੂੰ ਲਗਭਗ ਸਾਰੇ ਹੀ ਮੁਕਾਬਲਿਆਂ ਲਈ ਪੱਕੇ ਤੌਰ 'ਤੇ ਹੀ ਜੱਜਮੈਂਟ ਸੀਟ 'ਤੇ ਬੈਠਾ ਦਿੱਤਾ, ਪਰ ਮੌਕੇ 'ਤੇ ਮੌਜੂਦ ਅਧਿਆਪਕਾਂ ਤੇ ਮਾਪਿਆਂ ਨੇ ਜੱਜਾਂ ਨੂੰ ਨਿਯਮ ਕਿਤਾਬਚਾ ਮੁਹੱਈਆ ਨਾ ਕਰਵਾਉਣ 'ਤੇ ਇਤਰਾਜ਼ ਜਤਾਇਆ, ਪਰ ਜਦੋਂ ਜੱਜਾਂ ਦੀ ਆਪਸੀ ਤਾਲਮੇਲ 'ਚ ਕਮੀ, ਯੋਗਤਾ, ਤਜਰਬੇ ਤੇ ਖਾਸ ਕਰਕੇ ਵਿਦੇਸ਼ ਤੋਂ ਆਏ ਕਿਸੇ ਵਿਅਕਤੀ ਨੂੰ ਮੁਕਾਬਲੇ ਦਾ ਜੱਜ ਤਾਇਨਾਤ ਕਰਨ ਸੰਬੰਧੀ ਰੌਲਾ ਵਧਣ ਲੱਗਾ ਤਾਂ ਤਿੰਨੋਂ ਹੀ ਜੱਜ ਮੌਕੇ ਤੋਂ ਗਾਇਬ ਕਰ ਦਿੱਤੇ ਗਏ, ਜਦੋਂਕਿ ਬਾਕੀ ਹਰ ਮੁਕਾਬਲੇ ਦੇ ਜੱਜ ਇਨਾਮ ਵੰਡ ਸਮਾਰੋਹ ਵਿੱਚ ਸ਼ਾਮਲ ਹੋਏ। ਇੱਕ ਭਾਗੀਦਾਰ ਦੇ ਅਧਿਆਪਕ ਰਜੇਸ਼ ਕੁਮਾਰ ਨੇ ਦੱਸਿਆ ਕਿ ਉਸ ਨੇ ਸੋਲੋ ਲੋਕ ਸੰਗੀਤਕ ਸਾਜ਼ ਮੁਕਾਬਲੇ ਦੇ ਸਰਕਾਰ ਵੱਲੋਂ ਜਾਰੀ ਨਿਯਮਾਂ ਤੇ ਜੱਜਮੈਂਟ ਟੀਮ 'ਚ ਸ਼ਾਮਲ ਸ਼ਖ਼ਸੀਅਤਾਂ ਦੀ ਆਪਸੀ ਤਾਲਮੇਲ 'ਚ ਕਮੀ ਹੋਣ ਬਾਰੇ ਹੋ ਰਹੀ ਆਮ ਚਰਚਾ ਸੰਬੰਧੀ ਉੱਚ-ਅਧਿਕਾਰੀਆਂ ਨੂੰ ਜਾਣੂ ਕਰਵਾਇਆ, ਪਰ ਉਨ੍ਹਾਂ ਨੇ ਜੱਜਾਂ ਨਾਲ ਭਾਗੀਦਾਰਾਂ ਦੀ ਮੀਟਿੰਗ ਕਰਵਾਉਣ ਤੇ ਨਤੀਜਾ ਰਾਖਵਾਂ ਰੱਖਣ ਦਾ ਲਾਰਾ ਸ਼ਾਮ ਤੱਕ ਲਗਾਈ ਰੱਖਿਆ ਅਤੇ ਆਪਣੀ ਚਹੇਤੀ ਭਾਗੀਦਾਰ ਨੂੰ ਪਹਿਲੇ ਸਥਾਨ 'ਤੇ ਰੱਖਣ ਵਿੱਚ ਕਾਮਯਾਬ ਰਹੇ। ਅਧਿਆਪਕ ਰਜੇਸ਼ ਨੇ ਕਿਹਾ ਕਿ ਉਸ ਕੋਲ ਚਾਰੇ ਹੀ ਭਾਗੀਦਾਰਾਂ ਦੀ ਵੀਡੀਓ ਹੈ ਤੇ ਉਹ ਮੁੱਖ ਮੰਤਰੀ, ਸਿੱਖਿਆ ਮੰਤਰੀ ਸਮੇਤ ਹੋਰ ਸੀਨੀਅਰ ਅਧਿਕਾਰੀਆਂ ਤੱਕ ਭਾਗੀਦਾਰਾਂ ਦੀ ਵੀਡੀਓ ਤੇ ਨਤੀਜੇ ਦੀ ਜਾਂਚ ਕਰਵਾਉਣ ਦਾ ਬੇਨਤੀ ਪੱਤਰ ਪਹੁੰਚਾਉਣ ਦੀ ਹਰ ਸੰਭਵ ਕੋਸ਼ਿਸ਼ ਕਰਨਗੇ ਤਾਂ ਜੋ ਸ੍ਰੀ ਮੁਕਤਸਰ ਸਾਹਿਬ ਦੇ ਸਿੱਖਿਆ ਅਧਿਕਾਰੀਆਂ ਵੱਲੋਂ ਕੀਤੀ ਅਣਗਹਿਲੀ ਤੇ ਮਿਲੀਭੁਗਤ ਦਾ ਪਰਦਾਫਾਸ਼ ਹੋ ਸਕੇ। ਉਨ੍ਹਾ ਕਿਹਾ ਕਿ ਇਹ ਸਿਰਫ ਇਸ ਮੁਕਾਬਲੇ ਵਿੱਚ ਹੀ ਨਹੀਂ ਧੱਕੇਸ਼ਾਹੀ ਹੋਈ, ਸਗੋਂ ਹੋਰ ਵੀ ਮੁਕਾਬਲਿਆਂ ਦੇ ਭਾਗੀਦਾਰ ਪ੍ਰਬੰਧਕਾਂ ਵੱਲੋਂ ਲਗਾਏ ਜੱਜਾਂ ਖਿਲਾਫ ਰੋਸ ਪ੍ਰਗਟ ਕਰਕੇ ਇਨਸਾਫ ਦੀ ਮੰਗ ਕਰ ਰਹੇ ਸਨ।

# ਤਿਉਹਾਰਾਂ ਦੇ ਮੱਦੇਨਜ਼ਰ ਸ਼ੱਕੀ ਵਾਹਨਾਂ ਦੀ ਚੈਕਿੰਗ, 9 ਦੇ ਕੱਟੇ ਚਲਾਨ

**ਬਰਨਾਲਾ (ਰਵਿੰਦਰ ਸ਼ਰਮਾ)**-ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਸਥਿਤ ਧਾਗਾ ਮਿੱਲ ਦੇ ਨਜ਼ਦੀਕ ਤਿਉਹਾਰਾਂ ਨੂੰ ਮੱਦੇਨਜ਼ਰ ਰੱਖਦਿਆਂ ਪੁਲਸ ਨੇ ਬਿਨਾਂ ਕਾਗਜ਼ਾਤਾਂ ਤੋਂ 9 ਚਲਾਨ ਕੱਟੇ ਗਏ, ਜਿਨ੍ਹਾਂ 'ਚੋਂ ਤਿੰਨ ਵਾਹਨਾਂ ਨੂੰ ਇੰਪਾਊਂਡ ਵੀ ਕੀਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁੱਖ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਐਸ.ਐਸ.ਪੀ. ਬਰਨਾਲਾ ਦੇ ਨਿਰਦੇਸ਼ਾਂ 'ਤੇ ਧਾਗਾ ਮਿੱਲ ਨੇੜੇ ਆਉਣ-ਜਾਣ ਵਾਲੇ ਦੋ ਪਹੀਆ ਵਾਹਨ ਚਾਲਕਾਂ ਅਤੇ ਚਾਰ ਪਹੀਆ ਵਾਹਨਾਂ ਨੂੰ ਰੋਕ ਕੇ ਡਿੱਗੀਆਂ ਦੀ ਚੈਕਿੰਗ ਕਰਕੇ ਵਹੀਕਲਾਂ ਦੇ ਦਸਤਾਵੇਜ਼ ਚੈੱਕ ਕੀਤੇ ਗਏ, ਜਿਨ੍ਹਾਂ ਵਾਹਨ ਚਾਲਕਾਂ ਦੇ ਦਸਤਾਵੇਜ਼ ਅਧੂਰੇ ਸਨ, ਉਨ੍ਹਾਂ ਦੇ ਚਲਾਨ ਕੱਟੇ ਗਏ ਅਤੇ ਤਿੰਨ ਵਹੀਕਲਾਂ ਨੂੰ ਇੰਪਾਊਂਡ ਵੀ ਕੀਤਾ ਗਿਆ। ਉਨ੍ਹਾਂ ਵਹੀਕਲ ਚਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਅਪਣੇ ਦਸਤਾਵੇਜ਼ ਪੂਰੇ ਰੱਖਣ ਤੇ ਵਹੀਕਲ ਦੇ ਅੱਗੇ ਪਿੱਛੇ ਨੰਬਰ ਪਲੇਟ ਲਗਵਾ ਕੇ ਰੱਖਣ। ਉਨ੍ਹਾਂ ਗੱਡੀਆਂ ਦੇ ਸ਼ੀਸ਼ਿਆਂ 'ਤੇ ਲੱਗੀ ਕਾਲੀ ਫਿਲਮ ਵੀ ਲੁਹਾਈ। ਉਨ੍ਹਾਂ ਚਾਲਕਾਂ ਨੂੰ ਚੇਤਾਵਨੀ ਵੀ ਦਿੱਤੀ ਕਿ ਜੇਕਰ ਕੋਈ ਉਕਤ ਚੀਜ਼ਾਂ ਦੀ ਉਲੰਘਣਾ ਕਰੇਗਾ, ਬਖਸ਼ਿਆ ਨਹੀਂ ਜਾਵੇਗਾ।



# ਪ੍ਰਾਇਮਰੀ ਸਕੂਲ ਖੱਪਿਆਂਵਾਲਾ ਦਾ ਵਿਦਿਆਰਥੀ ਅਰਮਾਨ ਸਿੰਘ ਬੈਸਟ ਐਥਲੀਟ ਬਣਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ.ਸਿੱ.) ਸ੍ਰੀ ਅਜੈ ਕੁਮਾਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤਿੰਨ ਰੋਜ਼ਾ ਸੈਂਟਰ ਪੱਧਰੀ ਖੇਡਾਂ (ਸੈਂਟਰ ਗੁਲਾਬੇਵਾਲਾ) ਦਾ ਇਨਾਮ ਵੰਡ ਸਮਾਰੋਹ ਸਰਕਾਰੀ ਪ੍ਰਾਇਮਰੀ ਸਕੂਲ ਬਰੂਹਾਂਵਾਲੀ (ਖੱਪਿਆਂਵਾਲੀ) ਬਲਾਕ ਮੁਕਤਸਰ-1 ਵਿਖੇ ਕਰਾਇਆ ਗਿਆ। ਸਮਾਗਮ ਵਿੱਚ ਸ਼ਰਨਜੀਤ ਸਿੰਘ ਸੰਧੂ ਸਰਪੰਚ ਪਿੰਡ ਸਦਰਵਾਲਾ, ਚੇਅਰਮੈਨ ਬਲਾਕ ਸੰਮਤੀ ਸ੍ਰੀ ਮੁਕਤਸਰ ਸਾਹਿਬ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਸਿੱਖਿਆ ਵਿਭਾਗ ਦੀ ਤਰਫੋਂ ਸਤਿਕਾਰਯੋਗ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮੁਕਤਸਰ-1 ਜਗਦੀਪ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਕਲੱਸਟਰ ਕੋਆਰਡੀਨੇਟਰ ਪ੍ਰਗਟ ਸਿੰਘ ਜੰਬਰ ਦੀ ਅਗਵਾਈ ਵਿੱਚ ਕਰਾਈਆਂ ਗਈਆਂ ਖੇਡਾਂ ਦੇ ਇਨਾਮ ਵੰਡ ਸਮਾਗਮ ਵਿੱਚ ਪਿੰਡ ਖੱਪਿਆਂਵਾਲੀ ਦੇ ਸਰਪੰਚ ਸਤਪਾਲ ਸਿੰਘ ਬੈਂਸ, ਉਘੇ ਸਮਾਜ ਸੇਵਕ ਜਗਜੀਤ ਸਿੰਘ ਬਧਾਈ, ਹਰਭਜਨ ਸਿੰਘ, ਮਨਜੀਤ ਸਿੰਘ, ਨਿਸ਼ਾਨ ਸਿੰਘ, ਮਨਦੀਪ ਸਿੰਘ, ਨੰਬਰਦਾਰ ਸੁਖਦੇਵ ਸਿੰਘ, ਹਰਭਗਵਾਨ ਸਿੰਘ, ਭੁਪਿੰਦਰ ਸਿੰਘ, ਗੁਰਮੀਤ ਸਿੰਘ, ਛਿੰਦਾ ਸਿੰਘ, ਹਰਜਿੰਦਰ ਸਿੰਘ, ਬਲਦੇਵ ਸਿੰਘ, ਜਰਮਨ ਸਿੰਘ, ਅਭੈਜੀਤ ਸਿੰਘ ਬੈਂਸ, ਗੁਰਜੀਤ ਸਿੰਘ, ਗੁਰਪਿੰਦਰ ਸਿੰਘ, ਗੁਰਪ੍ਰੀਤ ਸਿੰਘ, ਹਰਨਾਮ ਸਿੰਘ, ਭੁਪਿੰਦਰ ਸਿੰਘ, ਮਨਜੀਤ ਸਿੰਘ, ਮਲਕੀਤ ਸਿੰਘ ਆਦਿ ਹਾਜ਼ਰ ਸਨ।

ਖੇਡ ਮੁਕਾਬਲਿਆਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਬਰੂਹਾਂਵਾਲੀ (ਖੱਪਿਆਂਵਾਲੀ) ਦਾ ਵਿਦਿਆਰਥੀ ਅਰਮਾਨ ਸਿੰਘ ਬੈਸਟ ਐਥਲੀਟ ਚੁਣਿਆ ਗਿਆ ਤੇ ਕੁੜੀਆਂ ਵਿੱਚੋਂ ਪਵਨਦੀਪ ਕੌਰ ਗੁਲਾਬੇਵਾਲਾ ਬੈਸਟ ਐਥਲੀਟ ਚੁਣੀ ਗਈ। ਜੇਤੂ ਖਿਡਾਰੀਆਂ ਨੂੰ ਮੈਡਲ ਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਰਪੰਚ ਸੱਤਪਾਲ ਸਿੰਘ ਨੇ ਜੇਤੂ ਖਿਡਾਰੀਆਂ ਲਈ ਖੇਡ ਵਰਦੀਆਂ ਮੁਹੱਈਆ ਕਰਾਈਆਂ। ਮੁੱਖ ਮਹਿਮਾਨ ਸ਼ਰਨਜੀਤ ਸਿੰਘ ਸੰਧੂ ਨੇ ਪਿੰਡ ਦੇ ਖਿਡਾਰੀਆਂ ਲਈ ਖੇਡ ਕਿੱਟਾਂ ਵੀ ਤਕਸੀਮ ਕੀਤੀਆਂ। ਅੰਤ 'ਚ ਗ੍ਰਾਮ ਪੰਚਾਇਤ ਖੱਪਿਆਂਵਾਲੀ ਵੱਲੋਂ ਸ਼ਰਨਜੀਤ ਸਿੰਘ ਸੰਧੂ ਚੇਅਰਮੈਨ ਬਲਾਕ ਸੰਮਤੀ ਸ੍ਰੀ ਮੁਕਤਸਰ ਸ਼ਾਹ ਐਸ ਕਪੂਰ ਪੱਤਰਕਾਰ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮੁਕਤਸਰ, ਜਗਦੀਪ ਸਿੰਘ, ਲੰਗਰ ਕਮੇਟੀ ਖੱਪਿਆਂਵਾਲੀ, ਸਰਕਾਰੀ ਪ੍ਰਾਇਮਰੀ ਸਕੂਲ ਬਰੂਹਾਂਵਾਲੀ ਤੇ ਗੁਲਾਬੇਵਾਲਾ ਦੇ ਸਮੁੱਚੇ ਸਟਾਫ਼ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਮੰਚ ਸੰਚਾਲਨ ਦੀ ਡਿਊਟੀ ਕੰਵਰਜੀਤ ਸਿੰਘ ਬਰੂਹਾਂਵਾਲੀ ਨੇ ਬਾਖੂਬੀ ਨਿਭਾਈ।

# ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਵੱਲੋਂ ਟੂਰ



**ਅਜੀਤਵਾਲ (ਨਛੱਤਰ ਸੰਧੂ)**-ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਦੇ ਵਿਦਿਆਰਥੀਆਂ ਨੂੰ ਫ਼ਤਿਹਗੜ੍ਹ ਸਾਹਿਬ ਟੂਰ 'ਤੇ ਲਿਜਾਇਆ ਗਿਆ। ਸਭ ਤੋਂ ਪਹਿਲਾ ਜੋਤੀ ਸਰੂਪ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਾਏ ਤੇ ਬਾਅਦ ਵਿੱਚ ਠੰਡਾ ਬੁਰਜ ਗੁਰਦੁਆਰਾ ਸਾਹਿਬ ਤੇ ਰਾੜਾ ਸਾਹਿਬ ਗੁਰਦੁਆਰਾ ਸਾਹਿਬ ਲਿਜਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਗੁਰੂ ਕਾ ਲੰਗਰ ਛਕਾਇਆ ਗਿਆ। ਵਿਦਿਆਰਥੀਆਂ ਨੂੰ ਮਾਰਕਿਟ ਵੀ ਲਿਜਾਇਆ ਗਿਆ, ਜਿੱਥੋਂ ਬੱਚਿਆਂ ਨੇ ਸਾਮਾਨ ਖਰੀਦਿਆ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਯਾਤਰਾਵਾਂ ਵਿਦਿਆਰਥੀਆਂ ਲਈ ਮਨੋਰੰਜਨ ਵੀ ਪ੍ਰਦਾਨ ਕਰਦੀਆਂ ਹਨ। ਉਹ ਅਕਸਰ ਵਿਦਿਆਰਥੀਆਂ ਲਈ ਇੱਕ ਸ਼ਕਤੀਸ਼ਾਲੀ ਪ੍ਰੇਰਕ ਵਜੋਂ ਕੰਮ ਕਰਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਰੁਟੀਨ ਤੋਂ ਦੂਰ ਰਹਿਣ ਨਾਲ ਵਿਦਿਆਰਥੀਆਂ ਨੂੰ ਤਾਜ਼ਗੀ ਮਿਲਦੀ ਹੈ, ਜੋ ਉਨ੍ਹਾਂ ਨੂੰ ਪੜ੍ਹਾਈ ਵਿੱਚ ਮੁੜ ਕੇਂਦ੍ਰਤ ਕਰ ਸਕਦੀ ਹੈ। ਵਿਦਿਆਰਥੀ ਵਿੱਦਿਅਕ ਟੂਰ 'ਤੇ ਜਾ ਕੇ ਆਪਣੇ ਆਲੇ-ਦੁਆਲੇ ਦੇ ਸੰਸਾਰ ਦਾ ਇੱਕ ਬਿਹਤਰ ਦ੍ਰਿਸ਼ਟੀਕੋਣ ਪ੍ਰਾਪਤ ਕਰਦੇ ਹਨ। ਇਹ ਵੀ ਦੱਸਿਆ ਕਿ ਇਸ ਤਰ੍ਹਾਂ ਦੇ ਟੂਰਾਂ ਦਾ ਅਯੋਜਨ ਕਰਾਉਣ ਦਾ ਮੁੱਖ ਮਕਸਦ ਵਿਦਿਆਰਥੀਆਂ ਦਾ ਮਾਨਸਿਕ ਤੇ ਸਰੀਰਿਕ ਵਿਕਾਸ ਕਰਨਾ ਹੈ।

# ਮੁਸਲਮ ਭਾਈਚਾਰਾ ਵੀ ਨਸ਼ਾ ਮੁਕਤੀ ਦੇ ਰਾਹ ਤੁਰਿਆ, ਪੱਕੇ ਮੋਰਚੇ ਦਾ ਕਰੇਗਾ ਸਮਰਥਨ

■ ਨਸ਼ਾ, ਨਸ਼ੇੜੀ ਤੇ ਸਮਗਲਰ ਕਿਸੇ ਦੇ ਸਕੇ ਨਹੀਂ ਹੁੰਦੇ : ਮੋਫਰ



**ਮਾਨਸਾ (ਆਤਮਾ ਸਿੰਘ ਪਮਾਰ)**-ਨਸ਼ਾ ਮੁਕਤੀ ਨੂੰ ਲੈ ਕੇ ਮੁਸਲਮ ਭਾਈਚਾਰੇ ਦੀ ਇੱਕ ਭਰਵੀਂ ਇਕੱਤਰਤਾ ਮੁਸਲਮ ਫਰੰਟ ਦੇ ਸੂਬਾ ਪ੍ਰਧਾਨ ਹੰਸ ਰਾਜ ਮੋਫਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਨਸ਼ਾਬੰਦੀ ਲਈ ਮਾਨਸਾ ਦੇ ਬਾਲ ਭਵਨ ਵਿਖੇ ਚੱਲ ਰਹੇ ਪੱਕੇ ਮੋਰਚੇ ਦਾ ਸਮਰਥਨ ਕਰਦਿਆਂ ਜਨਾਬ ਹੰਸ ਰਾਜ ਮੋਫਰ ਨੇ ਕਿਹਾ ਕਿ ਨਸ਼ੇ, ਨਸ਼ੇੜੀ ਤੇ ਨਸ਼ਾ ਵੇਚਣ ਵਾਲੇ ਸਮਗਲਰ ਕਿਸੇ ਦੇ ਵੀ ਸਕੇ ਨਹੀਂ ਹੁੰਦੇ। ਜਿਵੇਂ ਨੂੰਹਾ ਆਪਣੇ ਬੱਚੇ ਨੂੰ ਵੀ ਖਾ ਜਾਂਦਾ ਹੈ, ਠੀਕ ਉਸੇ ਤਰ੍ਹਾਂ ਹੀ ਨਸ਼ਾ ਨਸ਼ੇੜੀਆਂ ਦਾ ਸਰੀਰ ਖਾ ਜਾਂਦਾ ਹੈ ਤੇ ਸਮਗਲਰ ਸਮਾਜ ਨੂੰ ਡਕਾਰ ਜਾਂਦੇ ਹਨ। ਘੁਣ ਲੱਗੀ ਕਣਕ ਦਾ ਤਾਂ ਕੋਈ ਨਾ ਕੋਈ ਦਾਣਾ ਬਚ ਸਕਦਾ ਹੈ, ਪਰ ਨਸ਼ੇ ਦਾ ਸ਼ਿਕਾਰ ਸਰੀਰ ਕਦੇ ਵੀ ਬਚ ਨਹੀਂ ਸਕਦਾ। ਉਨ੍ਹਾ ਕਿਹਾ ਸਾਡੀ ਲੜਾਈ ਕਿਸੇ ਵਿਅਕਤੀ, ਫਿਰਕੇ ਜਾਂ ਵਿਸ਼ੇਸ਼ ਵਰਗ ਨਾਲ ਨਹੀਂ ਸਗੋਂ ਨਸ਼ਾ ਤਸਕਰੀ 'ਚ ਲੱਗੇ ਸਮਾਜ ਵਿਰੋਧੀ ਅਨਸਰਾਂ ਨਾਲ ਹੈ। ਉਨ੍ਹਾ ਐਲਾਨ ਕੀਤਾ ਕਿ ਅਗਲੇ ਦਿਨਾਂ ਦੌਰਾਨ ਪੂਰੇ ਦਿਨ ਲਈ ਪੱਕੇ ਮੋਰਚੇ ਵਿੱਚ ਸ਼ਮੂਲੀਅਤ ਕਰੇਗਾ। ਮੁਸਲਮ ਫਰੰਟ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਰਵੀ ਖਾਨ ਨੇ ਕਿਹਾ ਕਿ ਚੰਗੇ ਜੀਵਨ ਲਈ ਇਕੱਲੇ ਪੈਸੇ ਦੀ ਨਹੀਂ ਚੰਗੇ ਸਮਾਜ, ਚੰਗੇ ਗੁਆਂਢੀ, ਚੰਗੇ ਮਿੱਤਰ ਤੇ ਚੰਗੇ ਲੋਕਾਂ ਦੀ ਵੀ ਲੋੜ ਹੁੰਦੀ ਹੈ। ਸਮਾਜ ਦੀ ਬਿਹਤਰੀ ਲਈ ਮਾੜੇ ਲੋਕਾਂ ਦਾ ਭਾਂਡਾ ਛੇਕਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਪੰਜਾਬ ਦੀ ਜਵਾਨੀ ਨੂੰ ਨਸੇ ਦੀ ਦਲਦਲ ਵਿੱਚੋਂ ਕੱਢਣ ਲਈ ਸਾਨੂੰ ਮਾੜੇ ਲੋਕਾਂ ਦੀ ਪਹਿਚਾਣ ਕਰਕੇ ਉਨ੍ਹਾਂ ਦਾ ਪੂਰਨ ਬਾਈਕਾਟ ਕਰਨਾ ਪਵੇਗਾ।

ਵਸੀਮ ਅਕਰਮ ਤੇ ਡਾਕਟਰ ਮਹਿਬੂਬ ਅਖਤਰ ਨੇ ਕਿਹਾ ਕਿ ਜਿਹੜੇ ਲੋਕ ਨਸ਼ਾਬੰਦੀ ਲਈ ਤੁਰੇ ਹੋਏ ਹਨ, ਅਸੀਂ ਤਨੋਂ ਮਨੋਂ ਉਨ੍ਹਾਂ ਦਾ ਸਾਥ ਦਿਆਂਗੇ, ਚਾਹੇ ਉਹ ਕਿਸੇ ਵੀ ਭਾਈਚਾਰੇ ਨਾਲ ਸਬੰਧ ਰੱਖਦੇ ਹੋਣ। ਐਂਟੀ ਡਰੱਗ ਟਾਸਕ ਫੋਰਸ ਦੇ ਪਰਮਿੰਦਰ ਸਿੰਘ ਝੋਟਾ ਨੇ ਇਸ ਮੌਕੇ ਕਿਹਾ ਕਿ ਸਾਡਾ ਮਨੋਰਥ ਤੇ ਨਿਸ਼ਾਨਾ ਲੋਕਾਂ ਦੇ ਅਣਭੋਲ ਧੀਆਂ ਪੁੱਤਾਂ ਨੂੰ ਬਚਾਉਣਾ ਹੈ, ਇਸ ਕਾਰਜ ਲਈ ਸਾਨੂੰ ਜਿਹੜੀ ਵੀ ਕੁਰਬਾਨੀ ਕਰਨੀ ਪਈ, ਅਸੀਂ ਤਿਆਰ ਹਾਂ। ਇਸ ਮੌਕੇ ਕੁਲਵਿੰਦਰ ਕਾਲੀ, ਬਾਬਾ ਪਰਦੀਪ ਸਿੰਘ, ਮੁਹੰਮਦ ਆਸਿਫ, ਮੁਹੰਮਦ ਜਾਵੇਦ, ਮੁਹੰਮਦ ਗੁਫਰਾਨ ਬੁਢਲਾਡਾ, ਅਮਨ ਪਟਵਾਰੀ, ਗਗਨ ਸ਼ਰਮਾ ਤੇ ਹੋਰ ਲੋਕ ਹਾਜ਼ਰ ਸਨ।

# ਹਰਜੀਤ ਸਿੰਘ ਹੁੰਦਲ ਦੀ ਯਾਦ 'ਚ ਤਿੰਨ ਦਿਨਾ ਹਾਕੀ ਮਹਾਂਕੁੰਭ ਸ਼ੁਰੂ

**ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਕਲੱਬਾਂ ਵੱਲੋਂ ਕੀਤੇ ਜਾਂਦੇ ਉਪਰਾਲੇ ਸ਼ਲਾਘਾਯੋਗ : ਸੁਖਜੀਤ ਕਾਕਾ**



ਖਿਡਾਰੀਆਂ ਨਾਲ ਸਾਂਝੀ ਤਸਵੀਰ ਕਰਵਾਉਣ ਸਮੇਂ ਇੰਡੀਆ ਹਾਕੀ ਟੀਮ ਦੇ ਗੋਲਡ ਮੈਡਲ ਜੇਤੂ ਸੁਖਜੀਤ ਸਿੰਘ ਕਾਕਾ ਤੇ ਪ੍ਰਬੰਧਕ।

**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਸਵ: ਸਰਦਾਰ ਹਰਜੀਤ ਸਿੰਘ ਹੁੰਦਲ ਮੈਮੋਰੀਅਲ ਹਾਕੀ ਕਲੱਬ ਅਮਲੋਹ ਵੱਲੋਂ ਐੱਨ ਆਰ ਆਈ ਵੀਰਾਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਤੀਸਰਾ ਹਾਕੀ ਮਹਾਂਕੁੰਭ ਸ਼ੁੱਕਰਵਾਰ ਨੂੰ ਸ਼ੁਰੂ ਹੋਇਆ, ਜਿਸ ਦੀ ਸ਼ੁਰੂਆਤ ਸਵ. ਹਰਜੀਤ ਸਿੰਘ ਹੁੰਦਲ ਦੀ ਮਾਤਾ ਮਨਜੀਤ ਕੌਰ ਤੇ ਪਰਿਵਾਰ ਵੱਲੋਂ ਕਰਵਾਈ ਗਈ। ਇਸ ਮੌਕੇ ਏਸ਼ੀਅਨ ਖੇਡਾਂ ਵਿੱਚ ਗੋਲਡ ਮੈਡਲ ਜੇਤੂ ਇੰਡੀਆ ਹਾਕੀ ਟੀਮ ਦੇ ਖਿਡਾਰੀ ਸੁਖਜੀਤ ਸਿੰਘ ਕਾਕਾ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਸ ਦਾ ਅਮਲੋਹ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਖਿਡਾਰੀ ਸੁਖਜੀਤ ਕਾਕਾ ਨੇ ਕਿਹਾ ਕਿ ਸ੍ਰ. ਹਰਜੀਤ ਸਿੰਘ ਹੁੰਦਲ ਮੈਮੋਰੀਅਲ ਹਾਕੀ ਕਲੱਬ ਅਮਲੋਹ ਵੱਲੋਂ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ ਤੇ ਨੌਜਵਾਨ ਖੇਡਾਂ ਨਾਲ ਜੁੜ ਕੇ ਪੰਜਾਬ ਦਾ ਨਾਮ ਰੌਸ਼ਨ ਕਰਨ। ਉਨ੍ਹਾ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਦੀਆਂ ਹਨ, ਉਥੇ ਹੀ ਸਿਹਤ ਦਾ ਵਿਕਾਸ ਵੀ ਹੁੰਦਾ ਹੈ। ਉਨ੍ਹਾ ਕਿਹਾ ਕਿ ਜਿਹੜੇ ਨੌਜਵਾਨ ਨਸ਼ਿਆਂ ਦੇ ਆਦੀ ਹੋ ਗਏ ਹਨ, ਉਹ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਵਿੱਚ ਹਿੱਸਾ ਲੈਣ। ਇਸ ਮੌਕੇ ਕਲੱਬ ਦੇ ਮੈਂਬਰਾਂ ਨੇ ਦੱਸਿਆ ਕਿ ਤਿੰਨ ਦਿਨਾਂ ਹਾਕੀ ਮਹਾਂਕੁੰਭ ਸਵ: ਸ੍ਰ. ਹਰਜੀਤ ਸਿੰਘ ਹੁੰਦਲ ਦੀ ਯਾਦ ਨੂੰ ਸਮਰਪਤ ਹੈ, ਜਿਸ ਦੇ ਫਾਈਨਲ ਮੁਕਾਬਲੇ 15 ਅਕਤੂਬਰ ਨੂੰ ਹੋਣਗੇ। ਉਨ੍ਹਾਂ ਦੱਸਿਆ ਕਿ ਜਿੱਥੇ ਪਹਿਲੇ ਤੇ ਦੂਸਰੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ ਵੱਡੀਆਂ ਰਾਸ਼ੀਆਂ ਨਾਲ ਸਨਮਾਨਤ ਕੀਤਾ ਜਾਵੇਗਾ, ਉਥੇ ਹੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਨ ਵਾਲੇ ਤਿੰਨ ਖਿਡਾਰੀਆਂ ਨੂੰ ਸਾਈਕਲਾਂ ਨਾਲ ਸਨਮਾਨਤ ਕੀਤਾ ਜਾਵੇਗਾ। ਆਖਰੀ ਦਿਨ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਮੁੱਖ ਮਹਿਮਾਨ ਗੁਰਿੰਦਰ ਸਿੰਘ ਗੈਰੀ ਬੀੜਿੰਗ ਹਲਕਾ ਵਿਧਾਇਕ ਅਮਲੋਹ, ਅੰਤਰਰਾਸ਼ਟਰੀ ਹਾਕੀ ਖਿਡਾਰੀ ਓਲੰਪੀਅਨ ਰਾਜਪਾਲ ਸਿੰਘ ਹੁੰਦਲ ਐੱਸ.ਪੀ., ਇੰਦਰਜੀਤ ਸਿੰਘ ਚੱਢਾ, ਓਲੰਪੀਅਨ ਧਰਮਵੀਰ ਸਿੰਘ ਡੀ.ਐੱਸ.ਪੀ., ਨਵਦੀਪ ਸਿੰਘ ਨੈਬੀ ਕਰਨਗੇ। ਇਸ ਮੌਕੇ ਬਲਜੀਤ ਸਿੰਘ ਹੁੰਦਲ ਮਰਾੜੂ, ਹਰਪ੍ਰੀਤ ਸਿੰਘ ਹੁੰਦਲ ਸਰਪੰਚ, ਕਲੱਬ ਪ੍ਰਧਾਨ ਪਰਮਜੀਤ ਸਿੰਘ ਵਿਰਕ, ਉੱਪ-ਪ੍ਰਧਾਨ ਹਰਜੋਤ ਸਿੰਘ ਸਬ ਇੰਸਪੈਕਟਰ, ਤਰਨਦੀਪ ਬਦੇਸ਼ਾ, ਗੁਰਪ੍ਰੀਤ ਹੁੰਦਲ, ਹਰਬੰਸ ਸਿੰਘ, ਮਨਜੀਤ ਕੈਂਥ, ਦਵਿੰਦਰ ਸਿੰਘ ਭੱਦਲਥੂਹਾ, ਗਗਨਦੀਪ ਗੱਗੀ, ਪਰਮਿੰਦਰ ਕੁਮਾਰ ਤੇ ਵੱਡੀ ਗਿਣਤੀ ਲੋਕ ਮੌਜੂਦ ਸਨ।

# ਐੱਸ ਸੀ ਈ ਆਰ ਟੀ ਤੇ ਖਾਨ ਅਕੈਡਮੀ ਵੱਲੋਂ ਅਧਿਆਪਕਾਂ ਦਾ ਸਨਮਾਨ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਐਸ.ਸੀ.ਈ.ਆਰ.ਟੀ. ਤੇ ਖਾਨ ਅਕੈਡਮੀ ਵੱਲੋਂ ਚੰਡੀਗੜ੍ਹ ਵਿਖੇ ਅਧਿਆਪਕ ਸੈਲੀਬਰੇਸ਼ਨ ਈਵੈਂਟ ਕਰਾਇਆ ਗਿਆ। ਇਸ ਇਵੈਂਟ ਦਾ ਮੰਤਵ ਪੰਜਾਬ ਰਾਜ ਦੇ ਉਨ੍ਹਾਂ ਅਧਿਆਪਕਾਂ ਨੂੰ ਸਨਮਾਨਤ ਕਰਨਾ ਸੀ, ਜਿਨ੍ਹਾਂ ਨੇ ਗਣਿਤ ਵਿਸ਼ੇ ਦੀਆਂ ਲਰਨਿੰਗ ਆਊਟਕਮਜ਼ ਵਿੱਚ ਸੁਧਾਰ ਕਰਨ ਲਈ ਖਾਨ ਅਕੈਡਮੀ ਦੇ ਪਰਸਨਲਾਇਜ਼ਡ ਪ੍ਰੈਕਟਿਸ ਪ੍ਰੋਗਰਾਮ ਦੀ ਲਗਾਤਾਰ ਵਰਤੋਂ ਕੀਤੀ ਹੈ। ਇਸ ਇਵੈਂਟ ਵਿੱਚ 24 ਗਣਿਤ ਅਧਿਆਪਕਾਂ, 6 ਵੀਡੀਓ ਅਨੁਵਾਦਕਾਂ ਤੇ 20 ਅਨੁਵਾਦਕਾਂ ਨੂੰ ਸਨਮਾਨਤ ਕੀਤਾ ਗਿਆ। ਖਾਨ ਅਕੈਡਮੀ ਦੇ ਪਰਸਨਲਾਇਜ਼ਡ ਪ੍ਰੈਕਟਿਸ ਪ੍ਰੋਗਰਾਮ ਦੀ ਲਗਾਤਾਰ ਵਰਤੋਂ ਕਰਨ ਤੇ ਇਸ ਖੇਤਰ ਵਿੱਚ ਆਪਣੇ ਅਣਮੁੱਲੇ ਯੋਗਦਾਨ ਲਈ ਸ. ਅਮਨਪ੍ਰੀਤ ਸਿੰਘ, ਡਾਇਰੈਕਟਰ ਐੱਸ.ਸੀ.ਈ.ਆਰ.ਟੀ., ਸਕੂਲ ਸਿੱਖਿਆ ਵਿਭਾਗ, ਪੰਜਾਬ ਦੁਆਰਾ ਸਰਕਾਰੀ ਮਿਡਲ ਸਕੂਲ, ਅਟਾਰੀ (ਸ੍ਰੀ ਮੁਕਤਸਰ ਸਾਹਿਬ) ਦੀ ਅਧਿਆਪਕਾ ਏਕਤਾ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਖਾਨ ਅਕੈਡਮੀ ਦੀ ਪੂਰੀ ਪੰਜਾਬ ਟੀਮ ਤੇ ਖਾਨ ਅਕੈਡਮੀ ਦੇ ਵਿੱਤੀ ਸਹਿਯੋਗੀ ਐਸ.ਬੀ.ਆਈ. ਫਾਊਂਡੇਸ਼ਨ ਤੇ ਐਸ.ਬੀ.ਆਈ. ਫੰਡਜ਼ ਮੈਨੇਜਮੈਂਟ ਦੇ ਆਗੂ ਵੀ ਸ਼ਾਮਲ ਸਨ, ਜਿਨ੍ਹਾਂ ਨੇ ਮੈਡਮ ਏਕਤਾ ਨੂੰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦਾ ਨਾਂਅ ਰੌਸ਼ਨ ਕਰਨ ਦੀ ਇਸ ਉਪਲਬਧੀ ਲਈ ਵਧਾਈ ਦਿੱਤੀ ਤੇ ਭਵਿੱਖ ਵਿੱਚ ਖਾਨ ਅਕੈਡਮੀ ਨਾਲ ਜੁੜੇ ਰਹਿਣ ਤੇ ਹੋਰ ਮੱਲਾਂ ਮਾਰਨ ਲਈ ਉਤਸ਼ਾਹਤ ਕੀਤਾ। ਇਸ ਮੌਕੇ ਮੈਡਮ ਏਕਤਾ ਨੇ ਖਾਨ ਅਕੈਡਮੀ ਪਲੇਟਫਾਰਮ 'ਤੇ ਵਧੇਰੇ ਅਧਿਆਪਕਾਂ ਨੂੰ ਸ਼ਾਮਲ ਕਰਨ ਲਈ ਡਾਇਰੈਕਟਰ, ਐਸ.ਸੀ.ਈ.ਆਰ.ਟੀ. ਤੇ ਖਾਨ ਅਕੈਡਮੀ ਟੀਮ ਅੱਗੇ ਆਪਣੇ ਸੁਝਾਅ ਪੇਸ਼ ਕੀਤੇ।

# ਬਾਬਾ ਫਰੀਦ ਲਾਅ ਕਾਲਜ ਵਿਖੇ ਖੇਡ ਟੂਰਨਾਮੈਂਟ ਦਾ ਸਮਾਪਤੀ ਸਮਾਰੋਹ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵਿੱਚ ਚੇਅਰਮੈਨ ਸ. ਇੰਦਰਜੀਤ ਸਿੰਘ ਖਾਲਸਾ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਸ੍ਰੀ ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਤਿੰਨ ਰੋਜ਼ਾ ਸਪੋਰਟਸ ਮੀਟ (ਖੇਡ ਟੂਰਨਾਮੈਂਟ) ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੀ.ਏ.ਐਲ.ਐਲ.ਬੀ. (ਪੰਜ ਸਾਲਾ ਕੋਰਸ) ਤੇ ਐੱਲ.ਐੱਲ.ਬੀ. (ਤਿੰਨ ਸਾਲਾ ਕੋਰਸ) ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਟੂਰਨਾਮੈਂਟ ਵਿੱਚ ਲੜਕੇ ਤੇ ਲੜਕੀਆਂ ਦੀਆਂ ਵੱਖ-ਵੱਖ ਖੇਡਾਂ ਜਿਵੇਂ ਕ੍ਰਿਕਟ, ਵਾਲੀਬਾਲ, ਬੈਡਮਿੰਟਨ, ਕੈਰਮ ਬੋਰਡ, ਚੈੱਸ, ਖੋ-ਖੋ ਤੇ 100 ਮੀਟਰ ਰੇਸ ਆਦਿ ਖੇਡਾਂ ਕਰਵਾਈਆਂ ਗਈਆਂ। ਇਸ ਖੇਡ ਟੂਰਨਾਮੈਂਟ ਦੇ ਆਖਰੀ ਦਿਨ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਲਈ ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਇਨਾਮ ਦਿੱਤੇ ਗਏ। ਇਸ ਦੌਰਾਨ ਕ੍ਰਿਕਟ ਵਿੱਚ ਬੀ.ਏ., ਐਲ.ਐਲ.ਬੀ. ਭਾਗ-ਪੰਜਵਾਂ ਦੀ ਟੀਮ ਜੇਤੂ ਰਹੀ ਤੇ ਬੀ.ਏ., ਐੱਲ.ਐੱਲ.ਬੀ. ਭਾਗ-ਚੌਥਾ ਦੀ ਟੀਮ ਰਨਰ-ਅੱਪ ਰਹੀ। ਲੜਕੀਆਂ ਦੀ 100 ਮੀਟਰ ਰੇਸ 'ਚੋਂ ਲਾਚੀ ਨੇ ਪਹਿਲਾ ਤੇ ਸੰਦੀਪ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ, 100 ਮੀਟਰ ਲੜਕਿਆਂ ਦੀ ਰੇਸ 'ਚੋਂ ਦਿਸ਼ਾਂਤ, ਅਰਫਾਨ ਨੇ ਪਹਿਲਾ ਤੇ ਗੌਰਵ ਨੇ ਦੂਜਾ ਸਥਾਨ ਹਾਸਲ ਕੀਤਾ। ਚੈੱਸ 'ਚੋਂ ਕੁਸ਼ਾਨ ਗੋਰ ਨੇ ਪਹਿਲਾ ਤੇ ਪ੍ਰਿੰਸ ਕੁਮਾਰ ਨੇ ਦੂਜਾ ਸਥਾਨ, ਚੈੱਸ ਲੜਕੀਆਂ 'ਚੋਂ ਰੁਪਿੰਦਰ ਕੌਰ ਨੇ ਪਹਿਲਾ ਤੇ ਮਨਪ੍ਰੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। ਬੈਡਮਿੰਟਨ 'ਚੋਂ ਅਰਮਾਨ ਸਿੰਘ ਨੇ ਪਹਿਲਾ ਤੇ ਅਰਚਿਤ ਜੈਨ ਨੇ ਦੂਜਾ ਸਥਾਨ ਹਾਸਲ ਕੀਤਾ। ਬੈਡਮਿੰਟਨ ਲੜਕੀਆਂ 'ਚੋਂ ਪ੍ਰਾਚੀ ਸ਼ਰਮਾ ਨੇ ਪਹਿਲਾ ਤੇ ਇਸ਼ਵਿਨ ਰਾਂਝਾ ਨੇ ਦੂਜਾ ਸਥਾਨ ਹਾਸਲ ਕੀਤਾ। ਖੋ-ਖੋ 'ਚੋਂ ਏਕਮ, ਲੀਨਾ, ਕੈਥਰੀਨ, ਪ੍ਰਾਚੀ, ਸੰਦੀਪ ਤੇ ਜਸਲੀਨ ਦੀ ਟੀਮ ਪਹਿਲੇ ਅਤੇ ਅਰਸ਼ਦੀਪ, ਗਗਨਦੀਪ, ਗੀਤਾਂਜਲੀ, ਲਛਮੀ, ਹਰਪ੍ਰੀਤ ਤੇ ਲਾਚੀ ਦੀ ਟੀਮ ਦੂਜੇ ਸਥਾਨ 'ਤੇ ਰਹੀ। ਖੇਡਾਂ ਦੇ ਸਫਲਤਾਪੂਰਵਕ ਸਮਾਪਤੀ 'ਤੇ ਕਾਲਜ ਦੇ ਚੇਅਰਮੈਨ ਸ੍ਰ. ਇੰਜਨਜੀਤ ਸਿੰਘ ਖਾਲਸਾ ਨੇ ਸਮੂਹ ਖਿਡਾਰੀਆਂ ਤੇ ਸਟਾਫ ਨੂੰ ਵਧਾਈਆਂ ਦਿੱਤੀਆਂ। ਖੇਡਾਂ ਦੇ ਸਮਾਪਤੀ ਸਮਾਰੋਹ ਦੌਰਾਨ ਮਾਨਯੋਗ ਡਾ. ਗੁਰਇੰਦਰ ਮੋਹਣ ਸਿੰਘ ਤੇ ਸ. ਕੁਲਜੀਤ ਸਿੰਘ ਮੋਂਗੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਅੰਤ ਵਿੱਚ ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਕਾਲਜ ਦੇ ਖੇਡ ਇੰਚਾਰਜ ਡਾ. ਮਨੀਸ਼ ਕੁਮਾਰ ਖੁੰਗਰ, ਸ੍ਰੀ ਮਨਿੰਦਰ ਸਿੰਘ, ਡਾ. ਪਰਮਿੰਦਰ ਸਿੰਘ, ਸ੍ਰੀ ਕਰਮਬੀਰ ਸਿੰਘ, ਡਾ. ਮਨਪ੍ਰੀਤ ਕੌਰ ਤੇ ਮਿਸ ਮਨਜਿੰਦਰ ਕੌਰ ਨੇ ਜੇਤੂ ਖਿਡਾਰੀਆਂ ਨੂੰ ਵਧਾਈਆਂ ਦਿੱਤੀਆਂ। ਇੰਚਾਰਜ ਅਕੈਡਮਿਕ ਡਾ. ਨਵਜੋਤ ਕੌਰ ਨੇ ਸਮੂਹ ਵਿਦਿਆਰਥੀਆਂ ਤੇ ਸਟਾਫ ਨੂੰ ਖੇਡਾਂ ਦੇ ਸਫਲਤਾਪੂਰਵਕ ਨੇਪਰੇ ਚੜ੍ਹਨ ਦੀ ਵਧਾਈ ਦਿੱਤੀ।

# ਸੈਨੇਟਰੀ ਇੰਸਪੈਕਟਰ ਦੀਆਂ ਵਧੀਕੀਆਂ ਖਿਲਾਫ ਸਫਾਈ ਸੇਵਕਾਂ ਵੱਲੋਂ ਧਰਨਾ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਨਗਰ ਪੰਚਾਇਤ ਵਿਖੇ ਸਫਾਈ ਕਰਮਚਾਰੀਆਂ ਵੱਲੋਂ ਸੈਨਟਰੀ ਇੰਸਪੈਕਟਰ ਵਧੀਕੀਆਂ ਖਿਲਾਫ ਮੁਕੰਮਲ ਹੜਤਾਲ ਸ਼ੁਰੂ ਕਰਕੇ ਨਗਰ ਪੰਚਾਇਤ ਦਫਤਰ ਵਿਖੇ ਧਰਨਾ ਲਾਇਆ। ਸਫਾਈ ਕਰਮਚਾਰੀਆਂ ਨੇ ਕਿਹਾ ਕਿ ਸਾਨੂੰ ਸੈਨੇਟਰੀ ਇੰਸਪੈਕਟਰ ਵੱਲੋਂ ਬਹੁਤ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਸਾਡੀਆਂ ਹਾਜ਼ਰੀਆਂ ਨੂੰ ਗੈਰ-ਹਾਜ਼ਰੀ ਵਿੱਚ ਤਬਦੀਲ ਕਰਕੇ ਸਾਨੂੰ ਬਲੈਕਮੇਲ ਕੀਤਾ ਜਾਂਦਾ ਹੈ। ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਵਿਜੈ ਕੁਮਾਰ ਭੀਖੀ ਨੇ ਕਿਹਾ ਕਿ ਨਗਰ ਪੰਚਾਇਤ ਭੀਖੀ ਵਿੱਚ ਬਹੁਤ ਵੱਡੇ ਪੱਧਰ 'ਤੇ ਘਪਲੇ ਹੋ ਰਹੇ ਹਨ ਅਤੇ ਬਿਨਾਂ ਕਿਸੇ ਟੈਂਡਰ ਤੋਂ ਨਗਰ ਪੰਚਾਇਤ ਦਫ਼ਤਰ ਦਾ ਸਾਮਾਨ ਵੇਚ ਵੱਟ ਕੇ ਖੁਰਦ ਬੁਰਦ ਕਰ ਰਹੇ ਹਨ। ਉਨ੍ਹਾ ਕਿਹਾ ਕਿ ਉਕਤ ਅਧਿਕਾਰੀਆਂ ਵੱਲੋਂ ਸਫਾਈ ਸੇਵਕਾਂ ਤੋਂ ਘਰ ਦਾ ਨਿੱਜੀ ਕੰਮ ਕਰਵਾਇਆ ਜਾਂਦਾ ਹੈ ਤੇ ਸ਼ਹਿਰ ਵਿੱਚ ਗੰਦਗੀ ਨਾਲ ਬੁਰਾ ਹਾਲ ਹੈ। ਉਨ੍ਹਾ ਕਿਹਾ ਕਿ ਉਕਤ ਇੰਸਪੈਕਟਰ ਨੇ ਤਿੰਨ ਮਜ਼ਦੂਰਾਂ ਨੂੰ ਦਫ਼ਤਰ ਅਤੇ ਡੰਪ 'ਤੇ ਛੱਡ ਰੱਖਿਆ ਹੈ, ਦਫਤਰ ਵਿੱਚ ਆਉਂਦੇ ਡੀਜ਼ਲ ਨੂੰ ਆਪਣੇ ਨਿੱਜੀ ਵਾਹਨਾਂ ਲਈ ਵਰਤਿਆ ਜਾਂਦਾ ਹੈ। ਉਨ੍ਹਾ ਕਿਹਾ ਕਿ ਇਸ ਸਬੰਧੀ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ। ਉਨ੍ਹਾ ਕਿਹਾ ਕਿ ਅਸੀਂ ਅਜਿਹੀ ਗੁੰਡਾਗਰਦੀ ਬਰਦਾਸ਼ਤ ਨਹੀਂ ਕਰਾਂਗੇ ਤੇ ਸਫਾਈ ਕਰਮਚਾਰੀਆਂ ਨਾਲ ਡੱਟ ਕੇ ਖੜੇ ਹਾਂ। ਉਨ੍ਹਾ ਕਿਹਾ ਕਿ ਇਸ ਸਬੰਧੀ ਈ ਓ ਭੀਖੀ ਨੂੰ ਇੱਕ ਮੰਗ ਪੱਤਰ ਵੀ ਦਿੱਤਾ। ਇਸ ਮੌਕੇ ਮਾ. ਵਰਿੰਦਰ ਸੋਨੀ, ਸੁਖਵਿੰਦਰ ਸਿੰਘ, ਮੱਖਣ ਹਾਜੀ, ਅਮਨ ਭੀਖੀ, ਸਫਾਈ ਕਰਮਚਾਰੀ ਕਰਮ ਚੰਦ, ਅਨੀਸ਼, ਵਿਜੈ, ਬਲਵੀਰ, ਅਮਰਜੀਤ, ਰਾਜੂ ਪ੍ਰਧਾਨ, ਸਨੀ, ਰਵੀ, ਅਰੁਣ, ਪੂਰਨ ਰਾਮ ਸਮੇਤ ਹੋਰ ਵੀ ਹਾਜ਼ਰ ਸਨ। ਇਸ ਸਬੰਧੀ ਜਦੋਂ ਸੈਨਟਰੀ ਇੰਸਪੈਕਟਰ ਰੁਸਤਮ ਸ਼ੇਰ ਸੋਢੀ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਆਪਣੇ 'ਤੇ ਲਾਏ ਦੋਸ਼ਾਂ ਨੂੰ ਬੇਬੁਨਿਆਦ ਦੱਸਦਿਆਂ ਕਿਹਾ ਕਿ ਸਫਾਈ ਸੇਵਕਾਂ ਦੀਆਂ ਮੰਗਾਂ ਮੰਨ ਲਈਆਂ ਗਈਆਂ ਹਨ।

# ਮਜ਼ਦੂਰ ਵਿਰੋਧੀ 12 ਘੰਟੇ ਕੰਮ ਦਾ ਨੋਟੀਫਿਕੇਸ਼ਨ ਸਰਕਾਰ ਫੌਰੀ ਵਾਪਸ ਲਵੇ : ਕੂੰਮਕਲਾਂ/ਭੱਟੀ



**ਸਮਰਾਲਾ (ਸੁਰਜੀਤ ਸਿੰਘ)**-ਪਿੰਡ ਪੰਜਗਰਾਈਆਂ ਵਿਖੇ ਮਨਰੇਗਾ ਮਜ਼ਦੂਰਾਂ ਦੀ ਇੱਕ ਭਰਵੀਂ ਮੀਟਿੰਗ ਕੀਤੀ ਗਈ, ਜਿਸ ਵਿੱਚ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵਿਸਥਾਰ ਸਹਿਤ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਟੂ ਪੰਜਾਬ ਦੇ ਸੂਬਾ ਸਕੱਤਰ ਤੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਸਾਥੀ ਅਮਰ ਨਾਥ ਕੂੰਮਕਲਾਂ ਤੇ ਸੂਬਾ ਕਮੇਟੀ ਮੈਂਬਰ ਸਾਥੀ ਹਰੀ ਰਾਮ ਭੱਟੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਜ਼ਦੂਰ ਪੱਖੀ 44 ਕਾਨੂੰਨ ਤੋੜ ਕੇ ਚਾਰ ਲੇਬਰ ਕੋਡ ਤਾਂ ਭਾਜਪਾ ਵਿਰੋਧੀ ਸੂਬਿਆਂ ਵਿੱਚ ਅਜੇ ਲਾਗੂ ਨਹੀਂ ਕਰ ਸਕੀ, ਪ੍ਰੰਤੂ ਪੰਜਾਬ ਦੀ ਮਾਨ ਸਰਕਾਰ ਨੇ ਅਪਣਾ ਮਜ਼ਦੂਰ ਪੱਖੀ ਮਖੌਟਾ ਉਤਾਰ ਕੇ ਮੋਦੀ ਸਰਕਾਰ ਦੇ ਰਸਤੇ 'ਤੇ ਚੱਲ ਕੇ ਮਜ਼ਦੂਰਾਂ, ਮੁਲਾਜ਼ਮਾਂ ਤੇ ਮਿਹਨਤਕਸ਼ ਲੋਕਾਂ ਦੇ ਜੁਝਾਰੂ ਪੁਰਖਿਆਂ ਵੱਲੋਂ ਭਾਰੀ ਕੁਰਬਾਨੀਆਂ ਕਰਕੇ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਸੰਨ 1886 ਈਸਵੀ ਵਿੱਚ ਕੰਮ ਕਰਨ ਦਾ ਸਮਾਂ 8 ਘੰਟੇ ਨਿਸ਼ਚਿਤ ਕਰਵਾਇਆ ਸੀ।

ਬੀਤੇ 20 ਸਤੰਬਰ ਨੂੰ ਮਜ਼ਦੂਰਾਂ, ਮੁਲਾਜ਼ਮਾਂ ਵਿਰੁੱਧ ਮਜ਼ਦੂਰ ਸੰਗਠਨਾਂ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਿਨਾਂ 136 ਸਾਲ ਪਹਿਲਾਂ ਤੋਂ ਦੁਨੀਆ ਪੱਧਰ 'ਤੇ ਬਣੇ ਕਾਨੂੰਨ ਨੂੰ ਤੋੜ ਕੇ ਭਗਵੰਤ ਮਾਨ ਸਰਕਾਰ ਨੇ ਨਾਦਰਸ਼ਾਹੀ ਫ਼ੁਰਮਾਨ ਜਾਰੀ ਕਰਦਿਆਂ ਕੰਮ ਕਰਨ ਦੇ ਸਮੇਂ ਨੂੰ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨ ਦਾ ਇੱਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ। ਪੰਜਾਬ ਵਿੱਚ ਜਿਉਂ ਜਿਉਂ ਮਜ਼ਦੂਰਾਂ ਨੂੰ ਇਸ ਬਾਰੇ ਜਾਣਕਾਰੀ ਹੋ ਰਹੀ ਹੈ, ਤਿਉਂ ਤਿਉਂ ਮਜ਼ਦੂਰਾਂ ਵਿੱਚ ਭਾਰੀ ਗੁੱਸਾ ਵਧ ਰਿਹਾ ਹੈ। ਸਾਥੀ ਕੂੰਮਕਲਾਂ ਨੇ ਦੱਸਿਆ ਕਿ 14-15 ਅਕਤੂਬਰ ਨੂੰ ਲੁਧਿਆਣਾ ਵਿਖੇ ਸ਼ਾਮ ਨਗਰ ਦੀ ਧਰਮਸ਼ਾਲਾ ਵਿੱਚ ਸੀਟੂ ਦੀ ਦੋ ਰੋਜ਼ਾ ਸੂਬਾਈ ਵਰਕਿੰਗ ਕਮੇਟੀ ਦੀ ਮੀਟਿੰਗ ਹੋਵੇਗੀ, ਜਿਸ 'ਚ ਆਲ ਇੰਡੀਆ ਸੀਟੂ ਦੇ ਪ੍ਰਧਾਨ ਡਾਕਟਰ ਹੇਮ ਲਤਾ ਤੇ ਜਨਰਲ ਸਕੱਤਰ ਸਾਬਕਾ ਪਾਰਲੀਮੈਂਟ ਮੈਂਬਰ ਸਾਥੀ ਤਪਨਸੇਨ ਅਗਲੇ ਸੰਘਰਸ਼ਾਂ ਨੂੰ ਚਲਾਉਣ ਲਈ ਦਿਸ਼ਾ ਤੇ ਦਸ਼ਾ ਦੇਣਗੇ। ਉਨ੍ਹਾਂ ਮਜ਼ਦੂਰਾਂ ਨੂੰ ਅਪੀਲ ਕਰਦਿਆਂ ਸਰਕਾਰ ਦੀਆਂ ਲੋਕਮਾਰੂ ਨੀਤੀਆਂ ਵਿਰੁੱਧ ਮਜ਼ਦੂਰ, ਕਿਸਾਨ ਏਕਤਾ ਲਈ 24 ਅਗਸਤ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਦੇ ਮੋਰਚੇ ਵੱਲੋਂ ਦਿੱਲੀ ਤਾਲਕਟੋਰਾ ਸਟੇਡੀਅਮ ਵਿੱਚ ਹੋਈ ਸਾਂਝੀ ਕਨਵੈਨਸ਼ਨ ਵੱਲੋਂ ਉਲੀਕੇ ਗਏ ਸੰਘਰਸ਼ਾਂ ਨੂੰ ਪੂਰੀ ਤਰ੍ਹਾਂ ਤਨ, ਮਨ, ਧਨ ਨਾਲ ਲਾਗੂ ਕਰਨਾ ਚਾਹੀਦਾ ਹੈ। ਬਾਅਦ ਵਿੱਚ ਮਜ਼ਦੂਰ, ਮੁਲਾਜ਼ਮ ਵਿਰੋਧੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ ਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਫੌਰੀ ਵਾਪਸ ਲੈਣ ਦੀ ਮੰਗ ਕੀਤੀ।

## ਵਿਧਾਇਕ ਸੁੱਖਾਨੰਦ ਨੇ ਮੁਹੱਲਾ ਵਾਸੀਆਂ ਨਾਲ ਕੀਤੀ ਮੀਟਿੰਗ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁੱਖਾਨੰਦ ਵੱਲੋਂ ਵਾਰਡ ਨੰ. 9 ਦੇ ਪਲਵਿੰਦਰ ਸਿੰਘ ਪਿੰਦਾ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ। ਉਨ੍ਹਾ ਨਾਲ ਪਵਨ ਗੁਪਤਾ, ਬਿਕਰਮਜੀਤ ਸਿੰਘ ਵਿੱਕੀ ਵੀ ਹਾਜ਼ਰ ਸਨ। ਵਾਰਡ ਨੰ. 9 ਦੇ ਮੁਹੱਲਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਨੇ ਕਿਹਾ ਕਿ ਹਰ ਗਲੀ ਮੁਹੱਲੇ ਅੰਦਰ ਨਾਲੀਆਂ, ਇੰਟਰਲਾਕ ਟਾਇਲਾਂ ਵਾਲੀਆਂ ਗਲੀਆਂ ਤੇ ਪੀਣ ਵਾਲਾ ਸਾਫ ਪਾਣੀ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਇਆ ਜਾਵੇਗਾ ਅਤੇ ਮੁਹੱਲਾ ਕਲੀਨਿਕ ਤੇ ਖੇਡ ਸਟੇਡੀਅਮ ਦੀ ਵੀ ਜਲਦੀ ਨੀਂਹ ਪੱਥਰ ਰੱਖ ਕੇ ਸ਼ੁਰੂਆਤ ਕੀਤੀ ਜਾਵੇਗੀ। ਇਸ ਮੌਕੇ ਗੁਰਪ੍ਰੀਤ ਸਿੰਘ ਮਨਚੰਦਾ, ਰਣਜੀਤ ਸਿੰਘ ਟੀਟੂ, ਧਰਮਿੰਦਰ ਸਿੰਘ ਰੱਖੜਾ, ਗਗਨ ਚੱਢਾ, ਜਗਸੀਰ ਸਿੰਘ ਸੀਰਾ ਡੇਅਰੀ ਵਾਲੇ, ਸੁਖਮੰਦਰ ਸਿੰਘ ਰੱਖਰਾ, ਵਿਪਨ ਸ਼ਰਮਾ, ਪ੍ਰਦੀਪ ਨੌਹਰੀਆ, ਮੁਖਤਿਆਰ ਸਿੰਘ ਤੇ ਹੋਰ ਹਾਜ਼ਰ ਸਨ।

## ਨਗਰ ਕੌਂਸਲ ਵੱਲੋਂ ਨਜਾਇਜ਼ ਕਬਜ਼ੇ ਛਡਵਾਉਣ ਦਾ ਅਭਿਆਨ ਜਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੇ ਨਿਰਦੇਸ਼ਾਂ ਤਹਿਤ ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਲਗਾਤਾਰ ਸ਼ਹਿਰ ਵਿੱਚੋਂ ਨਜਾਇਜ਼ ਕਬਜ਼ੇ ਛਡਵਾਏ ਜਾ ਰਹੇ ਹਨ। ਇਸ ਮੌਕੇ ਰਜਨੀਸ਼ ਗਿਰਧਰ ਕਾਰਜ ਸਾਧਕ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸ਼ਹਿਰ ਵਿੱਚੋਂ ਟ੍ਰੈਫ਼ਿਕ ਦੀ ਸਮੱਸਿਆ ਨੂੰ ਖਤਮ ਕਰਨ ਲਈ ਲਗਾਤਾਰ ਨਗਰ ਕੌਂਸਲ ਵੱਲੋਂ ਮੇਨ ਬਾਜ਼ਾਰ ਵਿੱਚੋਂ ਦੁਕਾਨਦਾਰਾਂ ਵੱਲੋਂ ਕੀਤੇ ਗਏ ਨਜਾਇਜ਼ ਕਬਜ਼ੇ ਛਡਵਾਉਂਦੇ ਹੋਏ ਉਨ੍ਹਾਂ ਦਾ ਸਾਮਾਨ ਜ਼ਬਤ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਦੇ ਸੈਨੇਟਰੀ ਇੰਸਪੈਕਟਰ ਪਰਮਜੀਤ ਸਿੰਘ ਤੇ ਛਿੰਦਰਪਾਲ ਦੀ ਟੀਮ ਵੱਲੋਂ ਅਬੋਹਰ ਰੋਡ, ਬੈਂਕ ਰੋਡ, ਬੂੜਾ ਗੁੱਜਰ ਰੋਡ ਆਦਿ ਥਾਵਾਂ 'ਤੇ ਦੁਕਾਨਦਾਰਾਂ ਵੱਲੋਂ ਜੋ ਸਾਮਾਨ ਆਪਣੀਆਂ ਦੁਕਾਨਾਂ ਤੋਂ ਬਾਹਰ ਨਜਾਇਜ਼ ਰੱਖਿਆ ਹੋਇਆ ਸੀ, ਨੂੰ ਕਬਜ਼ੇ ਵਿੱਚ ਲੈਂਦੇ ਹੋਏ ਕਾਰਵਾਈ ਸ਼ੁਰੂ ਕੀਤੀ ਗਈ। ਉਨ੍ਹਾਂ ਕਿਹਾ ਕਿ ਕਾਰਜ ਸਾਧਕ ਅਫ਼ਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼ਹਿਰ ਵਿੱਚੋਂ ਨਜਾਇਜ਼ ਕਬਜੇ ਛਡਵਾਏ ਜਾ ਰਹੇ ਹਨ ਅਤੇ ਅੱਗੇ ਵੀ ਇਸੇ ਤਰ੍ਹਾਂ ਦਾ ਅਭਿਆਨ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਸਮੂਹ ਦੁਕਾਨਦਾਰਾਂ ਤੇ ਰੇਹੜੀ-ਫੜ੍ਹੀ ਵਾਲਿਆਂ ਨੂੰ ਅਪੀਲ ਕੀਤੀ ਕਿ ਆਪਣਾ ਸਾਮਾਨ ਸੜਕ 'ਤੇ ਰੱਖ ਕੇ ਨਜਾਇਜ਼ ਕਬਜ਼ੇ ਨਾ ਕਰਨ ਤਾਂ ਜੋ ਆਵਾਜਾਈ ਵਿੱਚ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।

## ਕਾਤਰਾਂ

### ਪਰਾਲੀ ਨੂੰ ਅੱਗ ਨਾ ਲਾਉਣ ਲਈ ਕਿਸਾਨਾਂ ਨਾਲ ਕੀਤੀ ਮੁਲਾਕਾਤ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਟਿਆਲਾ ਦੇ ਏ.ਡੀ.ਸੀ. (ਦਿਹਾਤੀ ਵਿਕਾਸ) ਅਨੁਪ੍ਰਿਤਾ ਜੌਹਲ ਨੇ ਪਿੰਡਾਂ ਕੁਲਾਰਾਂ ਤੇ ਫ਼ਤਹਿਪੁਰ, ਜਿੱਥੇ ਖੇਤਾਂ ਵਿੱਚ ਬੇਲਰਾਂ ਨਾਲ ਪਰਾਲੀ ਸੰਭਾਲੀ ਜਾ ਰਹੀ ਹੈ, ਦਾ ਦੌਰਾ ਕਰਕੇ ਕਿਸਾਨਾਂ ਤੇ ਕਿਸਾਨ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਕੇ ਪਰਾਲੀ ਨੂੰ ਅੱਗ ਨਾ ਲਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ. ਚਰਨਜੀਤ ਸਿੰਘ ਤੇ ਨਾਇਬ ਤਹਿਸੀਲਦਾਰ ਸਤਿਗੁਰ ਸਿੰਘ ਵੀ ਮੌਜੂਦ ਸਨ। ਏ.ਡੀ.ਸੀ. ਨੇ ਦੱਸਿਆ ਕਿ ਪਰਾਲੀ ਨੂੰ ਅੱਗ ਨਾ ਲੱਗਣ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਜ਼ਿਲ੍ਹਾ ਪਟਿਆਲਾ ਪ੍ਰਸ਼ਾਸਨ ਇਸ ਵਾਰ ਸਮੇਂ ਤੋਂ ਪਹਿਲਾਂ ਹੀ ਪਰਾਲੀ ਸੰਭਾਲਣ ਵਾਲੀ ਇੰਡਸਟਰੀ ਤੇ ਬੇਲਰਾਂ ਨਾਲ ਤਾਲਮੇਲ ਕਰਕੇ ਜ਼ਿਲ੍ਹੇ ਦੇ ਸਾਰੇ ਪਿੰਡਾਂ ਦੀ ਅਗੇਤੀ ਮੈਪਿੰਗ ਕਰਾ ਲਈ ਹੈ।

### ਨਗਰ ਕੌਂਸਲ ਚੋਣਾਂ ਸ਼੍ਰੋਮਣੀ ਅਕਾਲੀ ਦਲ ਵੱਡੀ ਲੀਡ ਨਾਲ ਜਿੱਤੇਗਾ : ਅਰਸ਼ਪ੍ਰੀਤ, ਗੁਰਜੰਟ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਸ਼ਹਿਰ 'ਚ ਨਗਰ ਕੌਂਸਲ ਦੀਆਂ ਹੋਣ ਵਾਲੀਆਂ ਚੋਣਾਂ ਵਿੱਚ 15 ਵਾਰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਹੀ ਜਿੱਤ ਪ੍ਰਾਪਤ ਕਰੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਾਘਾ ਪੁਰਾਣਾ ਤੋਂ ਐੱਸ.ਓ.ਆਈ. ਪ੍ਰਧਾਨ ਅਰਸ਼ਪ੍ਰੀਤ ਸਿੰਘ ਸਦਿਉੜਾ ਤੇ ਗੁਰਜੰਟ ਸਿੰਘ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮੋਗਾ ਨੇ ਕਿਹਾ ਕਿ ਜਿਸ ਤਰ੍ਹਾਂ ਹਲਕੇ ਦੇ ਬਹੁਤ ਹੀ ਹਰਮਨ ਪਿਆਰੇ ਨੇਤਾ ਹਲਕਾ ਇੰਚਾਰਜ ਤੇ ਪੰਜਾਬ ਦੇ ਜਨਰਲ ਸਕੱਤਰ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਜੋ ਇੱਕ-ਇੱਕ ਵਾਰਡ 'ਚ ਜਾ ਕੇ ਲੋਕਾਂ ਦੇ ਨਾਲ ਵਿਚਾਰ ਵਟਾਂਦਰੇ ਪਿੱਛੋਂ ਪਾਰਟੀ ਪ੍ਰਤੀ ਇਮਾਨਦਾਰੀ ਤੇ ਸੇਵਾਵਾਂ ਲੋਕਾਂ ਵਿੱਚ ਉਨ੍ਹਾਂ ਦਾ ਤਾਲਮੇਲ ਅਤੇ ਪਿਆਰ ਨੂੰ ਮੁੱਖ ਰੱਖਦੇ ਹੋਏ, ਜੋ ਕੌਂਸਲਰ ਲਈ ਉਮੀਦਵਾਰ ਖੜੇ ਕੀਤੇ ਹਨ, ਮਾਹਲਾ ਸਾਹਿਬ ਦੀ ਇਹ ਨੀਤੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨਗਰ ਕੌਂਸਲ ਦੀਆਂ ਚੋਣਾਂ ਸ਼ਾਨ ਨਾਲ ਜਿੱਤੇਗਾ ਤੇ ਸ਼ਹਿਰ ਅੰਦਰ ਆ ਰਹੀਆਂ ਮੁਸ਼ਕਲਾਂ ਦਾ ਹੱਲ ਸ਼੍ਰੋਮਣੀ ਅਕਾਲੀ ਦਲ ਪਹਿਲ ਦੇ ਆਧਾਰ 'ਤੇ ਕਰੇਗੀ।

### ਅੱਖਾਂ ਦਾ ਮੁਫਤ ਚੈੱਕਅੱਪ ਤੇ ਆਪ੍ਰੇਸ਼ਨ ਕੈਂਪ ਭਲਕੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-'ਨੇਤਰਦਾਨ ਮਹਾਦਾਨ' ਦੇ ਸੰਕਲਪ ਨੂੰ ਹੋਰ ਬੁਲੰਦੀਆਂ 'ਤੇ ਲਿਜਾਣ ਵਾਲੀ ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ ਰਾਮਪੁਰਾ ਫੂਲ ਵੱਲੋਂ ਸ਼੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੈਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ 91ਵਾਂ ਅੱਖਾਂ ਦਾ ਚੈੱਕਅੱਪ ਤੇ ਆਪ੍ਰੇਸ਼ਨ ਕੈਂਪ 15 ਅਕਤੂਬਰ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ ਸਥਾਨ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ, ਰਾਮਪੁਰਾ ਫੂਲ ਵਿਖੇ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਆਪ੍ਰੇਸ਼ਨ (ਲੈਂਜ) ਤੇ ਦਵਾਈਆਂ ਬਿਲਕੁਲ ਮੁਫਤ ਦਿੱਤੀਆਂ ਜਾਣਗੀਆਂ। ਇਸ ਮੌਕੇ ਸੁਸਾਇਟੀ ਮੈਂਬਰ ਸ਼ੇਰ ਜੰਗ ਬੌਬੀ, ਵਿਜੈ ਕੁਮਾਰ, ਅਸ਼ਵਨੀ ਕੁਮਾਰ, ਫਕੀਰ ਚੰਦ, ਅਸ਼ੋਕ ਕੁਮਾਰ, ਸੰਜੀਵ ਕੁਮਾਰ, ਅਵਿਨਾਸ਼ ਕੁਮਾਰ, ਮਿਲਵਰਤਣ ਭੰਡਾਰੀ, ਗੁਲਸ਼ਨ ਕੁਮਾਰ, ਵਿਨੋਦ ਕੁਮਾਰ, ਪ੍ਰਸ਼ੋਤਮ ਕੁਮਾਰ ਬੌਬੀ, ਜਤਿੰਦਰ ਕੁਮਾਰ ਤੇ ਤਰਸੇਮ ਕੁਮਾਰ ਆਦਿ ਹਾਜ਼ਰ ਸਨ।

### ਸ਼ਾਂਤੀ ਤੇ ਸਦਭਾਵਨਾ ਨਾਲ ਮਨਾਏ ਜਾਣ ਤਿਓਹਾਰ : ਇੰਸ. ਰੌਨੀ ਸਿੰਘ



**ਸਮਾਣਾ (ਇਕਬਾਲ ਸਿੰਘ ਬੱਲ)**-ਆਉਂਦੇ ਤਿਓਹਾਰਾਂ ਸਬੰਧੀ ਮੀਡੀਆ ਨਾਲ ਗੱਲਬਾਤ ਕਰਦਿਆਂ ਥਾਣਾ ਸਦਰ ਸਮਾਣਾ ਮੁਖੀ ਇੰਸਪੈਕਟਰ ਰੌਨੀ ਸਿੰਘ ਨੇ ਕਿਹਾ ਕਿ ਆਉਣ ਵਾਲੇ ਤਿਓਹਾਰ ਸ਼ਾਂਤੀ, ਸਦਭਾਵਨਾ ਤੇ ਨਸ਼ੇ ਰਹਿਤ ਮਨਾਏ ਜਾਣ, ਤਾਂ ਜੋ ਹਰ ਕਿਸੇ ਦੇ ਘਰ-ਪਰਿਵਾਰ 'ਚ ਤਿਉਹਾਰਾਂ ਦੀ ਖੁਸ਼ੀ ਦੀਆਂ ਰੌਣਕਾਂ ਤੇ ਖੁਸ਼ੀਆਂ ਬਣੀਆਂ ਰਹਿਣ। ਉਨ੍ਹਾ ਕਿਹਾ ਕਿ ਇਨ੍ਹਾਂ ਤਿਉਹਾਰਾਂ ਮੌਕੇ ਥਾਣਾ ਸਦਰ ਅਧੀਨ ਪੈਂਦੇ ਪਿੰਡਾਂ 'ਚ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਪਿੰਡਾਂ ਦਾ ਮਾਹੌਲ ਖ਼ਰਾਬ ਨਹੀਂ ਕਰਨ ਦਿੱਤਾ ਜਾਵੇਗਾ ਤੇ ਉਨ੍ਹਾਂ ਵੱਲੋਂ ਪਿੰਡਾਂ 'ਚ ਅਮਨ-ਸ਼ਾਂਤੀ ਦੀ ਸਥਿਤੀ ਹਰ ਹਾਲਤ ਵਿੱਚ ਕਾਇਮ ਰੱਖੀ ਜਾਵੇਗੀ। ਉਨ੍ਹਾ ਕਿਹਾ ਕਿ ਜੇਕਰ ਇਲਾਕੇ 'ਚ ਕਿਸੇ ਨੂੰ ਕੋਈ ਵੀ ਸ਼ੱਕੀ ਵਿਅਕਤੀ ਜਾਂ ਕਿਸੇ ਸ਼ੱਕੀ ਗਤੀਵਿਧੀ ਬਾਰੇ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਪੁਲਸ ਅਧਿਕਾਰੀਆਂ ਨੂੰ ਸੂਚਿਤ ਕਰਨ, ਤਾਂ ਜੋ ਪੁਲਸ ਵੱਲੋਂ ਤੁਰੰਤ ਇਸ ਸਬੰਧੀ ਕਾਰਵਾਈ ਕਰਦੇ ਇਲਾਕਾ ਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾ ਕਿਹਾ ਕਿ ਅਜਿਹੀ ਕੋਈ ਵੀ ਸੂਚਨਾ ਦੇਣ ਵਾਲੇ ਵਿਅਕਤੀ ਦੀ ਜਾਣਕਾਰੀ ਗੁਪਤ ਰੱਖੀ ਜਾਵੇ।

### ਸਾਈਬਰ ਸੁਰੱਖਿਆ ਸਬੰਧੀ ਮੁਕਾਬਲੇ ਕਰਵਾਏ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-14 ਪੰਜਾਬ ਐੱਨ.ਸੀ.ਸੀ. ਬਟਾਲੀਅਨ ਨਾਭਾ ਦੇ ਸੀ.ਈ.ਓ. ਤੇ ਐੱਸ.ਐੱਸ.ਪੀ. ਸੰਗਰੂਰ ਜੀ ਦੇ ਹੁਕਮਾਂ ਤਹਿਤ ਸਿਪਾਹੀ ਦਰਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰੋਂ ਵਿਖੇ ਪ੍ਰਿੰਸੀਪਲ ਡਾ. ਓਮ ਪ੍ਰਕਾਸ਼ ਸੇਤੀਆ ਤੇ ਯਾਦਵਿੰਦਰ ਸਿੰਘ ਸੀ.ਟੀ.ਓ. ਐੱਨ.ਸੀ.ਸੀ., ਐੱਸ.ਪੀ.ਸੀ. ਇੰਚਾਰਜ, ਇੰਸਪੈਕਟਰ ਸਿਮਰਨਜੋਤ ਸਿੰਘ ਐੱਸ.ਪੀ.ਸੀ. ਜ਼ਿਲ੍ਹਾ ਇੰਚਾਰਜ ਦੀ ਅਗਵਾਈ ਹੇਠ ਐੱਨ.ਸੀ.ਸੀ. ਕੈਡਿਟਸ ਤੇ ਐੱਸ.ਪੀ.ਸੀ. ਕੈਡਿਟਸ 'ਚ ਸਾਈਬਰ ਸੁਰੱਖਿਆ ਦੇ ਮੁੱਦੇ ਉੱਪਰ ਭਾਸ਼ਣ ਮੁਕਾਬਲੇ ਕਰਵਾਏ ਗਏ। ਇਸ ਵਿੱਚ ਐੱਨ.ਸੀ.ਸੀ ਕੈਡਿਟ ਹਰਮਨ ਸਿੰਘ ਨੇ ਪਹਿਲਾ, ਸੰਦੀਪ ਕੌਰ ਨੇ ਦੂਸਰਾ, ਐੱਸ.ਪੀ.ਸੀ. ਕੈਡਿਟ ਇਸਮੀਤ ਸਿੰਘ ਨੇ ਪਹਿਲਾ ਤੇ ਹੁਸਨਦੀਪ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਪ੍ਰੋਗਰਾਮ ਦੌਰਾਨ ਸ੍ਰੀਮਤੀ ਅਮਨਜੋਤ ਸਾਇੰਸ ਮਿਸਟ੍ਰੈੱਸ ਤੇ ਯਾਦਵਿੰਦਰ ਸਿੰਘ ਕੰਪਿਊਟਰ ਫੈਕਲਟੀ ਨੇ ਸਾਈਬਰ ਕ੍ਰਾਈਮ ਤੇ ਸਾਈਬਰ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ।

# ਸਾਬਕਾ ਵਿਧਾਇਕ ਜੀਤਮਹਿੰਦਰ ਸਿੱਧੂ ਵੱਲੋਂ ਅਕਾਲੀ ਦਲ ਨੂੰ ਅਲਵਿਦਾ

**ਅਕਾਲੀ ਦਲ 'ਚ ਕੰਮ ਦੀ ਕਦਰ ਕਰਨ ਵਾਲਾ ਹੁਣ ਕੋਈ ਨਹੀਂ ਰਿਹਾ : ਸਿੱਧੂ**



**ਤਲਵੰਡੀ ਸਾਬੋ (ਜਗਦੀਪ ਗਿੱਲ)**

ਸੀਨੀਅਰ ਅਕਾਲੀ ਆਗੂ ਤੇ ਤਲਵੰਡੀ ਸਾਬੋ ਦੇ ਚਾਰ ਵਾਰੀਆਂ ਦੇ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ, ਜਿਹੜੇ ਇਸ ਵਕਤ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਤੇ ਜ਼ਿਲ੍ਹਾ ਮੁਕਤਸਰ ਦੇ ਪਾਰਟੀ ਵੱਲੋਂ ਇੰਚਾਰਜ ਸਨ, ਨੇ ਨਾ ਸਿਰਫ ਪਾਰਟੀ ਦੇ ਮੀਤ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ, ਸਗੋਂ ਸ਼੍ਰੋਮਣੀ ਅਕਾਲੀ ਦਲ ਨੂੰ ਵੀ ਅਲਵਿਦਾ ਆਖ ਦਿੱਤਾ ਹੈ। ਸ੍ਰ. ਸਿੱਧੂ ਨੇ ਇਹ ਐਲਾਨ ਬਠਿੰਡਾ ਵਿਚਲੇ ਆਪਣੇ ਘਰ (ਕੋਠੀ) ਬੁਲਾਈ ਇੱਕ ਪ੍ਰੈੱਸ ਕਾਨਫਰੰਸ ਮੌਕੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਉਹ ਜੀਅ ਜਾਨ ਲਾ ਕੇ ਪਾਰਟੀ ਦੀ ਸੇਵਾ (ਕੰਮ) ਕਰਦਿਆਂ ਆਪਣੇ ਵੱਲੋਂ ਕੋਈ ਕਸਰ ਵੀ ਬਾਕੀ ਨਹੀਂ ਸਨ ਛੱਡ ਰਹੇ, ਪ੍ਰੰਤੂ ਬਾਵਜੂਦ ਇਸ ਦੇ ਉਨ੍ਹਾਂ ਨੂੰ ਕੁਝ ਘੰਟਿਆਂ ਦਾ ਨੋਟਿਸ ਦੇ ਕੇ ਮੁਅੱਤਲ ਕਰਨਾ ਉਨ੍ਹਾ ਦੇ ਸਮਝੋਂ ਬਾਹਰੀ ਗੱਲ ਹੈ। ਉਨ੍ਹਾ ਕਿਹਾ ਕਿ ਜਿੱਥੋਂ ਤੱਕ ਪਾਰਟੀ ਲਈ ਮੇਰੇ ਵੱਲੋਂ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਦਾ ਸੰਬੰਧ ਹੈ, ਮੈਂ (ਸਿੱਧੂ) ਆਪਣੇ ਵੱਲੋਂ ਲੱਗਦੀ ਵਾਹ ਕਦੇ ਕੋਈ ਪਾਰਟੀ ਪ੍ਰੋਗਰਾਮ ਮਿਸ ਨਹੀਂ ਕੀਤਾ। ਉਨ੍ਹਾ ਕਿਹਾ ਕਿ ਪਿਛਲੇ ਦਿਨਾਂ 'ਚ ਤਲਵੰਡੀ ਸਾਬੋ ਵਿਖੇ ਕੀਤੀ ਗਈ ਯੂਥ ਅਕਾਲੀ ਦਲ ਦੀ ਇੱਕ ਸਫਲ ਰੈਲੀ ਸਮੇਤ ਉਹ ਕਈ ਪਾਰਟੀ ਪ੍ਰੋਗਰਾਮ ਜਥੇਬੰਦ ਕਰ ਚੁੱਕੇ ਹਨ, ਜਿਸ 'ਚ ਬੁੰਗਾ ਮਸਤੂਆਣਾ ਤਲਵੰਡੀ ਸਾਬੋ ਦੇ ਸੌ ਸਾਲਾ ਸ਼ਤਾਬਦੀ ਪ੍ਰੋਗਰਾਮਾਂ ਵਿੱਚ ਪਾਰਟੀ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੂੰ ਉਚੇਚਾ ਬੁਲਾਉਣਾ ਵੀ ਸ਼ਾਮਲ ਰਿਹਾ ਹੈ। ਉਨ੍ਹਾ ਕਿਹਾ ਕਿ ਅਗਲਾ ਫੈਸਲਾ ਉਹ ਤਲਵੰਡੀ ਸਾਬੋ ਵਿਧਾਨ ਸਭਾ ਹਲਕਾ ਸਮੇਤ ਜ਼ਿਲ੍ਹਾ ਬਠਿੰਡਾ ਦੇ ਤਮਾਮ ਆਪਣੇ ਵਰਕਰਾਂ ਨਾਲ ਸਲਾਹ-ਮਸ਼ਵਰਾ ਕਰਕੇ ਲੈਣਗੇ। ਸਵਾਲਾਂ ਦੇ ਜਵਾਬ ਦਿੰਦਿਆਂ ਸ੍ਰ. ਸਿੱਧੂ ਨੇ ਕਿਹਾ ਕਿ ਅਕਾਲੀ ਦਲ ਵਿੱਚ ਚਾਪਲੂਸਾਂ ਦੀ ਚਲਦੀ ਹੈ, ਜਦੋਂਕਿ ਉਹ ਅਜਿਹਾ ਨਹੀਂ ਕਰ ਸਕਦੇ। ਪਾਰਟੀ ਹਾਈ ਕਮਾਂਡ ਉੱਪਰ ਗੰਭੀਰ ਦੋਸ਼ ਲਾਉਂਦਿਆਂ ਉਨ੍ਹਾ ਕਿਹਾ ਕਿ ਸਰੂਪ ਚੰਦ ਸਿੰਗਲਾ ਨੂੰ ਬਠਿੰਡਾ ਤੋਂ ਹਰਾਉਣ ਵਾਂਗ ਇਹ ਭਾਣਾ ਉਨ੍ਹਾਂ ਦੇ ਹਲਕਾ ਤਲਵੰਡੀ ਸਾਬੋ ਵਿੱਚ ਵੀ ਵਰਤਾਇਆ ਗਿਆ ਸੀ, ਜਿਸ ਦੇ ਸਿੱਟੇ ਵਜੋਂ ਉਥੇ ਦਾ ਚੋਣ ਨਤੀਜਾ ਵੀ ਪ੍ਰਭਾਵਿਤ ਹੋਇਆ ਸੀ। ਸ੍ਰ. ਜਗਮੀਤ ਸਿੰਘ ਬਰਾੜ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਵਿੱਚ ਲਿਆਉਣ ਵੇਲੇ ਹਾਥੀ 'ਤੇ ਚੜ੍ਹਾ ਕੇ ਲਿਆਂਦਾ ਜਾਂਦਾ ਹੈ, ਕੱਢਣ ਵੇਲੇ ਕਿਸੇ ਨੂੰ ਪੁੱਛਿਆ ਤੱਕ ਵੀ ਨਹੀਂ ਜਾਂਦਾ।

# ਵਿਰਾਸਤ-ਏ-ਖਾਲਸਾ ਲਈ ਵਿੱਦਿਅਕ ਯਾਤਰਾ



**ਜਗਰਾਉਂ (ਸੰਜੀਵ ਅਰੋੜਾ)**-ਵਿਸ਼ਾਲ ਜੈਨ ਦੀ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਕਰਨ, ਪੰਜਾਬੀ ਇਤਿਹਾਸਕ ਵਿਰਾਸਤ, ਕਢਾਈ ਤੇ ਹਸਤਸ਼ਿਲਪ ਕਲਾ ਨਾਲ ਰੂਬਰੂ ਕਰਨ ਲਈ ਅਨੁਵਰਤ ਪਬਲਿਕ ਸਕੂਲ ਦੇ ਵਿਦਿਆਰਥੀਆਂ ਲਈ ਵਿੱਦਿਅਕ ਯਾਤਰਾ ਦਾ ਆਯੋਜਨ ਕੀਤਾ ਗਿਆ। ਵਿਰਾਸਤ-ਏ-ਖਾਲਸਾ ਵਿੱਚ ਦਸ ਗੁਰੂਆਂ ਦੇ ਅਮਰ ਸੰਦੇਸ਼, ਸੁਤੰਤਰਤਾ ਪ੍ਰਾਪਤੀ ਲਈ ਬਹਾਦਰਾਂ ਦਾ ਸੰਘਰਸ਼ ਤੇ ਬਲੀਦਾਨ, ਵਿਰਾਸਤ-ਏ-ਖਾਲਸਾ ਦੀ ਇਮਾਰਤ, ਜਿਸ ਦਾ ਅਕਾਰ ਅਰਦਾਸ 'ਚ ਜੁੜੇ ਹੱਥਾਂ ਵਰਗਾ ਹੈ ਤੇ ਸਮਰਿੱਧ ਵਾਸਤੂ ਕਲਾ ਦਾ ਅਨੋਖਾ ਸੰਗਮ, ਅਤਿ ਆਧੁਨਿਕ ਮਲਟੀ ਮੀਡੀਆ ਤਕਨਾਲੋਜੀ ਦਾ ਆਪਣੇ ਦਰਜੇ ਦਾ ਪ੍ਰਯੋਗ ਵੇਖ ਬੱਚੇ ਬੜੇ ਪ੍ਰਭਾਵਿਤ ਹੋਏ।

ਇਸ ਮੌਕੇ ਸਕੂਲ ਡਾਇਰੈਕਟਰ ਅਮਰਜੀਤ ਕੌਰ ਨੇ ਕਿਹਾ ਕਿ ਇਹੋ ਜਿਹੇ ਵਿੱਦਿਅਕ ਟੂਰ ਬੱਚਿਆਂ ਦੇ ਮਨ ਅੰਦਰ ਆਨੰਦ ਭਰਨ ਦੇ ਨਾਲ ਯਾਤਰਾ ਤੋਂ ਪ੍ਰਾਪਤ ਗਿਆਨ ਤੇ ਸੱਭਿਆਚਾਰ ਦੀ ਸਮਝ, ਉਨ੍ਹਾਂ ਦੇ ਕਿਤਾਬੀ ਗਿਆਨ ਨੂੰ ਚੰਗੀ ਤਰ੍ਹਾਂ ਸਮਝਣ ਵਿੱਚ ਸਹਾਇਤਾ ਕਰੇਗੀ। ਇਸ ਮੌਕੇ ਯਾਤਰਾ ਨੂੰ ਸਫ਼ਲ ਬਣਾਉਣ ਲਈ ਸਹਾਇਕ ਪ੍ਰਿੰ: ਗੋਲਡੀ ਜੈਨ ਤੇ ਅਧਿਆਪਕ ਬੀਟਾ ਰਾਣੀ, ਰੇਨੂੰ ਬਾਲਾ, ਪੂਨਮ ਰਿਦਵਾਨ ਤੇ ਸਤਵੰਤ ਸਿੰਘ ਡੀ.ਪੀ. ਦੀ ਸ਼ਲਾਘਾ ਕਰਦੇ ਹੋਏ। ਇਸ ਮੌਕੇ ਚੇਅਰਮੈਨ ਅਰਿਹੰਤ ਜੈਨ ਨੇ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਇਹੋ ਜਿਹੇ ਉਪਰਾਲੇ ਸਕੂਲ ਵੱਲੋਂ ਹੁੰਦੇ ਰਹਿਣਗੇ।

## ਸੰਘਣੀ ਆਬਾਦੀ 'ਚੋਂ ਪਟਾਕਿਆਂ ਦੀ ਵੱਡੀ ਖੇਪ ਬਰਾਮਦ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)**-ਬੇਸ਼ੱਕ ਸਰਕਾਰ ਵੱਲੋਂ ਪ੍ਰਦੂਸ਼ਣ ਰਹਿਤ ਦਿਵਾਲੀ ਮਨਾਉਣ ਦੀਆਂ ਹਦਾਇਤਾਂ ਦਿੱਤੀਆਂ ਜਾਂਦੀਆਂ ਹਨ, ਪਰ ਫਿਰ ਵੀ ਉਨ੍ਹਾਂ ਨੂੰ ਟਿੱਚ ਜਾਣਦਿਆਂ ਸਰੇਆਮ ਸਰਕਾਰੀ ਸਿਸਟਮ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ, ਜਿਸ ਦੇ ਚੱਲਦਿਆਂ ਹੀ ਮਾਛੀਵਾੜਾ ਪੁਲਸ ਨੇ ਵੱਡੀ ਕਾਮਯਾਬੀ ਹਾਸਲ ਕਰਦਿਆਂ ਮਾਛੀਵਾੜਾ ਸ਼ਹਿਰ ਦੀ ਸੰਘਣੀ ਆਬਾਦੀ ਵਾਲੇ ਬਾਜ਼ਾਰ ਸਥਿਤ ਇੱਕ ਰੌਬਿਨ ਮਲਹੋਤਰਾ ਨਾਮ ਦੇ ਵਿਅਕਤੀ ਦਾ ਗੁਦਾਮ ਪਟਾਕਿਆਂ ਨਾਲ ਭਰਿਆ ਮਿਲਿਆ, ਜਿਸ ਵਿੱਚ ਲਗਭਗ ਲੱਖਾਂ ਦੀ ਖਤਰਨਾਕ ਆਤਿਸ਼ਬਾਜ਼ੀ ਮਿਲੀ। ਇਸ ਨੂੰ ਦੇਖਦਿਆਂ ਹੀ ਮਾਛੀਵਾੜਾ ਵਿੱਚ ਹਫੜਾ ਦਫੜੀ ਮੱਚ ਗਈ। ਪੰਜਾਬ ਪੁਲਸ ਵੱਲੋਂ ਤਿਉਹਾਰਾਂ ਨੂੰ ਮੱਦੇਨਜ਼ਰ ਰੱਖਦਿਆਂ ਇਲਾਕੇ ਦੇ ਹੋਰ ਵੀ ਵੱਖ-ਵੱਖ ਹਿੱਸਿਆਂ ਵਿੱਚ ਛਾਪੇਮਾਰੀ ਕੀਤੀ ਜਾ ਰਹੀ ਹੈ ਤੇ ਇਹ ਉਮੀਦ ਕੀਤੀ ਜਾ ਰਹੀ ਹੈ ਕਿ ਸ਼ਹਿਰ ਵਿੱਚ ਹੋਰ ਵੀ ਵੱਡੇ ਪੱਧਰ 'ਤੇ ਪਟਾਕਿਆਂ ਦੀ ਖੇਪ ਬਰਾਮਦ ਹੋਵੇਗੀ। ਇਸ ਮਾਮਲੇ 'ਤੇ ਕਾਰਵਾਈ ਕਰਦੇ ਪੰਜਾਬ ਪੁਲਸ ਥਾਣਾ ਮਾਛੀਵਾੜਾ ਸਾਹਿਬ ਵੱਲੋਂ ਕੇਸ ਦਰਜ ਕਰ ਲਿਆ ਗਿਆ ਹੈ।

## ਭਾਕਿਯੂ (ਡਕੌਂਦਾ) ਦੇ ਆਗੂ ਕੁਲਵੰਤ ਸਿੰਘ ਦਾ ਦਿਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਕਿਯੂ ਡਕੌਂਦਾ ਦੇ ਆਗੂ ਕੁਲਵੰਤ ਸਿੰਘ ਮਹਿਲ ਕਲਾਂ ਬੇਵਕਤੀ ਸਦੀਵੀ ਵਿਛੋੜਾ ਦੇ ਗਏ ਹਨ। ਇਸ ਮੌਕੇ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਧਨੇਰ, ਜ਼ਿਲ੍ਹਾ ਆਗੂ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ ਨੇ ਕਿਹਾ ਕਿ ਕਿਸਾਨ ਆਗੂ ਕੁਲਵੰਤ ਸਿੰਘ ਦੀ ਬੇਵਕਤੀ ਮੌਤ ਨਾਲ ਪਰਵਾਰ ਸਮੇਤ ਜਥੇਬੰਦੀ ਲਈ ਵੱਡਾ ਘਾਟਾ ਪਿਆ ਹੈ। ਅੰਤਿਮ ਸੰਸਕਾਰ ਦੀਆਂ ਰਸਮਾਂ ਮੌਕੇ ਜਥੇਬੰਦੀ ਦਾ ਝੰਡਾ ਪਾ ਕੇ ਆਗੂਆਂ ਨੇ ਅਕਾਸ਼ ਗੁੰਜਾਊ ਸੰਗਰਾਮੀ ਨਾਹਰਿਆਂ ਨਾਲ ਵਿੱਛੜੇ ਸਾਥੀ ਨੂੰ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਨਰੈਣ ਦੱਤ, ਗੁਰਮੇਲ ਸਿੰਘ ਠੁੱਲੀਵਾਲ, ਕੁਲਵੀਰ ਸਿੰਘ ਔਲਖ, ਨਾਨਕ ਸਿੰਘ, ਸਤਨਾਮ ਸਿੰਘ ਮੂੰਮ, ਅਮਰਜੀਤ ਠੁੱਲੀਵਾਲ, ਜੱਗਾ ਸਿੰਘ ਮਹਿਲ ਕਲਾਂ, ਅਮਨਦੀਪ ਰਾਏਸਰ, ਭਿੰਦਰ ਸਿੰਘ ਮੂੰਮ ਆਦਿ ਹਾਜ਼ਰ ਸਨ।

## ਜਮਹੂਰੀ ਕਿਸਾਨ ਯੂਨੀਅਨ ਦਾ ਵਫਦ ਖੇਤੀਬਾੜੀ ਇਨਫੋਰਸਮੈਂਟ ਅਫਸਰ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਜਮਹੂਰੀ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਮਾਨਸਾ ਦਾ ਵਫਦ ਖੇਤੀਬਾੜੀ ਵਿਭਾਗ ਪੰਜਾਬ ਨਾਲ ਸੰਬੰਧਤ ਮੰਗਾਂ ਬਾਰੇ ਅਮਰੀਕ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਮੁੱਖ ਖੇਤੀਬਾੜੀ ਦਫਤਰ ਮਾਨਸਾ ਵਿਖੇ ਇਨਫੋਰਸਮੈਂਟ ਅਫਸਰ ਸ਼ਗਨਦੀਪ ਕੌਰ ਸਿੱਧੂ ਨੂੰ ਮਿਲਿਆ। ਮੰਗਾਂ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਹਾਇਕ ਸਕੱਤਰ ਮੇਜਰ ਸਿੰਘ ਦੂਲੋਵਾਲ ਨੇ ਦੱਸਿਆ ਕਿ ਕਣਕ ਦੇ ਬੀਜ ਦੀ ਵੰਡ ਬਾਰੇ ਤਾਂ ਅਕਤੂਬਰ ਤੱਕ ਅਰਜ਼ੀਆਂ ਦੀ ਮੰਗ ਕੀਤੀ ਕੀਤੀ ਗਈ ਹੈ, ਪ੍ਰੰਤੂ ਪੰਜਾਬ ਸਰਕਾਰ ਵੱਲੋਂ ਇਹ ਨਹੀਂ ਦੱਸਿਆ ਗਿਆ ਕਿ ਕਿਹੜੇ-ਕਿਹੜੇ ਕਿਸਮ ਦੇ ਬੀਜਾਂ ਦੀ ਵੰਡ ਕੀਤੀ ਜਾਵੇਗੀ। ਇਸ ਸਬੰਧੀ ਆਨਲਾਈਨ ਅਰਜ਼ੀਆਂ ਭੇਜਣ ਤੋਂ ਪਹਿਲਾਂ ਖੇਤੀਬਾੜੀ ਵਿਭਾਗ ਵੱਲੋਂ ਕਿਸਮਾਂ ਸਬੰਧੀ ਇਸ਼ਤਿਹਾਰ ਜਾਰੀ ਕੀਤਾ ਜਾਵੇ। ਨਰਮੇ ਦੀ ਸਬਸਿਡੀ ਬਾਰੇ ਖੇਤੀ ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ ਸਬਸਿਡੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾ ਚੁੱਕੀ ਹੈ, ਕੁੱਝ ਕੇਸ ਰਹਿੰਦੇ ਹਨ, ਉਨ੍ਹਾਂ ਦੀ ਸਬਸਿਡੀ ਖਾਤਿਆਂ ਵਿੱਚ ਪਾ ਦਿੱਤੀ ਜਾਵੇਗੀ। ਖਾਦ ਦੀ ਵੰਡ ਬਾਰੇ ਦੱਸਿਆ ਕਿ 80% ਖਾਦ ਸੁਸਾਇਟੀਆਂ ਰਾਹੀਂ ਤੇ 20% ਖਾਦ ਪ੍ਰਾਈਵੇਟ ਏਜੰਸੀਆਂ ਰਾਹੀਂ ਵੰਡੀ ਜਾਵੇਗੀ। ਸਹਿਕਾਰਤਾ ਵਿਭਾਗ ਵੱਲੋਂ ਪਿੰਡਾਂ ਦੀਆਂ ਸੁਸਾਇਟੀਆਂ ਨੂੰ ਲਾਈ ਇੱਕ ਲੱਖ ਤੋਂ ਉਪਰ ਦੀ ਰਜਿਸਟ੍ਰੇਸ਼ਨ ਫੀਸ ਦਾ ਫੈਸਲਾ ਵਾਪਸ ਲਿਆ ਜਾਵੇ, ਕਿਉਂਕਿ ਇਹ ਕਿਸਾਨਾਂ 'ਤੇ ਵਾਧੂ ਬੋਝ ਹੈ। ਵਫਦ ਵਿੱਚ ਛੱਜੂ ਰਾਮ ਰਿਸ਼ੀ, ਤੀਰਥ ਚੰਦ ਕਿਸ਼ਨਗੜ੍ਹ, ਦਸੌਂਧਾ ਸਿੰਘ ਬਹਾਦਰਪੁਰ, ਹਰਦੇਵ ਸਿੰਘ ਬਰਨਾਲਾ, ਰਾਮ ਕੁਮਾਰ ਮਾਨਸਾ, ਜਾਗਰ ਸਿੰਘ ਮਾਖਾ, ਸੁਖਦੇਵ ਅਤਲਾ, ਬੱਲਮ ਫਫੜੇ, ਸੱਤਪਾਲ ਭੁਪਾਲ, ਸ਼ੇਰ ਸਿੰਘ ਨੰਬਰਦਾਰ ਆਦਿ ਸ਼ਾਮਲ ਸਨ। ਖੇਤੀ ਅਧਿਕਾਰੀਆਂ ਨੇ ਇਹ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਣ ਦਾ ਭਰੋਸਾ ਦਿਵਾਇਆ।

## ਇੱਕ ਹਜ਼ਾਰ ਨਵੇਂ ਆਂਗਣਵਾੜੀ ਸੈਂਟਰ ਉਸਾਰੇ ਜਾਣਗੇ : ਡਾ. ਬਲਜੀਤ ਕੌਰ



**ਮਲੋਟ (ਗੁਰਮੀਤ ਸਿੰਘ ਮੱਕੜ)**-ਪਿੰਡ ਅਬੁੱਲ ਖੁਰਾਣਾ ਵਿਖੇ ਇੱਕ ਕਰੀਬ 8 ਲੱਖ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਨਵੇਂ ਆਂਗਣਵਾੜੀ ਸੈਂਟਰ ਦਾ ਨੀਂਹ ਪੱਥਰ ਵਿਧਾਇਕ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਰੱਖਿਆ। ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਪਹਿਲੇ ਨਵੇਂ ਸੈਂਟਰ ਦੀ ਇਮਾਰਤ ਲਈ 8 ਲੱਖ ਗ੍ਰਾਂਟ ਰੱਖੀ ਗਈ, ਹੁਣ ਇਹ ਵਧਾ ਕਰ 10 ਲੱਖ ਰੱਖੀ ਗਈ ਹੈ। ਉਨ੍ਹਾ ਦੱਸਿਆ ਕਿ ਪੂਰੇ ਪੰਜਾਬ ਵਿੱਚ 1000 ਦੇ ਕਰੀਬ ਨਵੇਂ ਆਂਗਣਵਾੜੀ ਸੈਂਟਰ ਉਸਾਰੇ ਜਾਣਗੇ ਤੇ ਜੋ ਰਿਪੇਅਰ ਹੋਣ ਵਾਲੇ, ਉਨ੍ਹਾਂ ਦੀ ਵੀ ਰਿਪੋਰਟ ਇਕੱਠੀ ਕੀਤੀ ਜਾ ਰਹੀ ਹੈ। ਪੁੱਛੇ ਜਾਣ 'ਤੇ ਕਿ ਆਂਗਣਵਾੜੀ ਵਰਕਰਾਂ ਨੂੰ ਬੱਚਿਆਂ ਨੂੰ ਲੈ ਕੇ ਕਈ ਮੁਸ਼ਕਲਾਂ ਆਉਂਦੀਆਂ ਹਨ। ਉਨ੍ਹਾ ਕਿਹਾ ਕਿ ਇਹ ਮਸਲਾ ਕੋਈ ਪੰਜਾਬ ਦਾ ਨਹੀਂ, ਪੂਰੇ ਭਾਰਤ ਦਾ ਹੈ, ਜੋ ਪਿਛਲੇ ਸਮੇਂ ਤੋਂ ਚੱਲ ਰਿਹਾ ਸੀ ਕਿ ਆਂਗਣਵਾੜੀ ਵਰਕਰਾਂ ਦੇ ਸਕੂਲੀ ਬੱਚੇ ਸਕੂਲਾਂ ਵਿੱਚ ਦਾਖਲ ਕੀਤੇ ਜਾਂਦੇ ਰਹੇ ਸਨ, ਵਰਕਰਾਂ ਦਾ ਰੋਸ ਸੀ ਕਿ ਉਨ੍ਹਾਂ ਦੀ ਇਹ ਮਿਹਨਤ ਹੁੰਦੀ ਸੀ, ਉਹ ਇਸ ਮਸਲੇ ਨੂੰ ਹੱਲ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ ਤਾਂ ਜੋ ਵਰਕਰਾਂ ਨੂੰ ਮਾਣ ਸਨਮਾਨ ਦਿੱਤਾ ਜਾ ਸਕੇ। ਐਸ.ਵਾਈ.ਐੱਲ. ਦੇ ਮੁੱਦੇ 'ਤੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਨਾਲ ਖੜੀ ਹੈ ਤੇ ਪਾਣੀਆਂ ਦੀ ਰਾਖੀ ਲਈ ਵੀ ਨਾਲ ਖੜੀ ਹੈ। ਪੰਜਾਬ ਦੇ ਮੁੱਖ ਮੰਤਰੀ ਵਿਰੋਧੀਆਂ ਨਾਲ ਹਰ ਮੁੱਦੇ 'ਤੇ ਬਹਿਸ ਕਰਨ ਲਈ ਤਿਆਰ ਹਨ ਤੇ ਤਿਆਰ ਰਹਿੰਦੇ ਹਨ।

## ਬੰਦੀ ਸਿੰਘਾਂ ਦੀ ਰਿਹਾਈ ਜਲਦ ਕੀਤੀ ਜਾਵੇ : ਲਖਵੀਰ ਸਿੰਘ ਸੌਂਟੀ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਹਿ) ਪਾਰਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਪਿੰਡ ਸੌਂਟੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫਤਹਿ ਦੇ ਮੀਤ ਪ੍ਰਧਾਨ ਲਖਵੀਰ ਸਿੰਘ ਖਾਲਸਾ ਸੌਂਟੀ ਨੇ ਕਿਹਾ ਕਿ ਕਈ ਕਈ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਕੀਤੀ ਜਾਵੇ, ਜਿਹੜੇ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਅਤੇ ਇਹ ਸਿੱਖ ਸੰਗਤਾਂ ਦੀ ਵੀ ਮੰਗ ਹੈ। ਉਨ੍ਹਾ ਕਿਹਾ ਕਿ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਵੱਖ ਵੱਖ ਜ਼ਿਲ੍ਹਿਆਂ ਵਿੱਚ ਅਰਦਾਸ ਪ੍ਰੋਗਰਾਮ ਉਲੀਕੇ ਜਾ ਰਹੇ ਹਨ, ਜਿਹੜਾ ਕਿ ਅੱਜ ਸੌਂਟੀ ਵਿਖੇ ਹੋਇਆ ਹੈ। ਇਸ ਮੌਕੇ ਭਾਈ ਲਖਵੀਰ ਸਿੰਘ ਖਾਲਸਾ ਨੇ ਪਹੁੰਚੀਆਂ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ। ਇਸ ਮੌਕੇ ਅੰਮ੍ਰਿਤਪਾਲ ਸਿੰਘ ਲੌਂਗੋਵਾਲ ਜਨਰਲ ਸਕੱਤਰ, ਚਾਂਦ ਮੁਹੰਮਦ ਬਿੱਟੂ ਜਰਨਲ ਸਕੱਤਰ, ਬਾਬਾ ਪ੍ਰੀਤਮ ਸਿੰਘ ਪ੍ਰਚਾਰਕ ਸਕੱਤਰ, ਬਲਜਿੰਦਰ ਕੌਰ ਰਾਜ ਮਾਲਵਾ ਜ਼ੋਨ ਪ੍ਰਧਾਨ, ਜਸਪਾਲ ਸਿੰਘ, ਮਨਜਿੰਦਰ ਸਿੰਘ, ਹਰਦੇਵ ਸਿੰਘ ਸਮਸਪੁਰ, ਅਨੰਦਵੀਰ ਸਿੰਘ ਜਨਰਲ ਸਕੱਤਰ ਯੂਥ ਵਿੰਗ ਪੰਜਾਬ ਤੇ ਵੱਡੀ ਗਿਣਤੀ ਇਲਾਕੇ ਦੀਆਂ ਸੰਗਤਾਂ ਨੇ ਸ਼ਮੂਲੀਅਤ ਕੀਤੀ।

## ਨਵੇਂ ਥਾਣਾ ਮੁਖੀ ਵੱਲੋਂ ਪਤਵੰਤਿਆਂ ਤੇ ਪੱਤਰਕਾਰਾਂ ਨਾਲ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਾਤੜਾਂ ਦੇ ਥਾਣਾ ਮੁਖੀ ਹਰਮਨਪ੍ਰੀਤ ਸਿੰਘ ਚੀਮਾ ਦੇ ਤਬਾਦਲੇ ਉਪਰੰਤ ਨਵੇਂ ਆਏ ਥਾਣਾ ਮੁਖੀ ਹੈਰੀ ਬੋਪਰਾਏ ਵੱਲੋਂ ਅਹੁਦਾ ਸੰਭਾਲਣ ਮਗਰੋਂ ਸ਼ਹਿਰ ਦੇ ਪਤਵੰਤਿਆਂ ਤੇ ਪੱਤਰਕਾਰਾਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਇਲਾਕੇ ਵਿੱਚ ਅਮਨ ਸ਼ਾਂਤੀ ਤੇ ਭਾਈਚਾਰਾ ਬਣਾਈ ਰੱਖਣ ਦੇ ਨਾਲ ਨਾਲ ਚੋਰੀ ਦੀਆਂ ਵਾਪਰਨ ਵਾਲੀਆਂ ਘਟਨਾਵਾਂ ਤੇ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਦਾ ਭਰੋਸਾ ਦਿੱਤਾ ਹੈ।

ਨਵ-ਨਿਯੁਕਤ ਥਾਣਾ ਮੁਖੀ ਹੈਰੀ ਬੋਪਾਰਾਏ ਨੇ ਕਿਹਾ ਕਿ ਇਲਾਕੇ ਵਿੱਚ ਕਿਸੇ ਵੀ ਵਿਅਕਤੀ ਨੂੰ ਗੈਰ-ਕਾਨੂੰਨੀ ਕੰਮ ਨਹੀਂ ਕਰਨ ਦਿੱਤਾ ਜਾਵੇਗਾ ਤੇ ਨਸ਼ੇ ਨੂੰ ਪੂਰੀ ਤਰ੍ਹਾਂ ਜੜ੍ਹੋਂ ਖਤਮ ਕਰਨ ਲਈ ਉਹ ਪੂਰੀ ਜੀ ਜਾਨ ਨਾਲ ਕੰਮ ਕਰਨਗੇ। ਇਸ ਦੇ ਨਾਲ ਹੀ ਇਲਾਕੇ ਵਿੱਚ ਕਿਸੇ ਵੀ ਤਰ੍ਹਾਂ ਦੇ ਗੈਰ-ਕਾਨੂੰਨੀ ਗਤੀਵਿਧੀਆਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ, ਜੇਕਰ ਕੋਈ ਸ਼ਰਾਰਤੀ ਅਨਸਰ ਇਲਾਕੇ ਵਿੱਚ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਸ਼ਹਿਰ 'ਚ ਟ੍ਰੈਫਿਕ ਸਮੱਸਿਆ ਨੂੰ ਹੱਲ ਕਰਨ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਚੈਕਿੰਗ ਕਰਵਾਉਣ ਦੇ ਨਾਲ ਨਾਲ ਜਾਮ ਵਾਲੀ ਸਥਿਤੀ ਨਾਲ ਨਜਿੱਠਣ ਲਈ ਸਿਟੀ ਪੁਲਸ ਚੌਕੀ ਤੇ ਟ੍ਰੈਫਿਕ ਪੁਲਸ ਦਾ ਸਹਿਯੋਗ ਲੈ ਕੇ ਸਮੱਸਿਆ ਨੂੰ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾ ਅਨਾਜ ਮੰਡੀ ਦੇ ਆੜ੍ਹਤੀਆਂ ਤੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੀਜ਼ਨ ਦੌਰਾਨ ਲੁੱਟ-ਖੋਹ ਤੇ ਚੋਰੀ ਦੀਆਂ ਘਟਨਾਵਾਂ 'ਚ ਭਾਰੀ ਵਾਧਾ ਹੋ ਜਾਂਦਾ ਹੈ, ਇਸ ਲਈ ਚੌਕਸ ਰਹਿਣ ਦੇ ਨਾਲ ਨਾਲ ਰਕਮ ਦਾ ਅਦਾਨ ਪ੍ਰਦਾਨ ਕਰਨ ਵੇਲੇ ਸੁਰੱਖਿਆ ਦਾ ਖਾਸ ਖਿਆਲ ਰੱਖਿਆ ਜਾਵੇ।

## ਲਾਈਫ ਲਾਈਨ ਵੈੱਲਫੇਅਰ ਕਲੱਬ ਨੇ ਪੌਦੇ ਲਗਾਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਈਫ ਲਾਈਨ ਵੈੱਲਫੇਅਰ ਕਲੱਬ ਦੇ ਪ੍ਰਧਾਨ ਦਵਿੰਦਰ ਬੱਲੂ ਤੇ ਰਮਨਦੀਪ ਅਰੋੜਾ ਦੀ ਅਗਵਾਈ ਵਿੱਚ ਵਧ ਰਹੇ ਪ੍ਰਦੂਸ਼ਨ ਤੇ ਬਿਮਾਰੀਆਂ ਨੂੰ ਦੇਖਦੇ ਹੋਏ ਅੱਜ ਮੁੱਦਕੀ ਰੋਡ 'ਤੇ ਲੜਕੀਆਂ ਵਾਲੇ ਸਕੂਲ ਦੇ ਬਾਹਰਲੇ ਪਾਸੇ ਪੌਦੇ ਲਗਾਏ ਗਏ, ਜਿਸ ਦੀ ਸ਼ੁਰੂਆਤ ਐੱਸ.ਡੀ.ਐੱਮ. ਹਰਕੰਵਲਜੀਤ ਸਿੰਘ, ਪੰਜਾਬ ਟ੍ਰੇਡ ਵਿੰਗ ਦੇ ਪ੍ਰਧਾਨ ਰਮਨ ਮਿੱਤਲ ਰਿੰਪੀ, ਪਵਨ ਗੁਪਤਾ, ਅਗਰਵਾਲ ਸਭਾ ਮੋਗਾ ਦੇ ਪ੍ਰਧਾਨ ਅਜੇ ਕਾਂਸਲ, ਸੈਨਟਰੀ ਇੰਸਪੈਕਟਰ ਦੀਪਕ, ਕੰਵਲਜੀਤ ਐਡਵੋਕੇਟ ਮੋਗਾ, ਪ੍ਰਿੰਸੀਪਲ ਸੰਜੀਵ ਕੁਮਾਰ ਵੱਲੋਂ ਸ਼ੁਰੂਆਤ ਕੀਤੀ ਗਈ। ਲਾਈਫ ਲਾਈਨ ਵੈੱਲਫੇਅਰ ਕਲੱਬ ਇਕ ਅਜਿਹੀ ਸੰਸਥਾ ਹੈ, ਜੋ ਲੋੜਵੰਦਾਂ ਦੀ ਸਹਾਇਤਾ, ਖੂਨਦਾਨ ਕੈਂਪ, ਸ਼ਹਿਰ ਵਾਸੀਆਂ ਨੂੰ ਐਂਬੂਲੈਂਸ ਦੀ ਸਹਾਇਤਾ, ਅੰਗਹੀਣਾਂ ਨੂੰ ਹਰ ਮਹੀਨੇ ਟਰਾਈਸਾਈਕਲ ਦੇਣਾ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਖੇਡਾਂ ਵੱਲ ਲਾਉਣਾ ਤੇ ਹੋਰ ਵੀ ਕਈ ਕਾਰਜਾਂ ਵਿੱਚ ਕਰਦੀ ਰਹਿੰਦੀ ਹੈ। ਇਸ ਮੌਕੇ ਸ਼੍ਰੀ ਗਣਪਤੀ ਸੇਵਾ ਮੰਡਲ ਦੇ ਪ੍ਰਧਾਨ ਰਾਕੇਸ਼ ਬਾਂਸਲ ਰਿੰਪੀ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਗੁਰਪ੍ਰੀਤ ਸਿੰਘ ਮਨਚੰਦਾ, ਵਿਨੋਦ ਗੁੰਬਰ, ਵਿਮਲ ਗਰਗ, ਵਿਜੇ ਮਿੱਤਲ, ਲੱਕੀ ਕੁਕਰੇਜਾ, ਹੇਮ ਰਾਜ, ਕਮਲ ਗਰਗ, ਬਿਰਬਲ ਸ਼ਰਮਾ, ਤਰੁਣ ਮਿੱਤਲ, ਕਮਲ ਬਰਾੜ, ਬੱਬੂ ਸਮਾਲਸਰ, ਜਤਿਨ, ਗਰੀਨ ਸਿਟੀ ਕਲੱਬ ਦੇ ਪ੍ਰਧਾਨ ਸੁਰੇਸ਼ ਗੋਇਲ ਤੇ ਹੋਰ ਹਾਜ਼ਰ ਸਨ।

## ਬੀਬੀਆਂ ਨੇ ਮੁਸ਼ਕਲਾਂ ਸੰਬੰਧੀ ਸੁਖਬੀਰ ਬਾਦਲ ਨੂੰ ਜਾਣੂੰ ਕਰਾਇਆ



**ਮਲੋਟ/ਮੁਕਤਸਰ (ਗੁਰਮੀਤ ਸਿੰਘ ਮੱਕੜ/ ਸ਼ਮਿੰਦਰ)**-ਇਸਤਰੀ ਅਕਾਲੀ ਦਲ ਦੇ ਪ੍ਰਧਾਨ ਬੀਬੀ ਹਰਗੋਬਿੰਦ ਕੌਰ ਦੀ ਅਗਵਾਈ ਵਿੱਚ ਵੱਡੀ ਗਿਣਤੀ 'ਚ ਬੀਬੀਆਂ ਪਿੰਡ ਬਾਦਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੂੰ ਮਿਲੀਆਂ। ਇਸ ਮੌਕੇ ਬੀਬੀਆਂ ਨੇ ਉਨ੍ਹਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਸ੍ਰ. ਸੁਖਬੀਰ ਸਿੰਘ ਬਾਦਲ ਨੂੰ ਜਾਣੂੰ ਕਰਵਾਇਆ, ਜਿਸ ਨੂੰ ਸੁਖਬੀਰ ਸਿੰਘ ਬਾਦਲ ਨੇ ਧਿਆਨਪੂਰਵਕ ਸੁਣਿਆ ਤੇ ਨਾਲ ਹੀ ਹੱਲ ਵਾਸਤੇ ਆਪਣੇ ਸਟਾਫ਼ ਦੀਆਂ ਡਿਊਟੀਆਂ ਲਗਾਈਆਂ। ਬੀਬੀਆਂ ਨੇ ਸੁਖਬੀਰ ਸਿੰਘ ਬਾਦਲ ਨਾਲ ਗੱਲਬਾਤ ਦੌਰਾਨ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਗਰੀਬਾਂ ਨਾਲ ਕੀਤੇ ਝੂਠੇ ਵਾਅਦਿਆਂ ਬਾਰੇ ਗੁੱਸਾ ਵੀ ਜ਼ਾਹਰ ਕੀਤਾ ਤੇ ਕਿਹਾ ਕਿ ਇਹ ਸਰਕਾਰ ਕਈ ਵਾਅਦੇ ਕਰਕੇ ਸੱਤਾ ਵਿੱਚ ਆਈ, ਪ੍ਰੰਤੂ ਇਸ ਸਰਕਾਰ ਵੱਲੋਂ ਵਾਅਦਿਆਂ ਨੂੰ ਪੂਰਾ ਨਹੀਂ ਕੀਤਾ ਗਿਆ।

# ਏਸ਼ੀਆਈ ਚੈਂਪੀਅਨ ਦਾ ਮੋਗਾ ਪਹੁੰਚਣ 'ਤੇ ਸ਼ਾਨਦਾਰ ਸਵਾਗਤ

**ਤੂਰ ਨੇ ਵਿੱਤੀ ਮਦਦ ਲਈ ਸੂਬਾ ਸਰਕਾਰ ਦਾ ਕੀਤਾ ਉਚੇਚਾ ਧੰਨਵਾਦ**



ਤੂਰ ਦਾ ਸਨਮਾਨ ਕਰਦੇ ਡਾ. ਅਮਨਦੀਪ ਕੌਰ ਅਰੋੜਾ, ਵਿਧਾਇਕ ਧਰਮਕੋਟ ਲਾਡੀ ਢੋਸ ਤੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ। (ਫੋਟੋ ; ਭੁਪਿੰਦਰ ਸਿੰਘ)

**ਮੋਗਾ (ਅਮਰਜੀਤ ਬੱਬਰੀ)**-ਹਾਂਗਜ਼ੂ ਏਸ਼ੀਅਨ ਖੇਡਾਂ-2023 ਦੇ ਚੈਂਪੀਅਨ ਤੇ ਜ਼ਿਲ੍ਹਾ ਮੋਗਾ ਦੇ ਮਾਣਮੱਤੇ ਖਿਡਾਰੀ ਤੇਜਿੰਦਰਪਾਲ ਸਿੰਘ ਤੂਰ ਦਾ ਜ਼ਿਲ੍ਹਾ ਮੋਗਾ ਵਿਖੇ ਪਹੁੰਚਣ ਉੱਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਢੋਲ ਦੀ ਥਾਪ ਤੇ ਫੁੱਲਾਂ ਦੀ ਵਰਖਾ ਦਰਮਿਆਨ ਸ਼ਾਨਦਾਰ ਸਵਾਗਤ ਕੀਤਾ ਗਿਆ। ਸਵਾਗਤ ਕਰਨ ਵਾਲਿਆਂ ਵਿੱਚ ਹਲਕਾ ਮੋਗਾ ਦੀ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ, ਹਲਕਾ ਧਰਮਕੋਟ ਦੇ ਵਿਧਾਇਕ ਸ੍ਰ. ਦਵਿੰਦਰਜੀਤ ਸਿੰਘ ਲਾਡੀ ਢੋਸ, ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ, ਜ਼ਿਲ੍ਹਾ ਪੁਲਸ ਮੁਖੀ ਜੇ ਇਲਨਚੇਲੀਅਨ, ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ, ਐੱਸ ਡੀ ਐੱਮ ਚਾਰੂਮਿਤਾ ਤੇ ਹੋਰ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਤਜਿੰਦਰਪਾਲ ਸਿੰਘ ਤੂਰ ਨੇ ਸ਼ਾਟਪੁੱਟ ਵਿੱਚ ਸੋਨ ਤਮਗ਼ਾ ਜਿੱਤਿਆ ਹੈ। ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ ਤੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਤੂਰ ਦਾ ਮੁੱਖ ਮੰਤਰੀ ਤਰਫੋਂ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੋਗਾ ਜ਼ਿਲ੍ਹੇ ਦੇ ਇਸ ਮਾਣਮੱਤੇ ਖਿਡਾਰੀ ਨੇ ਏਸ਼ੀਅਨ ਗੇਮਜ਼ ਵਿੱਚ ਪੰਜਾਬ ਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੂਬੇ ਨੂੰ ਮੁੜ ਖੇਡ ਨਕਸ਼ੇ 'ਤੇ ਨਾਮ ਚਮਕਾਉਣ ਵਾਲੇ ਤਮਗ਼ਾ ਜੇਤੂਆਂ ਨੂੰ ਜਲਦ ਹੀ ਸਾਰੇ ਖਿਡਾਰੀਆਂ ਦੇ ਦੇਸ਼ ਵਾਪਸ ਆਉਣ 'ਤੇ ਵਿਸ਼ੇਸ਼ ਸਮਾਗਮ ਦੌਰਾਨ ਨਗਦ ਇਨਾਮ ਰਾਸ਼ੀ ਨਾਲ ਸਨਮਾਨਤ ਕਰਨਗੇ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਕਿਹਾ ਕਿ ਏਸ਼ੀਅਨ ਖੇਡਾਂ ਦੌਰਾਨ ਸਾਡੇ ਦੇਸ਼ ਤੇ ਸੂਬੇ ਲਈ ਕਈ ਤਮਗੇ ਜਿੱਤਣਾ ਸਾਡੇ ਲਈ ਮਾਣ ਵਾਲੀ ਗੱਲ ਹੈ। ਪੰਜਾਬ ਦੇ 32 ਖਿਡਾਰੀਆਂ ਨੇ 8 ਸੋਨੇ, 6 ਚਾਂਦੀ ਤੇ 6 ਕਾਂਸੀ ਦੇ ਤਮਗਿਆਂ ਸਣੇ ਕੁੱਲ 20 ਤਮਗੇ ਜਿੱਤ ਕੇ, ਖੇਡਾਂ ਦੇ 72 ਸਾਲ ਦੇ ਇਤਿਹਾਸ ਵਿੱਚ ਹੁਣ ਤੱਕ ਦਾ ਸਰਵੋਤਮ ਪ੍ਰਦਰਸ਼ਨ ਕੀਤਾ ਹੈ। ਜ਼ਿਲ੍ਹਾ ਪੁਲਸ ਮੁਖੀ ਸ੍ਰੀ ਜੇ ਇਲਨਚੇਲੀਅਨ ਨੇ ਕਿਹਾ ਕਿ ਤੂਰ ਆਪਣੀ ਸਖਤ ਮਿਹਨਤ ਤੇ ਲਗਨ ਨਾਲ ਏਸ਼ੀਅਨ ਗੇਮਜ਼ ਵਿੱਚ ਸੋਨ ਤਮਗ਼ਾ ਜਿੱਤ ਕੇ ਸੂਬੇ ਦੇ ਨੌਜਵਾਨਾਂ ਲਈ ਪ੍ਰੇਰਨਾ ਸ੍ਰੋਤ ਬਣੇ ਹਨ। ਉਨ੍ਹਾਂ ਉਸ ਦੀ ਪ੍ਰਾਪਤੀ ਦਾ ਸਿਹਰਾ ਮਾਪਿਆਂ ਤੇ ਕੋਚਾਂ ਸਿਰ ਬੰਨ੍ਹਿਆ। ਇਸ ਮੌਕੇ ਤੇਜਿੰਦਰਪਾਲ ਸਿੰਘ ਤੂਰ ਨੇ ਸੂਬਾ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਸ ਨੂੰ ਖੇਡਾਂ ਦੀ ਤਿਆਰੀ ਲਈ ਪਹਿਲਾਂ ਹੀ 8 ਲੱਖ ਦੀ ਰਾਸ਼ੀ ਨਾਲ ਮਦਦ ਕੀਤੀ। ਉਸ ਨੇ ਕਿਹਾ ਕਿ ਉਹ ਭਵਿੱਖ ਵਿੱਚ ਇਸੇ ਤਰ੍ਹਾਂ ਦੇਸ਼ ਤੇ ਸੂਬੇ ਦਾ ਨਾਮ ਚਮਕਾਉਣ ਲਈ ਪੂਰੀ ਮਿਹਨਤ ਕਰੇਗਾ। ਇਸ ਮੌਕੇ ਵੱਡੀ ਗਿਣਤੀ 'ਚ ਖੇਡ ਪ੍ਰਸ਼ੰਸਕ ਤੇ ਖਿਡਾਰੀ ਵੀ ਹਾਜ਼ਰ ਸਨ।

## ਵੀਜ਼ਨ ਦੇ ਵਿਦਿਆਰਥੀ ਨੇ 7.5 ਬੈਂਡ ਲਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਦੇ ਮੇਨ ਬੱਸ ਸਟੈਂਡ ਵਿੱਚ ਸਥਿਤ ਇਲਾਕੇ ਦਾ ਨਾਮਵਰ ਸੈਂਟਰ ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਦੇ ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ, ਇਕਬਾਲ ਸਿੰਘ ਢਿੱਲੋਂ ਤੇ ਨੰਦ ਸਿੰਘ ਬਰਾੜ ਨੇ ਦੱਸਿਆ ਕਿ ਰਾਜਵੀਰ ਸਿੰਘ ਪੁੱਤਰ ਪ੍ਰੀਤਪਾਲ ਸਿੰਘ ਵਾਸੀ ਰੋਡੇ ਨੇ ਆਈਲਟਸ ਵਿੱਚੋਂ 7.5 ਬੈਂਡ ਪ੍ਰਾਪਤ ਕਰਕੇ ਸੈਂਟਰ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਯਾਦਵਿੰਦਰ ਸਿੰਘ ਬਰਾੜ ਤੇ ਇਕਬਾਲ ਸਿੰਘ ਢਿੱਲੋਂ ਅਤੇ ਨੰਦ ਸਿੰਘ ਬਰਾੜ ਐੱਮ ਸੀ ਨੇ ਰਾਜਵੀਰ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ। ਉਨ੍ਹਾ ਇਹ ਵੀ ਦੱਸਿਆ ਕਿ ਇੱਥੇ ਆਈਲਟਸ ਦੀ ਤਿਆਰੀ ਆਧੁਨਿਕ ਤੇ ਮਾਹਰ ਅਧਿਆਪਕਾਂ ਦੁਆਰਾ ਕਰਵਾਈ ਜਾਂਦੀ ਹੈ। ਹਰੇਕ ਕਮਜ਼ੋਰ ਵਿਦਿਆਰਥੀ ਨੂੰ ਸਪੈਸ਼ਲ ਕਲਾਸਾਂ ਵੀ ਦਿੱਤੀਆਂ ਜਾਂਦੀਆਂ ਹਨ ਤਾਂ ਜੋ ਉਹ ਵਧੀਆਂ ਬੈਂਡ ਸਕੋਰ ਹਾਸਲ ਕਰਕੇ ਆਪਣਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕਰ ਸਕਣ। ਸੰਸਥਾ ਵੱਲੋਂ ਪੀ ਟੀ ਈ ਦੀ ਕੋਚਿੰਗ ਦਾ ਖਾਸ ਪ੍ਰਬੰਧ ਹੈ ਤੇ ਇਥੇ ਸਟੱਡੀ ਵੀਜ਼ਾ, ਵਿਜ਼ਟਰ ਵੀਜ਼ਾ ਤੇ ਓਪਨ ਵਰਕ ਪਰਮਿਟ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਵੱਲੋਂ ਵੀਜ਼ੇ ਕਾਨੂੰਨੀ ਤੇ ਪਾਰਦਰਸ਼ੀ ਢੰਗ ਨਾਲ ਲਗਾਏ ਜਾਂਦੇ ਹਨ।

## ਬਜ਼ੁਰਗ ਸਾਡੇ ਸਮਾਜ ਦਾ ਅਹਿਮ ਹਿੱਸਾ : ਮਨਪ੍ਰੀਤ ਕੌਰ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਸ਼੍ਰੀ ਅਰੁਣ ਗੁਪਤਾ ਦੀ ਅਗਵਾਈ ਹੇਠ ਅਥਾਰਟੀ ਦੀ ਸਕੱਤਰ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਸਕੂਲੀ ਬੱਚਿਆਂ ਨਾਲ ਬਿਧ ਆਸ਼ਰਮ ਦਾ ਦੌਰਾ ਕੀਤਾ ਤੇ ਸਕੂਲੀ ਬੱਚਿਆਂ ਨੂੰ ਬਜ਼ੁਰਗਾਂ ਦੀ ਸਮਾਜ ਨਿਰਮਾਣ ਵਿੱਚ ਭਾਗੀਦਾਰੀ ਬਾਰੇ ਦੱਸਿਆ। ਉਨ੍ਹਾ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦਾ ਅਹਿਮ ਹਿੱਸਾ ਹੁੰਦੇ ਹਨ ਤੇ ਸਾਨੂੰ ਉਨ੍ਹਾਂ ਦੇ ਲੰਮੇ ਤਜਰਬਿਆਂ ਤੋਂ ਸੇਧ ਲੈਣੀ ਚਾਹੀਦੀ ਹੈ। ਸ਼੍ਰੀਮਤੀ ਮਨਪ੍ਰੀਤ ਕੌਰ ਨੇ ਬਿਧ ਆਸ਼ਰਮ ਵਿਖੇ ਰਹਿੰਦੇ ਬਜ਼ੁਰਗਾਂ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾ ਸਕੂਲੀ ਬੱਚਿਆਂ ਨੂੰ ਬਜ਼ੁਰਗਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਪਰਿਵਾਰ ਵਿੱਚ ਬਜ਼ੁਰਗ ਸਭ ਤੋਂ ਅਹਿਮ ਕੜੀ ਹੁੰਦੇ ਹਨ ਤੇ ਸਾਨੂੰ ਹਮੇਸ਼ਾ ਬਜ਼ੁਰਗਾਂ ਦਾ ਮਾਣ ਸਤਿਕਾਰ ਕਰਨਾ ਚਾਹੀਦਾ ਹੈ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਕੱਤਰ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਬਜ਼ੁਰਗਾਂ ਨੂੰ ਕਿਹਾ ਕਿ ਕਿਸੇ ਵੀ ਕਿਸਮ ਦੀ ਸਮੱਸਿਆ ਆਉਣ 'ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕੀਤਾ ਜਾਵੇ। ਇਸ ਮੌਕੇ ਉਨ੍ਹਾ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸੀਨੀਅਰ ਸਿਟੀਜਨਾਂ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਵੀ ਦਿੱਤੀ।

14--Otc-PAGE- 8 qxd.qxd 10/13/2023 10:04 PM Page 1



# ਕੁੱਲ ਹਿੰਦ ਮਜ਼ਦੂਰ ਯੂਨੀਅਨ ਨੇ ਗਵਰਨਰ ਨੂੰ ਭੇਜਿਆ ਮੰਗ ਪੱਤਰ



**ਸਾਹਕੋਟ (ਗਿਆਨ ਸੈਦਪੁਰੀ)** ਮਨਰੇਗਾ, ਖੇਤ ਮਜ਼ਦੂਰਾਂ ਅਤੇ ਹੋਰ ਪੇਂਡੂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਸਬੰਧੀ ਕੁੱਲ ਹਿੰਦ ਮਜ਼ਦੂਰ ਯੂਨੀਅਨ ਵੱਲੋਂ ਪੰਜਾਬ ਦੇ ਰਾਜਪਾਲ ਦੇ ਨਾਂਅ ਬੀ ਡੀ ਪੀ ਓਜ਼ ਰਾਹੀਂ ਦਿੱਤੇ ਜਾਣ ਵਾਲੇ ਮੰਗ ਪੱਤਰ ਦੇ ਸਿਲਸਿਲੇ ਤਹਿਤ ਸਾਹਕੋਟ ਵਿੱਚ ਵੀ ਮੰਗ ਪੱਤਰ ਦਿੱਤਾ ਗਿਆ। ਇਹ ਮੰਗ ਪੱਤਰ ਬੀ ਡੀ ਪੀ ਓ ਸਾਹਕੋਟ ਦੀ ਗੈਰ-ਮੌਜੂਦਗੀ ਵਿੱਚ ਮਜ਼ਦੂਰ ਆਗੂਆਂ ਨੇ ਦਫਤਰ ਦੇ ਸੁਪਰਡੈਂਟ ਸੁਖਵਿੰਦਰ ਕੌਰ ਨੂੰ ਸੌਂਪਿਆ। ਮਜ਼ਦੂਰਾਂ ਦੀ ਮੰਗ ਹੈ ਕਿ ਮਨਰੇਗਾ ਵਰਕਰਾਂ ਨੂੰ ਸਾਲ ਵਿੱਚ 200 ਦਿਨ ਕੰਮ ਅਤੇ 600 ਰੁਪਏ ਦਿਹਾੜੀ ਦਿੱਤੀ ਜਾਵੇ। ਇਨ੍ਹਾਂ ਮਜ਼ਦੂਰਾਂ ਦੀ ਹਾਜ਼ਰੀ ਐਪ 'ਤੇ ਲਾਉਣੀ ਬੰਦ ਕੀਤੀ ਜਾਵੇ। ਰੱਦ ਕੀਤੇ ਜਾਬ ਕਾਰਡਾਂ ਨੂੰ ਮੁੜ ਜਾਰੀ ਕੀਤਾ ਜਾਵੇ। ਬੇਘਰੇ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦਿੱਤੇ ਜਾਣ ਅਤੇ ਉਸਾਰੀ ਲਈ 5-5 ਲੱਖ ਰੁਪਏ ਦੀ ਗਰਾਂਟ ਦਿੱਤੀ ਜਾਵੇ। ਦਲਿਤਾਂ ਅਤੇ ਕਮਜ਼ੋਰ ਵਰਗਾਂ ਦੇ ਸਾਰੇ ਕਰਜੇ ਮੁਆਫ ਕੀਤੇ ਜਾਣ। ਪਿੰਡਾਂ ਅਤੇ ਸਹਿਰਾਂ ਦੀਆ ਗਰੀਬ ਬਸਤੀਆਂ ਸਸਤੇ ਭਾਅ ਵਾਲੇ ਵਾਲੇ ਰਾਸਨ ਡਿੱਪੂ ਖੋਹਲੇ ਜਾਣ। ਪਿੰਡਾਂ ਦੀਆਂ ਪੰਚਾਇਤੀ ਜਮੀਨਾਂ ਦਾ ਤੀਸਰਾ ਹਿੱਸਾ ਦਲਿਤ ਪਰਵਾਰਾਂ ਨੂੰ ਖੇਤੀ ਲਈ ਦਿੱਤਾ ਜਾਵੇ। ਰਾਖਵੇਂਕਰਨ ਦਾ ਬੈਕਲਾਗ ਪੂਰਾ ਕੀਤਾ ਜਾਵੇ ਅਤੇ ਨਿੱਜੀ ਅਦਾਰਿਆਂ ਵਿੱਚ ਰਾਖਵਾਂਕਰਨ ਕਨੂੰਨ ਬਣਾਇਆ ਜਾਵੇ। ਮੰਗ ਪੱਤਰ ਦੇਣ ਮੌਕੇ ਕੇਵਲ ਸਿੰਘ ਕੋਟਲੀ, ਕਰਮਜੀਤ ਸਿੰਘ ਦੱਮਣ, ਅਜੀਤ ਸਿੰਘ, ਪਰਮਜੀਤ ਸਿੰਘ, ਕਮਲਪ੍ਰੀਤ ਸਿੰਘ, ਹਰਭਜਨ ਸਿੰਘ, ਬੂਟਾ ਰਾਮ, ਫੁੰਮਣ ਸਿੰਘ, ਲਾਡੀ ਅਤੇ ਕੇਵਲ ਸਿੰਘ (ਸਾਰੇ ਦਾਨੇਵਾਲ) ਹਾਜ਼ਰ ਸਨ।

# ਸਰਕਾਰੀ ਸਕੂਲਾਂ ਦੇ ਲੜਕਿਆਂ ਦੇ ਗਰਾਊਂਡ ਨੂੰ ਮਲਟੀਪਲ ਖੇਡ ਸਟੇਡੀਅਮ 'ਚ ਤਬਦੀਲ ਕੀਤਾ ਜਾਵੇ



**ਫਿਲੌਰ, (ਨਿਰਮਲ)**- ਖੇਡ ਪ੍ਰੇਮੀ ਨੌਜਵਾਨ ਲੜਕਿਆਂ ਦਾ ਇੱਕ ਗਰੁੱਪ ਕੌਂਸਲਰ ਵੈਭਵ ਸ਼ਰਮਾ ਦੀ ਅਗਵਾਈ ਹੇਠ ਐਸ.ਡੀ.ਐਮ ਫਿਲੌਰ ਅਮਨ ਪਾਲ ਸਿੰਘ ਨੂੰ ਮਿਲਿਆ, ਜਿੱਥੇ ਉਨ੍ਹਾਂ ਐਸ.ਡੀ.ਐਮ ਨੂੰ ਮੰਗ ਪੱਤਰ ਦਿੰਦਿਆਂ ਕਿਹਾ ਕਿ ਫਿਲੌਰ ਦੇ ਸਰਕਾਰੀ ਸਕੂਲ ਵਿੱਚ 300-400 ਬੱਚੇ ਖੇਡਣ ਆਉਂਦੇ ਹਨ। ਮੁੰਡਿਆਂ ਦੇ ਗਰਾਊਂਡ ਵਿੱਚ ਆਪਣੀਆਂ ਮਨਪਸੰਦ ਖੇਡਾਂ ਖੇਡਣ ਅਤੇ ਆਪਣਾ ਮਨੋਰੰਜਨ ਕਰਨ ਅਤੇ ਨਸ਼ਿਆਂ ਤੋਂ ਦੂਰ ਰਹਿਣ। ਸਰਕਾਰੀ ਸਕੂਲ ਲੜਕਿਆਂ ਦੇ ਗਰਾਊਂਡ ਵਿੱਚ ਬੱਚੇ ਕ੍ਰਿਕਟ, ਫੁੱਟਬਾਲ, ਕਬੱਡੀ, ਬਾਸਕਟਬਾਲ, ਖੋ-ਖੋ, ਬੈਡਮਿੰਟਨ ਖੇਡਦੇ ਹਨ। ਕ੍ਰਿਕਟ ਖਿਡਾਰੀਆਂ ਦੀ ਗਿਣਤੀ ਸਭ ਤੋਂ ਵੱਧ ਹੈ ਜੋ 25-30 ਸਾਲਾਂ ਤੋਂ ਕ੍ਰਿਕਟ ਖੇਡ ਰਹੇ ਹਨ। ਸਰਕਾਰੀ ਸਕੂਲਾਂ ਦੇ ਮੈਦਾਨਾਂ ਵਿੱਚ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਕੋਈ ਕ੍ਰਿਕਟ ਖੇਡਦਾ ਹੈ। ਨਿਊ ਸਟਾਰ ਕ੍ਰਿਕਟ ਕਲੱਬ ਫਿਲੌਰ ਦੇ ਨਾਂ 'ਤੇ ਕ੍ਰਿਕਟ ਖੇਡਣ ਵਾਲੇ ਨੌਜਵਾਨਾਂ ਲਈ ਰਜਿਸਟਰਡ ਹੈ ਅਤੇ ਕਲੱਬ ਦੀ ਤਰਫੋਂ ਇੱਥੇ ਬੱਚਿਆਂ ਨੂੰ ਕੋਚਿੰਗ ਵੀ ਦਿੱਤੀ ਜਾਂਦੀ ਹੈ। ਕੋਚਿੰਗ ਦੇ ਨਾਲ-ਨਾਲ ਨਿਊ ਸਟਾਰ ਕ੍ਰਿਕਟ ਕਲੱਬ ਫਿਲੌਰ ਵੱਲੋਂ ਬੱਚਿਆਂ ਨੂੰ ਖੇਡਣ ਦਾ ਸਾਮਾਨ ਵੀ ਦਿੱਤਾ ਜਾਂਦਾ ਹੈ ਅਤੇ ਹਰ ਸਾਲ ਟੂਰਨਾਮੈਂਟ ਕਰਵਾਇਆ ਜਾਂਦਾ ਹੈ ਤਾਂ ਜੋ ਬੱਚੇ ਇਸ ਖੇਡ ਨਾਲ ਜੁੜ ਕੇ ਆਪਣੇ ਸੂਬੇ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰ ਸਕਣ। ਇਸ ਮੌਕੇ ਉਨ੍ਹਾਂ ਐਸ ਡੀ ਐਮ ਫਿਲੌਰ ਅਮਨ ਪਾਲ ਸਿੰਘ ਨੂੰ ਮੰਗ ਪੱਤਰ ਦਿੰਦਿਆਂ ਕਿਹਾ ਕਿ ਜੇਕਰ ਸਕੂਲ ਵਿੱਚ ਸਟੇਡੀਅਮ ਬਣਾਉਣਾ ਹੈ ਤਾਂ ਮਲਟੀਪਲ ਸਟੇਡੀਅਮ ਬਣਾਏ ਜਾਣ ਤਾਂ ਜੋ ਇਸ ਸਟੇਡੀਅਮ ਵਿੱਚ ਹਰ ਤਰ੍ਹਾਂ ਦੀਆਂ ਖੇਡਾਂ ਖੇਡੀਆਂ ਜਾ ਸਕਣ। ਇਸ ਮੰਗ ਪੱਤਰ 'ਤੇ ਫਿਲੌਰ ਦੇ ਕਈ ਕੌਂਸਲਰਾਂ ਨੇ ਵੀ ਬੱਚਿਆਂ ਦਾ ਸਾਥ ਦਿੱਤਾ, ਜਿਨ੍ਹਾਂ ਵਿੱਚ ਕੌਂਸਲਰ ਸੁਰਿੰਦਰ ਕੈਂਥ, ਕੌਂਸਲਰ ਰਾਜਵਿੰਦਰ ਕੌਰ ਭਾਰਤੀ, ਸਾਬਕਾ ਕੌਂਸਲਰ ਪਰਮਜੀਤ ਭਾਰਤੀ, ਕੌਂਸਲਰ ਰਾਜੇਸ਼ ਰੌਕਸੀ, ਸਾਬਕਾ ਕੌਂਸਲਰ ਨੀਤੂ ਸਹੋਤਾ, ਕੌਂਸਲਰ ਮੋਨਿਕਾ ਦੁੱਗਲ, ਪ੍ਰਧਾਨ ਨਗਰ ਕੌਂਸਲਰ ਮੋਨਿਕਾ ਦੁੱਗਲ ਸ਼ਾਮਲ ਸਨ।

# ਏ ਜੀ ਆਈ ਫੁਟਸਲ ਚੈਂਪੀਅਨਸ਼ਿਪ



**ਜਲੰਧਰ। (ਰਾਜੇਸ ਥਾਪਾ)** ਏ ਜੀ ਆਈ ਸਪੋਰਟਸ ਇੰਸਟੀਚਿਊਟ ਆਫ ਇੰਡੀਆ, ਏ ਜੀ ਆਈ ਇਨਫਰਾ ਲਿਮਿਟਿਡ ਦੀ ਸਹਾਇਕ ਕੰਪਨੀ, 15 ਤੋਂ 22 ਅਕਤੂਬਰ ਤੱਕ ਜਲੰਧਰ ਹਾਈਟਸ 1 ਦੇ ਟੀ ਬਲਾਕ ਫੁੱਟਸਲ ਮੈਦਾਨ 'ਚ ਫੁੱਟਸਲ ਗੋਲਡਨ ਲੀਗ ਟੂਰਨਾਮੈਂਟ ਦਾ ਆਯੋਜਨ ਕਰੇਗੀ। ਫੁਟਸਲ ਇੱਕ 5 ਏ ਸਾਈਡ ਫੁੱਟਬਾਲ ਖੇਡ ਹੈ ਜੋ ਬਾਹਰ ਅਤੇ ਅੰਦਰ ਖੇਡੀ ਜਾਂਦੀ ਹੈ। ਫੀਫਾ, ਅੰਤਰਰਾਸ਼ਟਰੀ ਫੁੱਟਬਾਲ ਫੈਡਰੇਸ਼ਨ ਅਤੇ ਇਸਦੇ ਸਾਰੇ 204 ਮਾਨਤਾ ਪ੍ਰਾਪਤ ਦੇਸ਼ ਇਸ 5 ਏ ਸਾਈਡ ਟੂਰਨਾਮੈਂਟ ਨੂੰ ਖੇਡਦੇ ਹਨ ਅਤੇ ਫੀਫਾ ਇਸਦਾ ਵਿਸਵ ਕੱਪ ਵੀ ਆਯੋਜਿਤ ਕਰਦਾ ਹੈ। ਇਸ ਏ ਜੀ ਆਈ ਫੁਟਸਲ ਗੋਲਡਨ ਲੀਗ ਟੂਰਨਾਮੈਂਟ 'ਚ ਛੇ ਫੁਟਸਲ ਟੀਮਾਂ ਭਾਗ ਲੈਣਗੀਆਂ।

ਜਲੰਧਰ ਹਾਈਟਸ 1, ਅਰਬਾਨਾ, ਸਮਾਰਟ ਹੋਮਜ, ਸਕਾਈ ਗਾਰਡਨ, ਜਲੰਧਰ ਹਾਈਟਸ 2 ਅਤੇ ਜਲੰਧਰ ਹਾਈਟਸ 3। ਇਹ ਮੈਚ ਰਾਊਂਡ ਰੌਬਿਨ ਫਾਰਮੈਟ 'ਚ ਖੇਡੇ ਜਾਣਗੇ। ਫੀਫਾ ਦੇ ਨਿਯਮਾਂ ਦੇ ਅਨੁਸਾਰ, 5 ਮਿੰਟ ਦੇ ਅੰਤਰਾਲ ਦੇ ਨਾਲ ਹਰ ਅੱਧ 'ਚ 15 ਮਿੰਟ ਦੀ ਮਿਆਦ ਦੇ ਨਾਲ ਮੈਚ ਖੇਡੇ ਜਾਣਗੇ।

ਏ ਜੀ ਆਈ ਇਨਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਅਨੁਸਾਰ ਇਸ ਟੂਰਨਾਮੈਂਟ ਦਾ ਮੁੱਖ ਉਦੇਸ਼ ਫੁੱਟਬਾਲ ਦੇ ਨੌਜਵਾਨ ਖਿਡਾਰੀਆਂ ਦੀ ਪ੍ਰਤਿਭਾ ਨੂੰ ਉਜਾਗਰ ਕਰਨਾ ਹੈ।

## ਦੁਸਹਿਰਾ ਗਰਾਊਂਡ ਦੇ ਆਲੇ-ਦੁਆਲੇ ਡਰੋਨ ਕੈਮਰੇ 'ਤੇ ਪਾਬੰਦੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਜ਼ਿਲ੍ਹਾ ਮੈਜਿਸਟ੍ਰੇਟ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਫੌਜਦਾਰੀ ਜ਼ਾਬਤਾ ਸੰਘ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਦੁਸਹਿਰਾ ਗਰਾਊਂਡ ਹੁਸ਼ਿਆਰਪੁਰ ਦੇ ਆਲੇ-ਦੁਆਲੇ 24 ਅਕਤੂਬਰ ਨੂੰ ਡਰੋਨ ਕੈਮਰਾ ਚਲਾਉਣ/ਉਡਾਉਣ 'ਤੇ ਪਾਬੰਦੀ ਲਗਾਈ ਹੈ। ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਐਸ.ਐਸ.ਪੀ ਹੁਸ਼ਿਆਰਪੁਰ ਵਲੋਂ ਪੱਤਰ ਰਾਹੀਂ ਬੇਨਤੀ ਕੀਤੀ ਗਈ ਹੈ ਕਿ 24 ਅਕਤੂਬਰ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਦੁਸਹਿਰੇ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਜਾਣਾ ਹੈ, ਜਿਸ ਵਿਚ ਮੁੱਖ ਮੰਤਰੀ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰ ਰਹੇ ਹਨ। ਇਸ ਦੌਰਾਨ ਸ਼ਹਿਰ ਵਿਚ ਮਨਾਏ ਜਾਣ ਵਾਲੇ ਦੁਸਹਿਰੇ ਵਿਚ ਜਨਤਾ ਦਾ ਕਾਫ਼ੀ ਇਕੱਠ ਹੁੰਦਾ ਹੈ। ਹਿਮਾਚਲ ਪ੍ਰਦੇਸ਼ ਅਤੇ ਆਸ-ਪਾਸ ਦੇ ਜ਼ਿਲ੍ਹਿਆਂ ਦੇ ਬਹੁਤ ਲੋਕ ਇਸ ਦੁਸਹਿਰੇ ਨੂੰ ਦੇਖਣ ਲਈ ਆਉਂਦੇ ਹਨ। ਇਸ ਲਈ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਪ੍ਰਾਈਵੇਟ ਸੰਸਥਾਵਾਂ ਵਲੋਂ ਬਿਨਾਂ ਮਨਜ਼ੂਰੀ ਦੇ ਡਰੋਨ ਕੈਮਰਾ ਚਲਾਉਣ 'ਤੇ ਪਾਬੰਦੀ ਲਗਾਉਣ ਸਬੰਧੀ ਹੁਕਮ ਜਾਰੀ ਕੀਤੇ ਜਾਣ।

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪਾਬੰਦੀ

**ਮੋਹਾਲੀ, (ਗੁਰਜੀਤ ਬਿੱਲਾ)** ਜਿਲ੍ਹੇ 'ਚ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਜਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਫੌਜਦਾਰੀ ਜਾਬਤਾ ਸੰਘਤਾ ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜਿਲ੍ਹਾ ਐਸ ਏ ਐਸ ਨਗਰ 'ਚ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ। ਇਸ ਦੇ ਨਾਲ-ਨਾਲ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਮੁਕੰਮਲ ਪਾਬੰਦੀ ਰਹੇਗੀ। ਇਸ ਤੋਂ ਇਲਾਵਾ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ 'ਚ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਮਨਾਹੀ ਹੋਵੇਗੀ ਅਤੇ ਕਿਸੇ ਭਾਈਚਾਰੇ ਵਿਰੁੱਧ ਨਫਰਤ ਭਰਿਆ ਭਾਸ਼ਣ ਦੇਣ 'ਤੇ ਵੀ ਪਾਬੰਦੀ ਲਾਗੂ ਰਹੇਗੀ। ਇਹ ਹੁਕਮ 10 ਦਸੰਬਰ ਤੱਕ ਲਾਗੂ ਰਹਿਣਗੇ।

## ਫਿਲੌਰ ਦੀਆਂ ਮੰਡੀਆਂ 'ਚ ਝੋਨੇ ਦੀ ਸਰਕਾਰੀ ਖਰੀਦ 27870 ਕੁਇੰਟਲ

**ਫਿਲੌਰ (ਨਿਰਮਲ)** ਫਿਲੌਰ ਦਾਨਾ ਮੰਡੀ ਅਤੇ ਇਸ ਦੀਆਂ ਸਹਾਇਕ ਮੰਡੀਆ ਤੇਹਿੰਗ, ਅੱਪਰਾ ਲਸਾੜਾ, ਮੁਠੱਡਾ ਵਿਚ ਵੀ ਝੋਨੇ ਦੀ ਆਮਦ ਬਹੁਤ ਹੌਲੀ ਰਫਤਾਰ ਨਾਲ ਆ ਰਹੀ ਹੈ। ਜਿਸ ਦਾ ਕਾਰਨ ਮੰਡੀਆਂ ਵਿੱਚ ਅੜਤੀਆਂ ਵੱਲੋਂ ਆਪਣੀਆਂ ਮੰਗਾਂ ਦੇ ਹੱਕ 'ਚ ਕੀਤੀ ਹੜਤਾਲ ਦੱਸਿਆ ਜਾ ਰਿਹਾ ਹੈ। ਮਾਰਕਿਟ ਕਮੇਟੀ ਫਿਲੌਰ ਦਫਤਰ ਤੋਂ ਮਿਲੀ ਸੂਚਨਾ ਮੁਤਾਬਕ ਮੁੱਖ ਖਰੀਦ ਏਜੰਸੀਆਂ ਪੈਨਗਰੇਨ ਮਾਰਕਫੈਡ ਅਤੇ ਪਨਸਪ ਵੱਲੋਂ ਝੋਨੇ ਦੀ ਖਰੀਦ ਕੀਤੀ ਜਾ ਰਹੀ ਹੈ ਜੋ ਅੱਜ ਤੱਕ 27870 ਕੁਇੰਟਲ ਹੋਈ ਹੈ ਇਲਾਕੇ ਵਿੱਚ ਝੋਨੇ ਦੀ ਕਟਾਈ ਨੇ ਜੋਰ ਫੜ ਲਿਆ ਹੈ। ਇਹ ਵੀ ਦੱਸਿਆ ਗਿਆ ਹੈ ਕਿ ਆੜ੍ਹਤੀਆਂ ਵੱਲੋਂ ਕੀਤੀ ਗਈ ਹੜਤਾਲ ਖਤਮ ਹੋ ਗਈ।

## ਦਿੱਲੀ ਦੇ ਜਨਰਲ ਡੈਲੀਗੇਟ ਇਜਲਾਸ 'ਚ ਦੋਆਬਾ ਜਨਰਲ ਕੈਟਾਗਰੀਜ਼ ਫਰੰਟ ਪੰਜਾਬ ਕਰੇਗਾ ਸ਼ਮੂਲੀਅਤ : ਫੁਗਲਾਣਾ



**ਮੇਹਟੀਆਣਾ(ਜਗਤਾਰਸਿੰਘ ਭੁੰਗਰਨੀ)** ਦੋਆਬਾ ਜਨਰਲ ਕੈਟਾਗਰੀਜ਼ ਫਰੰਟ ਪੰਜਾਬ ਦੇ ਪ੍ਰਧਾਨ ਬਲਵੀਰ ਸਿੰਘ ਫੁਗਲਾਣਾ ਅਤੇ ਜਨਰਲ ਸਕੱਤਰ ਜਗਤਾਰ ਸਿੰਘ ਭੁੰਗਰਨੀ ਨੇ ਇਕ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆ ਕਿਹਾ ਕਿ ਦਿੱਲੀ ਵਿਖੇ ਭਾਰਤ ਦੀਆ ਸਮੂਹ ਜਨਰਲ ਜਥੇਬੰਦੀਆ ਦਾ ਇਕ ਡੈਲੀਗੇਟ ਇਜਲਾਸ ਹੋ ਰਿਹਾ ਜਿਸ 'ਚ ਦੋਆਬਾ ਜਨਰਲ ਕੈਟਾਗਰੀਜ਼ ਫਰੰਟ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰੇਗਾ ਜਿਸ 'ਚ ਬਲਵੀਰ ਸਿੰਘ ਫੁਗਲਾਣਾ, ਜਗਤਾਰ ਸਿੰਘ ਭੁੰਗਰਨੀ, ਵਰਿੰਦਰ ਸਿੰਘ ਭਿੰਡਰ ਅਤੇ ਮਾਸਟਰ ਅਵਤਾਰ ਸਿੰਘ ਮੋਨਾ ਖੁਰਦ ਸ਼ਾਮਲ ਹੋਣਗੇ। ਡੈਲੀਗੇਟ ਇਜਲਾਸ 'ਚ ਜਨਰਲ ਵਰਗ ਆ ਰਹੀਆ ਦਰਪੇਸ਼ ਮੁਸ਼ਕਲਾ, ਸਕੂਲਾਂ ਕਾਲਜਾਂ ਅਤੇ ਯੂਨੀਵਰਸਟੀਆ 'ਚ ਦਾਖਲੇ ਮੈਰਿਟ ਦੇ ਆਧਾਰ ਉੂਪਰ ਅਤੇ ਰਾਖਵਾਂਕਰਨ ਆਰਥਿਕ ਪੱਖੋਂ ਕਮਜ਼ੋਰ ਹਰ ਵਰਗ ਨੂੰ ਮਿਲੇ ਮੁੱਖ ਮੁੱਦੇ ਹੋਣਗੇ। ਡੈਲੀਗੇਟ ਇਜਲਾਸ ਦੀ ਰਹਿਨੁਮਾਈ ਲਈ ਹਰ ਸਟੇਟ ਤੋਂ ਆਈਆਂ ਜਥੇਬੰਦੀਆਂ ਦਾ ਇੱਕ ਇੱਕ ਆਗੂ ਲਿਆ ਜਾਵੇਗਾ। ਡੈਲੀਗੇਟ ਇਜਲਾਸ 16 ਅਕਤੂਬਰ ਮਾਇਆਪੁਰੀ ਨੇੜੇ ਮੈਟਰੋ ਸਟੇਸ਼ਨ ਹੋਵੇਗਾ।

# ਸਪੈਸ਼ਲ ਬੱਚਿਆਂ ਦੇ ਹੋਸਟਲ ਲਈ 43 ਇੰਚ ਐੱਲ ਡੀ ਡੀ ਟੀ ਵੀ ਭੇਟ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਐਸ ਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨ ਖੇਲਾਂ ਹੁਸ਼ਿਆਰਪੁਰ ਵਿਖੇ ਸ਼੍ਰੀਮਤੀ ਅਵੀਨਾਸ਼ ਸੋਫਤ ਨੇ ਆਪਣੇ ਪਤੀ ਸੱਤਪ੍ਰਕਾਸ਼ ਸੋਫਤ ਦੀ ਯਾਦ ਵਿੱਚ ਹੋਸਟਲ ਦੇ ਬੱਚਿਆਂ ਦੇ ਲਈ 43 ਇੰਚ ਐਲ ਡੀ ਡੀ ਟੀ ਵੀ ਭੇਟ ਕੀਤਾ। ਇਸ ਮੌਕੇ ਸੱਤਪ੍ਰਕਾਸ਼ ਦੇ ਬੇਟੇ ਰਿਸ਼ੀ ਸੋਫਤ ਅਤੇ ਬੇਟੇ ਦੀ ਪਤਨੀ ਰੇਖਾ ਸੋਫਤ ਮੌਜੂਦ ਸਨ। ਸ਼੍ਰੀਮਤੀ ਅਵੀਨਾਸ਼ ਸੋਫਤ ਆਸ਼ਾਦੀਪ ਵੈਲਫੇਅਰ ਸੁਸਾਇਟੀ ਦੀ ਕਾਰਜਕਾਰੀ ਮੈਂਬਰ ਵੀ ਹਨ। ਹੋਸਟਲ ਕਮੇਟੀ ਚੇਅਰਮੈਨ ਕਰਨਲ ਗੁਰਮੀਤ ਸਿੰਘ, ਸਕੱਤਰ ਹਰਬੰਸ ਸਿੰਘ ਨੇ ਸੋਫਤ ਪਰਵਾਰ ਦਾ ਧੰਨਵਾਦ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਇੰਦੂ ਬਾਲ, ਪ੍ਰਿੰਸੀਪਲ ਸ਼ੈਲੀ ਸ਼ਰਮਾ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।



# ਮਾਨ ਨੇ ਚੱਕ ਹਕੀਮ ਵਿਖੇ ਸੀਵਰੇਜ ਪਾਈਪ ਲਾਈਨ ਪਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਹਲਕਾ ਵਿਧਾਨਸਭਾ ਫਗਵਾੜਾ ਦੇ ਪਿੰਡ ਚੱਕ ਹਕੀਮ ਵਿਖੇ 7 ਲੱਖ ਰੁਪਏ ਦੀ ਲਾਗਤ ਨਾਲ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਈਪ ਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਕਰਵਾਈ ਗਈ। ਇਸ ਮੌਕੇ ਉਹਨਾਂ ਕਿਹਾ ਕਿ ਪਿੰਡਾ ਨੂੰ ਵਧੀਆ ਅਤੇ ਸਾਫ਼ ਵਾਤਾਵਰਣ ਦੇਣ ਲਈ ਨਿੱਤ ਪਿੰਡਾਂ ਵਿੱਚ ਵਿਕਾਸ ਕਾਰਜ ਸ਼ੁਰੂ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਪਿਛਲੇ ਕਰੀਬ ਡੇਢ ਸਾਲ ਦੇ ਰਾਜ ਵਿਚ ਭਗਵੰਤ ਮਾਨ ਸਰਕਾਰ ਨੇ ਪੰਜਾਬ ਦਾ ਰਿਕਾਰਡ ਵਿਕਾਸ ਕਰਵਾਇਆ ਹੈ ਅਤੇ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਉਹਨਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਹ ਵਿਰੋਧੀ ਧਿਰਾਂ ਦੇ ਝੂਠੇ ਪ੍ਰਚਾਰ ਤੋਂ ਸੁਚੇਤ ਰਹਿੰਦੇ ਹੋਏ ਭਗਵੰਤ ਮਾਨ ਸਰਕਾਰ ਪ੍ਰਤੀ ਵਿਸ਼ਵਾਸ ਕਾਇਮ ਰੱਖਣ। ਪਿੰਡ ਦਾ ਸਾਰੇ ਅਧੂਰੇ ਵਿਕਾਸ ਦੇ ਕੰਮ ਵਾਰੀ-ਵਾਰੀ ਨੇਪਰੇ ਚਾੜ੍ਹੇ ਜਾਣਗੇ। ਇਸ ਮੌਕੇ ਨੌਜਵਾਨ ਆਪ ਆਗੂ ਵਰੁਣ ਬੰਗੜ ਚੱਕ ਹਕੀਮ ਨੇ ਦੱਸਿਆ ਕਿ ਸੀਵਰੇਜ ਦੀ ਨਿਕਾਸੀ ਦੇ ਲੋੜੀਂਦੇ ਪ੍ਰਬੰਧ ਨਾ ਹੋਣ ਕਰਕੇ ਪਿੰਡ ਦੇ ਵਸਨੀਕਾਂ ਨੂੰ ਭਾਰੀ ਮੁਸ਼ਕਲ ਆ ਰਹੀ ਸੀ। ਪਿਛਲੀਆਂ ਸਰਕਾਰਾਂ ਨੇ ਪਿੰਡ ਦੇ ਵਿਕਾਸ ਨੂੰ ਅੱਖੋਂ ਪਰੋਖੇ ਹੀ ਰੱਖਿਆ ਪਰ ਸੂਬੇ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਹਲਕੇ ਦੇ ਪੇਂਡੂ ਵਿਕਾਸ ਨੂੰ ਗਤੀ ਮਿਲੀ ਹੈ। ਇਸ ਤੋਂ ਪਹਿਲਾਂ ਜੋਗਿੰਦਰ ਸਿੰਘ ਮਾਨ ਅਤੇ ਰਾਮ ਪਾਲ ਰਾਣਾ ਬੀ ਡੀ ਪੀ ਓ ਸਮੇਤ ਹੋਰਨਾਂ ਦਾ ਪਿੰਡ ਪੁੱਜਣ ਤੇ ਕੁਲਵਿੰਦਰ ਕੁਮਾਰ ਸਰਪੰਚ ਦੀ ਅਗਵਾਈ ਹੇਠ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਦਲਜੀਤ ਸਿੰਘ ਰਾਜੂ, ਮਹੰਤ ਪਰਸ਼ੋਤਮ ਦਾਸ, ਰਣਬੀਰ ਸਿੰਘ ਪੰਗਲੀ, ਜਗਦੀਸ਼ ਕੁਮਾਰ, ਕੁਲਵਿੰਦਰ ਕੌਰ ਪੰਚ, ਪਰਮਜੀਤ ਪੰਚ, ਰਵਿੰਦਰ ਕੁਮਾਰ, ਧਰਮਪਾਲ, ਰਵੀ ਕੁਮਾਰ, ਸਤਬੀਰ ਕੁਮਾਰ, ਪ੍ਰੀਤ ਬੰਗੜ, ਕ੍ਰਿਸ਼ਨਾ ਯਾਦਵ ਤੋਂ ਇਲਾਵਾ ਮਲਕੀਤ ਚੰਦ ਪੰਚਾਇਤ ਸਕੱਤਰ, ਸੰਜੀਵ ਕੁਮਾਰ ਪੰਚਾਇਤ ਸਕੱਤਰ ਆਦਿ ਹਾਜ਼ਰ ਸਨ।

# ਨਗਰ ਕੌਂਸਲ ਜੀਰਕਪੁਰ ਵੱਲੋਂ ਵੰਡੀ ਗਈ ਕੰਪੋਸਟ ਖਾਦ



**ਮੋਹਾਲੀ, (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਐਸ ਏ ਐਸ ਨਗਰ ਸ਼੍ਰੀਮਤੀ ਆਸ਼ਿਕਾ ਜੈਨ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸਵੱਛ ਭਾਰਤ ਮਿਸ਼ਨ ਅਧੀਨ ਸਮੇਂ-ਸਮੇਂ 'ਤੇ ਸਵੱਛਤਾ ਦੇ ਲਈ ਉਪਰਾਲੇ ਕੀਤੇ ਜਾ ਰਹੇ ਹਨ ਜਿਹਨਾਂ ਦੇ ਤਹਿਤ ਨਗਰ ਕੌਂਸਲ ਜੀਰਕਪੁਰ ਨੇ ਰੌਯਲ ਐਸਟੇਟ ਦੇ ਰੈਜਿਡੈਂਟ ਵੈਲਫੇਅਰ ਅਸੋਸੀਏਸ਼ਨ ਦੇ ਮੈਂਬਰਾਂ ਦੀ ਮੌਜੂਦਗੀ 'ਚ ਨਾਗਰਿਕਾਂ ਨੂੰ ਗਮਲਿਆਂ ਅਤੇ ਕਿਚਨ ਗਾਰਡਨ ਦੇ ਲਈ ਗਿੱਲੇ ਕੂੜੇ ਤੋਂ ਬਣੀ ਖਾਦ ਵੰਡੀ। ਪ੍ਰੋਗਰਾਮ ਕੋਆਰਡੀਨੇਟਰ ਸੁਖਵਿੰਦਰ ਸਿੰਘ ਦਿਓਲ ਵੱਲੋਂ ਸਿੰਗਲ ਯੂਜ ਪਲਾਸਟਿਕ (ਪਲਾਸਟਿਕ ਕੈਰੀ ਬੈਗ ਅਤੇ ਪਲਾਸਟਿਕ ਦੇ ਬਰਤਨ) ਦੇ ਨੁਕਸਾਨ ਦੱਸਦੇ ਹੋਏ ਇਸ ਦੀ ਵਰਤੋਂ ਬੰਦ ਕਰਨ ਲਈ ਨਾਗਰਿਕਾਂ ਨੂੰ ਅਪੀਲ ਕੀਤੀ ਗਈ। ਇਸ ਦੇ ਨਾਲ ਨਾਗਰਿਕਾਂ ਨੂੰ ਗਿੱਲੇ ਕੂੜੇ ਤੋਂ ਖਾਦ ਅਤੇ ਸੁੱਕੇ ਕੂੜੇ ਤੋਂ ਗੱਠਰ ਬਣਾਉਣ ਦੀ ਵਿਧੀ ਸਮਝਾਈ ਗਈ। ਪ੍ਰੋਗਰਾਮ ਕੋਆਰਡੀਨੇਟਰ ਰਵਿੰਦਰ ਸਿੰਘ ਗਿੱਲ ਨੇ ਸੋਰਸ ਸੈਗਰੀਕੇਸ਼ਨ ਬਾਰੇ ਜਾਗਰੂਕ ਕੀਤਾ। ਨਾਗਰਿਕਾਂ ਨੂੰ ਨਗਰ ਕੌਂਸਲ ਦੀ ਪ੍ਰੋਸੈਸਿੰਗ ਸਾਇਟ 'ਤੇ ਲੈ ਕੇ ਜਾਣ ਬਾਰੇ ਵੀ ਗੱਲ ਬਾਤ ਕੀਤੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਕੱਪੜੇ ਦੇ ਥੈਲੇ ਦੀ ਵਰਤੋਂ ਕੀਤੀ ਜਾਵੇ ਤਾਂ ਕਿ ਜੀਰਕਪੁਰ ਨੂੰ ਪਲਾਸਟਿਕ ਮੁਕਤ ਕੀਤਾ ਜਾ ਸਕੇ। ਰੌਯਲ ਐਸਟੇਟ ਤੋਂ ਰੈਜਿਡੈਂਟ ਵੈਲਫੇਅਰ ਅਸੋਸਿਏਸ਼ਨ ਦੇ ਪ੍ਰਧਾਨ ਹਰੀਸ਼ ਲੈਂਬਰ ਅਤੇ ਅਸੋਸਿਏਸ਼ਨ ਦੇ ਮੈਂਬਰ ਗੌਰਵ ਸਿੰਘ, ਅਜੈ ਗੁਪਤਾ, ਵਰਿੰਦਰ ਭਰਦਵਾਜ, ਓਂਕਾਰ ਸਿੰਘ ਸੈਣੀ, ਵੀ. ਐਮ. ਆਨੰਦ, ਕਰਨ, ਰਾਜਕੁਮਾਰ ਗਰਗ, ਅਨਿਲ ਗੁਪਤਾ ਅਤੇ ਨਗਰ ਕੌਂਸਲ ਵੱਲੋਂ ਸੈਨਿਟਰੀ ਇੰਸਪੈਕਟਰ ਰਾਮ ਗੋਪਾਲ, ਅਮਰ, ਮਨਮੰਦਰ, ਭੁਪਿੰਦਰ, ਦਵਿੰਦਰ ਅਤੇ ਸੰਜੀਵ ਮੌਜੂਦ ਸਨ।

# ਸੀ ਟੀ ਯੂ ਪੰਜਾਬ ਵੱਲੋਂ ਏ ਡੀ ਸੀ ਰਾਹੀਂ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)** ਸੂਬੇ ਦੇ ਮਜ਼ਦੂਰਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਸੈਂਟਰ ਆਫ ਟਰੇਡ ਯੂਨੀਅਨ ਪੰਜਾਬ (ਸੀ ਟੀ ਯੂ) ਵੱਲੋਂ ਪੰਜਾਬ ਦੇ ਵੱਖ-ਵੱਖ ਸੰਸਥਾਵਾਂ ਅੰਦਰ ਕੰਮ ਕਰਦੇ ਸਨਅਤੀ ਮਜ਼ਦੂਰਾਂ, ਨਿਰਮਾਣ ਮਜ਼ਦੂਰਾਂ ਅਤੇ ਵੱਖ-ਵੱਖ ਸਕੀਮਾਂ ਤਹਿਤ ਕੰਮ ਕਰਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਹੱਲ ਕਰਵਾਉਣ ਲਈ ਸੂਬਾ ਪ੍ਰਧਾਨ ਦੇਵ ਰਾਜ ਵਰਮਾ ਅਤੇ ਜਨਰਲ ਸਕੱਤਰ ਨੱਥਾ ਸਿੰਘ ਦੀ ਅਗਵਾਈ ਹੇਠ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਆਗੂਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਦੋਸ਼ ਲਗਾਇਆ ਕਿ ਸ਼ਹੀਦ ਭਗਤ ਸਿੰਘ ਦਾ ਨਾ ਵਰਤ ਕੇ ਸੱਤਾ 'ਚ ਆਉਂਦਿਆਂ ਹੀ ਮਜ਼ਦੂਰਾਂ ਵਲੋਂ ਕੁਰਬਾਨੀਆਂ ਦੇ ਕੇ ਲਾਗੂ ਕਰਵਾਈ 8 ਘੰਟੇ ਦੀ ਦਿਹਾੜੀ ਨੂੰ ਮੁੜ 12 ਘੰਟੇ ਕਰਨ ਦਾ ਪਾਲ ਕਮਾਇਆ ਹੈ ਅਤੇ ਭਗਤ ਸਿੰਘ ਦੀ ਕੁਰਬਾਨੀ ਦਾ ਵੀ ਮੁੱਲ ਵੱਟਿਆ ਹੈ। ਸੰਘਰਸ਼ ਨੂੰ ਅੱਗੇ ਤੋਰਦਿਆਂ ਉਲੀਕੇ ਪ੍ਰੋਗਰਾਮ ਦੇ ਤਹਿਤ ਡਿਪਟੀ ਕਮਿਸ਼ਨਰਾਂ ਰਾਹੀਂ ਮੁੱਖ ਮੰਤਰੀ ਅਤੇ ਕਿਰਤ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜੇ ਜਾ ਰਹੇ ਹਨ, ਜਿਸਦੇ ਤਹਿਤ ਸੀ ਟੀ ਯੂ ਦੀ ਹੁਸ਼ਿਆਰਪੁਰ ਇਕਾਈ ਵੱਲੋਂ ਨਿਰਮਾਣ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੰਗਾ ਪ੍ਰਸ਼ਾਦ ਦੀ ਅਗਵਾਈ ਹੇਠ ਏ.ਡੀ.ਸੀ. (ਜਨਰਲ) ਰਾਹੁਲ ਚਾਬਾ ਹੁਸ਼ਿਆਰਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਪੰਜਾਬ ਸਰਕਰ ਵਲੋਂ ਦਿਹਾੜੀ ਦਾ ਸਮਾਂ 8 ਘੰਟੇ ਤੋਂ 12 ਘੰਟੇ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ। ਇਸ ਵਫਦ 'ਚ ਸਵਰਨ ਸਿੰਘ, ਨੰਦ ਕਿਸ਼ੋਰ, ਪਰਮਜੀਤ ਸਿੰਘ, ਅਸ਼ੋਕ ਕੁਮਾਰ, ਰਾਮ ਆਸਰਾ ਆਦਿ ਆਗੂ ਵੀ ਸ਼ਾਮਲ ਸਨ।

# ਪੰਜਾਬ ਦੇ ਜਨਤਕ ਸਿਹਤ ਸੇਵਾਵਾਂ 'ਚ ਕੀਤੇ ਜਾਣਗੇ ਮਿਡਵਾਈਫਰੀ ਲੈਡ ਕੇਅਰ ਯੂਨਿਟ : ਡਾ ਬਲਬੀਰ ਸਿੰਘ

**ਮੋਹਾਲੀ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸੂਬੇ ਵਿੱਚ ਜੱਚਾ ਅਤੇ ਬੱਚਾ ਨੂੰ ਬਿਹਤਰੀਨ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ, ਪੰਜਾਬ ਸਰਕਾਰ ਜਲਦ ਹੀ ਜਨਤਕ ਸਿਹਤ ਸੰਭਾਲ ਸਹੂਲਤਾਂ 'ਚ ਮਿਡਵਾਈਫਰੀ ਲੈਡ ਕੇਅਰ ਯੂਨਿਟ (ਐਮ ਐਲ ਸੀ ਯੂ) ਸਥਾਪਤ ਕਰਨ ਜਾ ਰਹੀ ਹੈ। ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇੱਥੇ ਦੱਸਿਆ ਕਿ ਕੁਦਰਤੀ ਜਣੇਪੇ (ਨਾਰਮਲ ਡਿਲੀਵਰੀ) ਨੂੰ ਉਤਸ਼ਾਹਿਤ ਕਰਨ ਲਈ ਐਮ ਐਲ ਸੀ ਯੂਜ਼ ਦੀ ਸਥਾਪਨਾ ਕੀਤੀ ਜਾਵੇਗੀ ਕਿਉਂਕਿ ਡਬਲਯੂ ਐਚ ਓ ਵੱਲੋਂ ਵੀ ਸੀਜੇਰੀਅਨ (ਸੀ-ਸੈਕਸ਼ਨ) ਦੁਆਰਾ ਜਣੇਪੇ ਲਈ 10 ਫ਼ੀਸਦ ਤੋਂ 15 ਫ਼ੀਸਦ ਤੱਕ ਦੀ ਆਦਰਸ਼ ਦਰ ਦਾ ਪ੍ਰਸਤਾਵ ਰੱਖਿਆ ਗਿਆ ਹੈ। ਉਹਨਾਂ ਅੱਗੇ ਕਿਹਾ ਕਿ ਮੌਜੂਦਾ ਸਮੇਂ ਇਹ ਦਰ ਕਾਫੀ ਵੱਧ ਹੈ। ਉਨ੍ਹਾਂ ਕਿਹਾ ਕਿ ਮਾਤਾ ਕੌਸ਼ੱਲਿਆ ਹਸਪਤਾਲ, ਪਟਿਆਲਾ 'ਚ ਪਾਇਲਟ ਆਧਾਰ 'ਤੇ ਇੱਕ ਐਮ ਐਲ ਸੀ ਯੂ ਪਹਿਲਾਂ ਹੀ ਕਾਰਜਸ਼ੀਲ ਹੈ, ਹੁਣ ਤੱਕ ਲੇਬਰ ਰੂਮ ਅਤੇ ਮਿਡਵਾਈਫਰੀ ਦੀ ਅਗਵਾਈ ਵਾਲੀ ਬਰਥਿੰਗ ਯੂਨਿਟ 'ਚ ਮਿਡਵਾਈਵਜ਼ ਵੱਲੋਂ ਕੁੱਲ 138 ਕੁਦਰਤੀ ਜਣੇਪੇ ਕੀਤੇ ਗਏ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਨੇ ਇਸ ਪ੍ਰੋਗਰਾਮ ਦਾ ਸੂਬੇ ਭਰ 'ਚ ਪ੍ਰਸਾਰ ਕਰਨ ਲਈ ਪਟਿਆਲਾ 'ਚ ਮਿਡਵਾਈਫਰੀ ਸਿਖਲਾਈ ਸੰਸਥਾ ਦੀ ਸਥਾਪਨਾ ਕੀਤੀ ਹੈ।

ਮਿਡਵਾਈਫਰੀ ਦੀ ਮਹੱਤਤਾ ਨੂੰ ਦਰਸਾਉਂਦਿਆਂ ਡਾਇਰੈਕਟਰ ਹੈਲਥ ਸਰਵਿਸਿਜ (ਪਰਿਵਾਰ ਭਲਾਈ) ਡਾ. ਹਿਤਿੰਦਰ ਕੌਰ ਨੇ ਕਿਹਾ ਕਿ ਦੁਨੀਆ ਭਰ ਵਿੱਚ ਮਿਡਵਾਈਫਰੀ ਬੱਚੇ ਦੇ ਜਨਮ ਸਮੇਂ ਜੱਚੇ-ਬੱਚੇ ਦੀ ਦੇਖਭਾਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸਾਰੇ ਕੁਦਰਤੀ ਜਟਿਲ ਜਣੇਪੀਆਂ ਨੂੰ ਸਿਖਲਾਈ ਪ੍ਰਾਪਤ ਮਿਡਵਾਈਵਜ ਦੁਆਰਾ ਸੰਭਾਲਿਆ ਜਾਵੇਗਾ ਅਤੇ ਇਹ ਯਕੀਨੀ ਤੌਰ 'ਤੇ ਉੱਚ ਪੱਧਰੀ ਸਿਹਤ ਸੰਭਾਲ ਸਹੂਲਤਾਂ ਨੂੰ ਨਿਰਉਤਸ਼ਾਹਤ ਕਰਨ ਵਿੱਚ ਮਦਦ ਕਰੇਗਾ।

# ਸੁਸਾਇਟੀ ਵੱਲੋਂ ਸਿਲਾਈ ਸੈਂਟਰ ਖੋਲ੍ਹਣ ਦਾ ਫੈਸਲਾ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਸ੍ਰੀ ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ ਦੇ ਮੈਂਬਰਾਂ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰਿੰਸੀਪਲ ਲਛਮਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਜਨਰਲ ਸਕੱਤਰ ਗੁਰਚਰਨ ਸਿੰਘ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਸੁਸਾਇਟੀ ਦਾ ਦੋ ਮਹੀਨਿਆਂ ਦਾ ਲੇਖਾ ਜੋਖਾ ਕਰਨ ਉਪਰੰਤ ਫੈਸਲਾ ਕੀਤਾ ਕਿ ਸੁਸਾਇਟੀ ਵੱਲੋਂ ਗੁਰਦੁਆਰਾ ਭਾਈ ਸੰਗਤ ਸਿੰਘ ਵਿਖੇ ਸਿਲਾਈ ਸੈਂਟਰ ਖੋਲ੍ਹ ਕੇ ਲੋੜਵੰਦ ਲੜਕੀਆਂ ਤੇ ਔਰਤਾਂ ਨੂੰ ਮੁਫਤ ਸਿਲਾਈ ਕਢਾਈ ਸਿਖਲਾਈ ਜਾਵੇਗੀ। ਇਸ ਲਈ ਯੋਗਤਾ ਪ੍ਰਾਪਤ ਸਿਲਾਈ ਟੀਚਰ ਰੱਖਣ ਨੂੰ ਪ੍ਰਵਾਨਗੀ ਵੀ ਦਿੱਤੀ ਗਈ ਹੈ। ਇਸ ਮੌਕੇ ਅਜਾਇਬ ਸਿੰਘ, ਪ੍ਰਿੰਸੀਪਲ ਮੋਹਣ ਸਿੰਘ, ਇੰਦਰਜੀਤ ਸਿੰਘ, ਬਖਸ਼ੀਸ਼ ਸਿੰਘ, ਰਤਨ ਸਿੰਘ, ਗਿਆਨ ਸਿੰਘ, ਦਰਸ਼ਨ ਸਿੰਘ, ਸੁਖਵੀਰ ਸਿੰਘ, ਮਲਾਗਰ ਸਿੰਘ, ਹਜਾਰਾ ਸਿੰਘ, ਗੁਰਿੰਦਰ ਸਿੰਘ ਅਤੇ ਬਾਬੂ ਸਿੰਘ ਆਦਿ ਹਾਜ਼ਰ ਸਨ ।

# ਐੱਸ ਟੀ ਐੱਸ ਵਰਲਡ ਸਕੂਲ 'ਚ ਅੰਤਰਰਾਸ਼ਟਰੀ ਬਾਲੜੀ ਦਿਵਸ ਮਨਾਇਆ




**ਗੁਰਾਇਆ (ਬਿੰਦਰ ਸੁਮਨ)**- ਐੱਸ.ਟੀ.ਐੱਸ. ਵਰਲਡ ਸਕੂਲ ਵਿੱਚ ਵੀ ਪੰਜਵੀਂ ਏ ਜਮਾਤ ਦੇ ਵਿਦਿਆਰਥੀਆਂ ਵੱਲੋਂ ਅਧਿਆਪਕਾ ਸ੍ਰੀਮਤੀ ਅਮਰਜੀਤ ਕੌਰ ਬਾਸੀ ਦੀ ਨਿਗਰਾਨੀ ਹੇਠ ਅੰਤਰਰਾਸ਼ਟਰੀ ਬਾਲੜੀ ਦਿਵਸ ਦੇ ਮੌਕੇ ਉੱਪਰ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਤਿਆਰ ਕਰਵਾਈ ਗਈ। ਜਿਸ ਵਿੱਚ ਗੁਰਨੀਤ ਕੌਰ ਅਤੇ ਦਮਨਪ੍ਰੀਤ ਸਿੰਘ ਸੰਧੂ ਨੇ ਮੰਚ ਦਾ ਸੰਚਾਲਨ ਕੀਤਾ। ਪਵੀਤ ਜੱਸੀ ਵੱਲੋਂ ਅੱਜ ਦਾ ਵਿਚਾਰ ਪੇਸ਼ ਕੀਤਾ ਗਿਆ। ਹਰਲੀਨ ਵੱਲੋਂ ਬੱਚਿਆਂ ਦੀ ਸ਼ਬਦਾਵਲੀ ਵਿੱਚ ਵਾਧਾ ਕੀਤਾ ਗਿਆ। ਗੁਰਸੀਰਤ ਕੌਰ ਨੇ ਲੜਕੀਆਂ ਦੇ ਸਸ਼ਕਤੀਕਰਨ ਨਾਲ ਸੰਬੰਧਿਤ ਇੱਕ ਬਹੁਤ ਸੋਹਣੀ ਕਵਿਤਾ ਪੇਸ਼ ਕੀਤੀ । ਯੁਵਰਾਜ ਸਿੰਘ ਵੱਲੋਂ ਅੰਗਰੇਜੀ ਗਾਣਾ ਗਾ ਕੇ ਸਭ ਦਾ ਮਨ ਪਰਚਾਇਆ ਗਿਆ । ਅੰਜਲੀ ਰਾਮ ਵੱਲੋਂ ਇਸ ਮੌਕੇ 'ਤੇ ਭਾਸ਼ਣ ਦਿੱਤਾ ਗਿਆ। ਸਭਾ ਦੇ ਅੰਤ ਵਿੱਚ ਪ੍ਰਿੰਸੀਪਲ ਮੈਡਮ ਪ੍ਰਭਜੋਤ ਗਿੱਲ ਨੇ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਲੜਕੀਆਂ ਨੂੰ ਆਪਣੇ ਅਧਿਕਾਰਾਂ, ਸੁਰੱਖਿਆ ਅਤੇ ਸਮਾਨਤਾ ਲਈ ਜਾਗਰੂਕ ਕਰਨਾ ਹੈ, ਤਾਂ ਜੋ ਉਹ ਆਉਣ ਵਾਲੀਆਂ ਸਾਰੀਆਂ ਚੁਣੌਤੀਆਂ ਅਤੇ ਮੁਸ਼ਕਲਾਂ ਦਾ ਸਾਹਮਣਾ ਕਰ ਸਕਣ।

# ਸੀ ਟੀ ਯੂ ਵੱਲੋਂ ਕੰਮ ਦਿਹਾੜੀ ਸਮਾਂ ਵਧਾਉਣ ਖਿਲਾਫ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ



**ਜਲੰਧਰ (ਰਾਜੇਸ਼ ਥਾਪਾ)** ਪਿਛਲੇ ਦਿਨੀ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਦੀ ਕੰਮ ਦਿਹਾੜੀ ਦੇ ਸੰਬੰਧ ਵਿੱਚ ਇੱਕ ਨੋਟੀਫਕੇਸਨ ਕੱਢਿਆ ਗਿਆ ਜਿਸ ਦੇ ਤਹਿਤ ਮਜ਼ਦੂਰਾਂ ਨੂੰ ਅੱਠ ਘੰਟੇ ਦੀ ਬਜਾਏ 12 ਘੰਟੇ ਕੰਮ ਕਰਨਾ ਹੋਵੇਗਾ। ਇਸ ਨੋਟੀਫਿਕੇਸ਼ਨ ਨੂੰ ਲੈ ਕੇ ਮਜ਼ਦੂਰਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸੇ ਸੰਬੰਧ 'ਚ ਸੈਂਟਰ ਆਫ ਟਰੇਡ ਯੂਨੀਅਨ ਵੱਲੋਂ ਡੀ ਸੀ ਦਫਤਰ ਤੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਇੱਕ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਦੇ ਨਾਂਅ ਐਸ ਡੀ ਐਮ ਸਾਹਿਬ ਨੂੰ ਦਿੱਤਾ ਗਿਆ। ਇਸ ਰੋਸ ਪ੍ਰਦਰਸ਼ਨ ਨੂੰ ਸੀ ਟੀ ਯੂ ਦੇ ਜਿਲ੍ਹਾ ਸਕੱਤਰ ਹਰਮੁਨੀ ਸਿੰਘ, ਸੀ ਟੀ ਯੂ ਦੇ ਜਿਲ੍ਹਾ ਪ੍ਰਧਾਨ ਰਾਮ ਕਿਸ਼ਨ ਅਤੇ ਬਲਦੇਵ ਨੂਰਪੁਰੀ ਨੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਤੁਰੰਤ ਹੀ ਇਹ ਮਜ਼ਦੂਰ ਵਿਰੋਧੀ ਨੋਟੀਫਿਕੇਸ਼ਨ ਵਾਪਸ ਲੈਣਾ ਚਾਹੀਦਾ ਹੈ ਅਤੇ ਮਜ਼ਦੂਰਾਂ 'ਚ ਇਹ ਭਰੋਸਾ ਪੈਦਾ ਕਰਨਾ ਚਾਹੀਦਾ ਹੈ ਕਿ ਉਹਨਾਂ ਦੀ ਕੰਮ ਦਿਹਾੜੀ 'ਚ ਕੋਈ ਵੀ ਵਾਧਾ ਨਹੀਂ ਕੀਤਾ ਜਾਵੇਗਾ। ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨੋਟੀਫਿਕੇਸ਼ਨ ਨੂੰ ਰੱਦ ਕਰਦਿਆਂ ਹੋਇਆਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਨੂੰ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ। ਇਸ ਮੌਕੇ ਜਵਾਹਰ ਚੌਰਸੀਆ, ਪਵਨ ਕੁਮਾਰ, ਰਮੇਸ਼ ਕੁਮਾਰ, ਕਸ਼ਮੀਰੀ ਲਾਲ, ਰਵਿੰਦਰ ਸਿੰਘ, ਸੁਰਜੀਤ, ਰਜਿੰਦਰ ਪਾਲ ਯਾਦਵ, ਰਾਮ ਬਿਲਾਸ ਗੁੱਡੂ ਕੁਮਾਰੀ, ਕੰਚਨ ਸਿੰਘ ਮਦਨ ਲਾਲ, ਜੋਗਿੰਦਰ ਚੌਧਰੀ, ਚਤਰ ਸਿੰਘ ਆਦਿ ਵੀ ਹਾਜ਼ਰ ਸਨ।

# ਵਿਦਿਆਰਥੀਆਂ ਦੇ ਤੀਜੇ ਬੈਚ ਲਈ 'ਵ੍ਹਾਈਟ ਕੋਟ' ਸਮਾਰੋਹ



**ਮੋਹਾਲੀ, (ਗੁਰਜੀਤ ਬਿੱਲਾ)** ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ, ਮੋਹਾਲੀ ਨੇ ਤੀਸਰੇ ਐਮ ਬੀ ਬੀ ਐਸ ਬੈਚ ਲਈ 'ਵ੍ਹਾਈਟ ਕੋਟ' ਸਮਾਰੋਹ ਕਰਵਾਇਆ। ਇਸ ਸਮਾਗਮ ਵਿੱਚ ਆਈ ਐਮ ਏ ਪੰਜਾਬ ਦੇ ਪ੍ਰਧਾਨ ਅਤੇ ਏ ਆਈ ਐਮ ਐਸ ਮੁਹਾਲੀ ਦੇ ਚੇਅਰਮੈਨ ਡਾ.ਭਗਵੰਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ. ਅਵਨਸ਼ ਕੁਮਾਰ, ਡਾਇਰੈਕਟਰ ਮੈਡੀਕਲ ਸਿੱਖਿਆ ਅਤੇ ਖੋਜ ਵਿਸ਼ੇਸ਼ ਮਹਿਮਾਨ ਸਨ। ਇਸ ਮੌਕੇ ਹਾਜ਼ਰ ਹੋਰ ਪਤਵੰਤਿਆਂ ਵਿੱਚ ਰਾਹੁਲ ਗੁਪਤਾ, ਆਈ ਏ ਐਸ, ਵਧੀਕ ਸਕੱਤਰ, ਡਾ. ਅਕਾਸ਼ਦੀਪ, ਜੁਆਇੰਟ ਡਾਇਰੈਕਟਰ, ਡਾ. ਜਸਬੀਰ ਸਿੰਘ, ਡਿਪਟੀ ਡਾਇਰੈਕਟਰ ਅਤੇ ਡਾ: ਗਗਨੀਨ ਕੌਰ, ਨੋਡਲ ਅਫਸਰ ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ, ਡਾ: ਭਵਨੀਤ ਭਾਰਤੀ, ਡਾਇਰੈਕਟਰ ਪ੍ਰਿੰਸੀਪਲ ਅਤੇ ਡਾ: ਨਵਦੀਪ ਸੈਣੀ, ਮੈਡੀਕਲ ਸੁਪਰਡੈਂਟ, ਏ.ਆਈ.ਐਮ.ਐਸ. ਮੋਹਾਲੀ ਸ਼ਾਮਲ ਸਨ। ਸੰਸਥਾ ਦੇ ਫੈਕਲਟੀ ਮੈਂਬਰਾਂ ਵੱਲੋਂ 'ਚਰਕ ਸਪਥ' ਅਤੇ 'ਡੌਨਿੰਗ ਆਫ ਵ੍ਹਾਈਟ ਕੋਟ' ਦੇ ਉਪਰਾਲੇ ਨਾਲ ਵਿਦਿਆਰਥੀਆਂ ਨੂੰ ਰਸਮੀ ਤੌਰ 'ਤੇ ਡਾਕਟਰੀ ਪੇਸ਼ੇ ਵਿੱਚ ਸ਼ਾਮਲ ਕੀਤਾ ਗਿਆ। ਆਪਣੇ ਸੰਬੋਧਨ 'ਚ ਡਾ. ਭਗਵੰਤ ਸਿੰਘ ਨੇ ਨਾ ਸਿਰਫ ਗਿਆਨ ਹਾਸਲ ਕਰਨ ਦੀ ਲੋੜ 'ਤੇ ਚਾਨਣਾ ਪਾਇਆ ਸਗੋਂ ਜੀਵਨ ਦੇ ਹੁਨਰਾਂ ਨੂੰ ਵੀ ਵਿਕਸਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਡਾ. ਭਵਨੀਤ ਭਾਰਤੀ ਨੇ ਵੀ ਨਵੇਂ ਸ਼ਾਮਲ ਹੋਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਾਲਜ ਦੀਆਂ ਪ੍ਰਾਪਤੀਆਂ ਅਤੇ ਕੀਤੀਆਂ ਗਈਆਂ ਤਰੱਕੀਆਂ ਬਾਰੇ ਸੰਖੇਪ ਜਾਣਕਾਰੀ ਦਿੱਤੀ।

# ਬੇਗਮਪੁਰਾ ਟਾਇਗਰ ਫੋਰਸ ਵੱਲੋਂ ਲਗਾਏ ਗਏ ਖੂਨਦਾਨ ਕੈਂਪ 'ਚ 117 ਯੂਨਿਟ ਦਾਨ



**ਹੁਸ਼ਿਆਰਪੁਰ ( ਓ ਪੀ ਰਾਣਾ, ਬਲਬੀਰ ਸਿੰਘ ਸੈਣੀ )** ਬੇਗਮਪੁਰਾ ਟਾਇਗਰ ਫੋਰਸ ਵਲੋਂ ਬਲੱਡ ਅਤੇ ਸੈਲਾਂ ਦੀ ਕਮੀ ਨੂੰ ਦੇਖਦੇ ਹੋਏ ਵਿਸ਼ਾਲ ਖੂਨਦਾਨ ਕੈਂਪ ਸਹਿਰ ਦੇ ਮੁਹੱਲਾ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਦੋਆਬਾ ਪ੍ਰਧਾਨ ਨੇਕੂ ਅਜਨੋਹਾ,ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਸਤੀਸ਼ ਕੁਮਾਰ ਸ਼ੇਰਗੜ੍ਹ ਤੇ ਪਵਨ ਕੁਮਾਰ ਬੱਧਣ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ। ਇਸ ਖੂਨਦਾਨ ਕੈਂਪ ਵਿੱਚ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਵਿਸੇਸ਼ ਤੌਰ 'ਤੇ ਪਹੁੰਚੇ ।ਫੋਰਸ ਵਲੋਂ ਲਗਾਏ ਗਏ ਖੂਨਦਾਨ ਕੈਂਪ ਦਾ ਰਸਮੀ ਉਦਘਾਟਨ ਹਲਕਾ ਚੱਬੇਵਾਲ ਤੋਂ ਵਿਧਾਇਕ ਰਾਜ ਕੁਮਾਰ ਚੱਬੇਵਾਲ ਤੇ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਸਿਵਲ ਸਰਜਨ ਡਾ ਬਲਵਿੰਦਰ ਕੁਮਾਰ ਡਮਾਣਾ ਨੇ ਸਾਂਝੇ ਰੂਪ ਵਿੱਚ ਕੀਤਾ। ਬੇਗਮਪੁਰਾ ਟਾਇਗਰ ਫੋਰਸ ਵਲੋਂ ਲਗਾਏ ਇਸ ਖੂਨਦਾਨ ਕੈਂਪ ਵਿੱਚ ਹੁਸ਼ਿਆਰਪੁਰ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਸ਼ਿੰਦਾ,ਡਿਪਟੀ ਮੇਅਰ ਕ੍ਰਿਸ਼ਨਾ ਸੈਣੀ, ਭਾਜਪਾ ਦੇ ਉੱਘੇ ਨੇਤਾ ਅਤੇ ਸਮਾਜ ਸੇਵਕ ਸੰਜੀਵ ਤਲਵਾੜ ,ਥਾਣਾ ਮੇਹਟੀਆਣਾ ਦੇ ਐਸ ਐਚ ਉ ਜਗਜੀਤ ਸਿੰਘ ,ਬਾਲੀ ਹਸਪਤਾਲ ਦੇ ਐਮ ਡੀ ਤੇ ਪ੍ਰਸਿੱਧ ਸਮਾਜ ਸੇਵੀ ਡਾ. ਜਮੀਲ ਬਾਲੀ, ਭਾਜਪਾ ਸਪੋਰਟਸ ਸੈਲ ਦੇ ਪ੍ਰਧਾਨ ਡਾ. ਰਮਨ ਘਈ ,ਬਾਬਾ ਸਾਹਿਬ ਟਾਇਗਰ ਫੋਰਸ ਦੇ ਸੰਸਥਾਪਕ ਨਰਿੰਦਰ ਨਹਿਰੂ ,ਨਗਰ ਨਿਗਮ ਦੇ ਵਾਰਡ ਨੰਬਰ 46 ਦੇ ਕੌਂਸਲਰ ਮੁਕੇਸ਼ ਕੁਮਾਰ ਮੱਲ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ । ਇਸ ਮੌਕੇ ਆਗੂਅਣ ਨੇ ਕਿਹਾ ਕਿ ਇਹਨਾਂ ਦਿਨਾਂ ਵਿੱਚ ਡੇਂਗੂ ਅਤੇ ਮਲੇਰੀਏ ਦੀ ਸਮੱਸਿਆ ਨਾਲ ਖੂਨ ਦੀ ਕਮੀ ਸੈਲਾਂ ਦੀ ਕਮੀ ਨੂੰ ਦੇਖਦੇ ਹੋਏ ਫੋਰਸ ਵਲੋਂ ਵੱਧ ਤੋਂ ਵੱਧ ਬਲੱਡ ਕੈਂਪ ਲਗਾਏ ਜਾ ਰਹੇ ਹਨ ਉਹਨਾਂ ਦੱਸਿਆ ਕਿ ਫੋਰਸ ਦੀ ਸਖਤ ਮਿਹਨਤ ਸਦਕਾ ਅਤੇ ਖੂਨ ਦਾਨੀਆਂ ਦੇ ਉਤਸ਼ਾਹ ਅਤੇ ਫੋਰਸ ਵਲੋਂ ਕੀਤੇ ਗਏ ਸਾਨਦਾਰ ਪ੍ਰਬੰਧ ਅਨੁਸਾਰ ਇੱਕ ਤੋਂ ਬਾਅਦ ਇੱਕ ਲਗਾਤਾਰ ਖੂਨ ਦਾਨੀ ਦੀ ਆਮਦ ਸਦਕਾ 117 ਯੂਨਿਟ ਦਾਨ ਕੀਤੇ ਗਏ ਆਗੂਆਂ ਨੇ ਦੱਸਿਆ ਕਿ ਇਸ ਖੂਨਦਾਨ ਕੈਂਪ ਵਿੱਚ ਸਤਨਾਮ ਹਸਪਤਾਲ ਦੀ ਬਲੱਡ ਸੈਂਟਰ ਦੀ ਟੀਮ ਨੇ ਡਾ. ਅਮਰਜੀਤ ਲਾਲ ਦੀ ਅਗਵਾਈ ਹੇਠ ਬੜੇ ਸੁਚੱਜੇ ਢੰਗ ਨਾਲ ਆਪਣਾ ਰੋਲ ਨਿਭਾਇਆ। ਉਨ੍ਹਾਂ ਦੱਸਿਆ ਕਿ ਇਸ ਖੂਨਦਾਨ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਖੂਨਦਾਨ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬੇਝਿਜਕ ਹੋ ਕੇ ਖੂਨਦਾਨ ਕਰਦੇ ਰਹਿਣਾ ਚਾਹੀਦਾ ਹੈ ਕਿਉਂਕਿ ਦਾਨ ਕੀਤੇ ਖੂਨ ਦੀ ਇੱਕ ਬੂੰਦ ਕਿਸੇ ਦੀ ਜਾਨ ਬਚਾ ਸਕਦੀ ਹੈ। ਆਗੂਆਂ ਨੇ ਕਿਹਾ ਬੇਗਮਪੁਰਾ ਟਾਈਗਰ ਫੋਰਸ ਸਤਿਗੁਰੂ ਰਵਿਦਾਸ ਮਹਾਰਾਜ ਅਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀਆਂ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣ ਦੇ ਨਾਲ-ਨਾਲ ਸਮਾਜ ਭਲਾਈ ਦੇ ਹੋਰ ਵੀ ਕਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਲਈ ਹਰ ਵਿਅਕਤੀ ਨੂੰ ਖੂਨਦਾਨ ਕਰਨਾ ਚਾਹੀਦਾ ਹੈ, ਤਾਂ ਜੋ ਕਿਸੇ ਲੋੜਵੰਦ ਮਰੀਜ ਦੀ ਜਾਨ ਬਚਾਈ ਜਾ ਸਕੇ। ਉਨ੍ਹਾਂ ਕਿਹਾ ਕਿ ਖੂਨਦਾਨ ਕਰਨ ਨਾਲ ਸਰੀਰ ਵਿੱਚ ਕੋਈ ਕਮਜ਼ੋਰੀ ਨਹੀਂ ਆਉਂਦੀ, ਸਗੋਂ ਦਿਲ ਦੀਆਂ ਬਿਮਾਰੀਆਂ ਦਾ ਖਤਰਾ ਘੱਟ ਹੁੰਦਾ ਹੈ। ਇਸ ਮੌਕੇ ਹੋਰਨਾ ਤੋ ਇਲਾਵਾ ਚੰਦਰ ਪਾਲ ਹੈਪੀ ਮਾਨਾ ਮੀਡੀਆ ਇੰਚਾਰਜ ,ਭੁਪਿੰਦਰ ਸਿੰਘ ਮਾਨਾ,ਅਵਤਾਰ ਸਿੰਘ ਤਾਰੀ,ਸ਼ਿੰਦਰ ਪਾਲ ਸਰਪੰਚ ਪਿੰਡ ਪੱਟੀ, ਸਤੀਸ਼ ਕੁਮਾਰ ਸ਼ੇਰਗੜ , ਰਾਜ ਕੁਮਾਰ ਬੱਧਣ ਸੇਰਗੜ੍ਹ ,ਜਸਵੀਰ ਸਿੰਘ ਸ਼ੇਰਗੜ੍ਹ, ਹਰਭਜਨ ਲਾਲ ਸਰੋਆ ,ਪਰਦੀਪ ਕੁਮਾਰ ਸ਼ੇਰਗੜ ,ਵਿੱਕੀ ਪੁਰਹੀਰਾ,ਗੋਪੀ ਸ਼ੇਰਗੜ੍ਹ,ਜੱਸੀ ਸ਼ੇਰਗੜ੍ਹ ਨੋਨੀ ਸ਼ੇਰਗੜ੍ਹ,ਦੀਪਕ ਦੀਪ ,ਅਵਤਾਰ ਸਿੰਘ ਡਿੰਪੀ, ਬਿੱਲਾ ਸ਼ੇਰਗੜ, ਸੋਨੂ ਬੰਗਲਾ, ਸਨੀ ਸ਼ੇਰਗੜ੍ਹ, ਸੁਖਦੇਵ ਸ਼ੇਰਗੜ੍ਹ, ਮੰਗਾ ਸ਼ੇਰਗੜ੍ਹ,ਦੀਪੂ ਨਲੋਈਆ,ਅਵਤਾਰ ਸਿੰਘ ,ਪਵਨ ਕੁਮਾਰ,ਦੇਵ ਰਾਜ ਭਗਤ ਨਗਰ ,ਦੀਪਕ ਬਸੀ ਖੁਆਜੂ ਉਪ ਪ੍ਰਧਾਨ ਈ ਰਿਕਸ਼ਾ ਯੂਨੀਅਨ, ਰਵੀ ਸੁੰਦਰ ਨਗਰ , ਸਾਬੀ ਡੀਜੇ ਸੁੰਦਰ ਨਗਰ, ਦੀਪਕ ਫਤਿਹਗੜ੍ਹ, ਬਾਲੀ ਫਤਿਹਗੜ੍ਹ ਆਦਿ ਹਾਜਰ ਸਨ ।

# ਸਕੂਲੀ ਬੱਚਿਆਂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਈ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਠੱਕਰਵਾਲ ਮੌਜੋਮਜਾਰਾ ਸੰਤ ਬਾਬਾ ਦੂਲਾ ਸਿੰਘ ਮੈਮੋਰੀਅਲ ਪਬਲਿਕ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਖਡੂਰ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ, ਸ੍ਰੀ ਤਰਨਤਾਰਨ ਸਾਹਿਬ ਦੇ ਵੱਖ ਵੱਖ ਗੁਰੂ ਘਰਾਂ ਦੀ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸਨ ਸਿੰਘ ਸੋਢੀ ਠੱਕਰਵਾਲ ਪ੍ਰਧਾਨ ਨਿਰਮਲਾ ਸੰਤ ਮੰਡਲ ਪੰਜਾਬ ਦੀ ਅਗਵਾਈ ਯਾਤਰਾ ਕਰਵਾਈ ਗਈ। ਇਸ ਮੌਕੇ ਸਕੂਲ ਦੇ ਪ੍ਰਧਾਨ ਦਰਸਨ ਸਿੰਘ ਰਾਜਾ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਵਿਦਿਆਰਥੀਆਂ ਨੂੰ ਵੱਖ ਵੱਖ ਅਸਥਾਨਾ ਦੀ ਯਾਤਰਾ ਕਰਵੈ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਹਰ ਸਾਲ ਵਿਦਿਆਰਥੀਆਂ ਨੂੰ ਵੱਖ ਵੱਖ ਅਸਥਾਨਾ ਤੇ ਬੱਚਿਆਂ ਨੂੰ ਟੂਰ ਲਗਵਾਏ ਜਾਂਦੇ ਹਨ ਅਤੇ ਵਿਦਿਆਰਥੀਆਂ ਨੂੰ ਧਾਰਮਿਕ ਸਥਾਨਾਂ ਦੀ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਮੌਕੇ ਸਕੂਲ ਦੇ ਚੇਅਰਮੈਨ ਸੰਤ ਬਾਬਾ ਹਰਕ੍ਰਿਸਨ ਸਿੰਘ ਸੋਢੀ ਠੱਕਰਵਾਲ ਪ੍ਰਧਾਨ ਨਿਰਮਲਾ ਸੰਤ ਮੰਡਲ ਪੰਜਾਬ, ਪ੍ਰਧਾਨ ਦਰਸਨ ਸਿੰਘ ਰਾਜਾ ਠੱਕਰਵਾਲ, ਸਰਬਜੀਤ ਸਿੰਘ ਮ੍ਰੀਤ ਪ੍ਰਧਾਨ, ਗੁਰਪ੍ਰੀਤ ਸਿੰਘ ਉਪ ਪ੍ਰਧਾਨ, ਪ੍ਰਿੰਸੀਪਲ ਮੰਗਤ ਰਾਮ, ਮਨਪ੍ਰੀਤ ਕੌਰ ਵਾਇਸ ਪ੍ਰਿੰਸੀਪਲ, ਪਰਮਜੀਤ ਕੌਰ, ਨਵਦੀਪ ਕੌਰ, ਕਿਰਨ ਸਿੱਧੂ, ਦੀਸਕਾ, ਅਚਨ, ਨਰਿੰਦਰ ਕੌਰ, ਜਸਪ੍ਰੀਤ ਕੌਰ, ਸੁਨੈਨਾ, ਮੋਨਿਕਾ, ਸਾਹਿਲ ਕੁਮਾਰ, ਲੱਕੀ, ਜੋਤੀ ਆਦਿ ਹਾਜ਼ਰ ਸਨ।

# ਵਿੱਤੀ ਸਾਖਰਤਾ ਕੈਂਪ ਲਗਾਇਆ




**ਭਲਾਣ, (ਢਿੱਲੋਂ)**- ਪੰਜਾਬ ਗ੍ਰਾਮੀਣ ਬੈਂਕ ਸ਼ਾਖਾ ਗੋਹਲਣੀ ਦੇ ਮੈਨੇਜਰ ਵਿਕਾਸ ਰਾਣਾ ਦੀ ਅਗਵਾਈ ਹੇਠ ਪਿੰਡ ਮਹਿਲਵਾਂ ਵਿਖੇ ਵਿੱਤੀ ਸਾਖਰਤਾ ਕੈਂਪ ਲਗਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਆਏ ਰਿਟਾ. ਚੀਫ ਮੈਨੇਜਰ ਪੀ.ਐਨ.ਬੀ ਦਰਸ਼ਨ ਸਿੰਘ ਨੇ ਪ੍ਰਧਾਨ ਮੰਤਰੀ ਜੀਵਨ ਸੁਰਖਸ਼ਾ ਬੀਮਾ ਯੋਜਨਾ, ਪ੍ਰਧਾਨ ਮੰਤਰੀ ਜੀਵਨ ਯੋਤੀ ਯੋਜਨਾ, ਅਟੱਲ ਪੈਨਸ਼ਨ ਸਕੀਮ, ਕ੍ਰਿਸ਼ੀ ਕਾਰਡ ਸਕੀਮ ਅਤੇ ਬੈਂਕ ਵੱਲੋਂ ਦਿੱਤੇ ਜਾ ਰਹੇ ਵੱਖ ਵੱਖ ਸਕੀਮਾਂ ਅਧੀਨ ਲੋਨ ਬਾਰੇ ਵਿਸਥਰਪੂਰਵਕ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਤੋਂ ਲਾਭ ਲੈਣ ਲਈ ਪ੍ਰੇਰਤ ਕੀਤਾ। ਇਸ ਮੌਕੇ ਬੈਂਕ ਮੈਨੇਜਰ ਵਿਕਸ ਰਾਣਾ ਨੇ ਗਾਂਧੀ ਜਯੰਤੀ ਦੇ ਸਬੰਧ ਵਿੱਚ ਸਵੱਛਤਾ ਅਭਿਆਨ ਤਹਿਤ ਆਪਣੇ ਆਲੇ ਦੁਆਲੇ ਦੀ ਸਫਾਈ ਸਾਡੇ ਲਈ ਕਿੰਨੀ ਜਰੂਰੀ ਹੈ ਬਾਰੇ ਜਾਗਰੂਕ ਕੀਤਾ। ਇਸ ਮੌਕੇ ਸ਼ਮਸ਼ੇਰ ਸਿੰਘ, ਨੀਰੂ ਬਾਲਾ ਸਰਪੰਚ, ਐਕਟਿਵ ਵੁਮੈਨ ਰੀਟਾ ਰਾਣੀ ਦਿਆਪੁਰ ਅਤੇ ਇੰਦੂ ਬਾਲਾ ਸੁਖਸਾਲ, ਅਸ਼ੋਕ ਕੁਮਾਰ, ਸਰਬਣ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜਰ ਸਨ।

14--Otc-PAGE- 9 qxd.qxd 10/13/2023 10:03 PM Page 1



# ਸਰਕਾਰ ਐੱਨ ਆਰ ਆਈ ਪੰਜਾਬੀਆਂ ਦੇ ਮਸਲੇ ਛੇਤੀ ਤੇ ਤਸੱਲੀਬਖ਼ਸ਼ ਢੰਗ ਨਾਲ ਕਰੇਗੀ ਹੱਲ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਅਤੇ ਸ਼ਿਕਾਇਤਾਂ ਨੂੰ ਛੇਤੀ ਅਤੇ ਤਸੱਲੀਬਖ਼ਸ਼ ਢੰਗ ਨਾਲ ਨਜਿੱਠਣ ਲਈ 'ਐਨ.ਆਰ.ਆਈ. ਪੰਜਾਬੀਆਂ ਨਾਲ ਮਿਲਣੀ' ਨਾਮਕ 5 ਪ੍ਰੋਗਰਾਮਾਂ ਦਾ ਆਯੋਜਨ ਕਰੇਗੀ। ਇਹ ਮਿਲਣੀ ਪ੍ਰੋਗਰਾਮ ਹੁਸ਼ਿਆਰਪੁਰ, ਬਠਿੰਡਾ, ਪਟਿਆਲਾ, ਜਗਰਾਓਂ ਅਤੇ ਗੁਰਦਾਸਪੁਰ ਵਿਖੇ ਕ੍ਰਮਵਾਰ 15, 18, 19, 22 ਅਤੇ 29 ਦਸਬੰਰ ਨੂੰ ਕਰਵਾਏ ਜਾਣਗੇ। ਇੱਥੇ ਐਨ.ਆਰ.ਆਈ. ਮਾਮਲੇ ਵਿਭਾਗ ਪੰਜਾਬ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਮਗਰੋਂ ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ 15 ਦਸੰਬਰ ਨੂੰ ਹੁਸ਼ਿਆਰਪੁਰ ਵਿਖੇ ਹੋਣ ਵਾਲੀ ਮਿਲਣੀ ਵਿੱਚ ਹੁਸ਼ਿਆਰਪੁਰ, ਜਲੰਧਰ, ਐਸ.ਬੀ.ਐਸ. ਨਗਰ, ਕਪੂਰਥਲਾ ਆਦਿ ਜ਼ਿਲਿਆਂ ਨਾਲ ਸਬੰਧਤ ਪ੍ਰਵਾਸੀ ਪੰਜਾਬੀਆਂ ਦੇ ਮਸਲੇ ਤੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾਵੇਗਾ। ਇਸੇ ਤਰ੍ਹਾਂ 18 ਦਸਬੰਰ ਨੂੰ ਬਠਿੰਡਾ ਵਿਖੇ ਬਠਿੰਡਾ, ਫਰੀਦਕੋਟ, ਮਾਨਸਾ, ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਮਿਲਣੀ ਪ੍ਰੋਗਰਾਮ ਹੋਵੇਗਾ। ਉਨ੍ਹਾਂ ਦੱਸਿਆ ਕਿ 19 ਦਸੰਬਰ ਨੂੰ ਪਟਿਆਲਾ ਵਿਖੇ, ਪਟਿਆਲਾ, ਰੂਪਨਗਰ, ਐਸ.ਏ.ਐਸ ਨਗਰ, ਫਤਿਹਗੜ੍ਹ ਸਾਹਿਬ, ਸੰਗਰੂਰ ਅਤੇ ਮਲੇਰਕੋਟਲਾ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਪੰਜਾਬੀਆਂ ਦੇ ਮਸਲੇ ਹੱਲ ਕੀਤੇ ਜਾਣਗੇ। ਇਸੇ ਤਰ੍ਹਾਂ 22 ਦਸੰਬਰ ਨੂੰ ਜਗਰਾਓਂ ਵਿਖੇ ਲੁਧਿਆਣਾ, ਬਰਨਾਲਾ, ਫਿਰੋਜ਼ਪੁਰ ਅਤੇ ਮੋਗਾ ਜਦਕਿ 29 ਦਸੰਬਰ ਨੂੰ ਗੁਰਦਾਸਪੁਰ ਵਿਖੇ ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ ਅਤੇ ਪਠਾਨਕੋਟ ਜ਼ਿਲ੍ਹਿਆਂ ਨੂੰ ਕਵਰ ਕੀਤਾ ਜਾਵੇਗਾ। ਧਾਲੀਵਾਲ ਨੇ ਦੱਸਿਆ ਕਿ ਵਿਭਾਗ ਨੇ ਪਿਛਲੇ ਸਾਲ ਦਸੰਬਰ, 2022 ਵਿੱਚ ਵੀ 5 ਸਫ਼ਲ ਮਿਲਣੀ ਪ੍ਰੋਗਰਾਮ ਕਰਵਾਏ ਸਨ, ਜਿਸ ਦੌਰਾਨ ਪ੍ਰਵਾਸੀ ਪੰਜਾਬੀਆਂ ਨੇ 605 ਵੱਖ-ਵੱਖ ਸ਼ਿਕਾਇਤਾਂ ਦਰਜ ਕਰਵਾਈਆਂ ਸਨ, ਜਿਨ੍ਹਾਂ ਨੂੰ ਹੱਲ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਵੀ ਐਨ.ਆਰ.ਆਈ. ਪੁਲਸ ਵਿੰਗ ਕੋਲ ਲਗਾਤਾਰ ਆਨਲਾਈਨ ਸ਼ਿਕਾਇਤਾਂ ਆ ਰਹੀਆਂ ਹਨ, ਜਿਨ੍ਹਾਂ ਦਾ 15 ਐਨ.ਆਰ.ਆਈ. ਪੁਲਸ ਥਾਣਿਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੂਬਾ ਪੱਧਰ 'ਤੇ ਸਮਾਂਬੱਧ ਢੰਗ ਨਾਲ ਤਸੱਲੀਬਖ਼ਸ਼ ਹੱਲ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਵੱਖ-ਵੱਖ ਜ਼ਿਲਿਆਂ 'ਚ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੀ.ਸੀ.ਐਸ. ਲੈਵਲ ਦੇ ਅਧਿਕਾਰੀ ਨੋਡਲ ਅਫ਼ਸਰ ਵਜੋਂ ਸੇਵਾਵਾਂ ਨਿਭਾ ਰਹੇ ਹਨ ਜੋ ਸਬੰਧਤਾਂ ਦੇ ਮਸਲਿਆਂ ਤੇ ਸ਼ਿਕਾਇਤਾਂ ਨੂੰ ਜ਼ਿਲਾ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਹੱਲ ਕਰਵਾਉਂਦੇ ਹਨ। ਉਨਾਂ ਕਿਹਾ ਕਿ ਪ੍ਰਵਾਸੀਆਂ ਪੰਜਾਬੀਆਂ ਦੇ ਸੂਬੇ ਵਿਚਲੇ ਮਸਲਿਆਂ ਨੂੰ ਨਜਿੱਠਣ ਲਈ ਪੂਰੀ ਤਰਾਂ ਗੰਭੀਰ ਹੈ ਅਤੇ ਇਨਾਂ ਨਾਲ ਸਬੰਧਤ ਕੋਈ ਵੀ ਵਿਸ਼ੇਸ਼ ਕੇਸ ਸਾਹਮਣੇ ਆਉਣ 'ਤੇ ਸਬੰਧਤ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ ਨਾਲ ਤਾਲਮੇਲ ਕੀਤਾ ਜਾਂਦਾ ਹੈ ਅਤੇ ਇਸ ਸਬੰਧੀ ਤੁਰੰਤ ਸਬੰਧਤ ਵਿਭਾਗ ਨੂੰ ਹਦਾਇਤਾਂ ਦਿੱਤੀਆਂ ਜਾਂਦੀਆਂ ਹਨ। ਧਾਲੀਵਾਲ ਨੇ ਐਨ.ਆਰ.ਆਈ. ਸਭਾ ਪੰਜਾਬ ਦੇ ਮੈਂਬਰ ਪ੍ਰਵਾਸੀ ਪੰਜਾਬੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਐਨ.ਆਰ.ਆਈ. ਸਭਾ ਦੇ ਪ੍ਰਧਾਨ ਦੀ ਚੋਣ ਲਈ ਪੰਜਾਬ ਆਉਣ ਤੇ ਆਪਣੀ ਵੋਟ ਦੇ ਹੱਕ ਦੀ ਵਰਤੋਂ ਕਰਨ।

ਉਨ੍ਹਾਂ ਕਿਹਾ ਕਿ ਆਪਣਾ ਯੋਗ ਨੁਮਾਇੰਦਾ ਚੁਣਨ ਲਈ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨਾ ਬੇਹੱਦ ਜ਼ਰੂਰੀ ਹੈ। ਇਸ ਮੌਕੇ ਪ੍ਰਮੁੱਖ ਸਕੱਤਰ ਪ੍ਰਵਾਸੀ ਭਾਰਤੀ ਮਾਮਲੇ ਵਿਭਾਗ ਦਿਲੀਪ ਕੁਮਾਰ, ਏ.ਡੀ.ਜੀ.ਪੀ. ਐਨ.ਆਰ.ਆਈ. ਵਿੰਗ ਪ੍ਰਵੀਨ ਕੁਮਾਰ ਸਿਨਹਾ ਆਦਿ ਤੋਂ ਇਲਾਵਾ ਐਨ.ਆਰ.ਆਈ. ਮਾਮਲੇ ਵਿਭਾਗ ਅਤੇ ਐਨ.ਆਰ.ਆਈ. ਸਭਾ ਨਾਲ ਸਬੰਧਤ ਸੀਨੀਅਰ ਅਧਿਕਾਰੀ ਸ਼ਾਮਲ ਸਨ।

# ਪ੍ਰਧਾਨ ਮੰਤਰੀ ਮੋਦੀ ਦਾ ਸੁਨੇਹਾ ਘਰ-ਘਰ ਤੱਕ ਪਹੁੰਚਾਇਆ ਜਾਵੇ : ਰਾਕੇਸ਼ ਗੋਇਲ



**ਫਿਲੌਰ (ਨਿਰਮਲ)**- ਭਾਜਪਾ ਵਿਧਾਨ ਸਭਾ ਹਲਕਾ ਫਿਲੌਰ ਦੀ ਕੋਰ ਕਮੇਟੀ ਟੀਮ ਦੀ ਮੀਟਿੰਗ ਇੱਕ ਨਿੱਜੀ ਹੋਟਲ ਫਿਲੌਰ ਵਿਖੇ ਕੀਤੀ ਗਈ। ਜਿਸ ਵਿੱਚ ਸੂਬਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਪੰਜਾਬ ਸੋਸ਼ਲ ਮੀਡੀਆ ਪ੍ਰਧਾਨ ਪੰਜਾਬ ਰਾਕੇਸ਼ਗੋਇਲ ਨੂੰ ਮੀਟਿੰਗ ਲੈਣ ਲਈ ਭੇਜਿਆ ਗਿਆ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਪਵਾਰ, ਕਾਰਜਕਾਰਨੀ ਮੈਂਬਰ ਪੰਜਾਬ ਗੋਲਡੀ ਨਾਹਰ, ਵਿਨੋਦ ਰਹੇਜਾ ਪ੍ਰਧਾਨ ਮੰਡਲ ਫਿਲੌਰ, ਅਭਿਸ਼ੇਕ ਅੱਪਰਾ ਮੰਡਲ ਪ੍ਰਧਾਨ, ਸ਼ਾਮ ਲਾਲ ਆਦਿ ਮੌਜੂਦ ਰਹੇ। ਗੋਇਲ ਨੇ ਕਿਹਾ ਕਿ ਬੂਥ ਕਮੇਟੀਆਂ ਬਣਾ ਕੇ ਪ੍ਰਧਾਨ ਮੰਤਰੀ ਮੋਦੀ ਦੀਆਂ ਸਕੀਮਾਂ ਤੇ ਨੀਤੀਆਂ ਘਰ-ਘਰ ਤੱਕ ਪਹੁੰਚੀਆਂ ਜਾਣ ਤਾਂ ਜੋ ਕੇਂਦਰ ਸਰਕਾਰ ਦੀਆਂ ਸਹੂਲਤਾਂ ਦਾ ਹਰੇਕ ਵਰਗ ਲਾਭ ਲੈ ਸਕੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਣਜੀਤ ਪਵਾਰ, ਕਾਰਜਕਰਨੀ ਮੈਂਬਰ ਪੰਜਾਬ ਗੋਲਡੀ ਨਾਹਰ, ਮੰਡਲ ਫਿਲੌਰ ਦੇ ਪ੍ਰਧਾਨ ਵਿਨੋਦ ਰਹੇਜਾ ਤੇ ਪਾਰਟੀ ਦੇ ਅਹੁੱਦੇਦਾਰਾਂ ਤੇ ਵਰਕਰਾਂ ਨੇ ਮੁੱਖ ਮਹਿਮਾਨ ਦਾ ਲੋਈ ਪਾ ਕੇ ਸਨਮਾਨ ਕੀਤਾ।

# ਝੋਨੇ ਦੀ ਅਨਾਜ ਮੰਡੀਆਂ 'ਚ ਆਮਦ, ਖਰੀਦ, ਲਿਫਟਿੰਗ ਤੇ ਅਦਾਇਗੀ ਲਈ ਨਹੀਂ ਹੋਵੇਗੀ ਕੋਈ ਪ੍ਰੇਸ਼ਾਨੀ- ਮਨਦੀਪ ਢਿੱਲੋਂ

**ਨੰਗਲ (ਸੁਰਜੀਤ ਸਿੰਘ)** -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਦੇ ਸਬੰਧ ਵਿੱਚ ਮੰਡੀਆਂ ਵਿੱਚ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਹਰਜੋਤ ਬੈਂਸ ਕੈਬਨਿਟ ਮੰਤਰੀ ਵੱਲੋ ਆਪਣੇ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਆਮਦ, ਖਰੀਦ, ਲਿਫਟਿੰਗ, ਅਦਾਇਗੀ ਅਤੇ ਅਨਾਜ ਮੰਡੀਆਂ ਵਿਚ ਕਿਸਾਨਾਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਦੀ ਮੋਨੀਟਰਿੰਗ ਕੀਤੀ ਜਾ ਰਹੀ ਹੈ। ਮਨਦੀਪ ਸਿੰਘ ਢਿੱਲੋਂ ਉਪ ਮੰਡਲ ਮੈਜਿਸਟ੍ਰੇਟ ਨੰਗਲ ਨੇ ਕਿਹਾ ਕਿ ਅਨਾਜ ਮੰਡੀਆਂ ਵਿਚ ਕਿਸਾਨਾਂ ਦੀ ਸਹੂਲਤ ਲਈ ਸਫਾਈ, ਰੋਸ਼ਨੀ, ਪੀਣ ਵਾਲੇ ਪਾਣੀ, ਪਖਾਨੇ, ਤਰਪਾਲਾ ਦੀ ਸਾਰੀ ਵਿਵਸਥਾ ਸੁਚਾਰੂ ਢੰਗ ਨਾਲ ਕੀਤੀ ਹੋਈ ਹੈ। ਫਸਲ ਦੀ ਆਮਦ ਦੇ ਨਾਲੋ ਨਾਲ ਖਰੀਦ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾਂ ਦੱਸਿਆ ਕਿ ਅਨਾਜ ਮੰਡੀ ਅਗੰਮਪੁਰ ਵਿਚ 769 ਮੀਟ੍ਰਿਕ ਟਨ, ਕੀਰਤਪੁਰ ਸਾਹਿਬ ਵਿਚ 1435 ਮੀਟ੍ਰਿਕ ਟਨ, ਤਖਤਗੜ੍ਹ ਵਿਚ 632 ਮੀਟ੍ਰਿਕ ਟਨ, ਨੂਰਪੁਰ ਬੇਦੀ ਵਿਚ 47 ਮੀਟ੍ਰਿਕ ਟਨ, ਨੰਗਲ ਵਿਚ 427 ਮੀਟ੍ਰਿਕ ਟਨ, ਸੂਰੇਵਾਲ ਵਿਚ 628 ਮੀਟ੍ਰਿਕ ਟਨ, ਅਬਿਆਣਾ



ਵਿਚ 277 ਮੀਟ੍ਰਿਕ ਟਨ, ਸੁਖੇਮਾਜਰਾ ਵਿਚ 447 ਮੀਟ੍ਰਿਕ ਟਨ, ਡੂਮੇਵਾਲ ਵਿਚ 409 ਮੀਟ੍ਰਿਕ ਟਨ, ਅਜੌਲੀ ਵਿਚ 111 ਮੀਟ੍ਰਿਕ ਟਨ, ਕਲਵਾਂ ਵਿਚ 24 ਮੀਟ੍ਰਿਕ ਟਨ ਅਤੇ ਮਹੈਣ ਵਿਚ 78ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਘੱਟੋ ਘੱਟ ਸਮਰਥਨ ਮੁੱਲ ਤੇ ਇਹ ਸਾਰਾ ਝੋਨਾ ਖਰੀਦਿਆ ਗਿਆ ਹੈ। ਲਿਫਟਿੰਗ ਦੇ ਪ੍ਰਬੰਧ ਵੀ ਨਾਲੋ ਨਾਲ ਕੀਤੇ ਹੋਏ ਹਨ। ਪੰਜਾਬ ਸਰਕਾਰ ਵੱਲੋਂ ਝੋਨੇ ਦੀ ਫਸਲ ਦੀ ਅਦਾਇਗੀ ਸਿੱਧੇ ਕਿਸਾਨਾਂ ਦੇ ਖਾਤਿਆਂ ਵਿਚ ਪਾਉਣ ਦਾ ਫੈਸਲਾਂ ਕੀਤਾ ਹੋਇਆ ਹੈ।ਅਨਾਜ ਮੰਡੀਆਂ ਵਿਚ ਸਰਕਾਰੀ ਖਰੀਦ ਏਜੰਸੀਆਂ ਵੱਲੋਂ 2203 ਰੁਪਏ ਪ੍ਰਤੀ ਕੁਇੰਟਲ ਸਮਰਥਨ ਮੁੱਲ ਤੇ ਝੋਨਾ ਖਰੀਦ ਕੀਤਾ ਜਾ ਰਿਹਾ ਹੈ। ਸਕੱਤਰ ਮਾਰਕੀਟ ਕਮੇਟੀ ਸੁਰਿੰਦਰਪਾਲ ਨੇ ਆਮ ਲੋਕਾਂ ਨੂੰ ਅਪੀਲ ਕਰਦਿਆ ਕਿਹਾ ਕਿ ਕਿਸਾਨ ਮੰਡੀਆਂ ਚ ਸੁੱਕਾ ਝੋਨਾ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਖਰੀਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਗੋਂ ਇਸ ਨੂੰ ਜ਼ਮੀਨ 'ਚ ਹੀ ਮਿਲਾ ਕੇ ਖਾਦ ਦੇ ਤੌਰ ਤੇ ਵਰਤਣ। ਉਨ੍ਹਾਂ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ ਜਿੱਥੇ ਵਾਤਾਵਰਨ ਗੰਧਲਾ ਹੁੰਦਾ ਹੈ ਉੱਥੇ ਹੀ ਮਨੁੱਖੀ ਸਿਹਤ 'ਤੇ ਮਾੜੇ ਪ੍ਰਭਾਵ ਪੈਂਦੇ ਹਨ।

# ਸਟੇਟ ਬੈਂਕ ਆਫ ਇੰਡੀਆ ਨੇ 12ਵਾਂ ਸਥਾਪਨਾ ਦਿਵਸ ਮਨਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਸਟੇਟ ਬੈਂਕ ਆਫ ਇੰਡੀਆ ਮਾਲ ਰੋਡ ਵੱਲੋ ਅੱਜ ਆਪਣਾ ਸਥਾਪਨਾ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਕ ਸਾਦੇ ਸਮਾਗਮ ਵਿੱਚ ਸ਼ਾਮਲ ਵੀ ਆਈ ਪੀ ਗਾਹਕਾਂ ਨਾਲ ਕੇਕ ਕੱਟਿਆ ਗਿਆ। ਸ਼ਾਨਦਾਰ ਚਾਹ ਪਾਰਟੀ ਦਾ ਆਯੋਜਨ ਕੀਤਾ ਗਿਆ, ਬੈਂਕ ਨਾਲ ਵਧੀਆ ਲੈਣ ਦੇਣ ਕਰਨ ਵਾਲੇ ਗਾਹਕਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਚੀਫ ਮੈਨੇਜਰ ਨਵਦੀਪ ਸਿੰਘ, ਮੈਨੇਜਰ ਦਪਿੰਦਰ ਕੌਰ, ਸੁਖਜਿੰਦਰ, ਸੰਗੀਤਾ, ਅਸ਼ੋਕ ਕੁਮਾਰ, ਰਣਜੀਤ ਸਿੰਘ, ਪਲਵੀ, ਨੈਨਕਾ ਸ਼ਰਮਾ, ਮੰਗਤ ਰਾਮ ਨੇ ਪ੍ਰਬੰਧਕੀ ਜਿੰਮੇਵਾਰੀਆ ਨੂੰ ਬਾਖੂਬੀ ਨਿਭਾਇਆ। ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜਟਾਂ ਕੋਹਿਨੂਰ ਦੇ ਪ੍ਰਧਾਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ, ਸਕੱਤਰ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਅਤੇ ਸੁਖਜਿੰਦਰ ਸਿੰਘ ਸੈਣੀ ਨੇ ਬੈਂਕ ਦੇ ਗਾਹਕਾਂ ਨਾਲ ਵਧੀਆ ਵਿਵਹਾਰ ਦੀ ਭਰਪੂਰ ਪ੍ਰਸ਼ੰਸਾ ਕੀਤੀ ਹੈ। ਇਲਾਕੇ ਦੇ ਲੋਕਾਂ ਵਲੋ ਬੈਂਕ ਦੇ ਵਧੀਆ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਜਾ ਰਹੀ ਹੈ।

# ਸਰੀਰ ਦਾਨੀ ਚਰਨਜੀਤ ਸਿੰਘ ਤੇ ਮਨਜੀਤ ਕੌਰ ਨੂੰ ਪਛਾਣ ਪੱਤਰ ਸੌਂਪਿਆ



**ਨਵਾਂਸ਼ਹਿਰ (ਮਨੋਜ ਲਾਡੀ)**— ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ: ਜਸਪ੍ਰੀਤ ਕੌਰ ਨੇ ਪਿੰਡ ਮੱਲਬੇਦੀਆਂ ਦੇ ਵਸਨੀਕ ਚਰਨਜੀਤ ਸਿੰਘ ਅਤੇ ਉਨ੍ਹਾਂ ਦੀ ਪਤਨੀ ਮਨਜੀਤ ਕੌਰ ਨੂੰ ਪਛਾਣ ਪੱਤਰ ਸੌਂਪਿਆ, ਜਿਨ੍ਹਾਂ ਨੇ ਮਰਨ ਉਪਰੰਤ ਆਪਣੇ ਸਰੀਰ ਦਾਨ ਕਰਨ ਦਾ ਪ੍ਰਣ ਕੀਤਾ। ਇਸ ਮੌਕੇ ਡਾ: ਜਸਪ੍ਰੀਤ ਕੌਰ ਸਿਵਲ ਸਰਜਨ ਨੇ ਕਿਹਾ ਕਿ ਮਰਨ ਉਪਰੰਤ ਦੇਹ ਨੂੰ ਅਗਨੀ ਭੇਟ ਕਰਨ ਦੀ ਬਜਾਏ ਜੇਕਰ ਸਰਕਾਰੀ ਮੈਡੀਕਲ ਕਾਲਜ ਨੂੰ ਦਾਨ ਕਰ ਦਿੱਤਾ ਜਾਵੇ ਤਾਂ ਇਹ ਡਾਕਟਰੀ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਸਾਬਤ ਹੋਵੇਗਾ। ਡਾ: ਜਸਪ੍ਰੀਤ ਕੌਰ ਨੇ ਆਪਣੇ ਸਰੀਰ ਦਾਨ ਕਰਨ ਵਾਲਿਆਂ ਅਤੇ ਦੋਆਬਾ ਸੇਵਾ ਸੰਮਤੀ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਦੇਸ਼ ਦੀ ਸੇਵਾ ਵਿੱਚ ਸਹਿਯੋਗ ਦੇਣ ਲਈ ਇਸ ਸੇਵਾ ਕਾਰਜ ਵਿੱਚ ਸਹਿਯੋਗ ਦਿੱਤਾ। ਇਸ ਮੌਕੇ ਦੋਆਬਾ ਸੇਵਾ ਸੰਮਤੀ ਦੇ ਰਤਨ ਕੁਮਾਰ ਜੈਨ, ਕਮਲ ਕੁਮਾਰ ਤਨੇਜਾ ਅਤੇ ਹੋਰ ਮੈਂਬਰਾਂ ਨੇ ਕਮੇਟੀ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਦੋਆਬਾ ਸੇਵਾ ਸਮਿਤੀ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਅਤੇ ਹੁਸਨ ਲਾਲ ਨੇ ਦੱਸਿਆ ਕਿ ਮਰਨ ਉਪਰੰਤ ਸਰੀਰ ਦਾਨ ਕਰਨ ਦੇ ਚਾਹਵਾਨਾਂ ਦੇ ਫਾਰਮ ਭਰਨ ਤੋਂ ਬਾਅਦ ਉਨ੍ਹਾਂ ਨੂੰ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਭੇਜਿਆ ਜਾਂਦਾ ਹੈ, ਜਿੱਥੋਂ ਉਨ੍ਹਾਂ ਦੇ ਪਛਾਣ ਪੱਤਰ ਬਣ ਕੇ ਆਉਂਦੇ ਹਨ। ਉਨ੍ਹਾਂ ਦੱਸਿਆ ਕਿ 120ਵੇਂ-121ਵੇਂ ਸਰੀਰ ਦਾਨੀਆਂ ਨੂੰ ਪਛਾਣ ਪੱਤਰ ਦਿੱਤੇ ਗਏ। ਚਰਨਜੀਤ ਸਿੰਘ ਅਤੇ ਮਨਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਪਰਵਾਰਕ ਮੈਂਬਰਾਂ ਤੇਜਿੰਦਰ ਸਿੰਘ, ਪਰਜਿੰਦਰ ਸਿੰਘ (ਪੁੱਤਰ), ਤੇਜਿੰਦਰ ਕੌਰ (ਨੂੰਹ), ਮੇਹਰਬਾਨ ਸਿੰਘ, ਸਾਹਬ ਸਿੰਘ (ਪੋਤਾ) ਅਤੇ ਹੋਰਾਂ ਦੀ ਸਹਿਮਤੀ ਨਾਲ ਆਪਣਾ ਸਰੀਰ ਦਾਨ ਫਾਰਮ ਭਰਿਆ ਹੈ। ਇਸ ਮੌਕੇ ਸਮਾਜ ਸੇਵਕ ਤੇਜਿੰਦਰ ਸਿੰਘ, ਦੋਆਬਾ ਸੇਵਾ ਸੰਮਤੀ ਦੇ ਸਕੱਤਰ ਰਤਨ ਕੁਮਾਰ ਜੈਨ, ਕਮਲ ਕੁਮਾਰ ਅਨੇਜਾ, ਸੁਰੇਸ਼ ਸ਼ਰਮਾ, ਅਸ਼ੋਕ ਸ਼ਰਮਾ ਸੇਵਾ ਮੁਕਤ ਬੈਂਕ ਮੈਨੇਜਰ, ਮਾਸਟਰ ਹੁਸਨ ਲਾਲ, ਅਜੇ ਕੁਮਾਰ ਪੀ.ਏ ਸਿਵਲ ਸਰਜਨ, ਬਲਾਕ ਐਕਸਟੈਨਸ਼ਨ ਐਜੂਕੇਟਰ ਵਿਕਾਸ ਵਿਰਦੀ ਆਦਿ ਹਾਜ਼ਰ ਸਨ।

# ਆਂਗਨਵਾੜੀ ਵਰਕਰਾਂ ਵੱਲੋਂ ਐੱਸ ਡੀ ਐੱਮ ਨੂੰ ਮੰਗ ਪੱਤਰ



**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਪੱਤਰ ਵਿੱਚ ਆਂਗਨਵਾੜੀ ਵਰਕਰਾਂ ਨੂੰ ਲਾਲ ਲਕੀਰ ਦੇ ਘਰਾਂ ਦਾ ਸਰਵੇ ਕਰਨ ਲਈ ਜਾਰੀ ਕੀਤਾ ਹੈ। ਜਿਸ 'ਤੇ ਪ੍ਰਤੀਕਰਮ ਦਿੰਦੇ ਹੋਏ ਆਂਗਨਵਾੜੀ ਵਰਕਰਾਂ ਨੇ ਕਿਹਾ ਕਿ ਜੋ ਲਾਲ ਲਕੀਰ ਦੇ ਘਰਾ ਦਾ ਜੋ ਸਰਵੇ ਦਾ ਕੰਮ ਹੈ ਉਹ ਮਾਲ ਵਿਭਾਗ ਦਾ ਕੰਮ ਹੈ, ਇਹ ਕੰਮ ਪਟਵਾਰੀ ਜਾ ਕਾਨੂੰਗੋ ਹੀ ਕਰ ਸਕਦੇ ਹਨ। ਇਸ ਸਬੰਧੀ ਅਗਰਵਾੜੀ ਵਰਕਰਾਂ ਨੇ ਕਿਹਾ ਕਿ ਸਾਡੀਆਂ ਸੇਵਾਵਾਂ ਹੋਰ ਹਨ ਅਤੇ ਸਰਵੇ ਦਾ ਕੰਮ ਵਾਧੂ ਕੰਮ ਵਿੱਚ ਆਉਂਣਾ ਹੈ ਅਤੇ ਅਸੀ ਇਹ ਕੰਮ ਕਰਨ ਵਿੱਚ ਅਸਮਰਥ ਹਾਂ। ਉਨ੍ਹਾਂ ਮੰਗ ਕੀਤੀ ਕਿ ਲਾਲ ਲਕੀਰ ਦੇ ਸਰਵੇ ਦੇ ਕੰਮ ਚੋਂ ਆਂਗਨਵਾੜੀ ਵਰਕਰਾਂ ਦੀਆ ਡਿਊਟੀਆਂ ਕੱਟੀਆਂ ਜਾਣ। ਜਿਸ ਸਬੰਧੀ ਉਨ੍ਹਾਂ ਐਸ.ਡੀ.ਐਮ ਫਿਲੌਰ ਅਮਨਪਾਲ ਸਿੰਘ ਨੂੰ ਮੰਗ ਪੱਤਰ ਦਿੱਤਾ। ਇਸ ਮੌਕੇ ਹਾਜ਼ਰ ਨਿਰਲੇਪ ਕੌਰ ਜ਼ਿਲ੍ਹਾ ਪ੍ਰਧਾਨ ਜਲੰਧਰ, ਨਰੰਜਣ ਕੌਰ ਬਲਾਕ ਪ੍ਰਧਾਨ ਫਿਲੌਰ, ਪੂਨਮ ਰਾਣੀ ਬਲਾਕ ਪ੍ਰਧਾਨ ਰੁੜਕਾਂ ਕਲਾਂ, ਨਿਰਮਲ ਕੌਰ ਬਲਾਕ ਪ੍ਰਧਾਨ ਨੂਰਮਹਿਲ ਅਤੇ ਹੋਰ ਹਾਜ਼ਰ ਸਨ।

# ਮੋਟਰਸਾਈਕਲ ਰੈਲੀ ਦਾ ਖਟਕੜ ਕਲਾਂ ਵਿਖੇ ਪੁੱਜਣ 'ਤੇ ਭਰਵਾਂ ਸਵਾਗਤ



**ਨਵਾਂਸ਼ਹਿਰ, ਬਹਿਰਾਮ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਅਵਤਾਰ ਕਲੇਰ)** 31 ਅਕਤੂਬਰ, 2023 ਨੂੰ ਰਾਸ਼ਟਰੀ ਏਕਤਾ ਦਿਵਸ ਵਜੋਂ ਸਰਕਾਰ ਵੱਲਭ ਭਾਈ ਪਟੇਲ ਦੀ ਜਯੰਤੀ ਮਨਾਉਣ ਲਈ ਲਈ ਕੇਂਦਰੀ ਰਿਜਰਵ ਪੁਲਸ ਬਲ (ਸੀ.ਆਰ.ਪੀ.ਐਫ) ਵਲੋਂ ਸ੍ਰੀਨਗਰ ਦੇ ਲਾਲ ਚੌਂਕ ਤੋਂ ਰਵਾਨਾ ਹੋਈ ਮੋਟਰਸਾਈਕਲ ਰੈਲੀ ਦਾ ਸ਼ਹੀਦ-ਏ-ਆਜ਼ਮ ਭਗਤ ਸਿੰਘ ਮੈਮੋਰੀਅਲ ਪਿੰਡ ਖਟਕੜ ਕਲਾਂ ਵਿਖੇ ਪੁੱਜਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ, ਡੀ.ਆਈ.ਜੀ (ਗਰੁੱਪ ਸੈਂਟਰ ਜਲੰਧਰ) ਗੁਰਸ਼ਕਤੀ ਸਿੰਘ ਸੋਢੀ, ਐਸ.ਐਸ.ਪੀ ਡਾ. ਅਖਿਲ ਚੌਧਰੀ, ਕਮਾਂਡੈਂਟ ਜੀ.ਸੀ ਜਲੰਧਰ ਜਤਿੰਦਰ ਸਿੰਘ ਅਤੇ ਉਪ ਕਮਾਂਡੈਂਟ ਤਾਰਾ ਯਾਦਵ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ।

ਇਸ ਮੌਕੇ 'ਤੇ ਸਹਾਇਕ ਕਮਿਸ਼ਨਰ (ਜ) ਗੁਰਲੀਨ ਕੌਰ ਵੀ ਮੌਜੂਦ ਸਨ। ਸਮਾਗਮ ਦੌਰਾਨ ਸੀ.ਆਰ.ਪੀ.ਐਫ ਵਲੋਂ ਬਾਈਕ ਰਾਈਡਰਾਂ, ਡਿਪਟੀ ਕਮਿਸ਼ਨਰ, ਐਸ.ਐਸ.ਪੀ ਅਤੇ ਹੋਰ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਡੀ.ਆਈ.ਜੀ (ਗਰੁੱਪ ਸੈਂਟਰ ਜਲੰਧਰ) ਗੁਰਸ਼ਕਤੀ ਸਿੰਘ ਸੋਢੀ ਨੇ ਦੱਸਿਆ ਕਿ ਸੀ.ਆਰ.ਪੀ.ਐਫ ਵਲੋਂ ਤਿੰਨ ਟੀਮਾਂ ਬਣਾ ਕੇ ਵੱਖ-ਵੱਖ ਥਾਵਾਂ ਤੋਂ ਮੋਟਰਸਾਈਕਲ ਰੈਲੀ ਰਵਾਨਾ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਕ ਟੀਮ ਸ੍ਰੀਨਗਰ ਤੋਂ ਦੂਸਰੀ ਟੀਮ ਸ਼ਿਲਾਂਗ ਤੋਂ ਅਤੇ ਤੀਸਰੀ ਟੀਮ ਕੰਨਿਆਕੁਮਾਰੀ ਤੋਂ ਰਵਾਨਾ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਜੋ ਮੋਟਰਸਾਈਕਲ ਰੈਲੀ 5 ਅਕਤੂਬਰ ਨੂੰ ਸ੍ਰੀਨਗਰ ਦੇ ਲਾਲ ਚੌਂਕ ਤੋਂ ਰਵਾਨਾ ਕੀਤੀ ਗਈ ਸੀ, ਉਹ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚੋਂ ਹੁੰਦੀ ਹੋਈ ਸ਼ਹੀਦ ਭਗਤ ਸਿੰਘ ਨਗਰ ਵਿਖੇ ਪਹੁੰਚੀ ਹੈ। ਉਨ੍ਹਾਂ ਦੱਸਿਆ ਕਿ ਇਸ ਰੈਲੀ ਵਿੱਚ 75 ਰਾਈਡਰ ਹਨ ਅਤੇ ਇਹ ਰੈਲੀ ਮਹਿਲਾ ਸਸ਼ਕਤੀਕਰਨ ਨੂੰ ਦਰਸਾਉਂਦੀ ਹੋਈ, ਦੇਸ਼ 'ਚ ਏਕਤਾ, ਬੇਟੀ ਬਚਾਓ ਬੇਟੀ ਪੜ੍ਹਾਓ ਦਾ ਸੰਦੇਸ਼ ਦਿੰਦੀ ਹੋਈ ਪੰਜਾਬ ਦੇ ਵੱਖ-ਵੱਖ ਹਿੱਸਿਆ 'ਚੋਂ ਲੰਘਦੀ ਹੋਈ 31 ਅਕਤੂਰ 2023 ਨੂੰ ਏਕਤਾ ਨਗਰ ਗੁਜਰਾਤ ਵਿਖੇ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵੀ ਹਿੱਸਿਆਂ 'ਚੋਂ ਇਹ ਰੈਲੀ ਲੰਘ ਰਹੀ ਹੈ, ਉਨ੍ਹਾਂ ਖੇਤਰਾਂ ਵਿੱਚ ਆਉਣ ਵਾਲੇ ਸਕੂਲਾਂ, ਕਾਲਜਾਂ ਤੇ ਆਮ ਲੋਕਾਂ ਨਾਲ ਗੱਲਬਾਤ ਕਰਕੇ ਜਾਗਰੂਕ ਕਰ ਰਹੀ ਹੈ।

# ਪੰਜਾਬ ਦੇ 1718 ਪਿੰਡਾਂ ਨੂੰ ਜਲਦ ਮਿਲੇਗੀ ਸਾਫ ਤੇ ਸ਼ੁੱਧ ਪਾਣੀ ਦੀ ਸਪਲਾਈ : ਜਿੰਪਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਆਪਣੇ ਦਫਤਰ ਵਿਚ ਇਕ ਸਮੀਖਿਆ ਮੀਟਿੰਗ ਕੀਤੀ। ਉਨ੍ਹਾਂ ਆਦੇਸ਼ ਦਿੱਤੇ ਕਿ ਪਿੰਡਾਂ ਵਿਚ ਸਾਫ ਤੇ ਸ਼ੁੱਧ ਪਾਣੀ ਦੀ ਸਪਲਾਈ ਲਈ ਜਿੰਨੇ ਵੀ ਪ੍ਰੋਜੈਕਟ ਚੱਲ ਰਹੇ ਹਨ ਉਨ੍ਹਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ। ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਯਤਨਸ਼ੀਲ ਹੈ ਅਤੇ ਇਸ ਮਕਸਦ ਲਈ ਪਿੰਡਾਂ ਨੂੰ ਸਾਰੀਆਂ ਸਹੂਲਤਾਂ ਪਹਿਲ ਦੇ ਆਧਾਰ 'ਤੇ ਦਿੱਤੀਆਂ ਜਾਣ। ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿਚ ਇਸ ਸਮੇਂ 15 ਸਰਫੇਸ ਵਾਟਰ ਪ੍ਰੋਜੈਕਟ ਚੱਲ ਰਹੇ ਹਨ ਜਿਨ੍ਹਾਂ ਦੇ ਮੁਕੰਮਲ ਹੋਣ ਨਾਲ 1718 ਪਿੰਡਾਂ ਨੂੰ ਸ਼ੁੱਧ ਪਾਣੀ ਦੀ ਸਪਲਾਈ ਮੁਹੱਈਆ ਹੋ ਜਾਵੇਗੀ। ਜਿੰਪਾ ਨੇ ਦੱਸਿਆ ਕਿ ਇਨ੍ਹਾਂ ਪਿੰਡਾਂ ਦਾ ਧਰਤੀ ਹੇਠਲਾ ਪਾਣੀ ਪੀਣਯੋਗ ਨਹੀਂ ਹੈ ਅਤੇ ਕੁਝ ਪਿੰਡ ਕੰਢੀ ਖੇਤਰ ਵਿੱਚ ਵੀ ਪੈਂਦੇ ਹਨ। ਇਸ ਲਈ ਇਨ੍ਹਾਂ ਪਿੰਡਾਂ ਵਿੱਚ ਨਹਿਰੀ ਪਾਣੀ ਦਾ ਸ਼ੁੱਧੀਕਰਨ ਕਰਕੇ ਟ੍ਰੀਟਮੈਂਟ ਪਲਾਂਟ ਤੋਂ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ। ਜਿੰਪਾ ਨੇ ਦੱਸਿਆ ਕਿ ਇਨ੍ਹਾਂ 15 ਪ੍ਰੋਜੈਕਟਾਂ ਵਿਚੋਂ ਜ਼ਿਲ੍ਹਾ ਪਟਿਆਲਾ ਅਤੇ ਫਤਿਹਗੜ੍ਹ ਸਾਹਿਬ ਵਿਚ 3 ਪ੍ਰੋਜੈਕਟ ਮੰਡੌਲੀ ਪਾਥਰਾ, ਭਵਰਾ ਅਤੇ ਨਾਨੋਵਾਲ ਦਾ ਕੰਮ ਚੱਲ ਰਿਹਾ ਹੈ। ਇਨ੍ਹਾਂ ਪ੍ਰੋਜੈਕਟਾਂ ਦੀ ਕੁੱਲ ਲਾਗਤ 318 ਕਰੋੜ ਰੁਪਏ ਹੈ ਅਤੇ ਇਨ੍ਹਾਂ ਪ੍ਰੋਜੈਕਟਾਂ ਰਾਹੀਂ 408 ਪਿੰਡਾਂ ਨੂੰ ਸ਼ੁੱਧ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ। ਇਹ ਪ੍ਰੋਜੈਕਟ ਫਰਵਰੀ 2024 ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ। ਜਲ ਸਪਲਾਈ ਮੰਤਰੀ ਨੇ ਪ੍ਰੋਜੈਕਟਾਂ ਲਈ ਵੱਖ-ਵੱਖ ਵਿਭਾਗਾਂ ਪਾਸੋਂ ਐਨ.ਓ.ਸੀ. ਨਾਲ ਸਬੰਧਤ ਕੇਸਾਂ ਨੂੰ ਵੀ ਰਿਵੀਊ ਕੀਤਾ। ਮੀਟਿੰਗ ਵਿੱਚ ਜੇ.ਜੇ. ਗੋਇਲ, ਮੁੱਖ ਇੰਜੀਨੀਅਰ (ਪੀ.ਡੀ.ਕਿਊ.ਏ), ਆਰ. ਕੇ. ਖੋਸਲਾ, ਮੁੱਖ ਇੰਜੀਨੀਅਰ (ਸੈਂਟਰਲ), ਜੇ.ਐਸ. ਚਹਿਲ, ਮੁੱਖ ਇੰਜੀਨੀਅਰ (ਦੱਖਣ) ਅਤੇ ਜਸਬੀਰ ਸਿੰਘ ਮੁੱਖ ਇੰਜੀਨੀਅਰ (ਉੱਤਰ) ਤੇ ਵਿਭਾਗ ਦੇ ਹੋਰ ਅਧਿਕਾਰੀ ਹਾਜ਼ਰ ਸਨ।

# ਦਰਸ਼ਕਾਂ ਨੂੰ ਮਿਲੇਗਾ ਇਨਾਮ 'ਚ ਆਲਟੋ ਕਾਰ ਜਿੱਤਣ ਦਾ ਮੌਕਾ : ਡੀ ਸੀ




**ਜਲੰਧਰ : ( ਸ਼ੈਲੀ ਐਲਬਰਟ)** ਦੇਸ਼ ਦੇ ਨਾਮੀ 40ਵੇਂ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦੇ ਭਾਗਸ਼ਾਲੀ ਦਰਸ਼ਕ ਨੂੰ ਇਨਾਮ ਵਿਚ ਮਿਲਣ ਵਾਲੀ ਆਲਟੋ ਕਰ ਦੀ ਘੁੰਢ ਚੁਕਾਈ ਦੀ ਰਸਮ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਅਦਾ ਕੀਤੀ ਗਈ। ਡਿਪਟੀ ਕਮਿਸ਼ਨਰ, ਜੋ ਕਿ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵੀ ਹਨ, ਵੱਲੋਂ 25 ਅਕਤੂਬਰ ਤੋਂ ਸ਼ੁਰੂ ਹੋਣ ਵਾਲੇ 40ਵੇਂ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦੇ ਖੁਸ਼ਕਿਸਮਤ ਦਰਸ਼ਕ ਨੂੰ ਇਨਾਮ ਵਿਚ ਮਿਲਣ ਵਾਲੀ ਆਲਟੋ ਕਾਰ ਦੀ ਘੁੰਢ ਚੁਕਾਈ ਦੀ ਰਸਮ ਅਦਾ ਕਰਨ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ "ਹਾਕੀ ਦੇਖੋ-ਆਲਟੋ ਕਾਰ ਤੇ ਹੋਰ ਇਨਾਮ ਜਿੱਤੋ" ਦੇ ਨਾਅਰੇ ਤਹਿਤ 40ਵੇਂ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦੇਖਣ ਆਉਣ ਵਾਲੇ ਭਾਗਸ਼ਾਲੀ ਦਰਸ਼ਕ ਨੂੰ ਇਨਾਮ ਵਿਚ ਆਲਟੋ ਕਾਰ ਦਿੱਤੀ ਜਾਵੇਗੀ। ਸਾਰੰਗਲ ਨੇ ਅੱਗੇ ਕਿਹਾ ਕਿ ਇਹ ਕਾਰ ਸਥਾਨਕ ਮਰਵਾਹਾ ਆਟੋਜ ਵੱਲੋਂ ਸਪਾਂਸਰ ਕੀਤੀ ਗਈ ਹੈ। ਮਾਰੂਤੀ ਆਲਟੋ ਕਾਰ ਤੋਂ ਇਲਾਵਾ ਦਰਸ਼ਕਾਂ ਲਈ ਹੋਰ ਵੀ ਦਿਲ-ਖਿੱਚਵੇਂ ਇਨਾਮ ਫਰਿੱਜ, ਐਲਸੀਡੀ, ਵਾਸ਼ਿੰਗ ਮਸ਼ੀਨ ਵਗੈਰਾ ਵੀ ਦਿੱਤੇ ਜਾਣਗੇ। ਉਹਨਾਂ ਕਿਹਾ ਕਿ ਦਰਸ਼ਕਾਂ ਨੂੰ 25 ਅਕਤੂਬਰ ਤੋਂ 3 ਨਵੰਬਰ ਤਕ ਹਰ ਰੋਜ ਸੁਰਜੀਤ ਹਾਕੀ ਸਟੇਡੀਅਮ ਦੇ ਹਰ ਐਂਟਰੀ ਗੇਟ 'ਤੇ ਰੋਜਾਨਾ ਲੱਕੀ ਕੂਪਨ ਮਿਲਣਗੇ ਜਦਕਿ ਖਿਡਾਰੀਆਂ ਨੂੰ ਉਨ੍ਹਾਂ ਦੇ ਪਹਿਲੇ ਮੈਚ ਵਾਲੇ ਦਿਨ ਲੱਕੀ ਕੂਪਨ ਜਾਰੀ ਕੀਤੇ ਜਾਣਗੇ। ਇਹ ਇਨਾਮ ਦਾ ਡਰਾਅ 3 ਨਵੰਬਰ ਨੂੰ ਫਾਈਨਲ ਮੈਚ ਤੋਂ ਤੁਰੰਤ ਬਾਅਦ ਮੌਕੇ ਉਪਰ ਕੱਢਿਆ ਜਾਵੇਗਾ।

ਇਸ ਮੰਤਵ ਲਈ ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਰਾਮ ਪਰਤਾਪ ਦੀ ਚੇਅਰਮੈਨਸ਼ਿਪ ਹੇਠ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਮੌਕੇ ਇੰਡੀਅਨ ਆਇਲ ਦੇ ਰਾਜਨ ਬੇਰੀ, ਸੀ.ਈ.ਓ. ਇਕਬਾਲ ਸਿੰਘ ਸੰਧੂ, ਸਕੱਤਰ ਰਣਬੀਰ ਸਿੰਘ ਟੁੱਟ, ਜਨਰਲ ਸਕੱਤਰ ਸੁਰਿੰਦਰ ਸਿੰਘ ਭਾਪਾ, ਡੀ.ਸੀ. ਪੀ. ਅਦਿਤਿਆ , ਨੱਥਾ ਸਿੰਘ ਗਾਖਲ, ਰਾਮ ਪ੍ਰਤਾਪ, ਰਣਦੀਪ ਗੁਪਤਾ, ਅਰਵਿੰਦਰ ਸਿੰਘ ਕੁਲਾਰ, ਪ੍ਰਵੀਨ ਗੁਪਤਾ, ਨਰਿੰਦਰਪਾਲ ਸਿੰਘ ਜੱਜ, ਗੌਰਵ ਅਗਰਵਾਲ ਅਤੇ ਹੋਰ ਹਾਜਰ ਸਨ।

# ਜਥੇ. ਬਾਬਾ ਖੜਕ ਸਿੰਘ ਨਿਹੰਗ ਸਿੰਘ ਦੀ ਨਿੱਘੀ ਯਾਦ 'ਚ ਸਾਲਾਨਾ ਗੁਰਮਤਿ ਸਮਾਗਮ ਪਹਿਲੀ ਨੂੰ : ਸੰਤ ਜਸੋਵਾਲ



**ਮਾਹਿਲਪੁਰ (ਸਫਰੀ)** - ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੋ 18 ਨਵੰਬਰ 2018 ਨੂੰ ਅੰਮ੍ਰਿਤ ਬੇਲੇ ਸੱਚਖੰਡ ਵਿੱਚ ਜਾ ਬਿਰਾਜੇ ਸਨ । ਉਹਨਾਂ ਦੀ ਨਿੱਘੀ ਯਾਦ ਵਿੱਚ ਸਾਲਾਨਾ ਗੁਰਮਤਿ ਸਮਾਗਮ 1 ਨਵੰਬਰ ਨੂੰ ਗੁਰਦੁਆਰਾ ਸ਼ਹੀਦਾਂ ਪਿੰਡ ਜੱਸੋਵਾਲ ਬੀਹੜਾਂ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ । ਸ਼੍ਰੋਮਣੀ ਕਮੇਟੀ ਮੈਂਬਰ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂ ਵਾਲਿਆਂ ਨੇ ਦੱਸਿਆ ਕਿ ਬਾਬਾ ਖੜਕ ਸਿੰਘ ਜੀ ਨੇ ਬਹੁਤ ਲੰਮਾ ਸਮਾਂ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ ਨਿਹੰਗ ਸਿੰਘ ਜਥੇਬੰਦੀ ਵਿੱਚ ਪੰਜਾਂ ਪਿਆਰਿਆਂ ਵਿੱਚ ਅੰਮ੍ਰਿਤ ਛਕਾਉਣ ਦੀ ਸੇਵਾ ਨਿਭਾਈ ਅਤੇ ਗੁਰਦੁਆਰਾ ਮੰਜੀ ਸਾਹਿਬ ਨਵਾਂਸ਼ਹਿਰ ਵਿਖੇ ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਕੀਤੀ ਤੇ ਮੁੱਖ ਸੇਵਾਦਾਰ ਰਹੇ। ਉਨ੍ਹਾਂ ਨੇ ਸੰਤ ਬਾਬਾ ਖੇਮ ਸਿੰਘ ਅਲਾਚੌਰ ਵਾਲਿਆਂ ਕੋਲ ਵਿਦਿਆ ਪ੍ਰਾਪਤ ਕੀਤੀ ਅਤੇ ਸਾਰੀ ਜਿੰਦਗੀ ਨਾਮ ਸੇਵਾ ਸਿਮਰਨ ਦੀ ਕਮਾਈ ਕਰਦੇ ਹੋਏ ਬਾਣੀ ਅਤੇ ਬਾਣੇ ਵਿੱਚ ਤਿਆਰ ਬਰ ਤਿਆਰ , ਮਹਾਂਕਾਲ ਨਿਹੰਗ ਸਿੰਘ ਗੁਰੂ ਦੀ ਮਰਿਆਦਾ ਵਿੱਚ ਜੀਵਨ ਬਤੀਤ ਕੀਤਾ । ਜਥੇਦਾਰ ਬਾਬਾ ਖੜਕ ਸਿੰਘ ਨੇ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਵੀ ਪੰਥਕ ਸੇਵਾਵਾਂ ਕਰਦਿਆਂ ਖੁਸ਼ੀਆਂ ਹਾਸਲ ਕੀਤੀਆਂ । ਉਨਾਂ ਦੀ ਨਿੱਘੀ ਅਤੇ ਮਿੱਠੀ ਯਾਦ ਵਿੱਚ ਕਰਵਾਏ ਜਾ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ ਪਹੁੰਚਣਗੇ ।

# ਕਾਲੀ ਵੇਈਂ 'ਚ ਡੁੱਬੀ ਮਹਿਲਾ ਦੀ ਮਿਲੀ ਲਾਸ਼

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਬੀਤੇ ਦਿਨੀਂ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿਖੇ ਕਾਲੀ ਵੇਈਂ 'ਚ ਇੱਕ ਅਣਪਛਾਤੀ ਔਰਤ ਦੇ ਡੁੱਬ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਸੀ,ਜਿਸਦੀ ਤੜਕਸਾਰ ਲਾਸ਼ ਨੂੰ ਬਰਾਮਦ ਕਰ ਲਿਆ ਗਿਆ ਹੈ। ਪੁਲਸ ਨੇ 174 ਦੀ ਕਾਰਵਾਈ ਕਰਦਿਆਂ ਸੁਲਤਾਨਪੁਰ ਲੋਧੀ ਦੇ ਸਿਵਲ ਹਸਪਤਾਲ ਦੇ ਮੋਰਚਰੀ ਹਾਲ ਦੇ ਵਿੱਚ ਪੋਸਟਮਾਰਟਮ ਲਈ ਰਖਵਾ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਵੇਈਂ ਨਦੀ ਦੇ ਕਿਨਾਰੇ ਮਧੂ ਮੱਖੀਆਂ ਦਾ ਝੁੰਡ ਲੋਕਾਂ ਪਿੱਛੇ ਪੈ ਗਿਆ ਸੀ, ਇੱਕ ਔਰਤ ਵੀ ਮਧੂ ਮੱਖੀਆਂ ਦੀ ਲਪੇਟ ਵਿੱਚ ਆ ਗਈ ਸੀ, ਜੋ ਕਿ ਭੱਜਦੇ ਆ ਭੱਜਦੇ ਆਪਣੇ ਬਚਾਅ ਖਾਤਰ ਨਦੀ ਵੱਲ ਚਲੀ ਗਈ, ਬਾਅਦ ਵਿੱਚ ਉਸ ਦਾ ਕੁਝ ਪਤਾ ਨਹੀਂ ਲੱਗਿਆ। ਪਰ ਉਸਦੀ ਲਾਸ਼ ਨੂੰ ਬਰਾਮਦ ਕਰ ਲਿਆ ਗਿਆ ਹੈ। ਔਰਤ ਦੀ ਪਹਿਚਾਨ ਪਾਰਵਤੀ ਵਜੋਂ ਹੋਈ ਹੈ ਜੋ ਕਿ ਇੱਕ ਪ੍ਰਵਾਸੀ ਮਜਦੂਰ ਦੱਸੀ ਜਾ ਰਹੀ ਹੈ।

# 233 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਦੋ ਕਾਬੂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਥਾਣਾ ਮੇਹਟੀਆਣਾ ਪੁਲਸ ਵੱਲੋਂ 233 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।। ਐੱਸ ਐਚ ਐਚ ਜਗਜੀਤ ਸਿੰਘ ਨੇ ਦੱਸਿਆ ਕਿ ਏ ਐਸ ਆਈ ਸਤਨਾਮ ਸਿੰਘ ਇੰਚਾਰਜ ਚੌਂਕੀ ਅਜਨੋਹਾ ਸਮੇਤ ਸਾਥੀ ਕਰਮਚਾਰੀਆਂ ਨਾਲ ਬਰਾਏ ਗਸ਼ਤ ਪਿੰਡ ਮੋਨਾ ਕਲਾਂ ਵੱਲ ਨੂੰ ਜਾ ਰਹੇ ਸੀ ਤਾਂ ਮੇਨ ਸੜਕ ਤੋਂ ਇੱਕ ਮੋਨਾ ਨੌਜਵਾਨ ਵਿਅਕਤੀ ਜੋ ਪੱਪੂ ਦੇ ਢਾਬੇ ਵਲੋਂ ਪੈਦਲ ਆਉਂਦਾ ਦਿਖਾਈ ਦਿੱਤਾ, ਜੋ ਪਲਿਸ ਪਾਰਟੀ ਨੂੰ ਦੇਖ ਕੇ ਯਕਦਮ ਪਿੱਛੇ ਨੂੰ ਮੁੜਨ ਲੱਗਾ ਤਾਂ ਉਸ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਂਅ ਅਕਾਸ਼ ਪੁੱਤਰ ਹਰਜੀਤ ਲਾਲ ਉਰਫ ਲੱਡੂ ਵਾਸੀ ਬਡਲਾ ਥਾਣਾ ਮੇਹਟੀਆਣਾ ਦੱਸਿਆ, ਉਸ ਦੀ ਤਲਾਸ਼ੀ ਕਰਨ 'ਤੇ 123 ਗਰਾਮ ਨਸ਼ੀਲਾ ਪਦਾਰਥ ਬਰਾਮਦ ਹੋਇਆ। ਉਸ ਵਿਰੁੱਧ ਮੁਕਦਮਾ ਨੰਬਰ 98 ਮਿਤੀ 11-10-23 ਅ.ਧ. 22-61-85 ਐਨ.ਡੀ.ਪੀ.ਐਸ.ਐਕਟ ਥਾਣਾ ਮੇਹਟੀਆਣਾ ਦਰਜ ਰਜਿਸਟਰ ਕੀਤਾ ਗਿਆ। ਇਸੇ ਤਰ੍ਹਾਂ ਐਸ ਆਈ ਗੁਰਦੀਪ ਸਿੰਘ ਨੇ ਸਮੇਤ ਸਾਥੀ ਕਰਮਚਾਰੀਆਂ ਨੇ ਮਨਿੰਦਰ ਸਿੰਘ ਉਰਫ ਬਿੰਦੀ ਪੁੱਤਰ ਪਰਮਜੀਤ ਸਿੰਘ ਵਾਸੀ ਬਡਲਾ ਥਾਣਾ ਮੇਹਟੀਆਣਾ ਕੋਲੋਂ 110 ਗਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ। ਉਸ ਵਿਰੁੱਧ ਮੁਕਦਮਾ ਨੰਬਰ 97 ਮਿਤੀ 11-10-23 ਅ.ਧ. 22-61-85 ਐਨ.ਡੀ.ਪੀ.ਐਸ. ਐਕਟ ਥਾਣਾ ਮੇਹਟੀਆਣਾ ਦਰਜ ਕੀਤਾ ਗਿਆ ਹੈ।

# ਵਿਦਿਆਰਥੀ ਐਮ ਸੀ ਦੇ ਟਿਕਾਊ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸ ਦੇਖਣ ਪੁੱਜੇ



**ਐਸ ਏ ਐਸ ਨਗਰ, (ਗੁਰਜੀਤ ਬਿੱਲਾ)**—ਮਿਊਂਸਪਲ ਕਾਰਪੋਰੇਸ਼ਨ ਮੋਹਾਲੀ ਦੁਆਰਾ 'ਸਵੱਛਤਾ ਹੀ ਸੇਵਾ' ਮੁਹਿੰਮ ਦੇ ਨਾਲ ਅਪਣਾਏ ਗਏ 'ਸਸਟੇਨੇਬਿਲਟੀ ਲੀਡਰਜ ਪ੍ਰੋਗਰਾਮ' ਦੀ ਨਿਰੰਤਰਤਾ ਵਿੱਚ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪਿੰਡ,ਮੁੱਧੋ ਸੰਗਤੀਆਂ ਦੇ 50 ਤੋਂ ਵੱਧ ਵਿਦਿਆਰਥੀ ਮਿਊਂਸਪਲ ਕਾਰਪੋਰੇਸ਼ਨ ਮੋਹਾਲੀ ਦੇ ਕੂੜਾ ਪ੍ਰਬੰਧਨ ਯਤਨਾਂ ਬਾਰੇ ਜਾਨਣ ਲਈ ਵੱਖ-ਵੱਖ ਸਾਈਟਾਂ 'ਤੇ ਪੁੱਜੇ। ਉਨ੍ਹਾਂ ਨੇ ਬਾਗਬਾਨੀ ਰਹਿੰਦ-ਖੂੰਹਦ ਦੀ ਖਾਦ ਬਣਾਉਣ ਲਈ ਨੇਚਰ ਪਾਰਕ ਦਾ ਦੌਰਾ ਕੀਤਾ। ਰਸੋਈ ਦੇ ਕੂੜੇ, ਕੂੜੇ ਨੂੰ ਬਾਰੀਕ ਕਰਨ ਅਤੇ ਬੇਲਿੰਗ ਮੀਨਾਂ, ਨਾਰੀਅਲ ਦੇ ਟੁਕੜੇ ਬਣਾਉਣ ਅਤੇ ਖਾਦ ਦੇ ਟੋਏ ਦੇਖਣ ਲਈ ਆਰ ਐਮ ਸੀ-ਤਿੰਨ ਏ ਅਤੇ ਗਊਸ਼ਾਲਾ 'ਚ ਵਰਮੀ ਕੰਪੋਸਟਿੰਗ ਦਾ ਨਿਰੀਖਣ ਕਰਨ ਲਈ ਦੌਰਾ ਕਰਨ ਦੇ ਨਾਲ ਸ਼ਮਸ਼ਾਨਘਾਟ ਲਈ ਤਿਆਰ ਕੀਤੇ ਜਾ ਰਹੇ ਗਊ ਗੋਬਰ ਲੱਠ ਦੇਖੇ। ਇਹ ਸਾਰਾ ਕੁੱਝ ਰਹਿੰਦ-ਖੂੰਹਦ ਪ੍ਰਬੰਧਨ ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ ਵਰਤਿਆ ਜਾਂਦਾ ਹੈ।

ਨਵਜੋਤ ਕੌਰ, ਕਮਿਸ਼ਨਰ, ਮਿਊਂਸਪਲ ਕਾਰਪੋਰੇਸ਼ਨ, ਨੇ ਦੱਸਿਆ ਕਿ ਸਸਟੇਨੇਬਿਲਟੀ ਲੀਡਰਜ ਪ੍ਰੋਗਰਾਮ 'ਸਵੱਛਤਾ ਹੀ ਸੇਵਾ' ਮੁਹਿੰਮ ਨਾਲ ਮੇਲ ਖਾਂਦਾ ਹੈ, ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ ਕਲੀਨ ਇੰਡੀਆ ਮਿਸ਼ਨ ਵਿੱਚ ਤਬਦੀਲੀ ਕਰਨ ਵਾਲੇ ਬਣਨ ਲਈ ਸੰਵੇਦਨਸ਼ੀਲ ਬਣਾਉਣਾ ਹੈ ਕਿਉਂਕਿ ਨੌਜਵਾਨ ਦੇਸ਼ ਦਾ ਭਵਿੱਖ ਹੈ। ਪ੍ਰੋਗਰਾਮ ਵਿੱਚ ਲਾਈਵ ਸੈਸ਼ਨ, ਵੈਬਿਨਾਰ, ਫੀਲਡ ਵਿਜਿਟ, ਅਤੇ ਨਵੀਨਤਾਕਾਰੀ ਪ੍ਰੋਜੈਕਟ ਸ਼ਾਮਲ ਹੁੰਦੇ ਹਨ, ਵਿਦਿਆਰਥੀਆਂ ਨੂੰ ਰਹਿੰਦ-ਖੂੰਹਦ ਪ੍ਰਬੰਧਨ ਨਾਲ ਇੱਕ ਮਜਬੂਤ ਸਬੰਧ ਵਿਕਸਿਤ ਕਰਨ ਵਿੱਚ ਮਦਦ ਕਰਦੇ ਹਨ ਅਤੇ ਜਿੰਮੇਵਾਰ ਨਾਗਰਿਕਤਾ ਨੂੰ ਉਤਸ਼ਾਹਿਤ ਕਰਦੇ ਹਨ।

# ਸਕੂਲ ਬਚਾਓਂ ਮੋਰਚਾ ਵੱਲੋਂ ਭਲਕੇ ਹਲਕਾ ਵਿਧਾਇਕ ਦੇ ਪਿੰਡ ਜਾ ਕੇ ਦਿੱਤਾ ਜਾਵੇਗਾ ਮੰਗ ਪੱਤਰ

**ਨੂਰਮਹਿਲ (ਬਾਲੀ)**- ਪੇਂਡੂ ਮਜਦੂਰ ਯੂਨੀਅਨ ਦੇ ਆਗੂ ਸਾਥੀ ਚੰਨਣ ਸਿੰਘ ਬੁੱਟਰ ਨੇ ਦੱਸਿਆ ਕਿ ਜਨਤਕ ਜਥੇਬੰਦੀਆ ਤੇ ਅਧਾਰਤ ਸਰਕਾਰੀ ਸਕੂਲ ਬਚਾਉ ਮੋਰਚਾ ਨੂਰਮਹਿਲ ਵੱਲੋ 15 ਅਕਤੂਬਰ ਨੂੰ ਹਲਕਾ ਵਿਧਾਇਕ ਨਕੋਦਰ ਦੇ ਪਿੰਡ ਜਾ ਕੇ ਮੰਗ ਪੱਤਰ ਦਿੱਤਾ ਜਾਵੇਗਾ। ਜਿਸ ਵਿੱਚ ਪੇਂਡੂ ਮਜਦੂਰ ਯੂਨੀਅਨ ਭਰਵੀਂ ਸ਼ਮੂਲੀਅਤ ਕਰੇਗੀ। ਮੰਗ ਕੀਤੀ ਜਾਵੇਗੀ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਅਧੂਰੀ ਬਿਲਡਿੰਗ ਨੂੰ ਪੂਰੀ ਕੀਤਾ ਜਾਵੇ, ਸਕੂਲ ਦੇ ਇਰਦ ਗਿਰਦ ਡੂੰਘੇ ਖੱਡੇ ਪੂਰੇ ਜਾਣ, ਗੰਦੇ ਪਾਣੀ ਦਾ ਨਿਕਾਸ ਬਾਹਰ ਕੀਤਾ ਜਾਵੇ, ਅਤੇ ਸਕੂਲ ਨੂੰ ਚਾਲੂ ਕੀਤਾ ਜਾਵੇ। ਪੇਂਡੂ ਮਜਦੂਰ ਯੂਨੀਅਨ ਅਤੇ ਹੋਰ ਜਨਤਕ ਜਥੇਬੰਦੀਆ ਨਾਲ ਰਲਕੇ ਲੱਗਭਗ 2006 ਤੋਂ ਲਗਾਤਾਰ ਸੰਘਰਸ਼ ਕਰਦੀ ਆ ਰਹੀ ਹੈ। ਪਰ ਸਮੇਂ ਸਮੇਂ ਦੀਆਂ ਵੱਖ ਵੱਖ ਸਰਕਾਰੀ ਨੇ ਇਸ ਵਿਦਿਆ ਦੇ ਮੰਦਰ ਵੱਲ ਕੋਈ ਧਿਆਨ ਨਹੀਂ ਦਿੱਤਾ। ਇਥੇ ਨੂਰਮਹਿਲ ਇਲਾਕੇ ਦੇ ਗਰੀਬ ਮਾਪਿਆਂ ਦੇ ਬੱਚੇ ਪੜਨ ਆਉਂਦੇ ਸਨ।

ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਉਹ ਨਹੀਂ ਦੇ ਸਕਦੇ। ਹੁਣ ਬਦਲਾਅ ਵਾਲੀ ਸਰਕਾਰ ਅੱਗੇ ਵੀ ਚਾਰਾਜੋਈਆਂ ਕੀਤੀਆਂ ਜਾ ਰਹੀਆਂ ਹਨ, ਹਲਕਾ ਵਿਧਾਇਕ ਸਕੂਲ ਦਾ ਵਾਅਦਾ ਪੂਰਾ ਕਰਨਾ ਮੰਨ ਚੁੱਕੇ ਹਨ। ਪਰ ਲੋਕਾਂ ਦੀਆਂ ਆਸਾਂ 'ਤੇ ਬੂਰ ਨਹੀਂ ਪਿਆ। ਇਲਾਕਾ ਕਮੇਟੀ ਨੂਰਮਹਿਲ ਪੇਂਡੂ ਮਜਦੂਰ ਯੂਨੀਅਨ ਦੇ ਆਗੂ ਚੰਨਣ ਸਿੰਘ, ਦਰਸ਼ਨ ਪਾਲ ਬੰਡਾਲਾ, ਨਿਰਮਲ ਸਿੱਧਮ, ਕੁਲਦੀਪ ਭੰਗਾਲਾ, ਜਸਵਿੰਦਰ ਹਰਦੋਫਰਾਲਾ, ਜਗਤਾਰ ਭੰਗਾਲਾ, ਜੁਗਿੰਦਰ ਪਾਲ ਸੁੰਨੜ, ਸਤਨਾਮ ਸੱਤਾ, ਸੇਵਾ ਰਾਮ ਰਵਿਦਾਸਪੁਰਾ, ਜੀਤ ਸਿੰਘ ਸਮਰਾ ਨੇ ਜਥੇਬੰਦੀਆਂ ਤੇ ਹੋਰ ਇਨਸਾਫਪਸੰਦ ਲੋਕਾਂ ਨੂੰ ਰੋਸ ਮਾਰਚ ਵਿੱਚ ਪਹੁੰਚਣ ਦਾ ਸੱਦਾ ਵੀ ਦਿੱਤਾ ਹੈ।

# ਖੇਤੀਬਾੜੀ ਮੰਤਰੀ ਖੁੱਡੀਆਂ ਦੇ ਭਰੋਸੇ ਮਗਰੋਂ ਆੜ੍ਹਤੀਆਂ ਵੱਲੋਂ ਹੜਤਾਲ ਖ਼ਤਮ



**ਚੰਡੀਗੜ੍ਹ, (ਗੁਰਜੀਤ ਬਿੱਲਾ)**— ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਭਰੋਸੇ ਉਪਰੰਤ ਸੂਬੇ ਦੇ ਆੜ੍ਹਤੀਆਂ (ਕਮਿਸ਼ਨ ਏਜੰਟਾਂ) ਨੇ ਤੁਰੰਤ ਪ੍ਰਭਾਵ ਨਾਲ ਆਪਣੀ ਹੜਤਾਲ ਖ਼ਤਮ ਕਰ ਦਿੱਤੀ ਹੈ। ਖੇਤੀਬਾੜੀ ਮੰਤਰੀ ਨੇ ਆੜ੍ਹਤੀਆਂ, ਖਰੀਦ ਏਜੰਸੀਆਂ ਅਤੇ ਪੰਜਾਬ ਮੰਡੀ ਬੋਰਡ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਝੋਨੇ ਦੀ ਖਰੀਦ ਦੇ ਚੱਲ ਰਹੇ ਸੀਜਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਖੇਤੀਬਾੜੀ ਮੰਤਰੀ ਨੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਨਾਲ ਇੱਥੇ ਕਿਸਾਨ ਭਵਨ ਵਿਖੇ ਫੈਡਰੇਸ਼ਨ ਆਫ਼ ਆੜ੍ਹਤੀਆ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਵਿਜੈ ਕਾਲੜਾ ਦੀ ਅਗਵਾਈ ਵਿੱਚ ਆਏ ਐਸੋਸੀਏਸ਼ਨ ਦੇ ਨੁਮਾਇੰਦਿਆਂ ਮੀਟਿੰਗ ਕੀਤੀ ਅਤੇ ਉਨ੍ਹਾਂ ਨੂੰ ਦਰਪੇਸ਼ ਮਸਲਿਆਂ ਬਾਰੇ ਚਰਚਾ ਕੀਤੀ।

ਆੜ੍ਹਤੀਆਂ ਵੱਲੋਂ ਬਾਇਓਮੈਟ੍ਰਕ ਖਰੀਦ ਪ੍ਰਣਾਲੀ ਅਤੇ ਈ.ਪੀ.ਐੱਫ. ਸਬੰਧੀ ਉਠਾਏ ਮੁੱਦਿਆਂ 'ਤੇ ਖੇਤੀਬਾੜੀ ਮੰਤਰੀ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਮਸਲਿਆਂ ਨੂੰ ਕੇਂਦਰੀ ਖ਼ਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਕੋਲ ਉਠਾਇਆ ਜਾਵੇਗਾ ਤਾਂ ਜੋ ਉਨ੍ਹਾਂ ਦਾ ਜਲਦੀ ਹੱਲ ਨਿਕਲ ਸਕੇ। ਉਨ੍ਹਾਂ ਭਾਰਤੀ ਖੁਰਾਕ ਨਿਗਮ (ਐਫ.ਸੀ.ਆਈ.) ਦੇ ਚੰਡੀਗੜ੍ਹ ਵਿਖੇ ਤਾਇਨਾਤ ਡਿਪਟੀ ਜਨਰਲ ਮੈਨੇਜਰ (ਡੀ.ਜੀ.ਐਮ.) ਅਲੋਕ ਕੁਮਾਰ ਨੂੰ ਦਸ ਦਿਨਾਂ ਦੇ ਅੰਦਰ ਇਨ੍ਹਾਂ ਮੁੱਦਿਆਂ ਬਾਰੇ ਰਿਪੋਰਟ ਪੇਸ਼ ਕਰਨ ਲਈ ਵੀ ਕਿਹਾ। ਖੁੱਡੀਆਂ ਨੇ ਪੰਜਾਬ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਲਈ ਪੀਣ ਵਾਲੇ ਪਾਣੀ, ਪਖਾਨੇ ਅਤੇ ਬੈਠਣ ਲਈ ਥਾਂ ਸਮੇਤ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਖਰੀਦ ਪ੍ਰਕਿਰਿਆ ਦੇ ਨਿਯਮਾਂ ਦੀ ਉਲੰਘਣਾ ਕਰਦਾ ਜਾਂ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਪਾਇਆ ਗਿਆ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਆੜ੍ਹਤੀ-ਕਿਸਾਨ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਸੂਬੇ ਦੇ ਆੜ੍ਹਤੀਆਂ ਅਤੇ ਕਿਸਾਨਾਂ ਦੀ ਹਰ ਸੰਭਵ ਮਦਦ ਕਰੇਗੀ।


## ਰੇਲਗੱਡੀਆਂ ਦਾ ਰੱਦੀਕਰਨ/ਆਂਸ਼ਿਕ ਰੱਦੀਕਰਨ/ ਰੈਗੂਲੇਸ਼ਨ/ਮੁੜ ਨਿਰਧਾਰਨ

ਉੱਤਰ ਰੇਲਵੇ ਦੁਆਰਾ ਆਧਾਰਭੂਤ ਅਵਸੰਰਚਨਾ ਨੂੰ ਹੋਰ ਚੰਗਾ ਬਨਾਉਣ ਦਾ ਉਦੇਸ਼ ਨਾਲ ਅੰਬਾਲਾ ਮੰਡਲ ਦੇ ਆਨੰਦਪੁਰ ਸਾਹਿਬ ਸਟੇਸ਼ਨ 'ਤੇ ਇਲੈਕਟ੍ਰਾਨਿਕ ਇੰਟਰਲਾਕਿੰਗ ਦਾ ਕੰਮ ਕੀਤਾ ਜਾਵੇਗਾ। ਇਸ ਕੰਮ ਦੇ ਲਾਗੂ ਕਰਨ ਲਈ ਮਿਤੀ 13.10.2023 ਤੋਂ 20.10.2023 ਤਕ ਉਪਯੁਕਤ ਟ੍ਰੈਫਿਕ ਬਲਾਕਸ ਲਏ ਜਾਣਗੇ, ਨਤੀਜੇ ਵਜੋਂ, ਹੇਠਾਂ ਲਿਖਤ ਰੇਲਗੱਡੀਆਂ ਉਨ੍ਹਾਂ ਦੇ ਸਾਹਮਣੇ ਦਰਸਾਈ ਗਈਆਂ ਮਿਤੀਆਂ ਤੇ ਹੇਠਾਂ ਅਨੁਸਾਰ ਪ੍ਰਭਾਵਿਤ ਰਹਿਣਗੀਆਂ:-

### ਰੇਲਗੱਡੀਆਂ ਦਾ ਰੱਦੀਕਰਨ

| ਰੇਲਗੱਡੀ ਨੰਬਰ ਅਤੇ ਰੇਲਗੱਡੀ ਦਾ ਨਾਮ | ਰੱਦੀਕਰਨ ਦੀ ਮਿਤੀ(ਆਂ) (ਸ਼ੁਰੂਆਤੀ ਸਟੇਸ਼ਨ ਤੋਂ) |
|---|---|
| 04567/04568 ਅੰਬਾਲਾ ਛਾਉਣੀ-ਨੰਗਲ ਡੈਮ-ਅੰਬਾਲਾ ਛਾਉਣੀ ਸਪੈਸ਼ਲ | 13.10.2023 ਤੋਂ 20.10.2023 |

### ਰੇਲਗੱਡੀਆਂ ਦਾ ਆਂਸ਼ਿਕ ਰੱਦੀਕਰਨ

| ਰੇਲਗੱਡੀ ਨੰਬਰ ਅਤੇ ਨਾਮ | ਸਟੇਸ਼ਨ ਜਿਥੇ ਰੇਲਗੱਡੀ ਸਮਾਪਤ/ਤੋਂ ਸ਼ੁਰੂ ਹੋਵੇਗੀ | ਸਟੇਸ਼ਨਾਂ ਜਿਨ੍ਹਾਂ ਦੇ ਵਿਚਕ ਰੇਲਗੱਡੀ ਰੱਦ ਰਹੇਗੀ | ਮਿਤੀ(ਆਂ) (ਸ਼ੁਰੂਆਤੀ ਸਟੇਸ਼ਨ ਤੋਂ) |
|---|---|---|---|
| 04593 ਅੰਬਾਲਾ-ਅੰਬ ਅੰਦੌਰਾ ਵਿਸ਼ੇਸ਼ | ਭਰਤਗੜ੍ਹ 'ਤੇ | ਭਰਤਗੜ੍ਹ-ਅੰਬ ਅੰਦੌਰਾ | 16 ਤੋਂ 20.10.2023 |
| 04594 ਅੰਬ ਅੰਦੌਰਾ-ਅੰਬਾਲਾ ਵਿਸ਼ੇਸ਼ | ਭਰਤਗੜ੍ਹ ਤੋਂ | ਅੰਬ ਅੰਦੌਰਾ-ਭਰਤਗੜ੍ਹ | 16 ਤੋਂ 20.10.2023 |
| 04501 ਸਹਾਰਨਪੁਰ-ਊਨਾ ਹਿਮਾਚਲ ਵਿਸ਼ੇਸ਼ | ਭਰਤਗੜ੍ਹ 'ਤੇ | ਭਰਤਗੜ੍ਹ-ਊਨਾ ਹਿਮਾਚਲ | 16 ਤੋਂ 20.10.2023 |
| 04502 ਊਨਾ ਹਿਮਾਚਲ-ਸਹਾਰਨਪੁਰ ਵਿਸ਼ੇਸ਼ | ਭਰਤਗੜ੍ਹ ਤੋਂ | ਊਨਾ ਹਿਮਾਚਲ-ਭਰਤਗੜ੍ਹ | 16 ਤੋਂ 20.10.2023 |
| 04577 ਅੰਬਾਲਾ-ਨੰਗਲ ਡੈਮ ਵਿਸ਼ੇਸ਼ | ਰੂਪਨਗਰ 'ਤੇ | ਰੂਪਨਗਰ-ਨੰਗਲ ਡੈਮ | 13 ਤੋਂ 20.10.2023 |
| 04580 ਨੰਗਲ ਡੈਮ-ਅੰਬਾਲਾ ਵਿਸ਼ੇਸ਼ | ਰੂਪਨਗਰ ਤੋਂ | ਨੰਗਲ ਡੈਮ-ਰੂਪਨਗਰ | 13 ਤੋਂ 20.10.2023 |
| 12325 ਕੋਲਕਾਤਾ-ਨੰਗਲ ਡੈਮ ਵਿਸ਼ੇਸ਼ | ਕੀਰਤਪੁਰ ਸਾਹਿਬ 'ਤੇ | ਕੀਰਤਪੁਰ ਸਾਹਿਬ-ਨੰਗਲ ਡੈਮ | 19.10.2023 |

### ਰੇਲਗੱਡੀਆਂ ਦਾ ਮੁੜ ਨਿਰਧਾਰਨ

ਰੇਲਗੱਡੀ ਨੰ. 19412 ਦੌਲਤਪੁਰ-ਚੌਂਕ-ਸਾਬਰਮਤੀ ਮੇਲ ਐਕਸਪ੍ਰੈਸ ਮਿਤੀ 20.10.2023 ਨੂੰ ਦੌਲਤਪੁਰ ਚੌਂਕ ਤੋਂ 14:25 ਵਜੇ ਦੇ ਸਥਾਨ ਤੇ 16:00 ਵਜੇ ਯਾਨੀ 1 ਘੰਟਾ 36 ਮਿੰਟ ਦੇਰੀ ਤੋਂ ਚਲੇਗੀ।

### ਰੇਲਗੱਡੀਆਂ ਦਾ ਰੈਗੂਲੇਸ਼ਨ

ਰੇਲਗੱਡੀ ਨੰ. 06997 ਅੰਬਾਲਾ-ਦੌਲਤਪੁਰ ਵਿਸ਼ੇਸ਼ ਮਿਤੀ 13.10.2023 ਤੋਂ 20.10.2023 ਤਕ ਸਰਹਿੰਦ-ਕੀਰਤਪੁਰ ਸਾਹਿਬ ਦੇ ਵਿਚ 90 ਮਿੰਟ ਰੋਕ ਕੇ ਚਲਾਈ ਜਾਏਗੀ।

### ਆਨੰਦਪੁਰ ਸਾਹਿਬ ਸਟੇਸ਼ਨ ਉਤੇ ਨਾ ਰੁਕਣ ਵਾਲੀਆਂ ਰੇਲਗੱਡੀਆਂ

| ਰੇਲਗੱਡੀ ਨੰਬਰ ਅਤੇ ਨਾਮ | ਆਲਟਰਨੇਟ ਠਹਿਰਾਓ | ਮਿਤੀ (ਆਂ) ਸ਼ੁਰੂਆਤੀ ਸਟੇਸ਼ਨ ਤੋਂ)) |
|---|---|---|
| 22447 ਨਵੀਂ ਦਿੱਲੀ -ਅੰਬ ਅੰਦੌਰਾ ਵੰਦੇ ਭਾਰਤ ਐਕਸਪ੍ਰੈਸ | ਕੀਰਤਪੁਰ ਸਾਹਿਬ (ਪਹਿਲਾਂ ਤੋਂ ਉਪਲਬਧ) | 19.10.2023 |
| 22448 ਅੰਬ-ਅੰਦੌਰਾ-ਨਵੀਂ ਦਿੱਲੀ ਵੰਦੇ ਭਾਰਤ ਐਕਸਪ੍ਰੈਸ | ਨੰਗ ਡੈਮ | 19.10.2023 |
| 14553 ਦਿੱਲੀ-ਦੌਲਤਪੁਰ ਚੌਂਕ ਐਕਸਪ੍ਰੈਸ | ਕੀਰਤਪੁਰ ਸਾਹਿਬ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 14554 ਦੌਲਤਪੁਰ ਚੌਂਕ-ਦਿੱਲੀ ਐਕਸਪ੍ਰੈਸ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 12057 ਨਵੀਂ ਦਿੱਲੀ-ਦੌਲਤਪੁਰ ਚੌਂਕ ਐਕਸਪ੍ਰੈਸ | ਕੀਰਤਪੁਰ ਸਾਹਿਬ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 12058 ਦੌਲਤਪੁਰ ਚੌਂਕ-ਨਵੀਂ ਦਿੱਲੀ ਐਕਸਪ੍ਰੈਸ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 14505 ਅੰਮ੍ਰਿਤਸਰ-ਨੰਗਲ ਡੈਮ ਐਕਸਪ੍ਰੈਸ | ਕੀਰਤਪੁਰ ਸਾਹਿਬ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 14506 ਨੰਗਲ ਡੈਮ-ਅੰਮ੍ਰਿਤਸਰ ਐਕਸਪ੍ਰੈਸ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 06997 ਅੰਬਾਲਾ ਛਾਉਣੀ-ਦੌਲਤਪੁਰ ਚੌਂਕ ਵਿਸ਼ੇਸ਼ | ਕੀਰਤਪੁਰ ਸਾਹਿਬ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 06998 ਦੌਲਤਪੁਰ ਚੌਂਕ-ਅੰਬਾਲਾ ਛਾਉਣੀ ਵਿਸ਼ੇਸ਼ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 04523 ਸਹਾਰਨਪੁਰ-ਨੰਗਲ ਡੈਮ ਵਿਸ਼ੇਸ਼ | ਕੀਰਤਪੁਰ ਸਾਹਿਬ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 04524 ਨੰਗਲ ਡੈਮ-ਅੰਬਾਲਾ ਛਾਉਣੀ ਵਿਸ਼ੇਸ਼ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19 ਅਤੇ 20.10.2023 |
| 19411 ਸਾਬਰਮਤੀ-ਦੌਲਤਪੁਰ ਚੌਂਕ ਮੇਲ ਐਕਸਪ੍ਰੈਸ | ਕੀਰਤਪੁਰ ਸਾਹਿਬ | 19 ਅਤੇ 20.10.2023 |
| 19412 ਦੌਲਤਪੁਰ ਚੌਂਕ-ਸਾਬਰਮਤੀ ਮੇਲ ਐਕਸਪ੍ਰੈਸ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19.10.2023 |
| 12325 ਕੋਲਕਾਤਾ-ਨੰਗਲ ਡੈਮ ਐਕਸਪ੍ਰੈਸ | ਕੀਰਤਪੁਰ ਸਾਹਿਬ | 19.10.2023 |
| 22710 ਅੰਬ ਅੰਦੌਰਾ-ਹਜ਼ੂਰ ਸਾਹਿਬ ਨਾਂਦੇੜ ਐਕਸਪ੍ਰੈਸ | ਨੰਗਲ ਡੈਮ (ਪਹਿਲਾਂ ਤੋਂ ਉਪਲਬਧ) | 19.10.2023 |

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੇ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ. 139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਜਾਂ NTES ਐਪ ਵੇਖਣ।

ਰੇਲਮਦਦ ਵੈਬਸਾਈਟ ਵੇਖੋ : www.railmadad.indianrailways.gov.in ਰੇਲਮਦਦ ਐਪ ਡਾਊਨਲੋਡ ਕਰੋ

ਰੇਲਮਦਦ ਹੈਲਪਲਾਈਨ ਨੰ. 139 'ਤੇ ਸਾਨੂੰ ਫਾਲੋ ਕਰੋ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ G20

ਉੱਤਰ ਰੇਲਵੇ
ਤੁਹਾਡੀ ਸੁਵਿਧਾ - ਸਾਡਾ ਲਕਸ਼

3177/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ ਸਾਨੂੰ www.nr.indianrailways.gov.in 'ਤੇ ਮਿਲੋ

# ਚੰਨਣਵਾਲ ਹਸਪਤਾਲ ’ਚ ਖਾਲੀ ਅਸਾਮੀਆਂ ਨੂੰ ਲੈ ਕੇ ਰੋਸ ਧਰਨਾ ਜਾਰੀ

■ ਪਿੰਡ-ਪਿੰਡ ਸਰਕਾਰ ਦੇ ਪੁਤਲੇ ਫੂਕਣ ਦਾ ਐਲਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਰਕਾਰੀ ਹਸਪਤਾਲ ਚੰਨਣਵਾਲ ਵਿਖੇ ਖਾਲੀ ਪਈਆਂ ਅਸਾਮੀਆਂ ਨੂੰ ਪੂਰਾ ਕਰਵਾਉਣ ਦੀ ਮੰਗ ਨੂੰ ਲੈ ਕੇ ਹਸਪਤਾਲ ਬਚਾਓ ਸੰਘਰਸ਼ ਕਮੇਟੀ ਤੇ ਵੱਖ ਵੱਖ ਕਿਸਾਨ, ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਅਗਵਾਈ ਹੇਠ ਚੱਲ ਰਿਹਾ ਪੱਕਾ ਮੋਰਚਾ ਸ਼ੁੱਕਰਵਾਰ ਅੱਠਵੇਂ ਦਿਨ ਵੀ ਜਾਰੀ ਰਿਹਾ। ਇਸ ਮੌਕੇ ਬੋਲਦਿਆਂ ਨੌਜਵਾਨ ਆਗੂ ਸੁਖਵਿੰਦਰ ਸਿੰਘ ਕਲਕੱਤਾ, ਨਿਰਭੈ ਸਿੰਘ ਛੀਨੀਵਾਲ, ਮਜ਼ਦੂਰ ਆਗੂ ਭੋਲਾ ਸਿੰਘ ਕਲਾਲ ਮਾਜਰਾ, ਗੁਰਪ੍ਰੀਤ ਸਿੰਘ ਰੁੜਕੇ, ਭਾਕਿਯੂ ਰਾਜੇਵਾਲ ਦੇ ਨਿਰਭੈ ਸਿੰਘ ਗਿਆਨੀ, ਭਾਕਿਯੂ ਡਕੌਂਦਾ ਦੇ ਅਮਰਜੀਤ ਸਿੰਘ ਮਹਿਲ ਖੁਰਦ, ਭਾਕਿਯੂ ਲੱਖੋਵਾਲ ਦੇ ਸ਼ਿੰਗਾਰਾ ਸਿੰਘ ਛੀਨੀਵਾਲ, ਨਾਇਬ ਸਿੰਘ ਸ਼ਹਿਣਾ, ਭਾਕਿਯੂ ਕਾਦੀਆਂ ਦੇ ਜਗਤਾਰ ਸਿੰਘ ਛੀਨੀਵਾਲ, ਬੀਬੀ ਗੁਰਮੀਤ ਕੌਰ ਚੰਨਣਵਾਲ ਨੇ ਖਾਲੀ ਅਸਾਮੀਆਂ ਨੂੰ ਪੂਰਾ ਨਾ ਕੀਤੇ ਜਾਣ ਦੀ ਨਿਖੇਧੀ ਕਰਦਿਆਂ ਕਿਹਾ ਕਿ ਸੱਤ ਦਿਨਾਂ ਤੋਂ ਇਸ ਮੁਸ਼ਕਲ ਨੂੰ ਲੈ ਕੇ ਪਿੰਡਾਂ ਦੇ ਲੋਕ ਕੰਮ ਦੀ ਰੁੱਤ ਹੋਣ ਦੇ ਬਾਵਜੂਦ ਧਰਨੇ ’ਚ ਸ਼ਾਮਲ ਹੋ ਕੇ ਆਪਣਾ ਦੁੱਖ ਰੋ ਰਹੇ ਹਨ, ਪਰ ਅੱਜ ਤੱਕ ਕਿਸੇ ਦੇ ਵੀ ਕੰਨ ’ਤੇ ਜੂੰਅ ਨਹੀਂ ਸਰਕੀ। ਆਗੂਆਂ ਨੇ ਦੱਸਿਆ ਕਿ ਅੱਜ ਤੋਂ ਧਰਨੇ ’ਚ ਲੋਕਾਂ ਦੀ ਭਰਵੀਂ ਸ਼ਮੂਲੀਅਤ ਕਰਵਾਉਣ ਲਈ ਇਲਾਕੇ ਦੇ ਪਿੰਡਾਂ ’ਚ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ। ਜੇਕਰ ਫਿਰ ਵੀ ਲੋਕਾਂ ਦਾ ਇਹ ਮਸਲਾ ਹੱਲ ਨਾ ਹੋਇਆ ਤਾਂ ਸੰਘਰਸ਼ ਕਮੇਟੀ ਵੱਲੋਂ ਸਾਰੀਆਂ ਧਿਰਾਂ ਦੀ ਸਹਿਮਤੀ ਨਾਲ ਅਗਲੇ ਤਿੱਖੇ ਐਕਸ਼ਨ ਨੂੰ ਉਲੀਕਿਆ ਜਾਵੇਗਾ। ਇਸ ਮੌਕੇ ਇਨਕਲਾਬੀ ਗਾਇਕ ਰਾਮ ਸਿੰਘ ਹਠੂਰ, ਮੁਖਤਿਆਰ ਸਿੰਘ ਬੀਹਲਾ ਨੇ ਇਨਕਲਾਬੀ ਗੀਤ, ਕਵਿਤਾਵਾਂ ਪੇਸ਼ ਕਰਕੇ ਲੋਕਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਜਥੇਬੰਦਕ ਤੌਰ ’ਤੇ ਹੋਰ ਮਜ਼ਬੂਤ ਹੋਣ ਦਾ ਸੁਨੇਹਾ ਦਿਤਾ। ਇਸ ਮੌਕੇ ਸਾਬਕਾ ਸਰਪੰਚ ਜਸਪਾਲ ਸਿੰਘ ਗਿੱਲ, ਗੁਰਦੀਪ ਸਿੰਘ ਮਾਨ, ਪਿਆਰਾ ਸਿੰਘ ਫੌਜੀ, ਸਾਧੂ ਸਿੰਘ, ਨਿਰਭੈ ਸਿੰਘ, ਕਰਮਜੀਤ ਕੌਰ, ਗਗਨਦੀਪ ਕੌਰ, ਸੁਖਵਿੰਦਰ ਕੌਰ, ਕਿਰਨਜੀਤ ਕੌਰ, ਜਸਵੰਤ ਕੌਰ ਆਦਿ ਹਾਜ਼ਰ ਸਨ।

# ਖੇਤਰੀ ਯੁਵਕ ਮੇਲੇ ਦੀ ਓਵਰਆਲ ਚੈਂਪੀਅਨਸ਼ਿਪ ਟਰਾਫ਼ੀ ’ਤੇ ਮਾਤਾ ਗੁਜਰੀ ਕਾਲਜ ਦਾ ਕਬਜ਼ਾ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਸੈਸ਼ਨ 2023-24 ਦੇ ਰੋਪੜ ਫ਼ਤਹਿਗੜ੍ਹ ਸਾਹਿਬ ਜ਼ੋਨ ਦੇ ਖੇਤਰੀ ਯੁਵਕ ਤੇ ਲੋਕ ਮੇਲੇ ਵਿੱਚ 58 ਕਾਲਜਾਂ ਨੂੰ ਪਛਾੜਦੇ ਹੋਏ ਓਵਰਆਲ ਚੈਂਪੀਅਨਸ਼ਿਪ ਟਰਾਫ਼ੀ ਜਿੱਤ ਕੇ ਧਾਕ ਜਮਾਈ। ਚਾਰ ਦਿਨ ਲਗਾਤਾਰ ਚੱਲੇ ਇਸ ਯੁਵਕ ਮੇਲੇ ਵਿੱਚ ਹੋਏ 55 ਵੱਖ-ਵੱਖ ਮੁਕਾਬਲਿਆਂ ਵਿੱਚ ਮਾਤਾ ਗੁਜਰੀ ਕਾਲਜ ਨੇ ਫਾਈਨ ਆਰਟਸ, ਫੋਕ ਆਰਟ, ਲੋਕ ਨਾਚ ਤੇ ਸੰਗੀਤ ਦੀ ਓਵਰਆਲ ਟਰਾਫ਼ੀ ਹਾਸਲ ਕੀਤੀ। ਖੇਤਰੀ ਯੁਵਕ ਤੇ ਲੋਕ ਮੇਲੇ ਦੇ ਆਖਰੀ ਦਿਨ ਹੋਏ ਮੁਕਾਬਲਿਆਂ ਵਿੱਚ ਮਾਤਾ ਗੁਜਰੀ ਕਾਲਜ ਨੇ ਸ਼ਾਸਤਰੀ ਨ੍ਰਿਤ, ਰਵਾਇਤੀ ਲੋਕ ਗੀਤ ਲੰਮੀ ਹੇਕ, ਕਵੀਸ਼ਰੀ ਤੇ ਵਾਰ ਗਾਇਨ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਸ਼ਾਸਤਰੀ ਸੰਗੀਤ ਵਾਦਨ ਤਾਲ ਤੇ ਸ਼ਾਸਤਰੀ ਸੰਗੀਤ ਵਾਦਨ ਸਵਰ ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਨੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਬੜੀ ਮਾਣ ਵਾਲੀ ਗੱਲ ਹੈ ਕਿ ਮਾਤਾ ਗੁਜਰੀ ਕਾਲਜ ਨੇ ਰੋਪੜ ਫ਼ਤਹਿਗੜ੍ਹ ਸਾਹਿਬ ਜ਼ੋਨ ਦੇ 58 ਕਾਲਜਾਂ ਨੂੰ ਪਛਾੜਦੇ ਹੋਏ ਇਸ ਟਰਾਫ਼ੀ ’ਤੇ ਕਬਜ਼ਾ ਕੀਤਾ। ਕਾਲਜ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਸ੍ਰ. ਜਗਦੀਪ ਸਿੰਘ ਚੀਮਾ ਨੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਮਹਾਨ ਵਿੱਦਿਆ ਦਾਨੀ ਸਵ. ਬੀਬੀ ਗੁਰਬਚਨ ਕੌਰ ਮਾਨ ਦੇ ਅਣਥੱਕ ਯਤਨਾਂ ਸਦਕਾ 66 ਵਰ੍ਹੇ ਪਹਿਲਾਂ ਸ਼ੁਰੂ ਹੋਏ ਮਾਤਾ ਗੁਜਰੀ ਕਾਲਜ ’ਚ ਵਿੱਦਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੇ ਪੜ੍ਹਾਈ, ਖੇਡਾਂ, ਸੱਭਿਆਚਾਰਕ ਸਰਗਰਮੀਆਂ ਵਿੱਚ ਫ਼ਖਰਯੋਗ ਪ੍ਰਾਪਤੀਆਂ ਕੀਤੀਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ੍ਰ. ਅਵਤਾਰ ਸਿੰਘ ਰਿਆ ਨੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਦੁਆਰਾ ਕਾਲਜ ਦਾ ਨਾਂਅ ਰੋਸ਼ਨ ਕੀਤਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਾਲਜਾਂ ਦੇ ਸਕੱਤਰ ਵਿੱਦਿਆ ਸ੍ਰ. ਸੁਖਮਿੰਦਰ ਸਿੰਘ ਨੇ ਵੀ ਇਸ ਸ਼ਾਨਦਾਰ ਪ੍ਰਾਪਤੀ ਲਈ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ’ਤੇ ਵਧਾਈ ਦਿੱਤੀ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਇਹ ਸ਼ਾਨਦਾਰ ਉਪਲਬਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ, ਕਾਲਜ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਸ੍ਰ. ਜਗਦੀਪ ਸਿੰਘ ਚੀਮਾ ਤੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ੍ਰ. ਅਵਤਾਰ ਸਿੰਘ ਰਿਆ ਦੀ ਯੋਗ ਰਹਿਨੁਮਾਈ, ਕਾਲਜ ਦੀ ਮੈਨੇਜਮੈਂਟ ਕਮੇਟੀ, ਵੱਖ-ਵੱਖ ਕਮੇਟੀਆਂ ਦੇ ਕਨਵੀਨਰਾਂ, ਸਮੂਹ ਸਟਾਫ ਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਸਦਕਾ ਪ੍ਰਾਪਤ ਹੋਈ ਹੈ। ਉਨ੍ਹਾਂ ਦੱਸਿਆ ਕਿ ਮਾਤਾ ਗੁਜਰੀ ਕਾਲਜ ਇਕ ਮਹਾਨ ਸਿੱਖਿਆ ਸੰਸਥਾ ਹੈ, ਜਿਸ ਨੇ ਅਨੇਕਾਂ ਮਾਨ-ਸਨਮਾਨ ਹਾਸਲ ਕਰਨ ਤੋਂ ਇਲਾਵਾ ਲਗਾਤਾਰ ਅੰਤਰਖੇਤਰੀ ਤੇ ਖੇਤਰੀ ਯੁਵਕ ਮੇਲਿਆਂ ਅਤੇ ਲੋਕ ਮੇਲਿਆਂ ਦੀ ਓਵਰਆਲ ਟਰਾਫ਼ੀ ਜਿੱਤ ਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਹੈ। ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਨਿਰੰਤਰ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਦੇ ਨਾਲ-ਨਾਲ ਸਹਿ-ਵਿੱਦਿਅਕ ਤੇ ਸੱਭਿਆਚਾਰਕ ਸਰਗਰਮੀਆਂ ’ਚ ਨਿੱਤ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ। ਕਾਲਜ ਦੇ ਡੀਨ ਸੱਭਿਆਚਾਰਕ ਮਾਮਲੇ ਡਾ. ਹਰਮਿੰਦਰ ਸਿੰਘ ਨੇ ਕਿਹਾ ਕਿ ਇਨ੍ਹਾਂ ਯੁਵਕ ਮੇਲਿਆਂ ਵਿੱਚ ਹਿੱਸਾ ਲੈਣ ਨਾਲ ਵਿਦਿਆਰਥੀਆਂ ਨੂੰ ਜਿੱਥੇ ਆਪਣੇ ਅੰਦਰ ਛੁਪੀ ਕਲਾਤਮਕ ਤੇ ਰਚਨਾਤਮਕ ਪ੍ਰਤਿਭਾ ਬਾਰੇ ਪਤਾ ਚੱਲਦਾ ਹੈ, ਉਥੇ ਨਾਲ ਹੀ ਆਪਸੀ ਸਹਿਯੋਗ ਤੇ ਮਿਲਵਰਤਣ ਦੀ ਭਾਵਨਾ ਵੀ ਪੈਦਾ ਹੁੰਦੀ ਹੈ। ਇਸ ਮੌਕੇ ਕਨਵੀਨਰ ਡਾ. ਜਗਪਾਲ ਸਿੰਘ, ਡਾ. ਕੁਲਦੀਪ ਕੌਰ, ਡਾ. ਗੁਰਬਾਜ ਸਿੰਘ, ਡਾ. ਸੀਮਾ ਰਾਣੀ, ਡਾ. ਸੰਗੀਤਾ ਜੋਸ਼ੀ, ਡਾ. ਅਵਨੀਤ ਕੌਰ, ਡਾ. ਮਨਜੀਤ ਸਿੰਘ ਡਾ. ਕੁਲਵਿੰਦਰ ਸਿੰਘ, ਪ੍ਰੋ. ਹਰਭਿੰਦਰ ਸਿੰਘ, ਪ੍ਰੋ. ਪੁਸ਼ਪਿੰਦਰ ਸਿੰਘ, ਪ੍ਰੋ. ਹਰਗੁਣਪ੍ਰੀਤ ਸਿੰਘ, ਪ੍ਰੋ. ਦਿਲਰਾਜ ਸਿੰਘ ਤੇ ਪ੍ਰੋ. ਹਰਦੀਪ ਸਿੰਘ ਤੋਂ ਇਲਾਵਾ ਹੋਰ ਸਟਾਫ਼ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

## ਕਾਤਰਾਂ

### ਦਵਿੰਦਰ ਸਿੰਘ ਇੰਸਪੈਕਟਰ ਬਣੇ



**ਜਗਰਾਓਂ (ਅਮਿਤ ਖੰਨਾ, ਸੰਜੀਵ ਅਰੋੜਾ)**-ਜਗਰਾਓਂ ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਥਾਣਾ ਸਿਟੀ ਰਾਏਕੋਟ ਦੇ ਐੱਸ.ਐੱਚ.ਓ. ਦਵਿੰਦਰ ਸਿੰਘ ਪਦਉਨਤ ਹੋ ਕੇ ਇੰਸਪੈਕਟਰ ਬਣੇ। ਇਸ ਮੌਕੇ ਐੱਸ.ਐੱਸ.ਪੀ. ਨਵਨੀਤ ਸਿੰਘ ਬੈਂਸ ਵੱਲੋਂ ਦਵਿੰਦਰ ਸਿੰਘ ਦੇ ਇੰਸਪੈਕਟਰ ਦੇ ਸਟਾਰ ਲਗਾਏ ਗਏ। ਇਸ ਮੌਕੇ ਐੱਸ ਪੀ ਮਨਵਿੰਦਰਵੀਰ ਸਿੰਘ, ਡੀ.ਐੱਸ.ਪੀ. ਰਛਪਾਲ ਸਿੰਘ ਢੀਂਡਸਾ ਹਾਜ਼ਰ ਸਨ।

### ਮੰਗਤ ਰਾਏ ਮੰਗੂ ਨੂੰ ਸਦਮਾ, ਪਤਨੀ ਦਾ ਦਿਹਾਂਤ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਪੈਸਟੀਸਾਈਡ ਯੂਨੀਅਨ ਲੌਂਗੋਵਾਲ ਦੇ ਸਾਬਕਾ ਪ੍ਰਧਾਨ ਸਵ. ਜੀਵਨ ਲਾਲ ਮਾਮਾ ਸੁਨਾਮ ਵਾਲੇ ਦੇ ਪੁੱਤਰ ਮੰਗਤ ਰਾਏ ਮੰਗੂ ਨੂੰ ਉਸ ਸਮੇਂ ਵੱਡਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੀ ਧਰਮਪਤਨੀ ਮੀਨੂੰ ਰਾਣੀ ਦਾ ਦਿਹਾਂਤ ਹੋ ਗਿਆ। ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਚੇਅਰਮੈਨ ਜੀਤ ਸਿੰਘ ਸਿੱਧੂ, ਪ੍ਰਿੰ. ਹਰਪ੍ਰੀਤ ਸਿੰਘ ਸਿੱਧੂ, ਹਰਮੇਸ਼ ਸਿੰਘ ਸਿੱਧੂ, ਮੇਲਾ ਸਿੰਘ ਸੂਬੇਦਾਰ, ਗੁਰਮੀਤ ਸਿੰਘ ਲੱਲੀ ਸੀਨੀਅਰ ਅਕਾਲੀ ਆਗੂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫਤਿਹ) ਦੇ ਅੰਮ੍ਰਿਤਪਾਲ ਸਿੰਘ ਸਿੱਧੂ, ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰੈੱਸ ਸਕੱਤਰ ਅਮਰਜੀਤ ਸਿੰਘ ਗਿੱਲ, ਬਲਵਿੰਦਰ ਸਿੰਘ ਢਿੱਲੋਂ, ਭਾਜਪਾ ਆਗੂ ਰਤਨ ਕੁਮਾਰ, ਵਿਜੇ ਗੋਇਲ, ਕਾਲਾ ਮਿੱਤਲ, ਸੰਜੇ ਸੈਣ, ਕਾ. ਬੀਬੀ ਸ਼ਮਿੰਦਰ ਕੌਰ ਗਿੱਲ, ਨੀਟੂ ਸ਼ਰਮਾ, ਬਾਬਾ ਕੁਲਵੰਤ ਸਿੰਘ ਕਾਂਤੀ ਤੋਂ ਇਲਾਵਾ ਵੱਖ-ਵੱਖ ਧਾਰਮਿਕ ਸੰਸਥਾਵਾਂ ਤੇ ਲੌਂਗੋਵਾਲ ਇਲਾਕੇ ਵਿੱਚ ਸੋਗ ਛਾ ਗਿਆ ਹੈ। ਸਵ. ਮੀਨੂੰ ਰਾਣੀ ਦੇ ਫੁੱਲਾਂ ਦੀ ਰਸਮ 13 ਅਕਤੂਬਰ ਨੂੰ ਸਵੇਰੇ 7 ਵਜੇ ਹੋਵੇਗੀ।

### 24 ਬੋਤਲਾਂ ਨਜਾਇਜ਼ ਸ਼ਰਾਬ ਸਣੇ 1 ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਸਵਾ 24 ਬੋਤਲਾਂ ਨਜਾਇਜ਼ ਸ਼ਰਾਬ ਤੇ ਮੋਟਰ ਸਾਇਕਲ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਸਹਾਇਕ ਥਾਣੇਦਾਰ ਅਮਰੀਕ ਸਿੰਘ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿਚ ਸ਼ਹੀਦ ਊਧਮ ਸਿੰਘ ਚੌਂਕ ਜਲਾਲਾਬਾਦ ਵਿਖੇ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਪੁਲਸ ਪਾਰਟੀ ਕੋਲ ਆ ਕੇ ਇਤਲਾਹ ਦਿੱਤੀ ਕਿ ਗੁਰਵਿੰਦਰ ਸਿੰਘ ਉਰਫ਼ ਪ੍ਰੀਤਮ ਸਿੰਘ ਵਾਸੀ ਚੱਕ ਅਰਾਈਆਂਵਾਲਾ ਉਰਫ਼ ਫ਼ਲੀਆਂਵਾਲਾ ਨਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ, ਜੋ ਹੁਣ ਵੀ ਮੋਟਰਸਾਇਕਲ ਪੀਬੀ 22 ਪੀ 5146 ਤੇ ਸਵਾਰ ਹੋ ਕੇ ਪਿੰਡ ਕੱਟੀਆਂਵਾਲਾ ਤੋਂ ਜਲਾਲਾਬਾਦ ਨੂੰ ਆ ਰਿਹਾ ਹੈ, ਜੇਕਰ ਬਾਹਮਣੀਵਾਲਾ ਚੁੰਗੀ ’ਤੇ ਨਾਕਾਬੰਦੀ ਕੀਤੀ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ। ਇਤਲਾਹ ਮੋਹਤਬਾਰ ਤੋਂ ਠੋਸ ਹੋਣ ਕਾਰਨ ਪੁਲਸ ਨੇ ਨਾਕਾਬੰਦੀ ਕਰਕੇ ਗੁਰਵਿੰਦਰ ਸਿੰਘ ਉਰਫ਼ ਪ੍ਰੀਤਮ ਸਿੰਘ ਨੂੰ ਸਵਾ 24 ਬੋਤਲਾਂ ਨਜਾਇਜ਼ ਸ਼ਰਾਬ ਸਣੇ ਕਾਬੂ ਕੀਤਾ ਗਿਆ ਹੈ। ਪੁਲਸ ਨੇ ਗੁਰਵਿੰਦਰ ਸਿੰਘ ਉਰਫ਼ ਪ੍ਰੀਤਮ ਸਿੰਘ ਦੇ ਖਿਲਾਫ ਧਾਰਾ 61/1/14 ਐਕਸਾਇਜ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

### ਦੋਪਹੀਆ ਵਾਹਨ ਚੋਰੀ ਕਰਨ ਵਾਲੇ ਦੋ ਚੋਰ ਕਾਬੂ

**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਜਗਰਾਉਂ-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਵੱਲੋਂ ਚਲਾਈ ਗਈ ਦੋ ਪਹੀਆ ਵਹੀਕਲ ਚੋਰਾਂ ਨੂੰ ਫੜਨ ਦੀ ਮੁਹਿੰਮ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ, ਜਦੋਂ ਸੀਆਈਏ ਸਟਾਫ ਦੇ ਏਐਸ ਆਈ ਬਲਵਿੰਦਰ ਸਿੰਘ ਆਪਣੀ ਪੁਲਿਸ ਪਾਰਟੀ ਸਮੇਤ ਚੈਕਿੰਗ ਵਾਸਤੇ ਸੇਰਪੁਰਾ ਚੌਂਕ ਵਿੱਚ ਮੌਜੂਦ ਸਨ ਤਾਂ ਇਕ ਮੁਖਬਰ ਵੱਲੋਂ ਖਬਰ ਮਿਲੀ ਕਿ ਇਲਾਕੇ ਅੰਦਰ ਦੁਪਹੀਆ ਵਾਹਨਾਂ ਨੂੰ ਚੋਰੀ ਕਰਕੇ ਅਤੇ ਨੰਬਰ ਪਲੇਟਾਂ ਬਦਲ ਕੇ ਅੱਗੇ ਵੇਚਣ ਵਾਲੇ ਦੋ ਸਾਤਰ ਚੋਰ ਜੋ ਕਿ ਇਹ ਚੋਰੀ ਦਾ ਹੀ ਧੰਦਾ ਕਰਦੇ ਹਨ। ਇਹ ਦੋਨੋਂ ਜਣੇ ਚੋਰੀ ਕੀਤੇ ਮੋਟਰਸਾਈਕਲ ਹੀਰੋ ਸਪਲੈਂਡਰ ਰੰਗ ਕਾਲਾ, ਜਿਸ ਨੂੰ ਜਾਅਲੀ ਨੰਬਰ ਪਲੇਟ ਪੀਬੀ 10 ਈ ਕਿਊ 0189 ਲਾ ਕੇ ਵੇਚਣ ਲਈ ਸਹਿਰ ਜਗਰਾਉਂ ਤੋਂ ਹੁੰਦੇ ਹੋਏ ਕੋਠੇ ਖਜੂਰਾਂ ’ਤੇ ਮੇਨ ਜੀਟੀ ਰੋਡ ਅਲੀਗੜ੍ਹ ਚੌਂਕ ਵੱਲੋਂ ਜਾ ਰਹੇ ਹਨ। ਇਨ੍ਹਾਂ ਚੋਰਾਂ ਨੂੰ ਰਾਜਾ ਢਾਬਾ ਦੇ ਨਜ਼ਦੀਕ ਨਾਕਾ ਲਾ ਕੇ ਚੋਰੀ ਕੀਤੇ ਹੋਏ ਹੀਰੋ ਸਪਲੈਂਡਰ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ ਗਿਆ ਹੈ। ਇਨ੍ਹਾਂ ਦੋਨਾਂ ਦੀ ਪਛਾਣ ਲਖਵਿੰਦਰ ਸਿੰਘ ਉਰਫ਼ ਲੱਖੀ ਪੁੱਤਰ ਗੁਰਦੀਪ ਸਿੰਘ ਵਾਸੀ ਖੁਰਸੇਦਪੁਰਾ ਅਤੇ ਲਖਵਿੰਦਰ ਸਿੰਘ ਉਰਫ਼ ਲਖਨ ਪੁੱਤਰ ਜੀਤ ਰਾਮ ਵਾਸੀ ਮੁਹੱਲਾ ਰਾਮਪੁਰਾ ਨੇੜੇ ਸੇਰਪੁਰ ਫਾਟਕ ਜਗਰਾਓ ਵਜੋਂ ਹੋਈ ਹੈ।

# ਪੀ ਸੀ ਐੱਸ (ਜੁਡੀਸ਼ੀਅਲ) ਦੀ ਪ੍ਰੀਖਿਆ ’ਚ ਚਾਰ ਜਣਿਆਂ ਨੇ ਗੱਡੇ ਝੰਡੇ

ਨਿਹਾਰਿਕਾ ਸਿੰਗਲਾ ਨੇ ਜੱਜ ਬਣ ਕੇ ਭਰਾ ਦਾ ਸੁਪਨਾ ਕੀਤਾ ਪੂਰਾ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਸਿਵਲ ਸੇਵਾਵਾਂ (ਜੁਡੀਸ਼ੀਅਲ) ਦੇ ਐਲਾਨੇ ਗਏ ਨਤੀਜਿਆਂ ਵਿੱਚ ਧੂਰੀ ਦੇ ਹੋਣਹਾਰ ਮੁੰਡੇ-ਕੁੜੀਆਂ ਨੇ ਝੰਡੇ ਗੱਡਦਿਆਂ ਪ੍ਰੀਖਿਆ ਵਿੱਚ ਮਾਣਮੱਤਾ ਸਥਾਨ ਪ੍ਰਾਪਤ ਕਰਕੇ ਧੂਰੀ ਤੇ ਆਪਣੇ ਮਾਪਿਆਂ ਦਾ ਨਾਂ ਚਮਕਾਇਆ ਹੈ। ਸ਼ਹਿਰ ਦੇ ਉਦਯੋਗਪਤੀ ਤੇ ਜੇ.ਪੀ ਰਾਈਸ ਮਿਲਜ਼ ਦੇ ਮਾਲਕ ਤੇ ਦੇਸ਼ ਭਗਤ ਕਾਲਜ ਬਰੜ੍ਹਵਾਲ ਟਰੱਸਟ ਦੇ ਟਰੱਸਟੀ ਪ੍ਰਦੀਪ ਸਿੰਗਲਾ ਦੀ ਹੋਣਹਾਰ ਬੇਟੀ ਨਿਹਾਰਿਕਾ ਸਿੰਗਲਾ ਨੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਨਿਹਾਰਿਕਾ ਸਿੰਗਲਾ ਨੇ ਦੱਸਿਆ ਕਿ ਉਸ ਨੇ ਆਪਣੇ ਭਰਾ ਮਰਹੂਮ ਸਾਹਿਲ ਸਿੰਗਲਾ (ਸਿਵਲ ਜੱਜ) ਦਾ ਸੁਪਨਾ ਪੂਰਾ ਕੀਤਾ ਹੈ। ਉਸਦੇ ਪਿਤਾ ਪ੍ਰਦੀਪ ਸਿੰਗਲਾ ਤੇ ਮਾਤਾ ਵਰਸ਼ਾ ਸਿੰਗਲਾ ਨੇ ਮੂੰਹ ਮਿੱਠਾ ਕਰਾਇਆ। ਦੱਸਣਯੋਗ ਹੈ ਕਿ ਮਰਹੂਮ ਜੱਜ ਸਾਹਿਲ ਸਿੰਗਲਾ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਨਿਹਾਰਿਕਾ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕਾਨੂੰਨ ਦੀ ਸਿੱਖਿਆ ਪ੍ਰਾਪਤ ਕੀਤੀ। ਉਧਰ ਸ਼ਹਿਰ ਦੇ ਉਦਯੋਗਪਤੀ ਯਸਪਾਲ ਗੋਇਲ (ਬਬਲੀ ਐਚ.ਐਮ.ਟੀ.) ਵਾਲਿਆਂ ਦੇ ਪੁੱਤਰ ਕੁਨਾਲ ਗੋਇਲ ਨੇ ਵੀ ਜੱਜ ਬਣਦਿਆ ਆਪਣੇ ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਸ਼ਹਿਰ ਦੇ ਕੈਂਬ੍ਰਿਜ ਸਕੂਲ ਤੋਂ ਦਸਵੀਂ ਦੀ ਪ੍ਰੀਖਿਆ ਪਾਸ ਕਰਨ ਵਾਲੇ ਕੁਨਾਲ ਗੋਇਲ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਕਾਨੂੰਨ ਦੀ ਸਿੱਖਿਆ ਪ੍ਰਾਪਤ ਕੀਤੀ ਤੇ ਉਹ ਅੱਜ-ਕੱਲ੍ਹ ਪੰਜਾਬ ਨੈਸ਼ਨਲ ਬੈਂਕ ਵਿੱਚ ਲਾਅ ਅਫ਼ਸਰ ਸੇਵਾ ਨਿਭਾਅ ਰਹੇ ਹਨ। ਦਾਦਾ ਵੈਦ ਸਵ. ਸਾਧੂ ਰਾਮ ਪਾਠਕ, ਦਾਦੀ ਸਵ. ਸੀਤਾ ਦੇਵੀ ਅਤੇ ਨਾਨਾ ਪ੍ਰਿੰਸੀਪਲ ਸਵ. ਆਰ ਪੀ ਸ਼ਰਮਾ ਦੇ ਵਿਵੇਕਸ਼ੀਲ ਬੱਚੇ ਅਭਿਸ਼ੇਕ ਪਾਠਕ ਨੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਅਧੀਨ ਜੁਡੀਸ਼ਰੀ ਪ੍ਰੀਖਿਆ ਪਹਿਲੀ ਵਾਰ ਵਿੱਚ ਕਲੀਅਰ ਕੀਤੀ। ਅਭਿਸ਼ੇਕ ਪਾਠਕ ਨੇ ਜੱਜ ਬਣ ਕੇ ਆਪਣੇ ਮਾਤਾ ਨੀਲਮ ਸ਼ਰਮਾ ਤੇ ਪਿਤਾ ਸੁਸ਼ੀਲ ਕੁਮਾਰ ਪਾਠਕ ਦਾ ਨਾਂਅ ਰੌਸ਼ਨ ਕੀਤਾ। ਅਭਿਸ਼ੇਕ ਪਾਠਕ ਨੇ ਦੱਸਿਆ ਕਿ ਉਸਦੇ ਮਾਮਾ ਰਜਨੀਸ਼ ਸ਼ਰਮਾ, ਐਡੀਸ਼ਨਲ ਸੈਸ਼ਨ ਜੱਜ ਤੇ ਮਾਮਾ ਵਿਕਾਸ ਸ਼ਰਮਾ ਏ.ਡੀ.ਏ ਦੀ ਪ੍ਰੇਰਨਾ ਸਦਕਾ ਜੱਜ ਬਣਿਆ ਹੈ। ਅਭਿਸ਼ੇਕ ਪਾਠਕ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਐਲ.ਐਲ.ਬੀ ਦਾ ਕੋਰਸ ਪੂਰਾ ਕੀਤਾ ਹੈ। ਉਹ ਅੱਜ-ਕੱਲ੍ਹ ਐਲ ਐਮ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀ ਹੈ। ਉਨ੍ਹਾਂ ਦੇ ਘਰ ਵਧਾਈਆਂ ਦੇਣ ਵਾਲੇ ਵੱਡੀ ਪੱਧਰ ਉੱਤੇ ਪਹੁੰਚ ਰਹੇ ਹਨ।

# ਮਾਤਾ ਸੁੰਦਰੀ ਗਰੁੱਪ ਢੱਡੇ ਵੱਲੋਂ ਵਿਦਿਆਰਥਣਾਂ ਦਾ ਵਿੱਦਿਅਕ ਟੂਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਅਕਾਦਮਿਕ ਪ੍ਰਾਪਤੀਆਂ ਦੇ ਨਾਲ ਨਾਲ ਵੱਖ ਵੱਖ ਖੇਤਰਾਂ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ’ਤੇ ਨਾਮਣਾ ਖੱਟਣ ਵਾਲੀ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਢੱਡੇ ਵੱਲੋਂ ਵਿਦਿਆਰਥਣਾਂ ਦਾ ਹਿਮਾਚਲ ਪ੍ਰੇਦਸ਼ ਦੇ ਡਲਹੌਜ਼ੀ, ਖਿਜ਼ਾਰ ਤੇ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਸਾਹਿਬ ਦਾ ਵਿੱਦਿਅਕ ਟੂਰ ਲਗਾਇਆ ਗਿਆ, ਜਿਸ ਦੀ ਰਵਾਨਗੀ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਵੱਲੋਂ ਹਰੀ ਝੰਡੀ ਦੇ ਕੇ ਕੀਤੀ ਗਈ। ਉਨ੍ਹਾ ਕਿਹਾ ਕਿ ਸੰਸਥਾ ਹਰ ਸੈਸ਼ਨ ਵਿੱਚ ਵਿਦਿਆਰਥਣਾਂ ਲਈ ਵਿੱਦਿਅਕ ਟੂਰਾਂ ਦਾ ਪ੍ਰਬੰਧ ਕਰਦੀ ਹੈ, ਜਿਸ ਦਾ ਵਿਦਿਆਰਥੀ ਜੀਵਨ ਵਿੱਚ ਅਹਿਮ ਯੋਗਦਾਨ ਹੁੰਦਾ ਹੈ। ਸੰਸਥਾ ਦੇ ਐੱਮ ਡੀ ਗੁਰਬਿੰਦਰ ਸਿੰਘ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਨੇ ਕਿਹਾ ਕਿ ਵਿੱਦਿਅਕ ਟੂਰਾਂ ਕਾਰਨ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਤੇ ਮੈਨੇਜਮੈਂਟ ਦੇ ਗੁਣ ਪੈਦਾ ਹੁੰਦੇ ਹਨ। ਇਹ ਵਿੱਦਿਅਕ ਟੂਰ 1 ਅਕਤੂਬਰ ਤੋਂ 4 ਅਕਤੂਬਰ ਤੱਕ ਕੀਤਾ ਗਿਆ, ਜਿਸ ਤਹਿਤ ਸੰਸਥਾ ਦੀਆਂ 55 ਵਿਦਿਆਰਥਣਾਂ ਤੇ 7 ਅਧਿਆਪਕਾਂ ਨੇ ਭਾਗ ਲਿਆ। ਇਸ ਦੌਰਾਨ ਵਿਦਿਆਰਥਣਾਂ ਨੇ ਕਾਨਵੈਂਟ ਪ੍ਰਿੰਸੀਪਲ ਮਨਪ੍ਰੀਤ ਕੌਰ ਦੀ ਅਗਵਾਈ ਹੇਠ ਡਲਹੌਜ਼ੀ ਦੇ ਚਮੇਰਾ ਡੈਮ, ਚਮੇਰਾ ਝੀਲ, ਰੌਕ ਗਾਰਡਨ, ਕਾਲਾਟੋਪ ਵਾਇਲਡ ਲਾਇਫ ਸੈਚੂਅਰੀ, ਡੈਨਕੁੰਡ, ਖਿਜ਼ਾਰ ਆਦਿ ਦਾ ਦੌਰਾ ਕੀਤਾ। ਵਿਦਿਆਰਥਣਾਂ ਵੱਲੋਂ ਡੈਨਕੁੰਡ ਮਾਤਾ ਪੁਲਵਾਨੀ ਮੰਦਿਰ ਤੱਕ ਤੇ ਕਾਲਾਟੋਪ 15 ਕਿਲੋਮੀਟਰ ਦੀ ਟਰੈਕਿੰਗ ਕੀਤੀ। ਇਸ ਮੌਕੇ ਵਿਦਿਆਰਥੀਆਂ ਤੇ ਸਟਾਫ ਨੇ ਡਲਹੌਜ਼ੀ ਦੀਆਂ ਮਨਮੋਹਕ, ਖੁੱਲ੍ਹੀਆਂ ਵਾਦੀਆਂ ਤੇ ਪਹਾੜਾ ਦਾ ਆਨੰਦ ਮਾਣਿਆ। ਪੱਗੜੀ ਸੰਭਾਲ ਜੱਟਾ ਲਹਿਰ ਦੇ ਮੋਢੀ ਤੇ ਸ਼ਹੀਦ ਭਗਤ ਸਿੰਘ ਦੇ ਚਾਚਾ ਅਜੀਤ ਸਿੰਘ ਦੀ ਸਮਾਧੀ ’ਤੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਟੂਰ ਵਿੱਚ ਕਾਨਵੈਂਟ ਪ੍ਰਿੰਸੀਪਲ ਮਨਪ੍ਰੀਤ ਕੌਰ ਦੀ ਅਗਵਾਈ ਹੇਠ ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਮਨਿੰਦਰਪ੍ਰੀਤ ਕੌਰ, ਪ੍ਰੋ. ਗਗਨਦੀਪ ਕੌਰ, ਪ੍ਰੋ. ਰੁਪਿੰਦਰ ਕੌਰ, ਪ੍ਰੋ. ਅੰਗਰੇਜ਼ ਸਿੰਘ (ਐੱਨ.ਐੱਸ.ਐੱਸ. ਕੋਆਰਡੀਨੇਟਰ), ਹਰਦੀਪ ਸਿੰਘ ਤੇ ਸਮੂਹ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਿਆ। ਇਸ ਮੌਕੇ ਸਮੁੱਚੀ ਮੈਨੇਜਮੈਂਟ ਕਮੇਟੀ, ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ, ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ, ਸਮੂਹ ਸਟਾਫ ਤੇ ਵਿਦਿਆਰਥਣਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

# ਸੜਕ ਹਾਦਸੇ ’ਚ ਇੱਕ ਨੌਜਵਾਨ ਦੀ ਮੌਤ, ਇੱਕ ਜ਼ਖਮੀ

**ਜੈਤੋ (ਸਤੀਸ਼ ਕੁਮਾਰ ਭੀਰੀ)**-ਜੈਤੋ ਦੇ ਕੋਟਕਪੂਰਾ ਰੋਡ ਨੇੜੇ ਪੈਂਦੇ ਛੱਪੜ ਕੋਲ ਮੋਟਰਸਾਈਕਲ ’ਤੇ ਦੋ ਨੌਜਵਾਨ ਆਪਣੇ ਘਰ ਵੱਲ ਜਾ ਰਹੇ ਸਨ ਤੇ ਅਚਾਨਕ ਪਰਾਲੀ ਦੀਆਂ ਗੱਠਾਂ ਦੇ ਭਰੇ ਟਰੈਕਟਰ ਟਰਾਲੇ ਦੀ ਫੇਟ ਵੱਜਣ ਕਾਰਨ ਮੋਟਰਸਾਈਕਲ ਸਵਾਰ ਨੌਜਵਾਨ ਸੜਕ ਉੱਤੇ ਡਿੱਗ ਪਏ ਤੇ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਘਟਨਾ ਦੀ ਸੂਚਨਾ ਮਿਲਦਿਆਂ ਹੀ ਚੜ੍ਹਦੀ ਕਲਾ ਵੈੱਲਫੇਅਰ ਸੇਵਾ ਸੁਸਾਇਟੀ ਗੰਗਸਰ ਜੈਤੋ ਦੇ ਪ੍ਰਧਾਨ ਮੀਤ ਸਿੰਘ ਮੀਤਾ, ਚੇਅਰਮੈਨ ਸੰਦੀਪ, ਸਰਪ੍ਰਸਤ ਗੋਰਾ ਔਲਖ ਤੇ ਗੀਤਾ ਸਿੰਘ ਘਟਨਾ ਵਾਲੀ ਉੱਤੇ ਪਹੁੰਚੇ ਅਤੇ ਗੰਭੀਰ ਜ਼ਖਮੀਆਂ ਨੂੰ ਚੁੱਕ ਕੇ ਜੈਤੋ ਦੇ ਸਰਕਾਰੀ ਸਿਵਲ ਹਸਪਤਾਲ ਵਿਖੇ ਉਪਚਾਰ ਲਈ ਲਿਆਂਦਾ, ਜਿੱਥੇ ਡਾਕਟਰ ਨੇ ਮੁੱਢਲੀ ਸਹਾਇਤਾ ਦੇਣ ਉਪਰੰਤ ਜ਼ਖਮੀਆਂ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਰੈਫਰ ਕਰ ਦਿੱਤਾ, ਪਰ ਵਾਰਸਾਂ ਦੀ ਮਰਜ਼ੀ ਅਨੁਸਾਰ ਬਠਿੰਡਾ ਦੇ ਨਿੱਜੀ ਹਸਪਤਾਲ ਇਲਾਜ ਲਈ ਲਿਜਾਇਆ ਗਿਆ, ਪ੍ਰੰਤੂ ਇੱਕ ਨੌਜਵਾਨ ਅਕਾਸ਼ਦੀਪ ਸਿੰਘ (18) ਦੀ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਰਸਤੇ ਵਿੱਚ ਮੌਤ ਹੋ ਗਈ। ਦੂਜੇ ਜ਼ਖਮੀ ਨੌਜਵਾਨ ਦੀ ਪਹਿਚਾਣ ਭਾਰਤੀ ਕੁਮਾਰ (18 ਸਾਲ) ਸਪੁੱਤਰ ਮਹਿੰਦਰ ਪਾਲ ਵਾਸੀ ਬਾਜਾਖਾਨਾ ਰੋਡ ਜੈਤੋ ਵਜੋਂ ਹੋਈ ਹੈ।

# ਅੰਤਰਰਾਸ਼ਟਰੀ ਬਾਲੜੀ ਦਿਵਸ ਮੌਕੇ ਸਨਸ਼ਾਈਨ ਸਟਾਫ਼ ਦੀਆਂ ਧੀਆਂ ਦਾ ਸਨਮਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਅੰਤਰਰਾਸ਼ਟਰੀ ਬਾਲੜੀ ਦਿਵਸ ਮੌਕੇ ਦਾਸ ਤੇ ਬਰਾਊਨ ਵਰਲਡ ਸਕੂਲ ਵਿਖੇ ਸਨਸ਼ਾਈਨ ਸਟਾਫ਼ ਵੱਲੋਂ ਧੀਆਂ ਨੂੰ ਸਨਮਾਨਤ ਕਰਨ ਲਈ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਬੇਟੀ ਬਚਾਓ ਬੇਟੀ ਪੜ੍ਹਾਓ ਦਾ ਸੰਦੇਸ਼ ਦਿੰਦੇ ਹੋਏ ਬੇਟੀਆਂ ਨੂੰ ਉੱਚ ਪੱਧਰੀ ਸਿੱਖਿਆ ਦੇਣ ਦਾ ਹੋਕਾ ਦਿੱਤਾ ਗਿਆ।

ਪ੍ਰਿੰਸੀਪਲ ਰਾਜੇਸ਼ ਚੰਦੇਲ ਨੇ ਦੱਸਿਆ ਕਿ ਜਯੋਤੀ ਪ੍ਰਵਜਲਿਤ ਨਾਲ ਕਰਵਾਏ ਗਏ ਪ੍ਰੋਗਰਾਮ ’ਚ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ’ਚ ਸਕੂਲ ਸਟਾਫ਼ ਤੇ ਬੇਟੀਆਂ ਵੱਲੋਂ ਡਾਂਸ ਤੇ ਗੀਤ ਪੇਸ਼ ਕੀਤੇ ਗਏ।ਪ੍ਰਿੰਸੀਪਲ ਨੇ ਕਿਹਾ ਕਿ ਸਨਸ਼ਾਈਨ ਸਟਾਫ਼ ਉਸ ਦੇ ਸਕੂਲ ਦਾ ਅਨਿੱਖੜਵਾਂ ਅੰਗ ਹੈ ਤੇ ਉਹ ਆਪਣੀਆਂ ਧੀਆਂ ਨੂੰ ਜਿੰਨਾ ਚਿਰ ਉਹ ਪੜ੍ਹਨਾ ਚਾਹੁੰਦੀਆਂ ਹਨ, ਪੜ੍ਹਾਉਣ।ਧੀਆਂ ਦੇਸ਼ ਦਾ ਭਵਿੱਖ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇੱਥੇ ਹੀ ਧੀਆਂ ਵਿੱਦਿਆ ਪ੍ਰਾਪਤ ਕਰਕੇ ਉੱਚੇ ਮੁਕਾਮ ਹਾਸਲ ਕਰਨਗੀਆਂ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨਗੀਆਂ।ਉਨ੍ਹਾਂ ਕਿਹਾ ਕਿ ਧੀਆਂ ਹਰ ਕਿਸੇ ਦੀਆਂ ਜੀਵਨ ਸਾਥੀ ਹੁੰਦੀਆਂ ਹਨ ਤੇ ਇਨ੍ਹਾਂ ਦਾ ਸਤਿਕਾਰ ਕਰਨ ਲਈ ਸਭ ਨੂੰ ਉਪਰਾਲੇ ਕਰਨੇ ਚਾਹੀਦੇ ਹਨ।

ਸਕੂਲ ਪ੍ਰਸ਼ਾਸਨ ਵੱਲੋਂ ਸਨਸ਼ਾਈਨ ਸਟਾਫ਼ ਦੀਆਂ ਧੀਆਂ ਅਕਸ਼ਨਾ, ਅਲੀਸ਼ਾ, ਸ਼ੁਭਪ੍ਰੀਤ, ਤਮੰਨਾ, ਰਜ਼ੀਆ, ਵੀਰਾ, ਦਿਵਿਆਂਸ਼ੀ ਤੇ ਹੋਰਾਂ ਨੂੰ ਸਨਮਾਨਤ ਵੀ ਕੀਤਾ ਗਿਆ।ਸਨਸ਼ਾਈਨ ਸਟਾਫ਼ ਮੈਂਬਰਾਂ ਸਾਇਨਾ, ਸਰੋਜ, ਬਲਜੀਤ, ਕਪਨਾ, ਜੋਤੀ, ਪੂਨਮ, ਆਕਾਸ਼ ਨੇ ਦੱਸਿਆ ਕਿ ਉਨ੍ਹਾਂ ਦੀਆਂ ਧੀਆਂ ਦਾ ਜਿੱਥੇ ਉਹ ਕੰਮ ਕਰਦੀਆਂ ਹਨ, ਉਸੇ ਸਕੂਲ ਵਿੱਚ ਉਨ੍ਹਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ, ਜੋ ਕਿ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਉਹ ਆਪਣੀਆਂ ਧੀਆਂ ਨੂੰ ਸਿੱਖਿਅਤ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

# ਬਾਬਾ ਕਾਬਲ ਸ਼ਾਹ ਦੀ ਯਾਦ ’ਚ ਸੈਦੇ ਕੇ ਮੋਹਨ ਵਿਖੇ ਲੱਗਾ ਮੇਲਾ

■ ਗਾਇਕ ਇੰਦਰਜੀਤ ਨਿੱਕੂ ਨੇ ਬੰਨ੍ਹਿਆ ਰੰਗ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪਿੰਡ ਸੈਦੇ ਕੇ ਮੋਹਨ ਵਿਖੇ ਬਾਬਾ ਕਾਬਲ ਸ਼ਾਹ ਦੀ ਯਾਦ ਵਿੱਚ ਸਾਲਾਨਾ ਮੇਲਾ, ਮੇਲਾ ਕਮੇਟੀ ਵੱਲੋਂ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਲਾਇਆ ਗਿਆ। ਮੇਲੇ ਵਿੱਚ ਇਲਾਕੇ ਦੀਆਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਿੱਸਾ ਲਿਆ। ਮੇਲੇ ਵਿੱਚ ਆਈਆਂ ਸੰਗਤਾਂ ਦੇ ਮਨੋਰੰਜਨ ਲਈ ਪੰਜਾਬ ਦੇ ਪ੍ਰਸਿੱਧ ਲੋਕ ਗਾਇਕ ਇੰਦਰਜੀਤ ਨਿੱਕੂ ਨੇ ਗੀਤਾਂ ਰਾਹੀਂ ਮਨੋਰੰਜਨ ਕੀਤਾ। ਗਾਇਕ ਵੱਲੋਂ ਅੱਜ ਹਾਲਾਤ ਸੰਬੰਧੀ ਵੀ ਕਈ ਗੀਤ ਪੇਸ਼ ਕੀਤੇ ਤੇ ਸਰੋਤਿਆਂ ਦਾ ਸਮਾਂ ਬੰਨ੍ਹਦਿਆਂ ਕੀਲ ਕੇ ਰੱਖਿਆ। ਨਿੱਕੂ ਵੱਲੋਂ ਲੋਕ ਗੀਤ ਗਾਏ ਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕੀਤਾ ਤੇ ਗੁਰੂਹਰਸਹਾਏ ਦੇ ਸਰੋਤਿਆਂ ਦੀ ਕਈ ਵਾਰ ਚੱਲਦੀ ਸਟੇਜ ਦੌਰਾਨ ਸਿਫਤ ਕੀਤੀ। ਮੇਲੇ ਵਿਚ ਪ੍ਰਬੰਧਕਾਂ ਅਤੇ ਗ੍ਰਾਮ ਪੰਚਾਇਤ ਵੱਲੋਂ ਲੰਗਰ ਤੇ ਚਾਹ ਦਾ ਖਾਸ ਪ੍ਰਬੰਧ ਕੀਤਾ ਗਿਆ। ਮੇਲੇ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਮਲਕੀਤ ਥਿੰਦ, ਬਾਬਾ ਅਮਰਜੀਤ ਦਾਸ ਡੇਰਾ ਬਾਬਾ ਭੂੰਮਣ ਸ਼ਾਹ ਪਿੰਡੀ ਵੀ ਵਿਸ਼ੇਸ਼ ਤੌਰ ’ਤੇ ਪਹੁੰਚੇ ਹੋਏ ਸਨ। ਮੇਲਾ ਕਮੇਟੀ ਵੱਲੋਂ ਆਏ ਹੋਏ ਮਹਿਮਾਨਾਂ, ਗਾਇਕ ਇੰਦਰਜੀਤ ਨਿੱਕੂ, ਪ੍ਰੈਸ ਕਲੱਬ ਗੁਰੂਹਰਸਹਾਏ ਦੇ ਪ੍ਰਧਾਨ ਪਵਨ ਕੰਧਾਰੀ ਤੇ ਪੱਤਰਕਾਰਾਂ ਨੂੰ ਵਿਸ਼ੇਸ਼ ਤੌਰ ’ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਭੀਮ ਕੰਬੋਜ ਸਰਪੰਚ, ਇਕਬਾਲ ਚੰਦ ਨੰਬਰਦਾਰ, ਜੋਗਿੰਦਰ ਸਿੰਘ ਥਿੰਦ ਕਲੱਬ ਪ੍ਰਧਾਨ, ਮਹਿੰਦਰ ਸਿੰਘ ਸਾਬਕਾ ਸਰਪੰਚ, ਮਿਲਖ ਰਾਜ ਸੀ.ਆਈ.ਡੀ, ਦਵਿੰਦਰ ਸੀ.ਆਈ.ਡੀ, ਜੋਗਿੰਦਰ ਸਿੰਘ ਪ੍ਰਧਾਨ ਕਲੱਬ, ਲਖਵਿੰਦਰ ਕੁਮਾਰ ਤੇ ਚੰਦਰ ਸ਼ੇਖਰ ਆਦਿ ਹਾਜ਼ਰ ਸਨ।

# ਸੂਬਾ ਪੱਧਰੀ ਖੇਡਾਂ ’ਚੋਂ ਬਾਬਾ ਫਰੀਦ ਸਕੂਲ ਛੱਤਿਆਣਾ ਨੇ ਮੱਲਿਆ ਦੂਸਰਾ ਸਥਾਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਬੀਤੇ ਦਿਨੀਂ ਤਰਨ ਤਾਰਨ ਵਿਖੇ ਹੋਈਆਂ ਸਕੂਲੀ ਸੂਬਾ ਪੱਧਰੀ ਖੇਡਾਂ ਵਿੱਚ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਅੰਡਰ 19 ਸਾਲ ਲੜਕੀਆਂ ਦੀ ਨੈੱਟਬਾਲ ਟੀਮ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨੈੱਟਬਾਲ ਕੋਚ ਮਨਪ੍ਰੀਤ ਸਿੰਘ ਤੇ ਗੁਰਮੇਲ ਸਿੰਘ ਡੀਪੀਈ ਨੇ ਦੱਸਿਆ ਕਿ ਸੂਬਾ ਪੱਧਰੀ ਮੁਕਾਬਲਿਆਂ ਵਿੱਚ ਸਾਰੇ ਹੀ ਮੈਚ ਬੜੇ ਰੌਚਿਕ ਸਨ। ਇਨ੍ਹਾਂ ਮੁਕਾਬਲਿਆਂ ਵਿੱਚ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦੇ ਲੜਕੀਆਂ ਦੀ ਨੈੱਟਬਾਲ ਟੀਮ ਨੇ ਦੂਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਜੇਤੂ ਟੀਮ ਦੇ ਸਕੂਲ ਪੁੱਜਣ ’ਤੇ ਸਮੂਹ ਵਿਦਿਆਰਥੀਆਂ ਤੇ ਸਟਾਫ ਵੱਲੋਂ ਖਿਡਾਰੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਨੇ ਨੈੱਟਬਾਲ ਕੋਚ ਮਨਪ੍ਰੀਤ ਸਿੰਘ ਤੇ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਲਗਨ ਨਾਲ ਕੀਤੀ ਮਿਹਨਤ ਕਰਨ ਵਾਲੀਆਂ ਖਿਡਾਰਣਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਮੱਲਾਂ ਮਾਰ ਕੇ ਸਮਾਜ ਵਿੱਚ ਆਪਣੀ ਇੱਕ ਵੱਖਰੀ ਪਹਿਚਾਣ ਬਣਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਹੋਰ ਖੇਤਰਾਂ ਵਿੱਚ ਧੀਆਂ ਨੂੰ ਅੱਗੇ ਵਧਣ ਲਈ ਵੱਧ ਤੋਂ ਵੱਧ ਸਹਿਯੋਗ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਜੇਤੂ ਖਿਡਾਰੀਆਂ ਨੂੰ ਸਕੂਲ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ, ਨਰੇਸ਼ ਕੁਮਾਰ ਡੀਪੀਈ, ਬਲਕਰਨ ਸਿੰਘ, ਨਵਨੀਤ ਕੌਰ ਸੁਖਨਾ, ਅਰਸ਼ਵੀਰ ਕੌਰ, ਐਸ਼ਵੀਰ ਕੌਰ ਗੁਰਜੋਤ ਸਿੰਘ, ਜਗਮੀਤ ਸਿੰਘ, ਗੁਰਸਾਹਿਬ ਸਿੰਘ, ਸੁਖਦੀਪ ਸਿੰਘ, ਸੁਖਪ੍ਰੀਤ ਸਿੰਘ ਤੇ ਐਸ਼ਮੀਨ ਕੌਰ ਤੋਂ ਇਲਾਵਾ ਸਕੂਲ ਦੇ ਸਮੂਹ ਸਟਾਫ ਨੇ ਖਿਡਾਰੀਆਂ ਨੂੰ ਵਧਾਈ ਦਿੱਤੀ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਬਲਿਕ ਕਾਲਜ ’ਚ ਸੈਮੀਨਾਰ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪ੍ਰੋਫੈਸਰ ਰਤਨ ਕੁਮਾਰ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਤੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਮਨੀ ਅਰੋੜਾ ਦੁਆਰਾ, ਸਬ-ਡਵੀਜ਼ਨਲ ਜੁਡੀਸ਼ੀਅਲ ਮੈਜਿਸਟਰੇਟ ਸ੍ਰ. ਰਾਜਿੰਦਰ ਸਿੰਘ ਨਾਗਪਾਲ ਦੇ ਸਹਿਯੋਗ ਨਾਲ ਇੱਕ ਸੈਮੀਨਾਰ ਕਾਲਜ ਕੈਂਪਸ ਵਿਖੇ ਕਰਵਾਇਆ ਗਿਆ। ਇਹ ਸੈਮੀਨਾਰ ਕਾਲਜ ਦੇ ਐਂਟੀ ਹਰਾਸਮੈਂਟ ਸੈੱਲ (ਵੀਮੈਨ) ਤੇ ਲੀਗਲ ਲਿਟਰੇਸੀ ਸੈੱਲ ਵੱਲੋਂ ਕੀਤਾ ਗਿਆ, ਜਿਸ ਵਿੱਚ ਮੁੱਖ ਬੁਲਾਰੇ ਦੇ ਤੌਰ ’ਤੇ ਸ਼ਾਮਲ ਹੋਏ ਐਡਵੋਕੇਟ ਸ੍ਰ. ਅਮਰਜੀਤ ਸਿੰਘ ਬਾਜਵਾ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਪ੍ਰਭਾਵਾਂ ਤੋਂ ਸੁਚੇਤ ਕਰਦੇ ਹੋਏ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਣਾ ਦਿੱਤੀ। ਉਨ੍ਹਾ ਵੱਲੋਂ ਫਰੀ ਲੀਗਲ ਏਡ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦੇ ਹੋਏ ਔਰਤਾਂ ਦੇ ਅਧਿਕਾਰਾਂ ਤੇ ਉਨ੍ਹਾਂ ਦੀ ਸੁਰੱਖਿਆ ਬਾਰੇ ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ। ਇਸ ਸੈਮੀਨਾਰ ਵਿੱਚ ਜੁਡੀਸ਼ੀਅਲ ਕੋਰਟ ਸਮਾਣਾ ਤੋਂ ਮੈਡਮ ਮੋਨਿਕਾ ਪਹੂਜਾ ਦਾ ਪੂਰਨ ਸਹਿਯੋਗ ਰਿਹਾ। ਇਸ ਮੌਕੇ ਪ੍ਰੋ. ਜਸਵਿੰਦਰਬੀਰ ਸਿੰਘ, ਪ੍ਰੋ. ਹਰਪ੍ਰੀਤ ਕੌਰ (ਪੋਲੀਟੀਕਲ ਸਾਇੰਸ ਵਿਭਾਗ), ਪ੍ਰੋ. ਅਰਵਿੰਦਰ ਕੌਰ, ਪ੍ਰੋ. ਸੋਨੂੰ ਜੈਨ, ਪ੍ਰੋ. ਨਿਕਿਤਾ, ਪ੍ਰੋ. ਰੁਪਿੰਦਰ ਕੌਰ ਤੇ ਪ੍ਰੋ. ਗੁਰਵਿੰਦਰ ਕੌਰ ਮੌਜੂਦ ਰਹੇ।

# ਪ੍ਰਸ਼ਾਸਨ ਵੱਲੋਂ ਮੁਆਵਜ਼ਾ ਨਾ ਦਿੱਤੇ ਜਾਣ ਦੀ ਅੜੀ ਹਾਲੇ ਵੀ ਬਰਕਰਾਰ

■ ਬੀਕੇਯੂ ਉਗਰਾਹਾਂ ਦਾ ਮੋਰਚਾ 105ਵੇਂ ਦਿਨ ’ਚ ਸ਼ਾਮਲ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਤੇ ਬਲਾਕ ਮੌੜ ਵੱਲੋਂ ਧਰਨਾ ਜਾਰੀ ਹੈ। ਅੱਜ ਧਰਨੇ ਦੀ ਅਗਵਾਈ ਜ਼ਿਲ੍ਹਾ ਸਕੱਤਰ ਦਰਸ਼ਨ ਸਿੰਘ ਮਾਈਸਰਖਾਨਾ ਵੱਲੋਂ ਕੀਤੀ ਗਈ। ਮੋਰਚੇ ਦੇ 105 ਦਿਨ ਪੂਰੇ ਹੋਣ ’ਤੇ ਵੀ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਨਹੀਂ ਦਿੱਤਾ ਗਿਆ। ਪਿਛਲੇ ਦਿਨੀਂ ਬਹਿਮਣ ਕੌਰ ਸਿੰਘ ਵਿਖੇ ਗੈਸ ਪਾਈਪ ਲਾਈਨ ਪਾਉਣ ਆਏ ਪ੍ਰਸ਼ਾਸਨ ਨਾਲ ਕਿਸਾਨਾਂ ਦੀ ਟੱਕਰ ਹੋ ਗਈ ਸੀ। ਕਿਸਾਨ ਆਗੂਆਂ ਸਮੇਤ ਕਿਸਾਨਾਂ ਦੀ ਗ੍ਰਿਫਤਾਰੀ ਵੀ ਹੋਈ ਸੀ। ਮੀਟਿੰਗ ਦੌਰਾਨ ਸਹਿਮਤੀ ਬਣੀ ਕਿ ਪਾਈਪ ਲਾਈਨ ਦਾ ਮੁਆਵਜ਼ਾ 24 ਲੱਖ ਰੁਪਏ ਪ੍ਰਤੀ ਏਕੜ ਦਿੱਤਾ ਜਾਵੇਗਾ, ਜਿਨ੍ਹਾਂ ਕਿਸਾਨਾਂ ਦੇ ਖੇਤਾਂ ਵਿੱਚ ਕੰਮ ਰੁਕਿਆ ਹੈ, ਅੱਜ ਤੱਕ ਫਸਲ ਦਾ ਸਾਰਾ ਮੁਆਵਜ਼ਾ ਦਿੱਤਾ ਜਾਵੇਗਾ, ਜਿਨ੍ਹਾਂ ਖੇਤਾਂ ਵਿੱਚ ਪਹਿਲਾਂ ਪਹਿਲ ਕੰਮ ਹੋ ਚੁੱਕਾ ਹੈ ਤੇ ਉਨ੍ਹਾਂ ਨੂੰ ਦੋ ਲੱਖ ਰੁਪਏ ਪ੍ਰਤੀ ਏਕੜ ਤੱਕ ਹੀ ਮੁਆਵਜ਼ਾ ਦਿੱਤਾ ਹੈ, ਉਨ੍ਹਾਂ ਸਾਰੇ ਕਿਸਾਨਾਂ ਨੂੰ 24 ਲੱਖ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇਗਾ। ਇਹ ਸਮਝੌਤਾ ਲਿਖਤੀ ਤੌਰ ’ਤੇ ਕੀਤਾ ਗਿਆ, ਪਰ ਪ੍ਰਸ਼ਾਸਨ ਵੱਲੋਂ ਕਿਸੇ ਕਿਸਾਨ ਨੂੰ ਅਜੇ ਤੱਕ ਬਣਦਾ ਮੁਆਵਜ਼ਾ ਰਾਸ਼ੀ ਨਹੀਂ ਦਿੱਤੀ ਗਈ। ਡੀ ਸੀ ਬਠਿੰਡਾ ਵੱਲੋਂ ਆਪਣਾ ਵਾਅਦਾ ਲਾਗੂ ਨਹੀਂ ਕੀਤਾ ਗਿਆ। ਇਸ ਲਈ ਪਿਛਲੇ ਦਿਨੀਂ ਤਹਿਸੀਲਦਾਰ ਤਲਵੰਡੀ ਸਾਬੋ ਦਾ ਘਿਰਾਓ ਕੀਤਾ ਗਿਆ ਸੀ, ਸਿੱਟੇ ਵਜੋਂ ਡੀ ਸੀ ਬਠਿੰਡਾ ਨਾਲ 4 ਅਗਸਤ ਨੂੰ ਮੀਟਿੰਗ ਹੋਈ, ਜਿਸ ਵਿੱਚ ਖਾਸ ਨਤੀਜਾ ਨਹੀਂ ਨਿਕਲਿਆ। ਉਸ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਚੁੱਪ ਧਾਰੀ ਹੋਈ ਹੈ ਤੇ ਗੈਸ ਕੰਪਨੀ ਦੀ ਸਿੱਧੀ ਮਦਦ ਕੀਤੀ ਜਾ ਰਹੀ ਹੈ। ਇਸ ਸਮੇਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਵੀਰ ਸਿੰਘ ਸੇਮਾ ਨੇ ਕਿਹਾ ਕਿ ਅਸੀਂ ਲੇਲੇਵਾਲਾ ਗੈਸ ਪਾਈਪ ਲਾਈਨ ਮੋਰਚੇ ’ਤੇ 104 ਦਿਨਾਂ ਤੋਂ ਡਟੇ ਹੋਏ ਹਾਂ, ਪਰ ਪ੍ਰਸ਼ਾਸਨ ਕਾਰਪੋਰੇਟ ਘਰਾਣਿਆਂ ਦੀ ਮੱਦਦ ਕਰ ਰਿਹਾ ਹੈ ਤੇ ਕਿਸਾਨਾਂ ਦੇ ਧੱਕੇ ਨਾਲ ਪਾਈਪ ਪਾ ਰਹੇ ਹਨ। ਪੁਲਸ ਲੋਕਾਂ ਦੀ ਸੁਰੱਖਿਆ ਲਈ ਹੁੰਦੀ ਹੈ ਨਾ ਕਿ ਲਹੂ ਪੀਣੀਆਂ ਜੋਕਾਂ ਨੂੰ ਲੁੱਟਣ ਵਿੱਚ ਮਦਦ ਕਰਨ ਲਈ। ਇਸ ਸਮੇਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਐਲਾਨ ਕੀਤਾ ਕਿ ਲੇਲੇਵਾਲਾ ਗੈਸ ਪਾਈਪ ਲਾਈਨ ਮੋਰਚੇ ਉੱਪਰ ਸਿਰ ਧੜ ਦੀ ਬਾਜ਼ੀ ਲੱਗੇਗੀ, ਜਿਸ ਲਈ ਪੰਜਾਬ ਸਰਕਾਰ ਤੇ ਡੀ ਸੀ ਬਠਿੰਡਾ ਜ਼ਿੰਮੇਵਾਰ ਹੋਣਗੇ।

ਇਸ ਮੌਕੇ ਬਲਾਕ ਮੌੜ ਦੇ ਆਗੂ ਗੁਰਜੀਤ ਸਿੰਘ ਬਗੇਹਰ, ਭੋਲਾ ਸਿੰਘ ਮਾੜੀ, ਕਲਕੱਤਾ ਸਿੰਘ ਮਾਣਕ ਖਾਨਾ, ਜਸਵੀਰ ਸਿੰਘ ਲੇਲੇਵਾਲਾ ਤੇ ਪਿੰਡ ਕਮੇਟੀਆਂ ਸ਼ਾਮਲ ਸਨ।

# ਰੱਤੋਕੇ ਸਕੂਲ ਦੇ ਯੁਵਰਾਜ, ਜਗਸੀਰ ਤੇ ਮਹਿਕਪ੍ਰੀਤ ਨੇ ਜ਼ੋਨ ਪੱਧਰੀ ਐਥਲੈਟਿਕਸ ਮੀਟ ’ਚ ਜਿੱਤੇ ਸੋਨ ਤਮਗੇ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਜ਼ੋਨ ਲੌਂਗੋਵਾਲ ਦੀ ਜ਼ੋਨ ਪੱਧਰੀ ਐਥਲੈਟਿਕਸ ਮੀਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਵਿਖੇ ਕਰਾਈ ਗਈ, ਜਿਸ ਵਿੱਚ ਸਰਕਾਰੀ ਐਲੀਮੈਂਟਰੀ ਰੱਤੋਕੇ ਦੇ ਅਥਲੀਟ ਲੜਕੇ ਤੇ ਲੜਕੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਜਗਸੀਰ ਸਿੰਘ ਪੁੱਤਰ ਰਾਮ ਸਿੰਘ ਨੇ 100 ਮੀਟਰ ਦੌੜ ਵਿੱਚ ਜ਼ੋਨ ’ਚ ਸਭ ਅਥਲੀਟਾਂ ਨੂੰ ਮਾਤ ਦਿੰਦਿਆਂ ਸੋਨ ਤਗਮਾ ਜਿੱਤਿਆ ਅਤੇ ਲੰਬੀ ਛਾਲ ਮੁਕਾਬਲੇ ਵਿੱਚ ਉਸਨੇ ਚਾਂਦੀ ਦਾ ਤਮਗਾ ਜਿੱਤਿਆ। ਗੋਲਾ ਸੁੱਟਣ ਦੇ ਮੁਕਾਬਲੇ ਵਿੱਚ ਯੁਵਰਾਜ ਸਿੰਘ ਪੁੱਤਰ ਬਲਜੀਤ ਸਾਹੋਕੇ ਨੇ ਸੋਨੇ, ਜਸਕਰਨ ਸਿੰਘ ਨੇ ਚਾਂਦੀ ਦਾ ਤਮਗਾ ਸਕੂਲ ਦੀ ਝੋਲੀ ਪਾਇਆ। 200 ਮੀਟਰ ਦੌੜ ਵਿੱਚ ਮਹਿਕਪ੍ਰੀਤ ਕੌਰ ਨੇ ਸੋਨੇ ਦਾ ਤਮਗਾ ਜਿੱਤਿਆ। ਖੁਸ਼ਪ੍ਰੀਤ ਕੌਰ ਨੇ 100 ਮੀਟਰ ਦੌੜ ਵਿੱਚ ਚਾਂਦੀ ਦੇ ਤਮਗੇ ਤੇ ਕਬਜ਼ਾ ਕਰਦੇ ਹੋਏ ਜ਼ਿਲ੍ਹਾ ਪੱਧਰੀ ਅਥਲੈਟਿਕਸ ਮੀਟ ’ਚ ਆਪਣਾ ਸਥਾਨ ਪੱਕਾ ਕੀਤਾ। 600 ਮੀਟਰ ਦੌੜ ਵਿੱਚ ਤਰਨਪ੍ਰੀਤ ਕੌਰ ਨੇ ਸੋਨ ਤਮਗਾ ਆਪਣੇ ਨਾਂਅ ਕੀਤਾ, ਜਦੋਂਕਿ ਜਸਨੂਰ ਕੌਰ ਇਸੇ ਮੁਕਾਬਲੇ ਵਿੱਚ ਤੀਜੇ ਸਥਾਨ ’ਤੇ ਰਹੀ। ਸਾਹਿਲਪ੍ਰੀਤ ਸਿੰਘ ਉੱਚੀ ਛਾਲ ਮੁਕਾਬਲੇ ਵਿਚ ਦੂਜੇ ਤੇ 200 ਮੀਟਰ ਦੌੜ ਵਿੱਚ ਤੀਜੇ ਸਥਾਨ ’ਤੇ ਰਿਹਾ। ਕੁੜੀਆਂ ਦੇ ਉਚੀ ਛਾਲ ਮੁਕਾਬਲੇ ਵਿੱਚ ਹਰਮਨਜੋਤ ਕੌਰ ਤੀਜੇ ਸਥਾਨ ’ਤੇ ਰਹੀ। ਇਹ ਸਾਰੇ ਖਿਡਾਰੀ ਜ਼ਿਲ੍ਹਾ ਪੱਧਰੀ ਅਥਲੈਟਿਕਸ ਮੀਟ ’ਚ ਭਾਗ ਲੈਣਗੇ। ਸਕੂਲ ਪਹੁੰਚਣ ’ਤੇ ਖਿਡਾਰੀਆਂ ਦਾ ਪਿੰਡ ਦੀ ਪੰਚਾਇਤ, ਸਕੂਲ ਮੈਨੇਜਮੈਂਟ ਕਮੇਟੀ ਤੇ ਸਕੂਲ ਵੈਲਫੇਅਰ ਐਸੋਸੀਏਸ਼ਨ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਗੁਰਚਰਨ ਸਿੰਘ, ਵੀਰਪਾਲ ਸਿੰਘ, ਗੁਰਮੀਤ ਕੁੱਬੇ, ਸੁਮਨ ਗੋਇਲ, ਕਰਮਜੀਤ ਕੌਰ, ਸੱਤਪਾਲ ਕੌਰ, ਰਣਜੀਤ ਕੌਰ, ਪ੍ਰਦੀਪ ਸਿੰਘ, ਚਰਨਜੀਤ ਕੌਰ, ਰੇਨੂੰ ਸਿੰਗਲਾ ਆਦਿ ਹਾਜ਼ਰ ਸਨ। ਇਹ ਜਾਣਕਾਰੀ ਖੇਡ ਇੰਚਾਰਜ ਸੁਖਪਾਲ ਸਿੰਘ ਤੇ ਸੁਰਿੰਦਰ ਸਿੰਘ ਨੇ ਦਿੰਦਿਆ ਵਿਸ਼ਵਾਸ ਪ੍ਰਗਟਾਇਆ ਕਿ ਜ਼ਿਲ੍ਹਾ ਪੱਧਰ ’ਤੇ ਵੀ ਸਾਡੇ ਖਿਡਾਰੀ ਸ਼ਾਨਦਾਰ ਪ੍ਰਦਰਸ਼ਨ ਕਰਨਗੇ।

# ਪੈਨਸ਼ਨਰ 14 ਦੀ ਰੈਲੀ ’ਚ ਕਰਨਗੇ ਭਰਵੀਂ ਸ਼ਮੂਲੀਅਤ : ਭਜਨ ਸਿੰਘ ਗਿੱਲ



**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਇਕਾਈ ਮੋਗਾ ਦੀ ਮੀਟਿੰਗ ਸੁਤੰਤਰਤਾ ਸੈਨਾਨੀ ਭਵਨ ਵਿਖੇ ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਲੈਕ: ਸੁਖਮੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਨੇ ਬਾਖੂਬੀ ਨਿਭਾਈ।ਮੀਟਿੰਗ ਦੇ ਸ਼ੁਰੂ ਵਿੱਚ ਉੱਘੇ ਖੇਤੀ ਵਿਗਿਆਨੀ ਸਵਾਮੀਨਾਥਨ ਦੇ ਸਦੀਵੀ ਵਿਛੋੜੇ ’ਤੇ ਸ਼ਰਧਾਂਜਲੀ ਭੇਟ ਕੀਤੀ ਗਈ।ਭਜਨ ਸਿੰਘ ਗਿੱਲ ਸੂਬਾ ਪ੍ਰਧਾਨ, ਸੁਰਿੰਦਰ ਰਾਮ ਕੁੱਸਾ ਸੂਬਾ ਜਨਰਲ ਸਕੱਤਰ ਤੇ ਚਮਕੌਰ ਸਿੰਘ ਸਰਾਂ ਨੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਪਿਛਲੇ ਮਹੀਨੇ 10, 17 ਤੇ 24 ਸਤੰਬਰ ਦੀਆਂ ਕੈਬਨਿਟ ਮੰਤਰੀਆਂ ਦੇ ਘਰਾਂ ਵੱਲ ਅੰਮ੍ਰਿਤਸਰ, ਸੰਗਰੂਰ, ਜਲੰਧਰ ਤੇ ਮਲੋਟ ਵਿਖੇ ਮਾਰਚ ਕਰਨ ਦੀ ਸਫਲਤਾ ਤੇ ਰਹਿ ਗਈਆਂ ਕਮੀਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਸਰਬਜੀਤ ਸਿੰਘ ਦਾਉਧਰ, ਗੁਰਦੇਵ ਸਿੰਘ, ਰਾਮ ਨਾਥ, ਕੇਹਰ ਸਿੰਘ ਕਿਸ਼ਨਪੁਰਾ, ਗੁਰਜੰਟ ਸਿੰਘ ਸੰਘਾ, ਪ੍ਰੇਮ ਕੁਮਾਰ, ਬਲਬੀਰ ਸਿੰਘ ਮੋਗਾ ਸਬ ਡਵੀਜ਼ਨ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਦੱਸਿਆ ਕਿ 14 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਮਹਾਂਰੈਲੀ ਸੈਕਟਰ 6 ਵਿੱਚ ਮੈਕਸ ਹਸਪਤਾਲ ਦੇ ਨੇੜੇ ਗਰਾਊਂਡ ਵਿੱਚ 11 ਵਜੇ ਸ਼ੁਰੂ ਹੋਵੇਗੀ ਤੇ ਰੈਲੀ ਉਪਰੰਤ ਰੋਹ ਭਰਪੂਰ ਮਾਰਚ ਕੀਤਾ ਜਾਵੇਗਾ।ਲਖਬੀਰ ਚੰਦ, ਦਲਬਾਰਾ ਸਿੰਘ, ਤਰਸੇਮ ਸ਼ਰਮਾਂ, ਬਲੌਰ ਸਿੰਘ, ਬਲਵਿੰਦਰ ਸਿੰਘ ਗਿੱਲ, ਨਾਇਬ ਸਿੰਘ, ਮਨਜੀਤ ਸਿੰਘ ਮੱਲ੍ਹਾ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ ਦੀਆਂ ਪੰਜੇ ਸਬ ਡਵੀਜ਼ਨਾਂ ਵਿੱਚੋਂ ਬੱਸਾਂ, ਗੱਡੀਆਂ ਦਾ ਕਾਫਲਾ ਸਭਨਾਂ ਥਾਵਾਂ ਤੋਂ 14 ਅਕਤੂਬਰ ਸਵੇਰੇ ਠੀਕ ਸੱਤ ਵਜੇ ਰਵਾਨਾ ਹੋਵੇਗਾ।ਮੀਟਿੰਗ ਵਿੱਚ ਅਜਮੇਰ ਸਿੰਘ, ਬਚਿੱਤਰ ਸਿੰਘ ਮਟਵਾਨੀ, ਮੰਗਲ ਸਿੰਘ, ਅਸ਼ੋਕ ਚਟਾਨੀ, ਤੇਜਾ ਸਿੰਘ ਘੱਲ ਕਲਾਂ, ਹਰਜੀਤ ਸਿੰਘ ਤੇ ਗੁਰਮੇਲ ਸਿੰਘ ਨੇ ਬੈਂਕਾਂ ਦੀ ਢਿੱਲੀ ਕਾਰਗੁਜ਼ਾਰੀ ਤੇ ਰੁਲ ਰਹੇ ਮੈਡੀਕਲ ਬਿੱਲਾਂ ਬਾਰੇ ਵੀ ਚਰਚਾ ਕੀਤੀ।


## ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਖੁਲੀ ਟੈਂਡਰ ਸੂਚਨਾ**

ਉਪ ਮੁੱਖ ਬਿਜਲੀ ਇੰਜੀਨੀਅਰ/ਗਤੀ ਸ਼ਕਤੀ ਯੂਨਿਟ, ਉ.ਰੇ. ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ 06.11.2023 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 06.11.2023 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (Rs.) | ਟੈਂਡਰ ਦੀ ਕੀਮਤ (Rs.) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) |
|---|---|---|---|---|---|
| 516-ਟੀ.ਆਰ.ਡੀ.-ਫਿਰੋਜ਼ਪੁਰ-2023-24 | ਫਿਰੋਜ਼ਪੁਰ ਡਵੀਜਨ ਵਿਚ ਟੀਆਰਡੀ ਤੋਂ ਸਬੰਧਿਤ ਕੰਮ (i) ਐਫਐਸਡੀ ਸਾਹਨੇਵਾਲ ਦੇ ਅੰਦਰ ਰੇਲਵੇ ਟ੍ਰੈਕ ਯਾਨੀ ਲਾਇਨ ਨੰਬਰ 2 ਅਤੇ 3 ਅਤੇ ਬ੍ਰੇਕ ਬੈਨ ਸਾਈਡਿੰਗ ਦੇ ਸੰਚਾਲਨ ਦੀ ਅਸਥਾਈ ਸਮਾਪਤੀ ਤਰਫ (ii) ਕਿਮੀ 69+422 ਉਤੇ ਆਰਯੂਬੀ ਨੰਬਰ 173 ਦਾ ਬਾਕੀ ਕੰਮ (ਕੇਂਦਰ ਸ਼ਾਸਿਤ ਪ੍ਰਦੇਸ਼ ਜੰਮ-ਕਸ਼ਮੀਰ ਵਿਚ ਐਨਐਚ 44 ਦੇ ਪਠਾਨਕੋਟ-ਜੰਮੂ ਤਵੀ ਖੰਡ ਉਤੇ ਸੜਕ ਕਿਮੀ 72507) | 19,56,846.18p | ਸਿਫ਼ਰ | 06.11.2023 15.00 ਵਜੇ ਤਕ | 39,100/- |

| | | | | | |
|---|---|---|---|---|---|
| ਕੰਮ ਦਾ ਸਮਾਂ | 06 ਮਹੀਨੇ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | 06.11.2023 15:00 ਵਜੇ ਦੇ ਬਾਦ | ਵੇਬਸਾਈਟ | www.ireps.gov.in |

# ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਿਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜ਼ਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ। ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਨ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ।

ਨੰ:- 516 -ਟੀ.ਆਰ.ਡੀ.-ਫਿਰੋਜ਼ਪੁਰ-2023-24 ਮਿਤੀ : 12.10.2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3167/23

14-Oct-PAGE-11.qxd 10/13/2023 10:05 PM Page 1



# ਪੰਜਾਬ ਗ੍ਰਾਮੀਣ ਬੈਂਕ ਕਲਾਨੌਰ ਨੇ ਲਗਾਇਆ ਜਾਗਰੂਕਤਾ ਕੈਂਪ



**ਕਲਾਨੌਰ (ਮਨਦੀਪ ਕੁਮਾਰ ਕੋਹਲੀ)**-ਕਸਬਾ ਕਲਾਨੌਰ ਦੇ ਗੁਰਦਾਸਪੁਰ ਰੋਡ ਸਥਿਤ ਸੇਖਵਾਂ ਪੈਲੇਸ ਵਿੱਚ ਪੰਜਾਬ ਗ੍ਰਾਮੀਣ ਬੈਂਕ ਬਰਾਂਚ ਕਲਾਨੌਰ ਵੱਲੋਂ ਬਰਾਂਚ ਮੈਨੇਜਰ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਲੋਕਾਂ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰੂਕਤਾ ਕੈਂਪ ਲਗਾਇਆ ਗਿਆ।

ਕੈਂਪ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਰਿਜਨਲ ਮੈਨੇਜਰ ਸੁਨੀਲ ਅਰੋੜਾ ਵਿਸ਼ੇਸ਼ ਤੌਰ 'ਤੇ ਹਾਜਰ ਹੋਏ। ਇਸ ਕੈਂਪ ਵਿੱਚ ਇਲਾਕੇ ਦੀ ਸਿਰਮੌਰ ਸੰਸਥਾ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਵੱਲੋਂ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਕਾਹਲੋਂ ਅਤੇ ਪ੍ਰਿੰ. ਮੈਡਮ ਬਲਜਿੰਦਰ ਕੌਰ ਕਾਹਲੋਂ ਆਪਣੇ ਕੁਝ ਸਟਾਫ ਮੈਂਬਰ ਅਤੇ ਚੁਨਿੰਦਾ ਬੱਚਿਆਂ ਨੂੰ ਲੈ ਕੇ ਜਾਗਰੂਕਤਾ ਕੈਂਪ ਦਾ ਸ਼ਿੰਗਾਰ ਬਣੇ।

ਭਾਈ ਗੁਰਦਾਸ ਸਕੂਲ ਦੇ ਬੱਚਿਆਂ ਵੱਲੋਂ ਕੋਰੀਓਗ੍ਰਾਫੀ ਰਾਹੀਂ ਲੋਕਾਂ ਨੂੰ ਬੈਂਕ ਦੀਆਂ ਵੱਖ-ਵੱਖ ਸਕੀਮਾਂ ਤੋਂ ਜਾਗਰੂਕ ਕਰਵਾਇਆ ਬੈਂਕ ਦੀਆਂ ਇਨ੍ਹਾਂ ਸਕੀਮਾਂ ਵਿੱਚ ਇੰਸ਼ੋਰੈਂਸ ਸਕੀਮ, ਪ੍ਰਧਾਨ ਮੰਤਰੀ ਸੁਰੱਕਸ਼ਾ ਬੀਮਾ ਯੋਜਨਾ, ਆਰਬੀਆਈ ਅਲਰਟ, ਨੈਟ ਬੈਂਕਿੰਗ, ਸਮਾਰਟ ਐਪ ਅਤੇ ਐੱਫਡੀ, ਆਰਡੀ ਆਦਿ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਬੱਚੇ ਜਸ਼ਨਪ੍ਰੀਤ ਕੌਰ, ਮੁਸਕਾਨ, ਮਾਨਸੀ, ਵੰਸਦੀਪ ਪੰਨੂ ਆਦਿ ਨੇ ਆਪਣੀ ਕੋਰੀਓਗ੍ਰਾਫੀ ਰਾਹੀਂ ਲੋਕਾਂ ਨੂੰ ਸਮਝਾਇਆ। ਇਸ ਮੌਕੇ ਹੋਰ ਬੱਚਿਆਂ ਵੱਲੋਂ ਉਨ੍ਹਾਂ ਮਾਪਿਆਂ ਨੂੰ ਸਮਝਾਉਣ ਲਈ ਇੱਕ ਪਲੇਅ ਕੀਤਾ ਗਿਆ ਜੋ ਲੋਕ ਆਪਣੇ ਬੱਚਿਆਂ ਨੂੰ ਸਕੂਲ ਭੇਜ ਕੇ ਆਪਣੀ ਸਾਰੀ ਜ਼ਿੰਮੇਵਾਰੀ ਖਤਮ ਹੋਈ ਸਮਝ ਲੈਂਦੇ ਹਨ। ਇਸ ਪਲੇਅ ਵਿੱਚ ਮੁੱਖ ਭੂਮਿਕਾ ਵਿੱਚ ਕਿਰਨਪ੍ਰੀਤ ਕੌਰ, ਗੁਰਲੀਨ ਕੌਰ, ਅਰਸ਼ਪ੍ਰੀਤ ਕੌਰ, ਮਨਕੀਰਤ, ਸੁਪ੍ਰੀਤ ਅਤੇ ਸਖਸ਼ ਆਦਿ ਨੇ ਨਿਭਾਈ ਅਤੇ ਬੜੇ ਹੀ ਵਿਸਥਾਰ ਨਾਲ ਲੋਕਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਜ਼ਿੰਮੇਵਾਰੀ ਤੋਂ ਨਾ ਦੌੜਨ, ਇਸ ਤੋਂ ਬਾਅਦ ਕੁੜੀਆਂ ਦੀ ਟੀਮ ਵੱਲੋਂ ਹਰਪ੍ਰੀਤ, ਗੁਰਲੀਨ, ਪਰਨੀਤ, ਹਰਪ੍ਰੀਤ ਆਦਿ ਨੇ ਗਰੁੱਪ ਡਾਂਸ ਪੇਸ ਕੀਤਾ ਅਤੇ ਭੰਗੜੇ ਵਿੱਚ ਮੁੰਡਿਆਂ ਦੇ ਗਰੁੱਪ ਵੱਲੋਂ ਹਰਕਮਲ, ਅਰਸ਼ਬੀਰ, ਅਰਸ਼ਪ੍ਰੀਤ, ਹਰਨੂਰ, ਜਸ਼ਨ ਆਦਿ ਵੱਲੋਂ ਪੰਜਾਬੀਆਂ ਦੀ ਸ਼ਾਨ ਭੰਗੜਾ ਪੇਸ਼ ਕੀਤਾ ਗਿਆ। ਇਸ ਮੌਕੇ ਚੀਕਾਂ ਅਤੇ ਤਾੜੀਆਂ ਦੀ ਗੜਗੜਾਹਟ ਵਿੱਚ ਅਕਾਲਜੋਤ ਕੌਰ ਅਤੇ ਮਨਕੀਰਤ ਕੌਰ ਛੋਟੀਆਂ ਬੱਚੀਆਂ ਨੇ ਪੰਜਾਬੀ ਗੀਤਾਂ ਤੇ ਡਾਂਸ ਕਰਕੇ ਦਰਸ਼ਕਾਂ ਨੂੰ ਕੀਲ ਦਿੱਤਾ।

ਅੰਤ ਵਿੱਚ ਪੰਜਾਬ ਗ੍ਰਾਮੀਣ ਬੈਂਕ ਦੇ ਰਿਜਨਲ ਮੈਨੇਜਰ ਸੁਨੀਲ ਅਰੋੜਾ ਵੱਲੋਂ ਕਲਾਨੌਰ ਪੰਜਾਬ ਗ੍ਰਾਮੀਣ ਬੈਂਕ ਦੀ ਬਰਾਂਚ ਮੈਂਬਰਾਂ, ਬਲਬੀਰ ਸਿੰਘ ਕਾਹਲੋਂ ਅਤੇ ਪ੍ਰਿੰ. ਮੈਡਮ ਬਲਜਿੰਦਰ ਕੌਰ ਸਮੇਤ ਸਾਰੇ ਹੀ ਸਕੂਲ ਸਟਾਫ ਅਤੇ ਬੱਚਿਆਂ ਦਾ ਜਾਗਰੂਕਤਾ ਕੈਂਪ ਦਾ ਹਿੱਸਾ ਬਣਨ ਲਈ ਧੰਨਵਾਦ ਕੀਤਾ ਅਤੇ ਲੋਕਾਂ ਨੂੰ ਬੈਂਕ ਦੀਆਂ ਹੋਰ ਵੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਚੀਫ ਮੈਨੇਜਰ, ਭੁਪਿੰਦਰ ਸਿੰਘ ਬਰਾਂਚ ਮੈਨੇਜਰ ਕਲਾਨੌਰ, ਮੈਡਮ ਮੀਨਾ ਬਰਾਂਚ ਮੈਨੇਜਰ ਭੰਡਾਲ, ਅਨਿਲ ਕੁਮਾਰ ਚੀਫ ਮੈਨੇਜਰ ਗੁਰਦਾਸਪੁਰ, ਦੇਸਰਾਜ ਮੈਨੇਜਰ ਕੋਟ ਮੋਹਨ ਲਾਲ ਤੋਂ ਇਲਾਵਾ ਸਕੂਲ ਸਟਾਫ ਮੈਡਮ ਪਰਮਜੀਤ ਕੌਰ, ਹਰਜੀਤ ਕੌਰ, ਮੈਡਮ ਪ੍ਰੀਆ, ਐੱਸ. ਪੀ. ਸਿੰਘ ਆਦਿ ਵੀ ਹਾਜ਼ਰ ਸਨ।

# ਗੁਰਦੁਆਰਾ ਸਿੰਘ ਸਭਾ ਗੁਰਦਾਸਪੁਰ ਤੋਂ 85 ਸ਼ਰਧਾਲੂਆਂ ਦਾ ਜਥਾ ਕਰਤਾਰਪੁਰ ਸਾਹਿਬ ਪੁੱਜਾ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਜਿਸ ਨੂੰ ਭਾਰਤ ਤੇ ਪਾਕਿਸਤਾਨ ਸਰਕਾਰ ਵੱਲੋਂ 09 ਨਵੰਬਰ 2019 ਨੂੰ ਖੋਲ੍ਹਿਆ ਗਿਆ ਸੀ ਤੇ ਇਸ ਲਾਂਘੇ ਰਾਹੀਂ ਹੁਣ ਤੱਕ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਉਸ ਪਵਿੱਤਰ ਇਤਿਹਾਸਕ ਅਸਥਾਨ ਦੇ ਦਰਸ਼ਨ ਕਰ ਚੁੱਕੀਆਂ ਹਨ। ਭਾਂਵੇਂ ਕੇ ਗਰਮੀ ਕਾਰਨ ਪਿਛਲੇ ਕੁਝ ਮਹੀਨੇ ਸ਼ਰਧਾਲੂਆਂ ਦੀ ਘੱਟ ਰਹੀ ਹੈ ਹੁਣ ਮੌਸਮ ਬਦਲਦਿਆਂ ਹੀ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਵਿੱਚ ਦਿਨੋਂ ਦਿਨ ਵਾਧਾ ਹੋਣਾ ਸ਼ੁਰੂ ਹੋ ਗਿਆ ਹੈ। ਅੱਜ ਵੱਖ ਵੱਖ ਇਲਾਕਿਆ ਦੇ ਕੁੱਲ 374 ਸ਼ਰਧਾਲੂਆਂ ਵੱਲੋਂ ਡੇਰਾ ਬਾਬਾ ਨਾਨਕ ਕਰਤਾਰਪੁਰ ਸਾਹਿਬ ਕੌਰੀਡੋਰ ਰਾਹੀਂ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ ਗਏ। ਗੁਰਦੁਆਰਾ ਸਿੰਘ ਸਭਾ ਜੇਲ ਰੋਡ ਗੁਰਦਾਸਪੁਰ ਤੋਂ ਆਏ 85 ਸ਼ਰਧਾਲੂਆਂ ਦੇ ਜਥੇ ਦੀ ਅਗਵਾਈ ਕਰ ਰਹੇ ਪ੍ਰਧਾਨ ਜੈ ਪਾਲ ਸਿੰਘ ਭਿੰਡਰ, ਕਸ਼ਮੀਰ ਸਿੰਘ ਤੇ ਸਾਬਕਾ ਇੰਸਪੈਕਟਰ ਸਤਪਾਲ ਸਿੰਘ ਨੇ ਕਰਤਾਰਪੁਰ ਸਾਹਿਬ ਕੌਰੀਡੋਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਦੱਸਿਆ ਕੇ ਉਹ ਅੱਜ ਗੁਰਦਾਸਪੁਰ ਤੋਂ ਚੱਲੀ ਤੀਸਰੀ ਧਾਰਮਿਕ ਯਾਤਰਾ ਦੇ ਜਥੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਕੇ ਬਹੁਤ ਹੀ ਖੁਸ਼ੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਇੱਕ ਇਤਿਹਾਸਕ ਫ਼ੈਸਲਾ ਲੈਂਦਿਆਂ ਹੋਇਆਂ ਜਿੱਥੇ ਇਸ ਲਾਂਘੇ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨਾਂ ਲਈ ਖੋਲ੍ਹਿਆ ਗਿਆ ਹੈ ਉਥੇ ਹੀ ਇਸ ਕਰਤਾਰਪੁਰ ਸਾਹਿਬ ਲਾਂਘੇ ਨੂੰ ਵਪਾਰ ਵਾਸਤੇ ਵੀ ਖੋਲ੍ਹ ਦੇਣਾ ਚਾਹੀਦਾ ਹੈ ਤਾਂ ਜੋ ਦੋਵਾਂ ਦੇਸ਼ਾਂ ਦੇ ਲੋਕ ਦੁਸ਼ਮਣੀ ਵਾਲੀ ਲਕੀਰਾਂ ਨੂੰ ਮਟੇਦਿਆਂ ਤਰੱਕੀ ਦੀਆਂ ਲੀਹਾਂ ਵੱਲ ਚੱਲਣ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਇਹ ਲਾਂਘਾ ਖੁੱਲ੍ਹਣ ਨਾਲ ਜਿੱਥੇ ਪੂਰੀ ਦੁਨੀਆਂ ਦੀਆਂ ਨਾਨਕ ਨਾਮਲੇਵਾ ਸੰਗਤਾਂ ਆਪਣੇ ਚਿਰਾਂ ਤੋਂ ਵਿਛੜੇ ਆਪਣੇ ਇਸ ਪਵਿੱਤਰ ਅਸਥਾਨ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਕਰ ਰਹੀਆਂ ਹਨ,ਉਥੇ ਇਹ ਅਮਨ ਦਾ ਲਾਂਘਾ ਦੋਵਾਂ ਦੇਸ਼ਾਂ ਦੀ ਦੁਸ਼ਮਣੀ ਵਾਲੀ ਕੁੜੱਤਣ ਨੂੰ ਦੂਰ ਕਰਕੇ ਸਾਂਝੀਵਾਲਤਾ ਤੇ ਭਾਈਚਾਰੇ ਦਾ ਪ੍ਰਤੀਕ ਹੋਵੇਗਾ। ਉਨ੍ਹਾਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨਾਂ ਲਈ ਕਰਵਾਈ ਜਾਣ ਵਾਲੀ ਰਜਿਸਟ੍ਰੇਸ਼ਨ ਨੂੰ ਸੁਖਾਲਾ ਬਣਾਇਆ ਜਾਵੇ, 20 ਡਾਲਰ ਦੀ ਫੀਸ ਨੂੰ ਘੱਟ ਕੀਤਾ ਜਾਵੇ ਤੇ ਪਾਸਪੋਰਟ ਦੀ ਸ਼ਰਤ ਨੂੰ ਖਤਮ ਕੀਤਾ ਜਾਵੇ ਤਾਂ ਜੋ ਸਮੁੱਚੀਆਂ ਨਾਨਕ ਨਾਮਲੇਵਾ ਸੰਗਤਾਂ ਵੱਡੇ ਦਿਲ ਨਾਲ ਸ੍ਰੀ ਗੁਰੂ ਨਾਨਕ ਜੀ ਦੀ ਚਰਨ ਛੋਹ ਪ੍ਰਾਪਤ ਇਸ ਪਵਿੱਤਰ ਧਰਤੀ ਦੇ ਦਰਸ਼ਨ ਦੀਦਾਰੇ ਕਰ ਸਕਣ।ਇਸ ਮੌਕੇ ਬੀਬੀ ਸੁਰਜੀਤ ਕੌਰ, ਇੰਦਰਜੀਤ ਸਿੰਘ ਬਾਜਵਾ, ਪ੍ਰੋ: ਬਲਬੀਰ ਸਿੰਘ ਮੁਕੇਰੀਆਂ,ਪ੍ਰਿੰਸੀਪਲ ਨਿਰਮਲ ਕੌਰ,ਪ੍ਰੋ: ਜਗਦੀਪ ਸਿੰਘ, ਅਮਰੀਕ ਸਿੰਘ ਐਸਡੀਓ, ਮਹਿੰਦਰ ਸਿੰਘ ਸਰਾਏ ਤੇ ਅਮਰਜੀਤ ਕੌਰ ਆਦਿ ਸੰਗਤਾਂ ਹਾਜ਼ਰ ਸਨ।

## ਡਾ. ਸੋਹਲ ਨੇ 18 ਆਂਗਣਵਾੜੀ ਵਰਕਰਾਂ/ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚੋਣਾਂ ਸਮੇਂ ਪੰਜਾਬ ਦੇ ਲੋਕਾਂ ਨਾਲ ਭ੍ਰਿਸ਼ਟਾਚਾਰ, ਬੇਰੁਜਗਾਰੀ ਅਤੇ ਨਸੇ ਨੂੰ ਖਤਮ ਕਰਨ ਦਾ ਜੋ ਵਾਅਦਾ ਕੀਤਾ ਸੀ। ਉਸਨੂੰ ਪੂਰਾ ਕਰਨ ਲਈ ਕਈ ਤਰ੍ਹਾਂ ਦੇ ਯਤਨ ਕੀਤੇ ਜਾ ਰਹੇ ਹਨ ਅਤੇ ਕਾਫੀ ਹੱਦ ਤੱਕ ਸਰਕਾਰ ਨੇ ਸਫਲਤਾ ਵੀ ਹਾਸਲ ਕਰ ਲਈ ਹੈ। ਇਸੇ ਹੀ ਲੜੀ ਦੇ ਤਹਿਤ ਅੱਜ ਇੱਕ ਹੋਰ ਵਾਅਦਾ ਪੂਰਾ ਕਰਦਿਆਂ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ 18 ਆਂਗਣਵਾੜੀ ਵਰਕਰ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸੋਹਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨਾਲ ਸਰਕਾਰ ਨੇ ਰੁਜ਼ਗਾਰ ਦੇਣ ਦਾ ਜੋ ਵਾਅਦਾ ਕੀਤਾ ਉਸ ਨੂੰ ਵੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਮਹਿਕਮਿਆਂ ਵਿੱਚ ਨੌਜਵਾਨ ਬੱਚੇ ਬੱਚਿਆਂ ਦੀ ਭਰਤੀਆਂ ਕੀਤੀਆਂ ਜਾ ਰਹੀਆਂ ਹੈ ਤਾਂ ਜੋ ਪੰਜਾਬ ਵਿੱਚੋਂ ਬੇਰੁਜ਼ਗਾਰੀ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਅੱਜ ਬਲਾਕ ਗੰਡੀਵਿੰਡ ਅਤੇ ਬਲਾਕ ਤਰਨਤਾਰਨ ਵਿੱਚੋ 4 ਆਂਗਣਵਾੜੀ ਵਰਕਰ 14 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਵਿਧਾਇਕ ਡਾਕਟਰ ਸੋਹਲ ਨੇ ਆਂਗਣਵਾੜੀ ਵਰਕਰ ਤੇ ਹੈਲਪਰਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ ਤੇ ਉਹਨਾਂ ਨੂੰ ਡਿਊਟੀ ਇਮਾਨਦਾਰੀ ਨਾਲ ਕਰਨ ਲਈ ਵੀ ਕਿਹਾ। ਇਸ ਮੌਕੇ ਨਵ-ਨਿਯੁਕਤ ਆਂਗਣਵਾੜੀ ਵਰਕਰ ਹਰਪ੍ਰੀਤ ਕੌਰ, ਨਵਦੀਪ ਕੌਰ ਅਤੇ ਹੋਰਨਾਂ ਨੇ ਵੀ ਵਿਧਾਇਕ ਸੋਹਲ ਤੇ ਮਾਨ ਸਰਕਾਰ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਸੀਡੀਪੀਓ ਨਿਵੇਦਤਾ ਕੁਮਾਰੀ, ਨਵਦੀਪ ਸਿੰਘ ਸੀਨੀਅਰ ਅਸਿਸਟੈਂਟ, ਸੁਰਜੀਤ ਕੌਰ ਸੁਪਰਵਾਈਜ਼ਰ, ਕੰਵਲਜੀਤ ਕੌਰ ਸੁਪਰਵਾਈਜ਼ਰ, ਮਾਸਟਰ ਤਸਵੀਰ ਸਿੰਘ ਹਾਜ਼ਰ ਸਨ।

## ਬਲਜਿੰਦਰ ਸਿੰਘ ਇੰਸਪੈਕਟਰ ਵਜੋਂ ਹੋਏ ਪਦ ਉੱਨਤ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਥਾਣਾ ਭਿੱਖੀਵਿੰਡ 'ਚ ਬਤੌਰ ਐਸ ਐਚ ਓ ਸੇਵਾਵਾਂ ਨਿਭਾ ਰਹੇ ਸਬ-ਇੰਸਪੈਕਟਰ ਬਲਜਿੰਦਰ ਸਿੰਘ ਨੂੰ ਐਸ ਐਸ ਪੀ ਤਰਨ ਤਾਰਨ ਅਸ਼ਵਨੀ ਕਪੂਰ ਵੱਲੋਂ ਸਟਾਰ ਲਗਾ ਕੇ ਪਦ ਉੱਨਤ ਕੀਤਾ ਗਿਆ। ਇਸ ਮੌਕੇ ਥਾਣਾ ਮੁਖੀ ਭਿੱਖੀਵਿੰਡ ਬਲਜਿੰਦਰ ਸਿੰਘ ਨੂੰ ਪਦ ਉੱਨਤ ਹੋ ਕੇ ਇੰਸਪੈਕਟਰ ਬਣਨ 'ਤੇ ਐਸ ਪੀ ਡੀ ਵਿਸ਼ਾਲਜੀਤ ਸਿੰਘ, ਐਸ ਪੀ ਡੀ ਹੈਡਕੁਆਰਟਰ ਮਨਜਿੰਦਰ ਸਿੰਘ ਅਤੇ ਡੀ ਐਸ ਪੀ ਪ੍ਰੀਤਇੰਦਰ ਸਿੰਘ ਭਿੱਖੀਵਿੰਡ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਨਵ-ਨਿਯੁਕਤ ਇੰਸਪੈਕਟਰ ਬਲਜਿੰਦਰ ਸਿੰਘ ਵੱਲੋਂ ਡੀ ਜੀ ਪੀ ਪੰਜਾਬ ਗੌਰਵ ਯਾਦਵ ਅਤੇ ਐਸ ਐਸ ਪੀ ਤਰਨ ਤਾਰਨ ਅਸ਼ਵਨੀ ਕਪੂਰ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਐਸ ਐਚ ਓ ਖਾਲੜਾ ਬਲਵਿੰਦਰ ਸਿੰਘ, ਐਸ ਐਚ ਓ ਖੇਮਕਰਨ ਹਰਜੀਤ ਸਿੰਘ, ਚੌਂਕੀ ਇੰਚਾਰਜ ਅਲਗੋਂ ਕੋਠੀ ਗੱਜਣ ਸਿੰਘ, ਐਸ ਐਚ ਓ ਵਲਟੋਹਾ ਗੁਰਚਰਨ ਸਿੰਘ ਵੱਲੋਂ ਨਵ-ਨਿਯੁਕਤ ਇੰਸਪੈਕਟਰ ਬਲਜਿੰਦਰ ਸਿੰਘ ਨੂੰ ਤਰੱਕੀ ਮਿਲਣ 'ਤੇ ਵਧਾਈਆਂ ਦਿੱਤੀਆਂ ਗਈਆਂ।

## ਅਰੁੰਧਤੀ ਰਾਏ ਵਿਰੁੱਧ ਕੇਸ ਚਲਾਏ ਜਾਣ ਨੂੰ ਮਨਜ਼ੂਰੀ ਦੇਣ ਦੀ ਨਿਖੇਧੀ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਰਜਿ ਵਲੋਂ ਦਿੱਲੀ ਦੇ ਲੈਫਟੀਨੈਂਟ ਗਵਰਨਰ ਸਕਸੈਨਾ ਵਲੋਂ 2010 ਦੇ ਇੱਕ ਕੇਸ ਵਿੱਚ ਲੇਖਿਕਾ ਅਰੁੰਧਤੀ ਰਾਏ ਅਤੇ ਇਕ ਸਾਬਕਾ ਕਸ਼ਮੀਰੀ ਪ੍ਰੋਫੈਸਰ ਸ਼ੇਖ ਸ਼ੌਕਤ ਹੁਸੈਨ ਦੇ ਖਿਲਾਫ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦਿੱਤੇ ਜਾਣ ਦੀ ਸਖਤ ਅਲੋਚਨਾ ਕੀਤੀ ਗਈ ਹੈ। ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ ਅਤੇ ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ ਦੇ ਹਵਾਲੇ ਨਾਲ ਕਥਾਕਾਰ ਦੀਪ ਦੇਵਿੰਦਰ ਸਿੰਘ ਵਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਕਿ ਅੰਤਰਰਾਸ਼ਟਰੀ ਪੱਧਰ ਤੇ ਮਕਬੂਲ ਲੇਖਿਕਾ ਤੇ ਕਾਰਕੁਨ ਅਰੁੰਧਤੀ ਰਾਏ ਨੂੰ ਉਲਝਾਉਣ ਲਈ ਇਹ ਡੂੰਘੀ ਸਾਜਿਸ਼ ਕੇਂਦਰੀ ਹਕੂਮਤ ਦੇ ਇਸ਼ਾਰੇ ਤੇ ਘੜੀ ਗਈ ਹੈ। 13 ਸਾਲ ਬਾਅਦ ਇਸ ਕੇਸ ਨੂੰ ਉਛਾਲਣ ਦਾ ਉਦੇਸ਼ ਸੱਤਾ ਵਿਰੋਧੀ ਆਵਾਜ਼ਾਂ ਨੂੰ ਖੌਫ਼ਜ਼ਦਾ ਕਰਕੇ ਉਨ੍ਹਾਂ ਦੀ ਜ਼ੁਬਾਨਬੰਦੀ ਕਰਨਾ ਹੈ। ਕੇਂਦਰੀ ਸਭਾ ਦੇ ਅਹੁਦੇਦਾਰ ਸੁਰਿੰਦਰਪ੍ਰੀਤ ਘਣੀਆ, ਮਨਜੀਤ ਇੰਦਰਾ, ਭੁਪਿੰਦਰ ਕੌਰ ਪ੍ਰੀਤ , ਸ਼ੈਲਿੰਦਰਜੀਤ ਰਾਜਨ, ਦਲਜੀਤ ਸਿੰਘ ਸਾਹੀ, ਬਲਜਿੰਦਰ ਸੰਧੂ, ਮੂਲ ਚੰਦ ਸ਼ਰਮਾ, ਰਜਿੰਦਰ ਸਿੰਘ ਰਾਜਨ, ਡਾ. ਕਰਮਜੀਤ ਸਿੰਘ ਅਤੇ ਮੱਖਣ ਕੁਹਾੜ ਨੇ ਵੀ ਇਸ ਫੈਸਲੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਜਿੱਥੇ ਇਸ ਹਮਲੇ ਦਾ ਡੱਟ ਕੇ ਵਿਰੋਧ ਕਰਨ ਦੀ ਲੋੜ ਹੈ ਉੱਥੇ ਇਨਸਾਫ਼ ਪਸੰਦ ਜਮਹੂਰੀ ਤਾਕਤਾਂ ਨੂੰ ਇਸ ਵਿਰੁੱਧ ਵਿਆਪਕ ਪੈਮਾਨੇ 'ਤੇ ਜਨਤਕ ਲਾਮਬੰਦ ਹੋਣ ਦੀ ਵੀ ਲੋੜ ਹੈ ।

# 'ਮੌਜੂਦਾ ਸਮੇਂ ਅਲਪ ਰੁਜ਼ਗਾਰ ਦੇ ਖੇਤਰ 'ਚ ਦਰਪੇਸ਼ ਚੁਣੌਤੀਆਂ/ਸੰਭਾਵਨਾਵਾਂ' ਵਿਸ਼ੇ 'ਤੇ ਸੈਮੀਨਾਰ





**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਫ਼ਾਰ ਵੂਮੈਨ ਵਿਖੇ ਅਰਥ ਸ਼ਾਸਤਰ ਵਿਭਾਗ ਵੱਲੋਂ 'ਮੌਜੂਦਾ ਸਮੇਂ ਅਲਪ ਰੁਜ਼ਗਾਰ ਦੇ ਖੇਤਰ 'ਚ ਦਰਪੇਸ਼ ਚੁਣੌਤੀਆਂ ਅਤੇ ਸੰਭਾਵਨਾਵਾਂ' ਵਿਸ਼ੇ 'ਤੇ ਆਈ. ਸੀ. ਐੱਸ. ਐੱਸ. ਆਰ. ਦੇ ਸਹਿਯੋਗ ਨਾਲ ਇਕ-ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ ਜਿਸ 'ਚ ਮੁੱਖ ਮਹਿਮਾਨ ਵਜੋਂ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਮੁੱਖ ਮਹਿਮਾਨ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਰਣਜੀਤ ਸਿੰਘ ਘੁੰਮਣ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਨੇ ਵਾਈਸ ਪ੍ਰਿੰਸੀਪਲ ਰਵਿੰਦਰ ਕੌਰ ਨਾਲ ਮਿਲ ਕੇ ਆਏ ਮਹਿਮਾਨਾਂ ਨੂੰ ਪੌਦੇ ਭੇਂਟ ਕਰਕੇ ਰਸਮੀ ਸਵਾਗਤ ਨਾਲ ਸੈਮੀਨਾਰ ਦੀ ਸ਼ੁਰੂਆਤ ਕੀਤੀ। ਉਦਘਾਟਨੀ ਸੈਸ਼ਨ 'ਚ ਸ. ਛੀਨਾ ਨੇ ਸੰਬੋਧਨ ਕਰਦਿਆਂ ਵਿਭਾਗ ਅਤੇ ਕਾਲਜ ਨੂੰ ਸੈਮੀਨਾਰ ਕਰਵਾਉਣ ਸਬੰਧੀ ਮੁਬਾਰਕਬਾਦ ਦਿੰਦਿਆਂ ਵਿਦਿਆਰਥਣਾਂ ਨੂੰ ਅਣਥੱਕ ਮਿਹਨਤ ਕਰਨ ਅਤੇ ਨੇਕ ਧੀਆਂ ਬਣਨ ਦੀ ਸਿੱਖਿਆ ਦਿੱਤੀ। ਉਪਰੰਤ ਕੁੰਜੀਵਤ ਭਾਸ਼ਣ ਦਿੰਦਿਆਂ ਡਾ. ਘੁੰਮਣ ਨੇ ਵਿਚਾਰਾਧੀਨ ਵਿਸ਼ੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਮੌਜੂਦਾ ਸਮਾਂ ਚੁਣੌਤੀਆਂ ਦਾ ਸਮਾਂ ਹੈ ਜਿਸ 'ਚ ਹਰ ਵੱਡਾ-ਛੋਟਾ ਕਿੱਤਾ ਪ੍ਰਭਾਵਿਤ ਹੋ ਰਿਹਾ ਹੈ। ਪਰ ਅਲਪ ਰੁਜ਼ਗਾਰਾਂ ਦੀ ਸਥਿਤੀ ਵਧੇਰੇ ਸੰਕਟਾਂ ਦਾ ਸ਼ਿਕਾਰ ਹੋ ਰਹੀ ਜਾਪਦੀ ਹੈ ਜਿਸ ਦਾ ਕਾਰਨ ਆਰਥਿਕ ਅਸਾਵੇਂਪਨ ਅਤੇ ਰਾਜਸੀ ਡਾਵਾਂਡੋਲਤਾ 'ਚੋਂ ਕੁਝ ਹੱਦ ਤੱਕ ਸਮਝਿਆ ਜਾ ਸਕਦਾ ਹੈ। ਸੈਮੀਨਾਰ ਦੇ ਤਕਨੀਕੀ ਸੈਸ਼ਨ 'ਚ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਤੋਂ ਅਸਿਸਟੈਂਟ ਪ੍ਰੋਫੈਸਰ ਡਾ. ਬਲਜੀਤ ਕੌਰ ਨੇ ਸਬੰਧਿਤ ਵਿਸ਼ੇ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਅਲਪ ਰੁਜ਼ਗਾਰਾਂ ਦੀ ਬੇਹਤਰੀ ਹੀ ਵੱਡੇ ਰੁਜ਼ਗਾਰ ਦੀ ਨੀਂਹ ਤਿਆਰ ਕਰ ਸਕਦੀ ਹੈ। ਇਸੇ ਮੌਕੇ ਖ਼ਾਲਸਾ ਕਾਲਜ ਤੋਂ ਐਸੋਸੀਏਟ ਪ੍ਰੋਫੈਸਰ ਡਾ. ਸਵਰਾਜ ਕੌਰ ਨੇ ਵਿਸ਼ੇ ਬਾਰੇ ਤਕਨੀਕੀ ਜਾਣਕਾਰੀ ਸਾਂਝੀ ਕਰਦਿਆਂ ਇਸ ਦੀਆਂ ਭਵਿੱਖਮੁੱਖੀ ਸੰਭਾਵਨਾਵਾਂ ਵੱਲ ਇਸ਼ਾਰਾ ਕੀਤਾ। ਇਸ ਸੈਸ਼ਨ 'ਚ ਵਿਸ਼ੇ ਨੂੰ ਸਪੱਸ਼ਟ ਕਰਦਿਆਂ ਵੱਖ-ਵੱਖ ਵਿਦਵਾਨਾਂ ਦੁਆਰਾ 20 ਦੇ ਕਰੀਬ ਖੋਜ-ਪੱਤਰ ਪੇਸ਼ ਕੀਤੇ।

ਸੈਮੀਨਾਰ ਦੀ ਸਾਰਥਿਕਤਾ ਨੂੰ ਬਿਆਨ ਕਰਦਿਆਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਅਰਥ ਸ਼ਾਸਤਰ ਵਿਭਾਗ ਤੋਂ ਪ੍ਰੋਫੈਸਰ ਡਾ. ਅਨੁਪਮਾ ਉੱਪਲ ਨੇ ਕਿਹਾ ਕਿ ਇਹ ਵਿਸ਼ਾ ਵਰਤਮਾਨ ਦੌਰ ਦਾ ਅਹਿਮ ਮਸਲਾ ਹੈ। ਅਜਿਹੇ ਸੈਮੀਨਾਰ ਹੀ ਇਨ੍ਹਾਂ ਮਸਲਿਆਂ ਬਾਰੇ ਕੋਈ ਸਪੱਸ਼ਟ ਰਾਇ ਦੇ ਸਕਣ ਅਤੇ ਢੁੱਕਵਾਂ ਸਮਾਧਾਨ ਤਲਾਸ਼ਣ 'ਚ ਮਦਦਗਾਰ ਸਾਬਿਤ ਹੋ ਸਕਦੇ ਹਨ। ਸੈਮੀਨਾਰ ਦੇ ਅਖ਼ੀਰ 'ਚ ਕਾਲਜ ਵਿਭਾਗ ਮੁਖੀ ਡਾ. ਜਸਵਿੰਦਰ ਸਿੰਘ ਨੇ ਸਮੂਹ ਵਿਦਵਾਨਾਂ ਦਾ ਧੰਨਵਾਦ ਕੀਤਾ।

ਜਦਕਿ ਮੰਚ ਸੰਚਾਲਨ ਦੀ ਭੂਮਿਕਾ ਅਸਿਸਟੈਂਟ ਪ੍ਰੋਫੈਸਰ ਡਾ. ਨਿਹਾਰਿਕਾ ਮਹਾਜਨ ਨੇ ਬਾਖੂਬੀ ਨਿਭਾਈ। ਇਸ ਮੌਕੇ ਸਮੂਹ ਕਾਲਜ ਸਟਾਫ਼ ਤੋਂ ਇਲਾਵਾ ਵਿਦਿਆਰਥੀ ਹਾਜ਼ਰ ਸਨ।

## ਵਿਸ਼ਵ ਦ੍ਰਿਸ਼ਟੀ ਦਿਵਸ ਮੌਕੇ ਲੋਕਾਂ ਨੂੰ ਕੀਤਾ ਜਾਗਰੂਕ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)** ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਹੁਕਮਾਂ ਤਹਿਤ ਐਸ ਐਮ ਓ ਝਬਾਲ ਡਾ. ਰਾਜੂ ਚੌਹਾਨ ਵੱਲੋਂ ਸੀ ਐਚ ਸੀ ਝਬਾਲ ਵਿਖੇ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਗਿਆ। ਇਸ ਮੌਕੇ ਡਾ. ਰਾਜੂ ਚੌਹਾਨ ਨੇ ਦੱਸਿਆ ਕਿ ਹਰ ਸਾਲ 12 ਅਕਤੂਬਰ ਨੂੰ ਪੂਰੀ ਦੁਨੀਆ ਵਿੱਚ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਜਾਂਦਾ ਹੈ ਉਹਨਾਂ ਕਿਹਾ ਕਿ ਅੱਖਾਂ ਕੁਦਰਤ ਦਾ ਅਨਮੋਲ ਤੋਹਫਾ ਹਨ ਸਾਨੂੰ ਇਹਨਾਂ ਦਾ ਧਿਆਨ ਰੱਖਣਾ ਚਾਹੀਦਾ ਹੈ। ਸਮੇਂ ਸਮੇਂ ਅੱਖਾਂ ਦਾ ਚੈੱਕਅੱਪ ਕਰਵਾਉਣਾ ਚਾਹੀਦਾ ਹੈ। ਅੱਖਾਂ ਨੂੰ ਘੱਟੇ ਮਿੱਟੀ ਤੋਂ ਬਚਾਉਣ ਲਈ ਐਨਕਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ। ਸਮੇਂ ਸਮੇਂ ਆਪਣੀ ਨਿਗਾਹ ਚੈੱਕ ਕਰਾਉਣੀ ਚਾਹੀਦੀ ਹੈ। ਰਮਨਦੀਪ ਕੌਰ ਅਪਥਲਮਕ ਅਫਸਰ ਨੇ ਇਸ ਮੌਕੇ ਆਏ ਹੋਏ ਮਰੀਜਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਇਸ ਮੌਕੇ, ਹੈਲਥ ਸੁਪਰਵਾਈਜ਼ਰ ਰਾਮ ਰਛਪਾਲ ਧਵਨ, ਗੁਰਵਿੰਦਰ ਸਿੰਘ ਭੋਜੀਆਂ, ਗੁਰਬੀਰ ਸਿੰਘ ਪੰਡੋਰੀ, ਵਰਿੰਦਰ ਕੌਰ, ਗੁਰਮੀਤ ਸਿੰਘ ਹਾਜ਼ਰ ਸਨ।

# ਭਖਦੇ ਮਸਲਿਆਂ 'ਤੇ ਸੂਬਾ ਪੱਧਰੀ ਕਨਵੈਨਸ਼ਨ 16 ਨੂੰ : ਸ਼ਮਸ਼ੇਰ ਸਿੰਘ ਬੁਟਾਲਾ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਜਿਲਾ ਤਰਨਤਾਰਨ ਦੀ ਜਰਨਲ ਬਾਡੀ ਮੀਟਿੰਗ ਸੁਖਦੇਵ ਸਿੰਘ ਜਵੰਦਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲੇ ਭਰ 'ਚੋਂ ਨੌਜਵਾਨ ਸ਼ਾਮਲ ਹੋਏ। ਮੀਟਿੰਗ ਵਿੱਚ ਉਚੇਚੇ ਤੌਰ ਸ਼ਾਮਲ ਹੋਏ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਜਨਰਲ ਸਕੱਤਰ ਧਰਮਿੰਦਰ ਸਿੰਘ ਮੁਕੇਰੀਆਂ, ਸੂਬਾ ਜਾਇੰਟ ਸਕੱਤਰ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਜਥੇਬੰਦੀ ਵਲੋਂ ਨਸ਼ਿਆਂ, ਰੁਜ਼ਗਾਰ ਅਤੇ ਫਿਰਕਾਪ੍ਰਸਤੀ ਦੇ ਮੁੱਦੇ ਸੂਬੇ ਵਿੱਚ 30 ਨੌਜਵਾਨ ਚੇਤਨਾ ਕਨਵੈਨਸ਼ਨ ਕੀਤੀਆਂ ਜਾਣਗੀਆ ਅਤੇ 16 ਨਵੰਬਰ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਨ ਤੇ ਸਰਾਭਾ ਵਿਖੇ ਸੂਬਾਈ ਕਨਵੈਨਸ਼ਨ ਕੀਤੀ ਜਾਵੇਗੀ। ਦੋਹਾਂ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨਿੱਜੀਕਰਨ, ਵਪਾਰੀਕਰਨ, ਸੰਸਾਰੀਕਰਨ ਦੀਆਂ ਨੀਤੀਆਂ ਤਹਿਤ ਦੇਸ਼ ਅੰਦਰ ਸਿੱਖਿਆ ,ਇਲਾਜ ਗਰੀਬਾਂ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਚੱਕਾ ਹੈ। ਮਾਨ ਸਰਕਾਰ ਵਲੋਂ ਪੰਜਾਬ 'ਚ ਰੁਜ਼ਗਾਰ ਨਾ ਦੇ ਕੇ ਨੌਜਵਾਨਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ ਅਤੇ ਪੁਲਿਸ, ਸਿਆਸੀ, ਗੁੰਡਾ ਗੱਠਜੋੜ ਦੀ ਮਿਲੀਭੁਗਤ ਨਾਲ ਸ਼ਰੇਆਮ ਨਸ਼ਾ ਵਰਤਾਇਆ ਜਾ ਰਿਹਾ ਹੈ ਅਤੇ ਪੰਜਾਬ ਅੰਦਰ ਹਰ ਰੋਜ ਲੁੱਟ ਖੋਹਾਂ, ਚੋਰੀਆਂ, ਗੋਲੀ ਮਾਰਨ ਵਰਗੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਭਗਵੰਤ ਮਾਨ ਸਰਕਾਰ ਦੇ ਰਾਜ ਵਿੱਚ ਸੂਬੇ ਦੀ ਕਾਨੂੰਨ ਅਵਸਥਾ ਦੀ ਸਥਿਤੀ ਬਹੁਤ ਚਿੰਤਾਜਨਕ ਹੈ। ਹਰ ਰੋਜ ਸੂਬੇ ਅੰਦਰ ਅਨੇਕਾਂ ਅਪਰਾਧਿਕ ਘਟਨਾਵਾਂ ਵਾਪਰ ਰਹੀਆਂ ਹਨ ਪਰ ਪੰਜਾਬ ਸਰਕਾਰ ਅਤੇ ਪੁਲੀਸ ਪ੍ਰਸ਼ਾਸਨ ਕੁੰਭਕਰਨ ਦੀ ਨੀਂਦ ਸੱਤਾ ਹੈ ।ਨੌਜਵਾਨਾਂ ਨੇ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟਿਆ ਤੋਂ 12 ਘੰਟੇ ਤੱਕ ਕੀਤੇ ਦੀ ਵੀ ਨਿਖੇਧੀ ਕੀਤੀ। ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਜ਼ਿਲਾ ਪ੍ਰਧਾਨ ਸੁਲੱਖਣ ਸਿੰਘ ਤੁੜ ਨੇ ਕਿਹਾ ਜਥੇਬੰਦੀ ਦੇ ਸੂਬਾਈ ਫੈਸਲੇ ਅਨੁਸਾਰ ਨਸ਼ਿਆਂ, ਰੁਜ਼ਗਾਰ ਅਤੇ ਫਿਰਕਾਪ੍ਰਸਤੀ ਦੇ ਮੁੱਦੇ ਤੇ ਜ਼ਿਲੇ ਤਰਨਤਾਰਨ ਵਿਚ ਚਾਰ ਨੌਜਵਾਨ ਚੇਤਨਾ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ ਅਤੇ ਮੇਲਾ ਗਦਰੀ ਬਾਬਿਆਂ ਤੇ ਵਲੰਟੀਅਰ ਸ਼ਾਮਲ ਹੋਣਗੇ ਅਤੇ 16 ਨਵੰਬਰ ਨੂੰ ਸਰਾਭਾ ਸੂਬਾਈ ਕਨਵੈਨਸ਼ਨ ਵਿੱਚ ਜਿਲੇ ਤਰਨਤਾਰਨ 'ਚੋਂ ਵੱਡੀ ਗਿਣਤੀ ਵਿੱਚ ਨੌਜਵਾਨ ਸ਼ਾਮਲ ਹੋਣਗੇ। ਇਸ ਮੌਕੇ ਸੋਨੂੰ ਫਤਿਆਬਾਦ, ਚਮਕੌਰ ਸਿੰਘ ਭੁੱਲਰ, ਸੁਖਰਾਜ ਸਿੰਘ ਤੁੜ, ਗੁਰਦੇਵ ਸਿੰਘ, ਸੰਦੀਪ ਸਿੰਘ ਮਰਹਾਣਾ, ਕਵਲਜੀਤ ਸਿੰਘ ਮੁੰਡਾ ਪਿੰਡ, ਅਮਨਦੀਪ ਸਿੰਘ, ਗੁਰਜੀਤ ਸਿੰਘ ਵਲੀਪੁਰ, ਸੁਖਵੰਤ ਸਿੰਘ ਦੋਧੀ, ਗੁਰਵਿੰਦਰ ਸਿੰਘ ਛਾਪੜੀ ਸਾਹਿਬ, ਕਰਨਬੀਰ ਸਿੰਘ ਗੰਡੀਵਿੰਡ, ਇੰਦਰਜੀਤ ਸਿੰਘ ਵੇਈਂਪੂਈਂ, ਬੌਬੀ ਗੋਇੰਦਵਾਲ, ਲਾਜਰ ਲਾਖਣਾ, ਅਸ਼ਵਨੀ ਕੁਮਾਰ, ਰਘਬੀਰ ਸਿੰਘ ਘੜਕਾ ਆਦਿ ਆਗੂ ਹਾਜ਼ਰ ਸਨ।

# ਸੇਂਟ ਸੋਲਜਰ ਸਕੂਲ ਦੇ 10 ਵਿਦਿਆਰਥੀਆਂ ਨੇ ਅੰਮ੍ਰਿਤ ਪਾਨ ਕੀਤਾ





**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸਹਿਜ ਪਾਠ ਸੇਵਾ ਸੰਸਥਾਂ ਵੱਲੋਂ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ, ਅੰਮ੍ਰਿਤਸਰ ਵਿਖੇ ਸੇਂਟ ਸੋਲਜਰ ਈਲੀਟ ਕਾਨਵੈਂਟ ਸਕੂਲ ਦੇ 10 ਵਿਦਿਆਰਥੀ ਜਿਨ੍ਹਾਂ ਵਿੱਚ ਗੁਰਜੋਤ ਸਿੰਘ (ਕਲਾਸ ਤੀਸਰੀ), ਬਲਰਾਜ ਸਿੰਘ (ਕਲਾਸ ਤੀਸਰੀ), ਗੁਰਨੂਰ ਸਿੰਘ (ਕਲਾਸ ਤੀਸਰੀ), ਅਰਸਦੀਪ ਸਿੰਘ (ਕਲਾਸ ਪੰਜਵੀਂ), ਯੁਵਰਾਜ ਸਿੰਘ (ਕਲਾਸ ਛੇਵੀਂ), ਜੋਬਨਜੋਤ ਸਿੰਘ (ਕਲਾਸ ਛੇਵੀਂ), ਸਹਿਬਾਜ ਸਿੰਘ (ਕਲਾਸ ਛੇਵੀਂ), ਏਕਮਜੋਤ ਸਿੰਘ (ਕਲਾਸ ਛੇਵੀਂ), ਗੁਰਨੂਰ ਸਿੰਘ (ਕਲਾਸ ਛੇਵੀਂ) ਅਤੇ ਦਿਲਸੇਰ ਸਿੰਘ (ਕਲਾਸ ਅੱਠਵੀਂ) ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੇ। ਸਕੂਲ ਪਹੁੰਚਣ ਤੇ ਸਕੂਲ ਦੇ ਡਾਇਰੈਕਟਰ ਡਾ. ਮੰਗਲ ਸਿੰਘ ਕਿਸਨਪੁਰੀ, ਪ੍ਰਿੰ. ਅਮਰਪ੍ਰੀਤ ਕੌਰ, ਵਾਈਸ ਪ੍ਰਿੰ. ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ ਅਤੇ ਨਿਲਾਕਸੀ ਗੁਪਤਾ ਨੇ ਵਿਦਿਆਰਥੀਆਂ ਨੂੰ ਸਿਰਪਾਓ ਦੇ ਕੇ ਜੈਕਾਰੇ ਲਗਾਏ। ਇਸ ਮੌਕੇ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਸਾਨੂੰ ਸਭ ਨੂੰ ਗੁਰੂ ਸਾਹਿਬਾਨਾ ਦੇ ਦੱਸੇ ਹੋਏ ਮਾਰਗ ਤੇ ਚਲਣਾ ਚਾਹੀਦਾ ਹੈ । ਉਨ੍ਹਾਂ ਨੇ ਸਹਿਜ ਪਾਠ ਸੇਵਾ ਸੰਸਥਾਂ ਦੇ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਸ ਦੀ ਪ੍ਰੇਰਨਾ ਸਦਕਾ ਸਕੂਲ ਦੇ 10 ਬੱਚਿਆਂ ਨੇ ਅੰਮ੍ਰਿਤਪਾਨ ਕੀਤਾ ਅਤੇ ਕਰੀਬ 400 ਬੱਚਿਆਂ ਨੇ ਸਹਿਜ ਪਾਠ ਸੰਪੂਰਨ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਅਤੇ ਬੱਚਿਆਂ ਵਿੱਚ ਗੁਰੂ ਘਰ ਨਾਲ ਪ੍ਰੇਮ ਭਾਵਨਾ ਦਾ ਸਬਕ ਵੀ ਇਸ ਸੰਸਥਾਂ ਨੇ ਸਿਖਾਇਆ।

# 'ਕੈਰੀਅਰ ਗਾਈਡੈਂਸ ਅਤੇ ਪਲੇਸਮੈਂਟ ਸੈੱਲ' ਵੱਲੋਂ ਵਿਸ਼ੇਸ਼ ਲੈਕਚਰ ਆਯੋਜਿਤ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ ਦੇ 'ਕੈਰੀਅਰ ਗਾਈਡੈਂਸ ਅਤੇ ਪਲੇਸਮੈਂਟ ਸੈੱਲ' ਵੱਲੋਂ ਇੱਕ ਮੁਕਾਬਲਤਨ ਇਮਤਿਹਾਨਾਂ ਨੂੰ ਮੁੱਖ ਰੱਖਦੇ ਹੋਏ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ. ਉਂਕਾਰ ਸਿੰਘ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਲੈਕਚਰ ਵਿੱਚ ਸੀ. ਡੀ. ਐੱਸ. ਦੇ ਸੰਦਰਭ ਵਿੱਚ ਆਉਂਦੇ ਇਮਤਿਹਾਨਾਂ ਸਬੰਧੀ ਬਹੁਤ ਮਹੀਨ, ਸੂਖਮ ਅਤੇ ਮਹੱਤਵਪੂਰਨ ਨੁਕਤਿਆਂ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਉਨ੍ਹਾਂ ਆਪਣੇ ਲੈਕਚਰ ਵਿੱਚ ਵਿਦਿਆਰਥੀਆਂ ਨੂੰ ਪ੍ਰੇਰਨਾਮਈ ਰੂਪ ਰਾਹੀ ਇਹ ਦੱਸਿਆ ਕਿ ਜ਼ਿੰਦਗੀ ਦਾ ਕੋਈ ਵੀ ਇਮਤਿਹਾਨ ਔਖਾ ਨਹੀਂ ਹੁੰਦਾ ਬਲਕਿ ਇੱਕ ਸੱਚੀ ਲਗਨ, ਮਿਹਨਤ, ਸਹਿਜ ਅਤੇ ਵਿਧੀਵਤ ਢੰਗ ਦੁਆਰਾ ਪਾਸ ਕੀਤਾ ਜਾ ਸਕਦਾ ਹੈ। ਇਸ ਮੌਕੇ ਕਾਲਜ ਪ੍ਰਿੰ. ਡਾ.ਬਲਵੰਤ ਸਿੰਘ ਸੰਧੂ ਨੇ ਆਏ ਹੋਏ ਬੁਲਾਰੇ ਦਾ ਧੰਨਵਾਦ ਕੀਤਾ ਅਤੇ ਆਖਿਆ ਕਿ ਇਸ ਤਰ੍ਹਾਂ ਦੇ ਲੈਕਚਰ ਸਮੇਂ-ਸਮੇਂ 'ਤੇ ਹੁੰਦੇ ਰਹਿਣੇ ਚਾਹੀਦੇ ਹਨ। ਜਿਸ ਤੋਂ ਵਿਦਿਆਰਥੀ ਪ੍ਰੇਰਿਤ ਹੋ ਕੇ ਵਧੇਰੇ ਲਾਭ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਸਬੰਧਤ ਅਧਿਆਪਕ ਸਾਹਿਬਾਨ ਦੀ ਇਸ ਲੈਕਚਰ ਨੂੰ ਆਯੋਜਿਤ ਕਰਨ 'ਤੇ ਖ਼ੂਬ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਪ੍ਰੋ.ਮਨਪ੍ਰੀਤ ਕੌਰ (ਕੋਆਰਡੀਨੇਟਰ) ਨੇ ਵੀ ਆਏ ਹੋਏ ਬੁਲਾਰੇ ਲਈ ਧੰਨਵਾਦੀ ਸ਼ਬਦ ਕਹੇ ਅਤੇ ਭਵਿੱਖ ਵਿੱਚ ਵੀ ਇਸ ਤਰਾਂ ਦੇ ਲੈਕਚਰ ਆਯੋਜਿਤ ਕਰਨ ਲਈ ਵਚਨਬੱਧਤਾ ਨਿਭਾਈ। ਇਸ ਮੌਕੇ ਕਾਲਜ ਦੇ ਜਰਨਲ ਸਕੱਤਰ ਹਰਨੰਦਨ ਸਿੰਘ ਨੇ ਵੀ ਇਸ ਯੋਗ ਕਾਰਜ ਨੂੰ ਆਯੋਜਿਤ ਕਰਨ ਲਈ ਸਬੰਧਿਤ ਅਧਿਆਪਕ ਸਾਹਿਬਾਨ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰੋ. ਰੋਹਿਤ ਸ਼ਰਮਾ (ਵਾਇਸ ਪ੍ਰਿੰਸੀਪਲ),ਪ੍ਰੋ. ਮੇਜਰ ਸਿੰਘ,ਪ੍ਰੋ. ਸੁਖਬੀਰ ਕੌਰ, ਪ੍ਰੋ. ਹਰਕਮਲ ਕੌਰ, ਪ੍ਰੋ. ਸਰਬਜੀਤ ਕੌਰ ਆਦਿ ਹਾਜ਼ਰ ਰਹੇ।

# ਖਾਲਸਾ ਕਾਲਜ ਆਫ ਵੈਟਰਨਰੀ ਵਿਖੇ ਤਿੰਨ ਰੋਜ਼ਾ ਪੰਜਵੀਂ ਰਾਸ਼ਟਰੀ ਕਾਨਫ਼ਰੰਸ

## 'ਵੈਟਰਨਰੀ ਐਕਸਟੈਂਸ਼ਨ' ਦਾ ਸ਼ਾਨਦਾਰ ਆਗਾਜ਼

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵੱਲੋਂ 'ਕਿਸਾਨਾਂ ਦੀ ਆਮਦਨ ਵਧਾਉਣ ਲਈ ਸਮਾਰਟ ਪਸ਼ੂ ਧਨ ਦੇ ਵਿਸਥਾਰ-ਇਕ ਐਕਸਟੈਂਸ਼ਨ ਬਾਊਂਟੀ' ਵਿਸ਼ੇ 'ਤੇ ਸੁਸਾਇਟੀ ਫਾਰ ਵੈਟਰਨਰੀ ਐਂਡ ਐਨੀਮਲ ਹਸਬੈਂਡਰੀ ਐਕਸਟੈਂਸ਼ਨ (ਐਸ. ਵੀ. ਏ. ਐਚ. ਈ.) ਦੀ 3 ਰੋਜ਼ਾ ਨੈਸ਼ਨਲ ਕਾਨਫਰੰਸ ਅੱਜ ਆਗਾਜ਼ ਹੋਇਆ ਜਿਸ 'ਚ ਦੇਸ਼ ਦੇ 15 ਰਾਜਾਂ ਅਤੇ ਸੰਸਥਾਵਾਂ ਦੇ ਸੀਨੀਅਰ ਅਧਿਕਾਰੀ, ਵਿਗਿਆਨਕ ਭਾਈਚਾਰੇ ਦੇ ਮੈਂਬਰ, ਖੋਜ ਵਿਦਵਾਨ, ਪਸ਼ੂ ਸਿਹਤ ਪ੍ਰੈਕਟੀਸ਼ਨਰ, ਵੈਟਰਨਰੀ ਐਕਸਟੈਂਸ਼ਨਿਸਟ, ਪਸ਼ੂ-ਪੰਛੀ, ਮੁਰਗੀ ਪਾਲਣ, ਮੱਛੀ ਪਾਲਣ ਕਿਸਾਨ ਅਤੇ ਉੱਦਮੀਆਂ ਨੇ ਸ਼ਿਰਕਤ ਕੀਤੀ। ਉਕਤ 3 ਰੋਜ਼ਾ ਚੱਲਣ ਵਾਲੀ ਸੁਸਾਇਟੀ ਦੀ 5ਵੀਂ ਨੈਸ਼ਨਲ ਕਾਨਫਰੰਸ ਦਾ ਆਗਾਜ਼ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ, ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਉਪ-ਕੁਲਪਤੀ ਡਾ. ਇੰਦਰਜੀਤ ਸਿੰਘ ਅਤੇ ਭਾਰਤੀ ਖੇਤੀ ਖੋਜ ਪ੍ਰੀਸ਼ਦ, ਨਵੀਂ ਦਿੱਲੀ ਤੋਂ ਸਹਾਇਕ ਡਾਇਰੈਕਟਰ ਜਨਰਲ (ਏ. ਏ. ਐਫ. ਅਤੇ ਸੀ. ਸੀ.) ਡਾ. ਰਾਜਬੀਰ ਸਿੰਘ ਨੇ ਸ਼ਮ੍ਹਾ ਰੌਸ਼ਨ ਕਰਕੇ ਕੀਤਾ।ਇਸ ਮੌਕੇ ਮੁੱਖ ਮਹਿਮਾਨ ਡਾ. ਇੰਦਰਜੀਤ ਸਿੰਘ ਅਤੇ ਵਿਸ਼ੇਸ਼ ਮਹਿਮਾਨ ਡਾ. ਰਾਜਬੀਰ ਸਿੰਘ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਇਹ ਕਾਨਫਰੰਸ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਦੇ ਹੱਲ ਦੇ ਨਾਲ-ਨਾਲ ਖ਼ੁਦ ਨੂੰ ਪੇਸ਼ ਕਰਨ ਵਾਲੇ ਮੌਕਿਆਂ ਬਾਰੇ ਬੇਹਤਰ ਜਾਣਕਾਰੀ ਪ੍ਰਦਾਨ ਕਰੇਗੀ। ਇਸ ਮੌਕੇ ਸ: ਛੀਨਾ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਨਵੀਨਤਾਕਾਰੀ ਖੇਤੀ ਅਭਿਆਸਾਂ ਰਾਹੀਂ ਕਿਸਾਨਾਂ ਦੀ ਆਮਦਨ ਵਧਾਉਣ ਸਬੰਧੀ ਕੁਦਰਤੀ ਖ਼ਤਰਿਆਂ, ਬਿਮਾਰੀਆਂ, ਮਨੁੱਖੀ ਗਲਤੀ ਅਤੇ ਆਰਥਿਕ ਨੁਕਸਾਨ ਨੂੰ ਘਟਾਉਣ ਲਈ ਗਿਆਨ ਦੀ ਵੰਡ, ਤਕਨਾਲੋਜੀ ਦੇ ਬਦਲਾਅ ਅਤੇ ਸਮਰੱਥਾ ਨਿਰਮਾਣ ਰਾਹੀਂ ਹੱਥ ਮਿਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਐਚ. ਕੇ. ਵਰਮਾ ਅਤੇ ਐਸ. ਵੀ. ਏ. ਐਚ. ਈ. ਆਰਗੇਨਾਈਜ਼ਿੰਗ ਸੈਕਟਰੀ ਨੇ ਸਵਾਗਤੀ ਭਾਸ਼ਣ ਦਿੰਦਿਆਂ ਕਾਨਫਰੰਸ ਦੀ ਸਫ਼ਲਤਾ ਲਈ ਡੈਲੀਗੇਟਾਂ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਦਿੱਤੇ ਸਹਿਯੋਗ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ 2006 'ਚ ਐਸ. ਵੀ. ਏ. ਐਚ. ਈ. ਦੀ ਸਿਰਜਣਾ ਉਪਰੰਤ ਕਿਸਾਨਾਂ ਅਤੇ ਮਾਹਿਰ ਮੈਂਬਰਾਂ ਦਰਮਿਆਨ ਸ਼ਾਨਦਾਰ ਨਜ਼ਦੀਕੀ ਸਬੰਧ ਪੈਦਾ ਹੋਏ, ਜਿਸ ਨਾਲ ਕਿਸਾਨ ਭਾਈਚਾਰੇ ਨੂੰ ਆਪਣੀ ਰੋਜ਼ੀ-ਰੋਟੀ ਵਧਾਉਣ ਦਾ ਵਧੀਆ ਮੌਕਾ ਮਿਲਿਆ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਕਿਸਾਨਾਂ ਦੀ ਖੁਸ਼ਹਾਲੀ ਖੋਜ ਅਤੇ ਪਸਾਰ ਗਤੀਵਿਧੀਆਂ ਨਾਲ ਸਬੰਧਿਤ ਸੰਸਥਾਵਾਂ ਵਿਚਕਾਰ ਸਬੰਧ ਨੂੰ ਮਜ਼ਬੂਤ ਕਰਨ 'ਤੇ ਕੇਂਦਰਿਤ ਹੈ।





# ਹਰਜੀਤ ਸੰਧੂ ਦੀ ਅਗਵਾਈ ਹੇਠ ਭਾਜਪਾ ਜ਼ਿਲਾ ਅਹੁਦੇਦਾਰਾਂ ਦੀ ਮੀਟਿੰਗ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਤਰਨ ਤਾਰਨ ਦੇ ਮੁਰਾਦਪੁਰਾ ਫਾਟਕ ਕੋਲ ਭਾਜਪਾ ਦਫਤਰ ਵਿਖੇ ਜ਼ਿਲਾ ਤਰਨ ਤਾਰਨ ਦੇ ਸਮੂਹ ਭਾਜਪਾ ਅਹੁਦੇਦਾਰਾਂ ਦੀ ਮੀਟਿੰਗ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ।

ਮੀਟਿੰਗ ਵਿੱਚ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਤੇ ਜ਼ੋਨਲ ਇੰਚਾਰਜ ਜਗਮੋਹਨ ਸਿੰਘ ਰਾਜੂ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ, ਇਸ ਮੌਕੇ ਜ਼ਿਲੇ ਦੇ ਉਪ ਇੰਚਾਰਜ ਨਰੇਸ਼ ਸ਼ਰਮਾ ਨੇ ਮੀਟਿੰਗ ਦਾ ਸੰਚਾਲਨ ਬਾਖੂਬੀ ਕੀਤਾ, ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਜੂ ਨੇ ਕਿਹਾ ਕਿ ਭਾਜਪਾ ਦੀ ਸਿਆਸਤ ਲੋਕ ਸੇਵਾ ਦੀ ਸਿਆਸਤ ਹੈ ਅਤੇ ਭਾਜਪਾ ਪੰਜਾਬ ਦੇ ਹਿੱਤਾਂ ਲਈ ਡਟ ਕੇ ਪਹਿਰਾ ਦੇਵੇਗੀ। ਉਨ੍ਹਾਂ ਨੇ ਵਰਕਰਾਂ ਨੂੰ ਤਿਆਗ ਭਾਵਨਾ ਨਾਲ਼ ਸਰਬੱਤ ਦੇ ਭਲੇ ਲਈ ਕੰਮ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਆਪਣੇ ਜ਼ਿਲੇ ਦੇ ਅਹੁਦੇਦਾਰਾਂ ਦੀ ਜਾਣ ਪਛਾਣ ਕਰਵਾਉਂਦਿਆਂ ਉਨ੍ਹਾਂ ਨੂੰ ਗੁਲਦਸਤਾ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਸਾਬਕਾ ਚੇਅਰਮੈਨ ਰਣਜੀਤ ਸਿੰਘ ਮੀਆਂਵਿੰਡ, ਜ਼ਿਲਾ ਮੀਤ ਪ੍ਰਧਾਨ ਅਮਰਪਾਲ ਸਿੰਘ ਖਹਿਰਾ, ਸ਼ਿਵ ਸੋਨੀ ਹਰੀਕੇ, ਅਤੁਲ ਜੈਨ ਪੱਟੀ, ਹਰਪ੍ਰੀਤ ਸਿੰਘ ਮੂਸੇ, ਜਸਮੀਤ ਸਿੰਘ ਵਾਲੀਆ, ਉਪਕਾਰਦੀਪ ਪ੍ਰਿੰਸ, ਜ਼ਿਲਾ ਜਨਰਲ ਸਕੱਤਰ ਸੁਰਜੀਤ ਸਾਗਰ, ਜ਼ਿਲਾ ਸਕੱਤਰ ਜਸਵੰਤ ਸਿੰਘ ਸੋਹਲ, ਸੁਖਵੰਤ ਸਿੰਘ ਟੀਟਾ, ਲਖਵਿੰਦਰ ਸਿੰਘ, ਕੁਲਦੀਪ ਬੱਬੂ, ਵਿਕਾਸ ਮਿੰਟਾ, ਸੂਬਾ ਕਾਰਜਕਾਰਨੀ ਮੈਂਬਰ ਅਨੂਪ ਸਿੰਘ ਭੁੱਲਰ, ਰਾਮ ਲਾਲ ਹੰਸ, ਬਲਵਿੰਦਰ ਸਿੰਘ ਰੈਸ਼ੀਆਣਾ, ਦਸ਼ਮੇਸ਼ ਸਿੰਘ, ਪ੍ਰਦੀਪ ਮਨਚੰਦਾ, ਕਿਸਾਨ ਮੋਰਚੇ ਦੇ ਪ੍ਰਧਾਨ ਗੁਰਸਾਹਿਬ ਸਿੰਘ, ਮਹਿਲਾ ਮੋਰਚੇ ਦੇ ਪ੍ਰਧਾਨ ਅਮਨਦੀਪ ਕੌਰ ਉੱਪਲ, ਬੀ. ਸੀ. ਮੋਰਚੇ ਦੇ ਪ੍ਰਧਾਨ ਸਾਹਿਬ ਸਿੰਘ ਸੁਗਾ, ਸੀਨੀਅਰ ਆਗੂ ਰਾਣਾ ਗੁਲਬੀਰ ਸਿੰਘ, ਹਰਪ੍ਰੀਤ ਸਿੰਘ ਸਿੰਦਬਾਦ, ਕੁਲਵੰਤ ਸਿੰਘ ਭੈਲ, ਸੁਬੇਗ ਸਿੰਘ ਰੈਸ਼ੀਆਣਾ, ਦਸ਼ਬਿੰਦਰ ਸਿੰਘ ਗੋਇੰਦਵਾਲ, ਸੁਭਾਸ਼ ਬਾਠ, ਸਦਾ ਨੰਦ, ਮੰਡਲ ਪ੍ਰਧਾਨ ਹਰਮਨਜੀਤ ਸਿੰਘ ਕੱਲਾ, ਮੇਹਰ ਸਿੰਘ ਬਾਣੀਆਂ, ਪਵਨ ਕੁੰਦਰਾ ਤਰਨ ਤਾਰਨ, ਕਾਰਜ ਸਿੰਘ ਸ਼ਾਹ ਪੱਟੀ, ਪਵਨ ਦੇਵਗਨ ਚੋਹਲਾ ਸਾਹਿਬ, ਰੋਹਿਤ ਵੇਦੀ ਹਰੀਕੇ, ਗੌਰਵ ਦੇਵਗਨ ਸਰਹਾਲੀ, ਜਤਿੰਦਰ ਸ਼ਰਮਾ ਭਿੱਖੀਵਿੰਡ, ਪਦਮ ਕਿਸ਼ੋਰ ਪੱਟੀ, ਕੈਪਟਨ ਜਸਪਾਲ ਸਿੰਘ ਤਖਤੂਚਕ, ਅਮਨ ਸ਼ਰਮਾ ਖਾਲੜਾ, ਮਲੂਕ ਸਿੰਘ ਜਲਾਲਾਬਾਦ, ਤੋਂ ਇਲਾਵਾ ਪ੍ਰਿੰਸ ਲਾਲਪੁਰਾ, ਸਵਿੰਦਰ ਸਿੰਘ ਪੰਨੂ, ਮੁਖਤਾਰ ਸਿੰਘ ਕੰਗ, ਆਦਿ ਪ੍ਰਮੁੱਖ ਰੂਪ ਵਿੱਚ ਮੌਜੂਦ ਸਨ।

# ਸਰਹੱਦ ਪਾਰੋਂ ਹੁੰਦੀ ਨਸ਼ੇ ਦੀ ਤਸਕਰੀ ਨੂੰ ਰੋਕਣ ਲਈ ਵਿਲੇਜ ਡਿਫੈਂਸ ਕਮੇਟੀਆਂ ਨੂੰ ਹੋਰ ਚੌਕਸ ਹੋਣ ਦੀ ਲੋੜ: ਬਨਵਾਰੀ ਲਾਲ ਪੁਰੋਹਿਤ

**ਗੁਰਦਾਸਪੁਰ, ਕਲਾਨੌਰ, ਧਾਰੀਵਾਲ, (ਜਨਕ ਮਹਾਜਨ/ਮਨਦੀਪ ਕੁਮਾਰ ਕੋਹਲੀ/ਮਨਦੀਪ ਸਿੰਘ ਵਿੱਕੀ/ਦਿਨੇਸ਼ ਕੁਮਾਰ)**-ਪੰਜਾਬ ਦੇ ਰਾਜਪਾਲ ਸ਼੍ਰੀ ਬਨਵਾਰੀ ਲਾਲ ਪੁਰੋਹਿਤ ਨੇ ਸੂਬੇ ਦੇ ਨੌਜਵਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਸੂਬੇ ਵਿਚੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸਰਕਾਰ ਅਤੇ ਸੁਰੱਖਿਆ ਫੋਰਸਾਂ ਦਾ ਮੋਹਰੀ ਹੋ ਕੇ ਸਾਥ ਦੇਣ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਾਥ ਨਾਲ ਪੰਜਾਬ ਇਸ ਜੰਗ ਵਿਚੋਂ ਵੀ ਜੇਤੂ ਹੋ ਕੇ ਨਿਕਲੇਗਾ ਅਤੇ ਪੰਜਾਬ ਦੇ ਬਹਾਦਰ ਲੋਕ ਦੇਸ਼ ਦੀਆਂ ਦੁਸ਼ਮਣ ਤਾਕਤਾਂ ਨੂੰ ਇੱਕ ਵਾਰ ਫਿਰ ਮੂੰਹ-ਤੋੜਵਾਂ ਜਵਾਬ ਦੇਣਗੇ। ਰਾਜਪਾਲ ਪੰਜਾਬ ਅੱਜ ਕਲਾਨੌਰ ਨੇੜਲੇ ਪਿੰਡ ਨੜਾਂਵਾਲੀ ਵਿਖੇ ਸਰਹੱਦੀ ਪਿੰਡਾਂ ਦੇ ਪੰਚਾਂ-ਸਰਪੰਚਾਂ, ਮੋਹਤਬਰਾਂ ਅਤੇ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੇ ਰੂ-ਬ-ਰੂ ਹੋ ਰਹੇ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ, ਡੇਰਾ ਬਾਬਾ ਨਾਨਕ ਦੇ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ, ਡੀ.ਜੀ.ਪੀ. ਪੰਜਾਬ ਗੌਰਵ ਯਾਦਵ, ਏਸੀਐੱਸ. ਟੂ ਗਵਰਨਰ ਕੇ. ਸ਼ਿਵਾ ਪ੍ਰਸਾਦ, ਪ੍ਰਿੰਸੀਪਲ ਸਕੱਤਰ ਫਾਇਨਾਂਸ ਅਜੋਏ ਸਿਨਹਾ, ਨਰਿੰਦਰ ਭਾਰਗਵ ਡੀ.ਆਈ.ਜੀ ਬਾਰਡਰ ਰੇਂਜ, ਡਾ. ਹਿਮਾਂਸ਼ੂ ਅਗਰਵਾਲ ਡਿਪਟੀ ਕਮਿਸ਼ਨਰ ਗੁਰਦਾਸਪੁਰ, ਹਰੀਸ਼ ਓਮ ਪ੍ਰਕਾਸ਼ ਦਾਯਮਾ ਐੱਸਐੱਸਪੀ. ਗੁਰਦਾਸਪੁਰ ਅਤੇ ਮੈਡਮ ਅਸ਼ਵਨੀ ਗੋਟਿਆਲ ਐੱਸਐੱਸਪੀ ਬਟਾਲਾ ਵੀ ਮੌਜੂਦ ਸਨ। ਸਰਹੱਦੀ ਪਿੰਡਾਂ ਦੇ ਪੰਚਾਂ-ਸਰਪੰਚਾਂ, ਮੋਹਤਬਰਾਂ ਅਤੇ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਕਿਹਾ ਕਿ ਗੁਆਂਢੀ ਮੁਲਕ ਸਾਨੂੰ ਕਮਜ਼ੋਰ ਕਰਨ ਲਈ ਕੋਝੀਆਂ ਚਾਲਾਂ ਚੱਲ ਰਿਹਾ ਹੈ ਪਰ ਪਾਕਿਸਤਾਨ ਦੇ ਇਨ੍ਹਾਂ ਨਾ-ਪਾਕ ਇਰਾਦਿਆਂ ਨੂੰ ਕਦੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਅਤੇ ਵਿਲੇਜ ਡਿਫੈਂਸ ਕਮੇਟੀਆਂ ਦੇ ਸਹਿਯੋਗ ਨਾਲ ਦੁਸ਼ਮਣ ਦੇਸ਼ ਦੀ ਕੋਝੀਆਂ ਹਰਕਤਾਂ ਨੂੰ ਨਾਕਾਮ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਸਰਹੱਦੀ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੇ ਪਿੰਡ ਵਿਚ ਜੇਕਰ ਕੋਈ ਨਸ਼ੇ ਤੋਂ ਪੀੜਤ ਹੈ ਤਾਂ ਉਸਦਾ ਇਲਾਜ ਕਰਵਾਓ ਅਤੇ ਜੇਕਰ ਕੋਈ ਨਸ਼ੇ ਵੇਚਦਾ ਹੈ ਤਾਂ ਉਸਦੀ ਇਤਲਾਹ ਪੁਲਿਸ ਨੂੰ ਦਿਓ। ਇਸ ਦੌਰਾਨ ਰਾਜਪਾਲ ਪੰਜਾਬ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵਿਰਸੇ ਨੂੰ ਦਰਸਾਉਂਦੀ ਕਾਫੀ ਟੇਬਲ ਬੁੱਕ 'ਵਿਰਸਾ ਗੁਰਦਾਸਪੁਰ' ਨੂੰ ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਪਿੰਡ ਚੌੜਾ ਕਲਾਂ ਦੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰ ਸ਼ਮਸ਼ੇਰ ਸਿੰਘ, ਗੁਰਜੀਤ ਸਿੰਘ, ਦਲੇਰ ਸਿੰਘ ਅਤੇ ਮਨਜੀਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਿਨ੍ਹਾਂ ਨੇ ਨਸ਼ਾ ਤਸਕਰ ਨੂੰ ਫੜਨ ਅਤੇ ਉਸ ਕੋਲੋਂ 12 ਕਿਲੋ 800 ਗ੍ਰਾਮ ਹੈਰੋਇਨ ਬਰਾਮਦ ਕਰਵਾਉਣ ਵਿੱਚ ਪੁਲਸ ਤੇ ਬੀਐੱਸਐੱਫ ਨੂੰ ਸਹਿਯੋਗ ਦਿੱਤਾ ਸੀ। ਇਸ ਤੋਂ ਪਹਿਲਾਂ ਰਾਜਪਾਲ ਨੇ ਅਧਿਕਾਰੀਆਂ ਦੇ ਨਾਲ ਸਰਕਾਰੀ ਹਾਈ ਸਕੂਲ ਨੜਾਂਵਾਲੀ ਵਿਖੇ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਲਗਾਏ ਜਾ ਰਹੇ ਮਿਸ਼ਨ ਅਬਾਦ ਕੈਂਪ ਦਾ ਨਿਰੀਖਣ ਵੀ ਕੀਤਾ। ਉਨ੍ਹਾਂ ਪੰਜਾਬ ਪੁਲਸ ਅਤੇ ਬੀਐੱਸਐੱਫ ਵੱਲੋਂ ਲਗਾਏ ਗਏ ਸਟਾਲਾਂ ਦਾ ਨਿਰੀਖਣ ਵੀ ਕੀਤਾ ਗਿਆ। ਇਸ ਮੌਕੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਨੇ ਮਾਣਯੋਗ ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਦਾ ਡੇਰਾ ਬਾਬਾ ਨਾਨਕ ਦੇ ਸਰਹੱਦੀ ਖੇਤਰ ਵਿੱਚ ਪਹੁੰਚਣ 'ਤੇ ਧੰਨਵਾਦ ਕੀਤਾ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਮਾਗਮ ਵਿਚ ਆਏ ਰਾਜਪਾਲ ਪੰਜਾਬ ਅਤੇ ਹੋਰ ਸਾਰੇ ਮਹਿਮਾਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਮਾਣਯੋਗ ਰਾਜਪਾਲ ਦੀਆਂ ਹਦਾਇਤਾਂ ਨੂੰ ਇੰਨ-ਬਿੰਨ ਲਾਗੂ ਕਰੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਏ.ਡੀ.ਸੀ. (ਜ) ਸੁਭਾਸ਼ ਚੰਦਰ, ਏ.ਡੀ.ਸੀ. (ਡੀ) ਰਵਿੰਦਰਪਾਲ ਸਿੰਘ ਸੰਧੂ, ਐਸਡੀਐੱਮ. ਅਮਨਦੀਪ ਕੌਰ ਘੁੰਮਣ, ਸਹਾਇਕ ਕਮਿਸ਼ਨਰ (ਜ) ਸਚਿਨ ਪਾਠਕ, ਐੱਸਡੀਐੱਮ. ਦੀਨਾਨਗਰ ਅਰਵਿੰਦ ਕੁਮਾਰ, ਡੀਡੀਪੀਓ ਸਤੀਸ਼ ਕੁਮਾਰ, ਮੁੱਖ ਖੇਤੀਬਾੜੀ ਅਫ਼ਸਰ ਡਾ. ਕ੍ਰਿਪਾਲ ਸਿੰਘ ਢਿੱਲੋਂ, ਐਕਸੀਅਨ ਮੰਡੀ ਬੋਰਡ ਬਲਦੇਵ ਸਿੰਘ ਬਾਜਵਾ, ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਰਾਜਪਾਲ ਪੰਜਾਬ ਤੇ ਮੁੱਖ ਸਕੱਤਰ ਵੱਲੋਂ ਵਿਰਸਾ ਗੁਰਦਾਸਪੁਰ ਕਾਫੀ ਟੇਬਲ ਬੁੱਕ ਲੋਕ ਅਰਪਣ



CMYK

# ਏਸ਼ੀਅਨ ਖੇਡਾਂ 'ਚ ਦੋ ਤਮਗੇ ਜਿੱਤਣ ਵਾਲੀ ਹਰਮਿਲਨ ਬੈਂਸ ਦਾ ਖਾਲਸਾ ਕਾਲਜ ਪੁੱਜਣ 'ਤੇ ਨਿੱਘਾ ਸਵਾਗਤ



**ਮਾਹਿਲਪੁਰ, (ਸਫਰੀ)** ਏਸ਼ੀਅਨ ਖੇਡਾਂ ਵਿੱਚ 800 ਮੀਟਰ ਅਤੇ 1500 ਮੀਟਰ ਦੌੜ ਮੁਕਾਬਲਿਆਂ ਵਿੱਚ ਚਾਂਦੀ ਦੇ ਦੋ ਤਮਗੇ ਜਿੱਤਣ ਵਾਲੀ ਹਰਮਿਲਨ ਬੈਂਸ ਦਾ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਪੁੱਜਣ 'ਤੇ ਸਿੱਖ ਐਜੂਕੇਸ਼ਨ ਕੌਂਸਲ ਦੇ ਅਹੁਦੇਦਾਰਾਂ, ਪ੍ਰਿੰਸੀਪਲ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਕਾਫਲੇ ਦੇ ਰੂਪ ਵਿੱਚ ਕਾਲਜ ਕੈਂਪਸ ਵਿੱਚ ਪੁੱਜੀ ਹਰਮਿਲਨ ਬੈਂਸ ਨੂੰ ਸ਼ੁਭ ਕਾਮਨਾਵਾਂ ਦੇਣ ਲਈ ਰਾਜਸੀ, ਧਾਰਮਿਕ, ਸਮਾਜਿਕ ਅਤੇ ਸਿੱਖਿਆ ਖੇਤਰ ਦੀਆਂ ਅਨੇਕਾਂ ਸ਼ਖ਼ਸੀਅਤਾਂ ਵੀ ਹਾਜ਼ਰ ਸਨ। ਇਸ ਸਨਮਾਨ ਸਮਾਰੋਹ ਦੀ ਪ੍ਰਧਾਨਗੀ ਕੌਂਸਲ ਦੇ ਪੈਟਰਨ ਡਾ. ਜੰਗ ਬਹਾਦਰ ਸਿੰਘ ਰਾਏ, ਜਨਰਲ ਸਕੱਤਰ ਪ੍ਰੋ ਅਪਿੰਦਰ ਸਿੰਘ ਮਾਹਿਲਪੁਰੀ, ਉੱਪ ਪ੍ਰਧਾਨ ਗੁਰਪ੍ਰੀਤ ਸਿੰਘ ਬੈਂਸ, ਗੁਰਮੇਲ ਸਿੰਘ ਗਿੱਲ, ਵੀਰਇੰਦਰ ਸ਼ਰਮਾ, ਕਪਿਲ ਸ਼ਰਮਾ ਸਮੇਤ ਹੋਰ ਅਹੁਦੇਦਾਰਾਂ ਨੇ ਕੀਤੀ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰ ਡਾ. ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਹਰਮਿਲਨ ਬੈਂਸ ਨੇ ਏਸ਼ੀਅਨ ਖੇਡਾਂ ਵਿੱਚ ਚਾਂਦੀ ਦੇ ਦੋ ਤਮਗੇ ਜਿੱਤ ਕੇ ਮਾਹਿਲਪੁਰ ਦਾ ਨਾਮ ਪੂਰੀ ਦੁਨੀਆ ਵਿੱਚ ਰੌਸ਼ਨ ਕੀਤਾ ਹੈ। ਇਸ ਮੌਕੇ ਡਾ. ਜੰਗ ਬਹਾਦਰ ਸਿੰਘ ਰਾਏ ਅਤੇ ਪ੍ਰੋ ਅਪਿੰਦਰ ਸਿੰਘ ਮਾਹਿਲਪੁਰੀ ਨੇ ਹਰਮਿਲਨ ਬੈਂਸ ਨੂੰ ਇਸ ਪ੍ਰਾਪਤੀ 'ਤੇ ਮੁਬਾਰਕਬਾਦ ਦਿੱਤੀ ਅਤੇ ਹਾਜ਼ਰ ਵਿਦਿਆਰਥੀਆਂ ਨੂੰ ਹਰਮਿਲਨ ਦੇ ਜੀਵਨ ਸੰਘਰਸ਼ ਤੋਂ ਸਿੱਖਿਆ ਲੈ ਕੇ ਖੇਡਾਂ ਵਿੱਚ ਨਾਮਣਾ ਖੱਟਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਕਾਲਜ ਦੇ ਪ੍ਰਬੰਧਕਾਂ ਵੱਲੋਂ ਹਰਮਿਲਨ ਬੈਂਸ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਹਰਮਿਲਨ ਬੈਂਸ ਨੇ ਆਪਣੇ ਸੰਬੋਧਨ ਵਿੱਚ ਕਾਲਜ ਦੀ ਪ੍ਰਬੰਧਕੀ ਕਮੇਟੀ, ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਇਸ ਕਾਲਜ ਦੀ ਟਰੈਕ ਵਿੱਚ ਆਪਣੇ ਦੌੜ ਮੁਕਾਬਲਿਆਂ ਨਾਲ ਜੁੜੀਆਂ ਮੁੱਢਲੀਆਂ ਯਾਦਾਂ ਨੂੰ ਤਾਜ਼ਾ ਕੀਤਾ। ਇਸ ਸਮਾਰੋਹ ਮੌਕੇ ਹਰਮਿਲਨ ਬੈਂਸ ਦੇ ਪਿਤਾ ਅੰਤਰਰਾਸ਼ਟਰੀ ਦੌੜਾਕ ਅਮਨਦੀਪ ਸਿੰਘ ਬੈਂਸ ,ਦਾਦੀ ਗੁਰਮੀਤ ਕੌਰ ਬੈਂਸ ਨੂੰ ਵੀ ਕਾਲਜ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਸਮਾਰੋਹ ਮੌਕੇ ਸਾਬਕਾ ਵਿਧਾਇਕ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ,ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ,ਬੀਬੀ ਜਸਪ੍ਰੀਤ ਕੌਰ ਬੁੰਗਾ ਸਾਹਿਬ, ਪ੍ਰਿੰ ਹਰਭਜਨ ਸਿੰਘ ਸਪੋਰਟਿੰਗ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ,ਪ੍ਰਿੰ ਰੋਹਤਾਂਸ਼, ਗੁਰਦਿਆਲ ਸਿੰਘ ਕਹਾਰਪੁਰ ਆਦਿ ਸਮੇਤ ਡਿਗਰੀ ਕਾਲਜ, ਬੀ ਐੱਡ ਕਾਲਜ ਅਤੇ ਸੰਤ ਬਾਬਾ ਹਰੀ ਸਿੰਘ ਮਾਡਲ ਸਕੂਲ ਦਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਏਅਰਫੋਰਸ 'ਚੋਂ ਸੇਵਾ ਮੁਕਤ ਗੁਰਮੇਲ ਸਿੰਘ ਦੀ ਅੰਤਿਮ ਅਰਦਾਸ ਖੁਰਦਪੁਰ 'ਚ ਹੋਈ

**ਆਦਮਪੁਰ ( ਪਰਮਜੀਤ ਸਿੰਘ )**—ਬੀਜੇਡੀ ਸ਼ਰਬਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਪਰਮਿੰਦਰ ਸਿੰਘ ਸੋਨੂੰ ਤੇ ਪੱਤਰਕਾਰ ਸੁਖਵਿੰਦਰ ਸਿੰਘ ਦੇ ਪਿਤਾ ਏਅਰਫੋਰਸ 'ਚੋਂ ਸੇਵਾ ਮੁਕਤ ਗੁਰਮੇਲ ਸਿੰਘ ਦੀ ਅੰਤਿਮ ਅਰਦਾਸ ਆਦਮਪੁਰ ਦੇ ਪਿੰਡ ਖੁਰਦਪੁਰ ਦੇ ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ, ਲਹਿੰਦੀ ਪੱਤੀ ਵਿਖੇ ਹੋਈ। ਇਸ ਮੌਕੇ ਸ਼੍ਰੀ ਸਹਿਜ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਈ ਹਰਜਿੰਦਰ ਸਿੰਘ ਦੇ ਕੀਰਤਨੀ ਜੱਥੇ ਨੇ ਵੈਰਾਗਮਈ ਕੀਰਤਨ ਕੀਤਾ। ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ, ਹਰੀਸ਼ ਚੰਦਰ ਮੈਂਬਰ ਜ਼ਿਲ੍ਹਾ ਕਾਰਜਕਾਰਨੀ ਬੀਜੇਪੀ, ਰਾਜੀਵ ਸਿੰਗਲਾ ਜ਼ਿਲ੍ਹਾ ਜਨਰਲ ਸੈਕਟਰੀ ਬੀਜੇਪੀ, ਦਰਸ਼ਨ ਸਿੰਘ ਕਰਵਲ ਪ੍ਰਧਾਨ ਨਗਰ ਕੌਂਸ਼ਿਲ ਆਦਮਪੁਰ ਤੇ ਹੋਰ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਗੁਰਮੇਲ ਸਿੰਘ ਨੂੰ ਸ਼ਰਧਾਜਲੀਆਂ ਦਿੱਤੀਆਂ। ਟੀਨੂੰ ਨੇ ਸਵ. ਗੁਰਮੇਲ ਸਿੰਘ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਗੁਰਮੇਲ ਸਿੰਘ ਦੇ ਜਾਣ ਨਾਲ ਉਸਦੇ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਉਹ ਉਸ ਘਾਟ ਨੂੰ ਤਾਂ ਪੂਰਾ ਨਹੀਂ ਕਰ ਸਕਦੇ ਪਰ ਇਸ ਦੁੱਖ ਦੀ ਘੜੀ 'ਚ ਉਹ ਤੇ ਉਨ੍ਹਾਂ ਦੀ ਪਾਰਟੀ ਉਨ੍ਹਾਂ ਦੇ ਨਾਲ ਖੜੀ ਹੈ। ਉਨ੍ਹਾਂ ਕਿਹਾ ਕਿ ਗੁਰਮੇਲ ਸਿੰਘ ਜੋ ਕਿ ਏਅਰਫੋਰਸ ਚ ਦੇਸ਼ ਦੀ ਸੇਵਾ ਕਰਦੇ ਬੇਦਾਗ ਸੇਵਾ ਮੁਕਤ ਹੋਏ ਹਨ ਸੇਵਾ ਮੁਕਤੀ ਤੋਂ ਬਾਅਦ ਉਹ 24 ਘੰਟੇ ਜਰੂਰਤਮੰਦ ਲੋਕਾਂ ਸੇਵਾ ਕਰਦੇ ਰਹੇ। ਇਸ ਮੌਕੇ ਬਲਦੇਵ ਕੌਰ ਪਤਨੀ , ਸੁਖਵਿੰਦਰ ਸਿੰਘ ਬੇਟਾ, ਪਰਮਿੰਦਰ ਸਿੰਘ ਬੇਟਾ, ਬਲਜੀਤ ਕੌਰ ਬੇਟੀ ਨਰਿੰਦਰ ਕੌਰ ਨੂੰਹ, ਚਰਨਜੀਤ ਸਿੰਘ ਜਵਾਈ,ਗੁਰਨੂਰ ਸਿੰਘ ਤੇ ਜਸਨੂਰ ਸਿੰਘ ਦੋਵੇਂ ਪੋਤਰੇ,ਜਗਦੀਸ਼ ਲਾਲ ਚੇਅਰਮੈਨ ਇੰਪੀਰੀਅਲ ਸਕੂਲ, ਜਗਮੋਹਨ ਅਰੋੜਾ ਡਾਇਰੈਕਟਰ ਇੰਪੀਰੀਅਲ ਸਕੂਲ,ਹਰਜਿੰਦਰ ਸਿੰਘ ਕਰਵਲ ਕੌਂਸਲਰ, ਭਾਈ ਘਨਈਆ ਜੀ ਚੈਰੀਟੇਬਲ ਬਲੱਡ ਬੈਂਕ ਮਾਡਲ ਟਾਊਨ ਹੁਸ਼ਿਆਰਪੁਰ ਦੇ ਪ੍ਰਧਾਨ ਜਸਦੀਪ ਸਿੰਘ ਪਾਹਵਾ ਉਨ੍ਹਾਂ ਦੇ ਸਮੂਹ ਮੈਂਬਰ, ਐਸ ਡੀ ਉ ਗੁਰਮੀਤ ਸਿੰਘ, ਕੁਲਵਿੰਦਰ ਸਿੰਘ ਟੋਨੀ, ਸੰਜੀਵ ਜੋਗੀ ਗਾਂਧੀ, ਗੁਰਚਰਨ ਰਾਏ ਸ਼ਿੰਗਾਰੀ, ਗੁਰਮੁਖ ਸਿੰਘ, ਹਰਵਿੰਦਰ ਸਿੰਘ ਭੂਈ, ਹਰਵਿੰਦਰ ਸਿੰਘ,ਬਾਬਾ ਨਰਿੰਦਰ ਕੁਮਾਰ ਆਦਮਪੁਰ,ਧਰਮਿੰਦਰ ਸਿੱਧੂ,ਵਿਨੋਦ ਕੁਮਾਰ, ਗੋਲਡੀ, ਬਾਬਾ ਸੁਰਿੰਦਰ ਸ਼ਿੰਦਾ,ਹਰਪ੍ਰੀਤ ਸਿੰਘ,ਰਮਨ ਦਵੇਸਰ,ਰਣਦੀਪ ਸਿੱਧੂ,ਜੋਗਰਾਜ ਸਿੰਘ ਦਿਓਲ,ਪਰਮਜੀਤ ਸਿੰਘ,ਤਰਨਜੋਤ ਸਿੰਘ ਹਾਜਰ ਸਨ।

# ਬੱਬਰ ਅਕਾਲੀ ਕਰਮ ਸਿੰਘ ਦਾ ਪਿੰਡ ਦੌਲਤਪੁਰ ਗ਼ਦਰੀ ਬਾਬਿਆਂ ਦੇ ਮੇਲੇ ਲਈ ਲੈ ਕੇ ਆਇਆ ਰਾਸ਼ਨ



**ਜਲੰਧਰ (ਨ ਜ਼ ਸ)**-ਬੱਬਰ ਅਕਾਲੀ ਲਹਿਰ ਦੇ ਸ਼ਹੀਦ ਕਰਮ ਸਿੰਘ ਦੌਲਤਪੁਰ ਦੇ ਨਗਰ ਦੌਲਤਪੁਰ (ਸ਼ਹੀਦ ਭਗਤ ਸਿੰਘ ਨਗਰ) ਤੋਂ ਚਰਨਜੀਤ ਸਿੰਘ ਦੌਲਤਪੁਰ, ਉਹਨਾਂ ਦੇ ਸਪੁੱਤਰ ਬਰਜਿੰਦਰਪਾਲ ਸਿੰਘ ਅਤੇ ਇਸ ਨਗਰ ਤੋਂ ਹੀ ਹਰਪ੍ਰੀਤ ਸਿੰਘ 30, 31 ਅਕਤੂਬਰ ਅਤੇ ਪਹਿਲੀ ਨਵੰਬਰ ਸਾਰਾ ਦਿਨ, ਸਾਰੀ ਰਾਤ ਚੱਲਣ ਵਾਲੇ ਗ਼ਦਰੀ ਬਾਬਿਆਂ ਦੇ ਮੇਲੇ ਲਈ ਦੇਸ਼ ਭਗਤ ਯਾਦਗਾਰ ਹਾਲ ਰਾਸ਼ਨ ਲੈ ਕੇ ਆਏ।

ਉਹਨਾਂ ਦੀ ਆਮਦ ਨੂੰ ਜੀ ਆਇਆਂ ਕਹਿੰਦੇ ਹੋਏ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਦੇਖ-ਰੇਖ ਕਮੇਟੀ ਦੇ ਕਨਵੀਨਰ ਰਣਜੀਤ ਸਿੰਘ ਔਲਖ ਅਤੇ ਮਿਊਜ਼ੀਅਮ ਕਮੇਟੀ ਦੇ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ ਨੇ ਸ਼ਹੀਦਾਂ ਦੇ ਨਗਰ ਦੌਲਤਪੁਰ ਤੋਂ ਆਏ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਤਾਬਾਂ ਦੇ ਸੈੱਟ ਨਾਲ ਸਨਮਾਨ ਕੀਤਾ। ਇਸ ਮੌਕੇ ਕਮੇਟੀ ਦੀ ਤਰਫ਼ੋਂ ਇਹਨਾਂ ਹਾਜ਼ਰ ਪ੍ਰਤੀਨਿਧਾਂ ਨੇ ਦੱਸਿਆ ਕਿ 'ਗ਼ਦਰੀ ਬਾਬਿਆਂ ਦਾ ਮੇਲਾ, ਲੋਕਾਂ ਦੁਆਰਾ, ਲੋਕਾਂ ਲਈ ਮੇਲਾ' ਦੇ ਸੰਕਲਪ ਨੂੰ ਅਮਲੀ ਜਾਮਾ ਪਹਿਨਾ ਗ਼ਦਰੀ ਬਾਬਿਆਂ, ਬੱਬਰ ਅਕਾਲੀਆਂ, ਸਮੂਹ ਦੇਸ਼ ਭਗਤਾਂ ਦੇ ਪਿੰਡਾਂ ਅਤੇ ਜਨਤਕ ਜੱਥੇਬੰਦੀਆਂ ਵੱਲੋਂ ਭਰਵਾਂ ਹੁੰਗਾਰਾ ਭਰਦਿਆਂ ਰਾਸ਼ਨ, ਰਾਸ਼ੀ ਅਤੇ ਮੇਲੇ ਦੇ ਦਿਨਾਂ 'ਚ ਚਾਹ ਲਈ ਦੁੱਧ ਆਦਿ ਦੀਆਂ ਸੇਵਾਵਾਂ ਦੀ ਪੂਰਤੀ ਲਈ ਉਤਸ਼ਾਹਜਨਕ ਹੁੰਗਾਰਾ ਮਿਲ ਰਿਹਾ ਹੈ। ਰਾਸ਼ਨ ਲੈ ਕੇ ਆਏ ਵਫ਼ਦ ਦੀ ਅਗਵਾਈ ਕਰ ਰਹੇ ਚਰਨਜੀਤ ਸਿੰਘ ਦੌਲਤਪੁਰ ਨੇ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਦੇਸ਼ ਭਗਤ ਯਾਦਗਾਰ ਕਮੇਟੀ, ਆਜ਼ਾਦੀ ਸੰਗਰਾਮ ਦੇ ਅਣਗੌਲੇ, ਅਣਮੁੱਲੇ ਇਤਿਹਾਸ ਨੂੰ ਵਰਤਮਾਨ ਚੁਣੌਤੀਆਂ ਦੇ ਦੌਰ 'ਚ ਸਾਹਮਣੇ ਲਿਆਉਣ ਲਈ ਜੋ ਮੇਲਾ ਲਾਉਣ ਦਾ ਉੱਦਮ ਕਰ ਰਹੀ ਹੈ। ਉਹਨਾਂ ਦੱਸਿਆ ਕਿ ਪਿੰਡ ਦੌਲਤਪੁਰ ਹੁੰਮ ਹੁੰਮਾ ਕੇ ਮੇਲੇ 'ਚ ਸ਼ਾਮਲ ਹੋਏਗਾ।

# ਸਿਲਵਰ ਓਕ ਸਕੂਲ ਦੀ ਜਸਨੂਰ ਤੇ ਤ੍ਰਿਪਤੀ ਨੇ ਕਿੱਕ ਬਾਕਸਿੰਗ 'ਚ ਸਟੇਟ ਲੈਵਲ 'ਤੇ ਕੀਤਾ ਕਬਜ਼ਾ







**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ )**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਦੇ ਖਿਡਾਰੀਆਂ ਜਸਨੂਰ ਕੌਰ ਅਤੇ ਤ੍ਰਿਪਤੀ ਨੇ ਖੇਡਾਂ ਵਤਨ ਪੰਜਾਬ ਦੀਆਂ ਦੇ ਸਟੇਟ ਲੈਵਲ ਕਿੱਕ ਬਾਕਸਿੰਗ ਮੁਕਾਬਲਿਆਂ ਦੇ ਵਿੱਚ ਆਪੋ ਆਪਣੀ ਕੈਟਾਗਰੀ ਦੇ ਵਿੱਚ ਬਾ-ਕਮਾਲ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲਾਂ ਤੇ ਆਪਣਾ ਕਬਜਾ ਕੀਤਾ। ਇਸ ਦੇ ਨਾਲ ਹੀ ਹੁਸ਼ਿਆਰਪੁਰ ਦੀਆਂ ਜ਼ਿਲ੍ਹਾ ਪੱਧਰ ਦੀਆਂ ਖੇਡਾਂ ਦੇ ਵਿੱਚ ਸਕੂਲ ਦੇ ਵਿਦਿਆਰਥੀ ਕਰਤੱਵਯ ਨੇ ਵੀ ਹਾਈ ਜੰਪ ਦੀ ਕੈਟਾਗਰੀ ਦੇ ਵਿੱਚ ਗੋਲਡ ਮੈਡਲ ਹਾਸਲ ਕੀਤਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਹਨਾਂ ਬੱਚਿਆਂ ਅਤੇ ਉਹਨਾਂ ਦੇ ਕੋਚਾਂ ਦੀ ਇਸ ਉਪਲਬਧੀ ਦੇ ਲਈ ਉਹਨਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਨੀ, ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ, ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਨੀ, ਅਸ਼ਿਵਨੀ, ਸੁਰੇਸ਼, ਅਰਚਣਾ, ਗੁਰਪ੍ਰੀਤ, ਰਾਜਵੀਰ ਕੌਰ, ਰਾਜਵਿੰਦਰ,ਸੁਮਨ, ਹਰਜੀਤ ਕੌਰ, ਗੁਰਦੇਵ ਸਿੰਘ, ਹਰਜੀਤ ਸਿੰਘ ਤੇ ਬਾਕੀ ਸਟਾਫ ਮੈਂਬਰ ਮੌਜੂਦ ਸਨ।

# ਮੀਤ ਹੇਅਰ ਵੱਲੋਂ 115 ਨੌਜਵਾਨ ਐਡਵੈਂਚਰ ਤੇ ਟਰੈਕਿੰਗ ਕੈਂਪ ਲਈ ਮਨਾਲੀ ਰਵਾਨਾ



**ਚੰਡੀਗੜ੍ਹ, (ਗੁਰਜੀਤ ਬਿੱਲਾ)**—ਸੂਬੇ ਦੇ ਨੌਜਵਾਨਾਂ ਵਿੱਚ ਲੀਡਰਸ਼ਿਪ ਗੁਣ ਪੈਦਾ ਕਰਨ ਅਤੇ ਸਿਹਤਮੰਦ ਗਤੀਵਿਧੀਆਂ ਨਾਲ ਜੁੜਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਉਤੇ ਯੁਵਕ ਸੇਵਾਵਾਂ ਵਿਭਾਗ ਵੱਲੋਂ 230 ਨੌਜਵਾਨਾਂ ਨੂੰ ਮਨਾਲੀ ਵਿਖੇ ਐਡਵੈਂਚਰ ਤੇ ਟਰੈਕਿੰਗ ਕੈਂਪ ਲਈ ਚੁਣਿਆ ਗਿਆ ਹੈ। ਯੁਵਕ ਸੇਵਾਵਾਂ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਤੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਵੱਲੋਂ ਦੋ ਬੱਸਾਂ ਨੂੰ ਹਰੀ ਝੰਡੀ ਦੇ ਕੇ ਪਹਿਲੇ ਫੇਜ਼ ਵਿੱਚ 10 ਰੋਜ਼ਾ ਕੈਂਪ ਲਈ 115 ਨੌਜਵਾਨਾਂ ਨੂੰ ਰਵਾਨਾ ਕੀਤਾ ਗਿਆ।

ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਦੇ ਨਿਰਦੇਸ਼ਾਂ ਉਤੇ ਨਵੀਂ ਯੁਵਾ ਨੀਤੀ ਛੇਤੀ ਬਣ ਰਹੀ ਹੈ ਜਿਸ ਨਾਲ ਸੂਬੇ ਦੇ ਨੌਜਵਾਨਾਂ ਨੂੰ ਅੱਗੇ ਲਿਆਂਦਾ ਜਾਵੇਗਾ ਅਤੇ ਯੁਵਕਾਂ ਦੀ ਸ਼ਮੂਲੀਅਤ ਵਾਲੀਆਂ ਗਤੀਵਿਧੀਆਂ ਹੋਰ ਵਧਾਈਆਂ ਜਾਣਗੀਆਂ। ਉਨ੍ਹਾਂ ਕਿ ਮੌਜੂਦਾ ਸਰਕਾਰ ਵੱਲੋਂ ਪਿਛਲੇ ਕਈ ਸਾਲਾਂ ਤੋਂ ਰੁਕੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਸ਼ੁਰੂ ਕੀਤੇ ਗਏ। ਇਸੇ ਤਰ੍ਹਾਂ ਆਉਣ ਵਾਲੇ ਸਮੇਂ ਵਿੱਚ ਯੂਥ ਕਲੱਬਾਂ ਦੀ ਭੂਮਿਕਾ ਸਰਗਰਮ ਕਰਨ ਲਈ ਐਵਾਰਡ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਦੇ ਵਸੋਂ ਵਿੱਚ ਨੌਜਵਾਨਾਂ ਦਾ ਵੱਡਾ ਹਿੱਸਾ ਹੋਣ ਕਰਕੇ ਸਰਕਾਰ ਵੱਲੋਂ ਨੌਜਵਾਨਾਂ ਲਈ ਵੱਡੀਆਂ ਯੋਜਨਾਵਾਂ ਉਲੀਕੀਆਂ ਗਈਆਂ ਹਨ। ਸਰਕਾਰ ਵੱਲੋਂ ਮਹਿਜ਼ ਡੇਢ ਸਾਲ ਦੌਰਾਨ 37000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ। ਯੁਵਕ ਸੇਵਾਵਾਂ ਮੰਤਰੀ ਨੇ ਨੌਜਵਾਨਾਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਸਾਹਸੀ, ਸਿਹਤਮੰਦ ਅਤੇ ਮਨੋਰੰਜਕ ਗਤੀਵਿਧੀਆਂ ਰਾਹੀਂ ਉਨ੍ਹਾਂ ਦੀ ਸ਼ਖ਼ਸ਼ੀਅਤ ਨਿੱਖਰ ਕੇ ਸਾਹਮਣੇ ਆਉਂਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਸਮਾਜਿਕ ਅਲਾਮਤਾਂ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਖਾਸ ਕਰਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂੰ ਕਰਵਾਉਣ ਅਤੇ ਪਰਾਲੀ ਸਾੜਨ ਨਾਲ ਪਲੀਤ ਹੁੰਦੇ ਵਾਤਾਵਰਣ ਨੂੰ ਬਚਾਉਣ ਲਈ ਅੱਗੇ ਆਉਣ। ਮੀਤ ਹੇਅਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਜ਼ਿਲੇ ਵਿੱਚ 10-10 ਨੌਜਵਾਨ ਚੁਣੇ ਗਏ ਹਨ ਅਤੇ ਕੁੱਲ 230 ਨੌਜਵਾਨਾਂ ਨੂੰ ਦੋ ਗਰੁੱਪਾਂ ਵਿੱਚ ਵੰਡ ਕੇ ਅਟਲ ਬਿਹਾਰੀ ਵਾਜਪਾਈ ਇੰਸਟੀਚਿਊਟ ਆਫ਼ ਮਾਊਂਟੇਨਰਿੰਗ ਐਂਡ ਅਲਾਇੰਡ ਸਪੋਰਟਸ ਮਨਾਲੀ ਭੇਜਿਆ ਜਾ ਰਿਹਾ ਹੈ। ਰਵਾਨਾ ਹੋਏ 115 ਨੌਜਵਾਨ 12 ਅਕਤੂਬਰ ਤੋਂ 21 ਅਕਤੂਬਰ ਤੱਕ ਅਤੇ ਦੂਜੇ ਗਰੁੱਪ ਵਿੱਚ 115 ਨੌਜਵਾਨ 30 ਅਕਤੂਬਰ ਤੋਂ 8 ਨਵੰਬਰ ਤੱਕ ਮਨਾਲੀ ਵਿਖੇ ਐਡਵੈਂਚਰ ਤੇ ਟਰੈਕਿੰਗ ਕੈਂਪ ਲਗਾਉਣਗੇ। ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਨੌਜਵਾਨਾਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਮੁੱਖ ਮੰਤਰੀ ਤੇ ਖੇਡ ਮੰਤਰੀ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਸਹਾਇਕ ਡਾਇਰੈਕਟਰ ਕੁਲਵਿੰਦਰ ਸਿੰਘ ਤੇ ਰੁਪਿੰਦਰ ਕੌਰ ਅਤੇ ਜ਼ਿਲ੍ਹਿਆਂ ਦੇ ਸਹਾਇਕ ਡਾਇਰੈਕਟਰ ਹਾਜ਼ਰ ਸਨ।

# ਸਰਕਾਰੀ ਹਸਪਤਾਲ ਵਿਖੇ 36ਵਾਂ ਡੈਂਟਲ ਪੰਦਰਵਾੜਾ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ )**- ਸਿਵਲ ਹਸਪਤਾਲ ਟਾਂਡਾ ਵਿਖੇ 36ਵਾਂ ਡੈਂਟਲ ਪੰਦਰਵਾੜਾ ਮਨਾਇਆ ਗਿਆ, ਜਿਸ ਵਿੱਚ ਹਲਕਾ ਵਿਧਾਇਕ ਸਰਦਾਰ ਜਸਵੀਰ ਸਿੰਘ ਰਾਜਾ ਗਿੱਲ ਦੇ ਪਿਤਾ ਮਹਿੰਦਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਇਸ ਮੌਕੇ ਡਾ: ਕਰਨ ਕੁਮਾਰ ਸੈਨੀ ਸੀਨੀਅਰ ਮੈਡੀਕਲ ਅਫਸਰ ਇੰਚ: ਸੀ.ਐਚ.ਸੀ ਟਾਂਡਾ ਨੇ ਦੱਸਿਆ ਕਿ ਇਸ ਪੰਦਰਵਾੜੇ ਦੌਰਾਨ ਗਰੀਬ ਬਜ਼ੁਰਗਾਂ ਦੇ 10 ਮੁਫਤ ਦੰਦਾਂ ਦੇ ਡੈਂਚਰ ਲਗਾਏ ਗਏ । ਇਸ ਤੋਂ ਇਲਾਵਾ ਜਰੂਰਤਮੰਦਾਂ ਦੇ ਦੰਦਾਂ ਦੀ ਜਾਂਚ , ਇਲਾਜ , ਆਰ.ਸੀ.ਟੀ, ਫਿਲਿੰਗ, ਦੰਦਾਂ ਦੀ ਸਫਾਈ ਅਤੇ ਖਰਾਬ ਦੰਦ ਕੱਢੇ ਗਏ । ਮਹਿੰਦਰ ਸਿੰਘ ਨੇ ਦੱਸਿਆ ਕਿ ਬਜ਼ੁਰਗਾਂ ਦੀ ਸਾਂਭ ਸੰਭਾਲ ਅਜੋਕੇ ਸਮੇਂ ਦੀ ਮੁੱਖ ਲੋੜ ਹੈ , ਸਾਨੂੰ ਬਜੁਰਗਾਂ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ । ਇਹ ਸਾਡਾ ਸਰਮਾਇਆ ਹੁੰਦੇ ਹਨ ।

ਉਹਨਾਂ ਨੇ ਸਮੂਹ ਸਟਾਫ ਨੂੰ ਕਿਹਾ ਕਿ ਹਸਪਤਾਲ ਵਿੱਚ ਆਏ ਹੋਏ ਲੋਕਾਂ ਨਾਲ ਅਪਣੱਤ ਅਤੇ ਪਿਆਰ ਵਾਲਾ ਰਵੱਈਆ ਅਪਣਾਉਣਾ ਚਾਹੀਦਾ ਹੈ ਤਾਂ ਜੋ ਵੱਧ ਤੋਂ ਵੱਧ ਲੋਕ ਸਿਹਤ ਸਹੂਲਤਾਂ ਦਾ ਫਾਇਦਾ ਲੈ ਸਕਣ । ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਵਰੁਣ ਨਾਇਰ (ਡੈਂਟਿਸਟ ), ਡਾ: ਭੂਪੇਨ, ਡਾ: ਬਲਜੀਤ ਕੌਰ, ਡਾ: ਹਰਪ੍ਰੀਤ ਸਿੰਘ,ਡਾ: ਕਰਨ ਸਿੰਘ ਵਿਰਕ, ਬਲਰਾਜ ਸਿੰਘ ਚੀਫ ਫਾਰਮੇਸੀ ਅਫਸਰ, ਅਵਤਾਰ ਸਿੰਘ ਬੀ.ਈ.ਈ, ਕੈਸ਼ਵ ਸੈਨੀ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਸੁਖਵਿੰਦਰ ਸਿੰਘ ਅਰੋੜਾ, , ਜੁਗਲ ਕਿਸ਼ੋਰ, ਸਚਿਨ ਪੁਰੀ , ਪ੍ਰੇਮ ਜੈਨ , ਰਾਜਨ ਸੋਢੀ, ਪ੍ਰੇਮ ਕੁਮਾਰ, ਗੁਰਮੀਤ ਬਿੱਟੂ , ਰਵੇਲ ਸਿੰਘ ਨਿਜੀ ਸਹਾਇਕ ਆਦਿ ਹਾਜ਼ਰ ਸਨ ।

# ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਡੀ ਪੀ ਰੈੱਡੀ ਸੇਵਾਮੁਕਤ



**ਚੰਡੀਗੜ੍ਹ, (ਗੁਰਜੀਤ ਬਿੱਲਾ)**—ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਅਤੇ ਸੇਵਾ ਮੁਕਤ ਆਈ.ਏ.ਐਸ. ਸ੍ਰੀ ਡੀ.ਪੀ. ਰੈਡੀ ਆਪਣਾ ਪੰਜ ਸਾਲ ਦਾ ਕਾਰਜਕਾਲ ਪੂਰਾ ਹੋਣ ਉਪਰੰਤ ਸੇਵਾ ਮੁਕਤ ਹੋਏ। ਇੱਥੇ ਸੈਕਟਰ-26 ਸਥਿਤ ਮੈਗਸੀਪਾ ਵਿਖੇ ਕਰਵਾਏ ਵਿਦਾਇਗੀ ਸਮਾਗਮ ਦੌਰਾਨ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਸੂਬੇ ਭਰ ਵਿੱਚ ਕੌਮੀ ਖੁਰਾਕ ਸੁਰੱਖਿਆ ਐਕਟ, 2013 ਨੂੰ ਲਾਗੂ ਕਰਨ ਲਈ ਅਣਥੱਕ ਯਤਨ ਕੀਤੇ ਤਾਂ ਜੋ ਸਾਰਿਆਂ ਖਾਸ ਕਰਕੇ ਸਮਾਜ ਦੇ ਕਮਜ਼ੋਰ ਵਰਗਾਂ ਲਈ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਜ਼ਿਕਰਯੋਗ ਹੈ ਕਿ ਰੈਡੀ ਵੱਲੋਂ ਕਮਿਸ਼ਨ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਕਮਿਸ਼ਨ ਦੇ ਚੇਅਰਮੈਨ ਅਤੇ ਮੈਂਬਰ ਵੱਖ-ਵੱਖ ਥਾਵਾਂ ਤੋਂ ਕੰਮ ਕਰਦੇ ਸਨ। ਉਨ੍ਹਾਂ ਨੇ ਕਮਿਸ਼ਨ ਦੀ ਵੈਬਸਾਈਟ ਬਣਾਉਣ ਲਈ ਯਤਨ ਕਰਨ ਦੇ ਨਾਲ ਨਾਲ ਚੇਅਰਮੈਨ ਅਤੇ ਮੈਂਬਰਾਂ ਨੂੰ ਇੱਕੋ ਥਾਂ ਇਕੱਠੇ ਕੰਮ ਕਰਨ ਦੀ ਪਹਿਲਕਦਮੀ ਵੀ ਆਰੰਭੀ ਅਤੇ ਮੌਜੂਦਾ ਸਮੇਂ, ਪੰਜਾਬ ਰਾਜ ਖੁਰਾਕ ਕਮਿਸਨ ਮਗਸੀਪਾ, ਸੈਕਟਰ 26 ਤੋਂ ਕੰਮ ਕਰ ਰਿਹਾ ਹੈ। ਇਸ ਤੋਂ ਇਲਾਵਾ ਕਮਿਸ਼ਨ ਦੇ ਫੇਸਬੁੱਕ, ਟਵਿਟਰ ਅਤੇ ਇੰਸਟਾਗ੍ਰਾਮ 'ਤੇ ਸੋਸ਼ਲ ਮੀਡੀਆ ਹੈਂਡਲ ਵੀ ਤਿਆਰ ਕਰਨ ਦੇ ਨਾਲ ਨਾਲ ਕਮਿਸ਼ਨ ਦੀ ਹੈਲਪਲਾਈਨ ਵੀ ਸਥਾਪਿਤ ਕੀਤੀ ਗਈ ਸੀ ਜਿਸ 'ਤੇ ਲੋਕਾਂ ਵੱਲੋਂ ਸ਼ਿਕਾਇਤਾਂ ਦਰਜ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਸਕੂਲ ਸਿੱਖਿਆ ਵਿਭਾਗ ਨੂੰ ਹੋਰਨਾਂ ਸੂਬਿਆਂ ਵਾਂਗ ਵਿਦਿਆਰਥੀਆਂ ਨੂੰ ਕੇਲੇ, ਅੰਡੇ ਅਤੇ ਫਲੇਵਰਡ ਦੁੱਧ ਦੇਣ ਦੀ ਵੀ ਸਲਾਹ ਦਿੱਤੀ ਗਈ ਅਤੇ ਮਿਡ ਡੇ ਮੀਲ ਸਕੀਮ ਤਹਿਤ 10ਵੀਂ ਜਮਾਤ ਨੂੰ ਕਵਰ ਕਰਨ ਦੀ ਵੀ ਸਲਾਹ ਦਿੱਤੀ ਗਈ। ਕਮਿਸ਼ਨ ਦੀਆਂ ਸਾਲ 2015-16 ਤੋਂ 2020-21 ਤੱਕ ਦੀਆਂ ਸਾਲਾਨਾ ਰਿਪੋਰਟਾਂ ਪੰਜਾਬ ਵਿਧਾਨ ਸਭਾ ਅੱਗੇ ਪੇਸ਼ ਕਰਨ ਲਈ ਸੂਬਾ ਸਰਕਾਰ ਨੂੰ ਸੌਂਪ ਦਿੱਤੀਆਂ ਗਈਆਂ ਹਨ।

# ਜੋਨਲ ਐਥਲੈਟਿਕ ਮੀਟ 'ਚ ਵੁਡਬਰੀ ਸਕੂਲ ਨੇ ਮਾਰੀਆਂ ਮੱਲਾਂ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ ):-** ਸਾਲ 2023 ਦੇ ਦੌਰਾਨ ਖੇਡ ਸਟੇਡੀਅਮ ਡੱਲੀ ਵਿੱਚ ਹੋ ਰਹੀਆਂ ਜੋਨਲ ਐਥਲੀਟ ਮੁਕਾਬਲੇ ਵਿੱਚ ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਇੱਕ ਗੋਲਡ , ਛੇ ਸਿਲਵਰ ਅਤੇ ਚਾਰ ਬਰੋਨਜ਼ ਮੈਡਲ ਜਿੱਤ ਕੇ ਸਕੂਲ ਦੀ ਝੋਲੀ ਪਾਏ, ਜਿਸ ਕਰਕੇ ਬੱਚਿਆਂ ,ਮਾਪਿਆਂ ਅਤੇ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੇਖੀ ਗਈ। ਮੁਕਾਬਲੇ ਦੌਰਾਨ ਡਿਸਕਸ ਥਰੋ ਅੰਡਰ 14 ਵਿੱਚ ਜੈਸਮੀਨ ਫੁੱਲ(8ਵੀਂ) ਨੇ ਪਹਿਲਾ ਤੇ ਦੂਜਾ ਸਥਾਨ ਅਵਨੂਰ ਕੌਰ(8ਵੀਂ) ਨੇ ਲਿਆ , ਲੌਂਗ ਜੰਪ ਅੰਡਰ 14 ਵਿੱਚ ਲੀਜਾ(8ਵੀਂ) ਨੇ ਦੂਜਾ ਤੇ ਪਰਵੀਨ (9ਵੀਂ) ਨੇ ਤੀਸਰਾ ਸਥਾਨ ਹਾਸਿਲ ਕੀਤਾ , ਹਾਈ ਜੰਪ ਅੰਡਰ 14 ਵਿੱਚ ਮੰਨਤ(8ਵੀਂ) ਨੇ ਦੂਜਾ ਸਥਾਨ, ਸਾਰਟ ਪੁੱਟ ਅੰਡਰ 14 ਵਿਚ ਜੈਸਮੀਨ ਫੁੱਲ (8ਵੀਂ) ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਦੇ ਨਾਲ ਹੀ 800 ਮੀਟਰ ਰੇਸ ਵਿੱਚ ਹਰਸਿਮਰਨ ਕੌਰ (9ਵੀਂ) ਨੇ ਦੂਜਾ ਤੇ ਅੰਮ੍ਰਿਤਪ੍ਰੀਤ ਕੌਰ(10ਵੀਂ) ਨੇ ਤੀਸਰਾ ਸਥਾਨ ਲਿਆ , ਪਵਨਜੋਤ ਸਿੰਘ (7ਵੀਂ) ਨੇ ਅੰਡਰ 14 ਜੋਨ ਵਿੱਚ ਲੌਂਗ ਜੰਪ ਵਿੱਚ ਤੀਜਾ ਸਥਾਨ ਲਿਆ। ਸਕੂਲ ਪ੍ਰਿੰਸੀਪਲ ਡਾ. ਸੁਮਨ ਡਡਵਾਲ ਨੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ।

# ਇਨਵਾਇਰਮੈਂਟ ਐਸੋਸੀਏਸ਼ਨ ਨੇ ਬਲੱਡ ਬੈਂਕ ਵਿਖੇ ਮਨਾਇਆ ਵਿਸ਼ਵ ਕੁਦਰਤ ਦਿਵਸ



**ਫਗਵਾੜਾ ( ਡਾ. ਰਮਨ, ਢੱਡਾ)** ਵਿਸ਼ਵ ਕੁਦਰਤ ਦਿਵਸ ਮੌਕੇ ਸਥਾਨਕ ਬਲੱਡ ਬੈਂਕ ਦੇ ਕਾਨਫਰੰਸ ਹਾਲ ਵਿੱਚ ਸਮਾਗਮ ਕਰਵਾਇਆ ਗਿਆ। ਬਲੱਡ ਬੈਂਕ ਦੇ ਸਰਪ੍ਰਸਤ ਅਤੇ ਐਸੋਸੀਏਸ਼ਨ ਦੇ ਪ੍ਰਧਾਨ ਕੇ.ਕੇ.ਸਰਦਾਨਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਾਤਾਵਰਨ ਪ੍ਰੇਮੀ ਡਾ: ਅਮਰਜੀਤ ਚੌਸਰ ਦੀ ਬਰਸੀ ਨੂੰ ਸਮਰਪਿਤ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ ਹੇਠ ਕਰਵਾਏ ਗਏ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਐਸ.ਡੀ.ਐਮ. ਫਗਵਾੜਾ ਜਸਪ੍ਰੀਤ ਸਿੰਘ ਸ਼ਾਮਲ ਹੋਏ। ਉਹਨਾਂ ਨੇ ਸ਼ਮ੍ਹਾ ਰੋਸ਼ਨ ਕਰਕੇ ਸਮਾਗਮ ਦਾ ਆਗਾਜ਼ ਕਰਨ ਉਪਰੰਤ ਆਪਣੇ ਸੰਦੇਸ਼ ਵਿੱਚ ਕਿਹਾ ਕਿ ਹਵਾ, ਪਾਣੀ, ਧਰਤੀ, ਰੁੱਖ, ਪੌਦੇ ਆਦਿ ਸਾਰੇ ਕੁਦਰਤੀ ਸੋਮੇ ਮਨੁੱਖਤਾ ਦਾ ਪੋਸ਼ਣ ਕਰਦੇ ਹਨ, ਇਸ ਲਈ ਸਾਨੂੰ ਇਨ੍ਹਾਂ ਦੀ ਸੰਭਾਲ ਕਰਨੀ ਚਾਹੀਦੀ ਹੈ। ਮਲਕੀਅਤ ਸਿੰਘ ਰਘਬੋਤਰਾ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਲੋਕਾਂ ਨੂੰ ਕੁਦਰਤ ਪ੍ਰਤੀ ਪਿਆਰ ਅਤੇ ਕੁਦਰਤੀ ਸੋਮਿਆਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਹੈ ਤਾਂ ਜੋ ਲੋਕ ਇਸ ਨੂੰ ਆਪਣਾ ਫਰਜ਼ ਸਮਝਦੇ ਹੋਏ ਕੁਦਰਤ ਦੀ ਰੱਖਿਆ ਲਈ ਅੱਗੇ ਆਉਣ। ਇਸ ਦੌਰਾਨ ਨੈਸ਼ਨਲ ਐਵਾਰਡੀ ਮਾਸਟਰ ਗੁਰਮੀਤ ਸਿੰਘ ਨੇ ਮੌਸਮੀ ਤਬਦੀਲੀਕਰਣ, ਗਲੋਬਲ ਵਾਰਮਿੰਗ ਅਤੇ ਜੀਵ-ਜੰਤੂਆਂ ਦੇ ਲੁਪਤ ਹੋਣ ਦੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਡਾ: ਇੰਦਰਜੀਤ ਸਿੰਘ ਵਾਸੂ ਨੇ ਗੁਰਬਾਣੀ ਦੇ ਵਾਕ ਰਾਹੀਂ ਕੁਦਰਤ ਦੀ ਰੱਖਿਆ ਕਰਨ ਦਾ ਸੁਨੇਹਾ ਦਿੱਤਾ। ਸਮਾਗਮ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਦੇ ਵਿਦਿਆਰਥੀ ਆਪਣੇ ਅਧਿਆਪਕ ਅਭੀ ਰਾਮ ਸਿਆਲ ਦੀ ਅਗਵਾਈ ਹੇਠ ਹਾਜ਼ਰ ਸਨ। ਉਨ੍ਹਾਂ ਨੇ ਕਵਿਤਾਵਾਂ ਰਾਹੀਂ ਆਪਣਾ ਸੰਦੇਸ਼ ਦਿੱਤਾ। ਇਸ ਮੌਕੇ ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਵਿਸ਼ਵਾਮਿੱਤਰ ਸ਼ਰਮਾ, ਗੁਲਾਬ ਸਿੰਘ ਠਾਕੁਰ, ਐੱਸ.ਸੀ. ਚਾਵਲਾ, ਪ੍ਰੇਮ ਪਾਲ ਸਰੋਆ, ਸੁਧਾ ਬੇਦੀ, ਰਾਜਪਾਲ ਨਹਿਰਾ ਆਦਿ ਹਾਜ਼ਰ ਸਨ।

# ਅੱਜ ਬਿਜਲੀ ਬੰਦ ਰਹੇਗੀ

**ਫਿਲੌਰ (ਬੀ ਐਸ ਕੈਨੇਡੀ)**—ਸਹਾਇਕ ਇੰਜ. ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ. ਫਿਲੌਰ ਨੇ ਆਮ ਜਨਤਾ ਨੂੰ ਸੂਚਿਤ ਕੀਤਾ ਕਿ ਫਿਲੌਰ 11 ਕੇ ਵੀ ਲਾਈਨਾਂ ਦੀ ਜਰੂਰੀ ਮੁਰੰਮਤ ਲਈ 14 ਅਕਤੂਬਰ ਨੂੰ ਰੇਲਵੇ ਰੋਡ ਫੀਡਰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗਾ, ਜਿਸ ਨਾਲ ਪੰਜਢੇਰਾ ਜਗਤਪੁਰਾ ਰਾਮਗੜ ਗੋਬਿੰਦਵਾਲ ਸਨੀ ਗਾਉ ਬੋਹੜ ਵਾਲਾ ਮੁਹੱਲਾ ਮਾਤਾ ਕਲਸੀ ਨਗਰ ਮਈਆਂ ਮੰਦਿਰ ਦੇ ਨੇੜੇ ਵਾਲੀ ਗਲੀ ਫਰੈਂਡ ਰੋਡ ਦੀ ਬਿਜਲੀ ਬੰਦ ਰਹੇਗੀ।

# ਮੇਰੀ ਮਿੱਟੀ ਮੇਰਾ ਦੇਸ਼ ਮੁਹਿੰਮ ਤਹਿਤ ਕਰਵਾਇਆ ਸਮਾਰੋਹ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**-ਬਲਾਕ ਨੂਰਪੁਰ ਬੇਦੀ ਵਿਖੇ ਅੰਮ੍ਰਿਤ ਮਹਾਉਤਸਵ ਅਧੀਨ ਮੇਰੀ ਮਿੱਟੀ ਮੇਰਾ ਦੇਸ਼ ਮੁਹਿੰਮ ਤਹਿਤ ਅਮਰਦੀਪ ਸਿੰਘ ਗੁਜਰਾਲ ਵਧੀਕ ਡਿਪਟੀ ਕਮਿਸ਼ਨਰ ਰੂਪਨਗਰ



ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦਰਸ਼ਨ ਸਿੰਘ ਵੱਲੋਂ ਪੰਚਾਇਤ ਸਿੰਬਲ ਮਾਜਰਾ ਵਿਖੇ ਮੇਰੀ ਮਿੱਟੀ ਮੇਰਾ ਦੇਸ਼ ਪ੍ਰੋਗਰਾਮ ਕਰਵਾਇਆ ਗਿਆ। ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦਰਸ਼ਨ ਸਿੰਘ ਨੇ ਦੱਸਿਆ ਕਿ ਇਹ ਮੁਹਿੰਮ ਪੰਜਾਬ ਦੇ ਸਮੂਹ ਬਲਾਕਾਂ ਵਿਚ ਕਰਵਾਈ ਜਾ ਰਹੀ ਹੈ। ਇਸ ਸਬੰਧੀ ਬਲਾਕ ਪ੍ਰੋਗਰਾਮ ਮੈਨੇਜਰ ਰੇਖਾ ਸ਼ਰਮਾ, ਅਕਾਸ਼ ਗੌਤਮ, ਕਲਸਟਰ ਕੋਆਰਡੀਨੇਟਰ (ਪੀ.ਐਸ.ਆਰ.ਐਲ.ਐਮ) ਅਤੇ ਰਮਨ ਕੁਮਾਰ ਅਸਿਸਟੈਂਟ ਪ੍ਰੋਗਰਾਮ ਅਫਸਰ (ਮਗਨਰੇਗਾ) ਵੱਲੋਂ ਸੰਬੋਧਨ ਕਰਦੇ ਹੋਏ ਕਿਹਾ ਕਿ ਇਹ ਅੰਮ੍ਰਿਤ ਕਲਸ਼ ਯਾਤਰਾ ਦੀ ਰਾਜਧਾਨੀ ਦਿੱਲੀ ਵਿਖੇ ਭੇਜਣ ਲਈ ਇਕੱਠੀ ਕੀਤੀ ਮਿੱਟੀ ਨਾਲ ਨੈਸ਼ਨਲ ਵਾਰ ਮੈਮੋਰੀਅਲ ਦਿੱਲੀ ਵਿਖੇ ਅੰਮ੍ਰਿਤ ਵਾਟਿਕਾ ਦਾ ਨਿਰਮਾਣ ਕੀਤਾ ਜਾਵੇਗਾ, ਜੋ ਕਿ ਇੱਕ ਸ੍ਰੇਸ਼ਠ ਭਾਰਤ ਦਾ ਸੁਤੰਤਰ ਪ੍ਰਤੀਕ ਬਣੇਗਾ। ਇਸ ਮੌਕੇ ਸਰਪੰਚ ਕਰਨੈਲ ਕੌਰ ਅਤੇ ਪੀ.ਐਸ.ਆਰ.ਐਲ.ਐਮ ਸਕੀਮ ਅਧੀਨ ਚੱਲ ਰਹੇ ਸੈਲਫ ਹੈਲਪ ਗਰੁੱਪ ਦੇ ਮੈਂਬਰਾਂ ਵੱਲੋਂ ਵਿਸੇਸ਼ ਸਹਿਯੋਗ ਦਿੱਤਾ ਗਿਆ। ਇਸ ਪ੍ਰੋਗਰਾਮ ਨੂੰ ਨੇਪਰੇ ਚਾੜਨ ਲਈ ਸਮੂਹ ਗ੍ਰਾਮ ਪੰਚਾਇਤ, ਪਿੰਡ ਵਾਸੀ ਅਤੇ ਬਲਾਕ ਨੂਰਪੁਰ ਬੇਦੀ ਦਾ ਸਮੂਹ ਸਟਾਫ ਹਾਜਰ ਸੀ।

# ਸਾਬਕਾ ਵਾਈਸ ਚਾਂਸਲਰ ਡਾ. ਐੱਸ ਐੱਸ ਗਿੱਲ ਨੂੰ ਅੰਤਿਮ ਵਿਦਾਇਗੀ



**ਚੰਡੀਗੜ੍ਹ, (ਗੁਰਜੀਤ ਬਿੱਲਾ)**—ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਫਾਰ ਹੈਲਥ ਸਾਇੰਸਿਜ਼ ਫਰੀਦਕੋਟ ਦੇ ਸਾਬਕਾ ਵਾਈਸ ਚਾਂਸਲਰ ਅਤੇ ਹੱਡੀਆਂ ਦੇ ਮਾਹਿਰ ਡਾ. ਐਸ.ਐਸ.ਗਿੱਲ ਨਮਿੱਤ ਅੰਤਿਮ ਸੰਸਕਾਰ ਮੌਕੇ ਸੇਜਲ ਅੱਖਾਂ ਨਾਲ ਵਿਦਾਇਗੀ ਦਿੱਤੀ ਗਈ। ਡਾ. ਗਿੱਲ ਜੋ 77 ਵਰ੍ਹਿਆਂ ਦੇ ਸਨ, ਮੁਹਾਲੀ ਵਿਖੇ ਸੰਖੇਪ ਬਿਮਾਰੀ ਉਪਰੰਤ ਚੱਲ ਵਸੇ। ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਸੈਕਟਰ 25 ਸਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਮੌਕੇ ਪਰਿਵਾਰ ਨਾਲ ਦੁੱਖ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਡਾ. ਗਿੱਲ ਦੇ ਤੁਰ ਜਾਣ ਨਾਲ ਮੈਡੀਕਲ ਸਿੱਖਿਆ ਖੇਤਰ ਨੂੰ ਵੱਡਾ ਘਾਟਾ ਪਿਆ ਹੈ। ਉਹ ਜਿੱਥੇ ਹੱਡੀਆਂ ਦੇ ਮਾਹਿਰ ਡਾਕਟਰ ਅਤੇ ਕੁਸ਼ਲ ਪ੍ਰਸ਼ਾਸਕ ਸਨ ਉਥੇ ਇਕ ਵਧੀਆ ਅਤੇ ਜ਼ਮੀਨ ਨਾਲ ਜੁੜੇ ਇਨਸਾਨ ਸਨ। ਉਨ੍ਹਾਂ ਕਿਹਾ ਕਿ ਬਰਨਾਲਾ ਜ਼ਿਲ੍ਹੇ ਦੇ ਛੋਟੇ ਜਿਹੇ ਪਿੰਡ ਦਾਨਗੜ੍ਹ ਦੇ ਜੰਮਪਲ ਡਾ. ਗਿੱਲ ਨੇ ਆਪਣੀ ਵਿਦਵਤਾ ਅਤੇ ਹਲੀਮੀ ਨਾਲ ਵੱਡੀ ਪਛਾਣ ਬਣਾਈ। ਉਹ ਪੀ.ਜੀ.ਆਈ. ਚੰਡੀਗੜ੍ਹ ਵਿਖੇ ਵੀ ਹੱਡੀਆਂ ਦੇ ਰੋਗਾਂ ਦੇ ਵਿਭਾਗ ਦੇ ਮੁਖੀ ਰਹੇ ਹਨ। ਮੀਤ ਹੇਅਰ ਨੇ ਡਾ.ਗਿੱਲ ਦੀ ਪਤਨੀ ਅਮਰਜੀਤ ਕੌਰ, ਪੁੱਤਰ ਨੂਰ ਸ਼ੇਰਗਿੱਲ ਤੇ ਬੇਟੀ ਨੂਰਇੰਦਰ ਅਤੇ ਭਤੀਜੀ ਪਰਨੀਤ ਸ਼ੇਰਗਿੱਲ ਜੋ ਕਿ ਫਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਨਾਲ ਹਮਦਰਦੀ ਕਰਦਿਆਂ ਪੰਜਾਬ ਸਰਕਾਰ ਤਰਫੋਂ ਦੁੱਖ ਸਾਂਝਾ ਕੀਤਾ। ਉਨ੍ਹਾਂ ਵਿਛੜੀ ਹੋਈ ਰੂਹ ਦੀ ਆਤਮਿਕ ਸ਼ਾਂਤੀ ਅਤੇ ਅੱਗੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ। ਇਸ ਮੌਕੇ ਮੈਡੀਕਲ ਸਿੱਖਿਆ, ਡਾਕਟਰੀ, ਸਮਾਜਿਕ, ਰਾਜਸੀ ਖੇਤਰ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਖ-ਵੱਖ ਵੱਡੀ ਗਿਣਤੀ ਵਿੱਚ ਲੋਕ, ਸੰਸਥਾਵਾਂ ਦੇ ਮੁਖੀ, ਸਾਹਿਤਕਾਰ, ਪੱਤਰਕਾਰ ਅਤੇ ਦਾਨਗੜ੍ਹ ਪਿੰਡ ਦੇ ਵਸਨੀਕ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਬਾਇਓਟੈਕਨਾਲੋਜੀ ਵਿਭਾਗ ਵੱਲੋਂ ਹੈਂਡਜ਼ ਆਨ ਟਰੇਨਿੰਗ ਵਰਕਸ਼ਾਪ



**ਜਲੰਧਰ :( ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਨੇ ਇਸੈਨਸ਼ੀਅਲ ਆਇਲ ਅਨੈਲਸਿਸ ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਅਤੇ ਭਾਗੀਦਾਰਾਂ ਦਾ ਸਵਾਗਤ ਡਾ. ਇੰਦਰਜੀਤ ਕੌਰ ਕੋ-ਪੀ.ਆਈ. ਡੀ.ਐਸ.ਟੀ. ਰਿਸਰਚ ਪ੍ਰੋਜੈਕਟ ਅਤੇ ਡਾ. ਅਰੁਣ ਦੇਵ ਸ਼ਰਮਾ, ਪੀ.ਆਈ. ਡੀ.ਐਸ.ਟੀ. ਰਿਸਰਚ ਪ੍ਰੋਜੈਕਟ ਨੇ ਕੀਤਾ। ਪ੍ਰਿੰਸੀਪਲ ਡਾ: ਜਸਪਾਲ ਸਿੰਘ ਨੇ ਇਸ ਸਿਖਲਾਈ ਪ੍ਰੋਗਰਾਮ ਲਈ ਵਿਭਾਗ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦੇ ਹੋਏ ਦੱਸਿਆ ਕਿ ਕਿਵੇਂ ਵਿਗਿਆਨ ਅਤੇ ਤਕਨਾਲੋਜੀ ਸਾਡੀ ਨਿੱਜੀ ਜ਼ਿੰਦਗੀ ਵਿੱਚ ਸ਼ਾਨਦਾਰ ਭੂਮਿਕਾ ਨਿਭਾਅ ਰਹੀ ਹੈ। ਉਨ੍ਹਾਂ ਕਿਹਾ ਕਿ ਵਿਗਿਆਨ ਦੇ ਦਾਇਰੇ ਵਿੱਚ ਸਿਖਲਾਈ ਬਹੁਤ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਦਾ ਲਾਭ ਉਠਾਉਣਾ ਚਾਹੀਦਾ ਹੈ। ਡਾ: ਅਰੁਣ ਦੇਵ ਸ਼ਰਮਾ, ਪੀ.ਆਈ. ਡੀ.ਐਸ.ਟੀ. ਪ੍ਰੋਜੈਕਟ ਨੇ ਫਾਈਟੋ ਕੈਮੀਕਲ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।

ਇਸ ਤੋਂ ਇਲਾਵਾ ਉਨ੍ਹਾਂ ਨੇ ਦੱਸਿਆ ਕਿ ਹਰਬਲ ਉਤਪਾਦਾਂ ਜਿਵੇਂ ਤੁਲਸੀ, ਸਫੇਦਾ ਤੇਲ, ਲੈਮਨ ਗਰਾਸ ਆਇਲ ਦਾ ਸੇਵਨ ਕਰਨ ਨਾਲ ਕਈ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਸਾਰੇ ਭਾਗੀਦਾਰਾਂ ਨੂੰ ਡਾ. ਗੁਰਪ੍ਰੀਤ ਸਿੰਘ ਵੱਲੋਂ ਡੀ.ਐਸ.ਟੀ. ਐਫ.ਆਈ.ਐਸ.ਟੀ. ਲੈਬ ਬਾਰੇ ਜਾਣੂ ਕਰਵਾਇਆ ਗਿਆ। ਇਸ ਤੋਂ ਇਲਾਵਾ, ਡਾ: ਅਰੁਣ ਦੇਵ ਸ਼ਰਮਾ, ਡਾ: ਇੰਦਰਜੀਤ ਕੌਰ ਅਤੇ ਸ਼੍ਰੀਮਤੀ ਅੰਮ੍ਰਿਤਾ ਦੁਆਰਾ ਸਫੈਦੇ ਦੇ ਪੱਤਿਆ ਦਾ ਤੇਲ ਕੱਢਣ ਅਤੇ ਇਸ ਦੇ ਵਿਸ਼ਲੇਸ਼ਣ ਲਈ ਹੈਂਡਸ ਆਨ ਸੈਸ਼ਨ ਦਾ ਸੰਚਾਲਨ ਕੀਤਾ ਗਿਆ। ਇਸ ਮੌਕੇ ਪ੍ਰੋ. ਸਰਬਜੀਤ ਸਿੰਘ, ਪ੍ਰੋ. ਹਰਲੀਨ ਕੌਰ, ਪ੍ਰੋ. ਕ੍ਰਿਤੀ, ਡਾ. ਗੁਰਪ੍ਰੀਤ ਸਿੰਘ, ਡਾ. ਗੋਬਿੰਦ ਰਾਮ ਅਤੇ ਹੋਰ ਅਧਿਆਪਕ ਵੀ ਹਾਜ਼ਰ ਸਨ ।

# ਦਰਸ਼ਨ ਸਿੰਘ ਨਮਿੱਤ ਅੰਤਿਮ ਅਰਦਾਸ ਅੱਜ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜਲੰਧਰ ਦੇ ਸੇਵਾਮੁਕਤ ਦਰਸ਼ਨ ਸਿੰਘ ਦੀ 5 ਅਕਤੂਬਰ ਨੂੰ ਮੌਤ ਹੋ ਗਈ ਸੀ। ਉਹ 73 ਸਾਲ ਦੇ ਸਨ। ਉਨ੍ਹਾਂ ਦੇ ਪੁੱਤਰ ਸੁਖਦੇਵ ਸਿੰਘ ਸੋਨੂੰ ਨੇ ਦੱਸਿਆ ਕਿ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ 14 ਅਕਤੂਬਰ ਨੂੰ 12 ਤੋਂ 1 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੈਮਲ ਨਗਰ ਜਲੰਧਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ ਕੀਤੀ ਜਾਵੇਗੀ।

# ਸਰਕਾਰੀ ਕੰਨਿਆ ਹਾਈ ਸਕੂਲ ਤਲਵਣ ਵਿਖੇ ਏ ਟੀ ਐਲ ਵਰਕਸ਼ਾਪ



**ਬਿਲਗਾ (ਵਿਜੇ ਕੁਮਾਰ)**- ਨਜਦੀਕੀ ਸਰਕਾਰੀ ਕੰਨਿਆ ਹਾਈ ਸਕੂਲ ਤਲਵਣ ਵਿਚ ਏ ਟੀ ਐਲ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਿਦਿਆਰਥਣਾਂ ਨੇ ਇਸ ਵਿਚ ਉਤਸ਼ਾਹ ਨਾਲ ਭਾਗ ਲਿਆ ਅਤੇ ਪ੍ਰੋਜੈਕਟ ਤਿਆਰ ਕੀਤੇ ਅਤੇ ਇਨ੍ਹਾਂ ਬਾਰੇ ਪੂਰੀ ਜਾਣਕਾਰੀ ਦਿੱਤੀ। ਇਸ ਮੌਕੇ 'ਤੇ ਸਕੂਲ ਦੇ ਇੰਚਾਰਜ ਇੰਦਰਜੀਤ ਨੇ ਸਕੂਲ ਦੀਆਂ ਵਿਦਿਆਰਥਣਾਂ ਦਾ ਉਤਸ਼ਾਹ ਵਧਾਇਆ।

# ਦੂਸਰਾ ਫਾਇਵ-ਏ-ਸਾਈਡ ਮਹਿਲਾ ਮਾਸਟਰਜ ਹਾਕੀ ਟੂਰਨਾਮੈਂਟ ਅੱਜ ਤੋਂ

**ਜਲੰਧਰ, (ਸ਼ੈਲੀ ਐਲਬਰਟ ):** ਦੂਸਰਾ ਫਾਇਵ-ਏ-ਸਾਈਡ ਮਹਿਲਾ ਮਾਸਟਰਜ ਹਾਕੀ ਟੂਰਨਾਮੈਂਟ 14 ਅਕਤੂਬਰ ਤੋਂ ਸਥਾਨਕ ਸੁਰਜੀਤ ਹਾਕੀ ਸਟੇਡੀਅਮ, ਬਲਟਰਨ ਪਾਰਕ ਵਿਖੇ ਖੇਡਿਆ ਜਾਵੇਗਾ। ਸਟਾਰ ਕਲੱਬ ਦੀ ਪ੍ਰਬੰਧ ਸਕੱਤਰ ਅਰਵਿੰਦਰ ਕੌਰ ਰੋਜੀ ਅਨੁਸਾਰ ਦੇਸ਼ ਦੀ ਨਾਮੀ ਸੁਰਜੀਤ ਹਾਕੀ ਸੁਸਾਇਟੀ ਜਲੰਧਰ ਦੇ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਇਸ ਇਕ ਰੋਜਾ ਦੂਸਰਾ ਫਾਇਵ-ਏ-ਸਾਈਡ ਮਹਿਲਾ ਮਾਸਟਰਜ ਹਾਕੀ ਟੂਰਨਾਮੈਂਟ ਵਿਚ ਕੁੱਲ 8 ਟੀਮਾਂ, ਜਿਹਨਾਂ ਵਿਚ ਸਟਾਰ ਕਲੱਬ (ਪਟਿਆਲਾ), ਐਵਰ ਗ੍ਰੀਨ ਕਲੱਬ (ਮੁਹਾਲੀ), ਜੋਤੀ ਕਲੱਬ (ਜਲੰਧਰ), ਸ਼ਹੀਦ ਭਗਤ ਸਿੰਘ ਕਲੱਬ (ਹੁਸ਼ਿਆਰਪੁਰ), ਸ਼ੇਰੇ ਪੰਜਾਬ ਕਲੱਬ (ਮੁਕਤਸਰ), ਮਾਤਾ ਸਾਹਿਬ ਕੌਰ ਕਲੱਬ (ਲੁਧਿਆਣਾ) ਅਤੇ ਮਹਾਰਾਜਾ ਰਣਜੀਤ ਸਿੰਘ ਕਲੱਬ (ਅੰਮ੍ਰਿਤਸਰ ) ਸ਼ਾਮਿਲ ਹਨ, ਭਾਗ ਲੈਣਗੀਆਂ। ਉਹਨਾਂ ਅੱਗੇ ਕਿਹਾ ਕਿ ਇਸ ਫਾਇਵ-ਏ-ਸਾਈਡ ਮਾਸਟਰਜ ਮਹਿਲਾ ਹਾਕੀ ਟੂਰਨਾਮੈਂਟ ਵਿਚ ਕ੍ਰਮਵਾਰ 35+ ਸਾਲ, 40+ ਸਾਲ ਅਤੇ 45+ ਸਾਲ ਉਮਰ ਵਰਗ ਦੀਆਂ ਖਿਡਾਰਨਾਂ ਭਾਗ ਲੈਣਗੀਆਂ । ਸਟਾਰ ਕਲੱਬ ਦੀ ਜਨਰਲ ਸਕੱਤਰ ਕੁਲਵਿੰਦਰ ਕੌਰ ਰੋਜੀ ਅਨੁਸਾਰ ਇਹ 'ਫਾਇਵ-ਏ-ਸਾਈਡ' ਹਾਕੀ ਟੂਰਨਾਮੈਂਟ "ਬੇਟੀ ਬਚਾਓ , ਬੇਟੀ ਪੜ੍ਹਾਓ, ਬੇਟੀ ਖਿਡਾਉ" ਦੇ ਨਾਅਰੇ ਤਹਿਤ ਹਾਕੀ ਇੰਡੀਆ ਵੱਲੋਂ ਜਾਰੀ ਗਾਈਡ ਲਾਇਨ ਅਧਾਰ ਉਪਰ ਖੇਡਿਆ ਜਾਵੇਗਾ । ਉਹਨਾਂ ਅੱਗੇ ਕਿਹਾ ਕਿ ਟੂਰਨਾਮੈਂਟ ਦਾ ਉਦਘਾਟਨ ਉਲੰਪੀਅਨ ਰਾਜਿੰਦਰ ਸਿੰਘ, ਦਰੋਨਾਚਾਰੀਆ ਐਵਾਰਡੀ ਅਤੇ ਚੀਫ ਹਾਕੀ ਕੋਚ, ਪੰਜਾਬ ਸਵੇਰੇ 9.00 ਵਜੇ ਕਰਨਗੇ।

# ਬਿੰਜੋ ਵਿਖੇ ਅੱਖਾਂ ਦਾ ਮੈਡੀਕਲ ਚੈੱਕਅਪ ਕੈਂਪ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਿੰਜੋ ਵਿਖੇ ਵਿਸਵ ਦੋਆਬਾ ਰਾਜਪੂਤ ਸਭਾ ਰਜਿ ਪੰਜਾਬ ਵੱਲੋਂ ਲਾਇਨਜ ਆਈ ਹਸਪਤਾਲ ਚੈਰੀਟੇਬਲ ਸੁਸਾਇਟੀ ਦੇ ਸਹਿਯੋਗ ਵੱਲੋਂ ਵਿਸ਼ਾਲ ਮੇਗਾ ਅੱਖਾਂ ਦਾ ਮੈਡੀਕਲ ਚੈੱਕਅਪ ਕੈਂਪ 15 ਅਕਤੂਬਰ ਨੂੰ ਸਵੇਰੇ 09 ਤੋਂ 01ਵਜੇ ਤੱਕ ਲਗਾਇਆ ਜਾ ਰਿਹਾ ਹੈ। ਕੈਂਪ ਵੱਡਾ ਗੁਰਦੁਆਰਾ ਸਾਹਿਬ ਪਿੰਡ ਬਿੰਜੋ ਵਿਖੇ ਲਗਾਇਆ ਜਾ ਰਿਹਾ ਹੈ। ਮਰੀਜਾਂ ਨੂੰ ਬਿੰਜੋ ਤੋਂ ਆਦਮਪੁਰ ਤੱਕ ਆਉਣ-ਜਾਣ ਦਾ ਖਰਚਾ ਜਤਿੰਦਰ ਸਿੰਘ ਪਰਮਾਰ ਵਿੱਕੀ ਅਮਰੀਕਾ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਸਰਪ੍ਰਸਤ ਫਹਿਤ ਸਿੰਘ ਪਰਮਾਰ, ਚੇਅਰਮੈਨ ਜਸਪਾਲ ਸਿੰਘ ਪਰਮਾਰ, ਪ੍ਰਧਾਨ ਉਂਕਾਰ ਸਿੰਘ ਮਿਨਹਾਸ, ਸਤਵੀਰ ਸਿੰਘ ਪਰਮਾਰ ਜਨਰਲ ਸਕੱਤਰ ਆਦਿ ਹਾਜਰ ਸਨ।

# ਸਾਂਝੇ ਫਰੰਟ ਦੀ ਚੰਡੀਗੜ੍ਹ ਰੈਲੀ 'ਚ ਹੁੰਮ ਹੁੰਮਾ ਕੇ ਪੁੱਜਾਂਗੇ : ਕੁਲਦੀਪ ਵਾਲੀਆ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਪੰਜਾਬ ਮੁਲਾਜ਼ਮ ਪੈਨਸ਼ਨਰਜ ਸਾਂਝਾ ਫਰੰਟ ਵਲੋਂ ਜੋ ਰੈਲੀ ਰੱਖੀ ਗਈ ਹੈ ਉਸ ਵਿਚ ਸੂਬੇ ਭਰ ਦੇ ਐਨ ਪੀ ਐਸ ਮੁਲਾਜ਼ਮਾਂ ਵੱਲੋਂ ਵੱਡੀ ਪੱਧਰ 'ਤੇ ਸ਼ਿਰਕਤ ਕੀਤੀ ਜਾਵੇਗੀ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਕੁਲਦੀਪ ਵਾਲੀਆ ਅਤੇ ਕੋ ਕਨਵੀਨਰ ਦਿਲਬਾਗ ਸਿੰਘ ਨੇ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਪੰਜਾਬ ਦੇ ਸਮੁੱਚੇ ਪੈਨਸ਼ਨਰਜ ਨੂੰ ਅਪੀਲ ਕੀਤੀ ਕਿ ਇਸ ਮਹਾ ਰੈਲੀ ਵਿੱਚ ਵੱਡੇ ਪੱਧਰ 'ਤੇ ਸ਼ਾਮਿਲ ਹੋਣਾ ਯਕੀਨੀ ਬਣਾਇਆ ਜਾਵੇ। ਸਰਕਾਰ ਨੋਟੀਫਿਕੇਸ਼ਨ ਜਾਰੀ ਕਰਨ ਮਗਰੋਂ ਵੀ ਪੁਰਾਣੀ ਪੈਨਸ਼ਨ ਬਹਾਲ ਨੀ ਕਰ ਸਕੀ। ਸਰਕਾਰ ਵਲੋਂ ਮੀਟਿੰਗਾਂ ਦੇ ਕੇ ਕਈ ਵਾਰ ਮੀਟਿੰਗਾਂ ਤੋਂ ਇਨਕਾਰ ਕੀਤਾ ਜਾ ਚੁੱਕਾ ਹੈ। ਜ਼ਿਲ੍ਹੇ ਦੇ ਆਗੂ ਵੇਦ ਰਾਜ ਅਤੇ ਪ੍ਰੇਮ ਖਲਵਾੜਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਦਿੜ੍ਹਬਾ ਰੈਲੀ ਨੇ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਦੇ ਹੱਕ ਲਈ ਜਗਾ ਦਿੱਤਾ ਹੈ । ਹੁਣ ਸਾਰੇ ਐਨ ਪੀ ਐਸ ਕਰਮਚਾਰੀ ਆਪਣਾ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਤੇਜ ਕਰ ਦੇਣਗੇ। ਇਸ ਸਮੇਂ ਸੰਦੀਪ ਰਾਜੋਵਾਲ, ਅਨਿਲ ਸ਼ਰਮਾ,ਰਮਨ ਕੁਮਾਰ, ਰਜੇਸ਼ ਭੱਟੀ,ਪ੍ਰਦੀਪ ਕੁਮਾਰ, ਤਰਸੇਮ ਲਾਲ,ਰਾਮ ਰੂਪ, ਰੋਸ਼ਨ ਲਾਲ ਨੇ ਕਿਹਾ ਕਿ ਰੈਲੀ ਨੂੰ ਕਾਮਯਾਬ ਬਣਾਇਆ ਜਾਵੇ।

# ਡੀ ਸੀ ਵੱਲੋਂ ਥਾਣੇਦਾਰ ਸੰਜੀਵ ਭਨੋਟ ਦਾ ਸਨਮਾਨ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਇੱਕ ਨਸ਼ਾ ਪੀੜ੍ਹਤ ਨੌਜਵਾਨ ਨੂੰ ਪ੍ਰੇਰਿਤ ਕਰਕੇ ਨਸ਼ਾ ਛਡਾਉ ਕੇਂਦਰ ਵਿਚ ਇਲਾਜ ਕਰਵਾਉਣ ਲਈ ਭੇਜਣ ਤੇ ਪੁਲਸ ਚੌਂਕੀ ਬੇਲਾ ਦੇ ਇੰਚਾਰਜ ਏ.ਐਸ.ਆਈ. ਸੰਜੀਵ ਭਨੋਟ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ । ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੇ ਸੂਬੇ ਵਿਚ ਨਸ਼ਿਆਂ ਖਿਲਾਫ ਮੁਹਿੰਮ ਚਲਾ ਰਹੀ ਹੈ, ਜਿਸ ਤਹਿਤ ਨਸ਼ਾ ਕਰਨ ਦੀ ਆਦਤ ਤੋਂ ਪੀੜ੍ਹਤ ਨੌਜਵਾਨਾਂ ਸਮੇਤ ਹਰ ਵਰਗ ਦੀ ਉਮਰ ਵਾਲੇ ਮਰੀਜ਼ਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ ਕਿ ਉਹ ਨਸ਼ਾ ਛੱਡ ਕੇ ਨਸ਼ਾ ਛਡਾਉ ਕੇਂਦਰਾਂ ਅਤੇ ਓਟ ਕਲੀਨਿਕਾਂ ਤੋਂ ਇਲਾਜ ਕਰਵਾ ਕੇ ਨਸ਼ਾ ਛੱਡ ਸਕਣ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਪੰਜਾਬ ਦੇ ਸਿਹਤ ਮੰਤਰੀ ਡਾ ਬਲਬੀਰ ਸਿੰਘ ਵੱਲੋਂ ਰੂਪਨਗਰ ਵਿਖੇ ਨਸ਼ਾ ਛਡਾਉ ਕੇਂਦਰ ਵਿਚ ਕੀਤੇ ਗਏ ਦੌਰੇ ਦੌਰਾਨ ਇਲਾਜ ਕਰਵਾ ਰਹੇ ਇੱਕ ਨਸ਼ਾ ਪੀੜ੍ਹਤ ( ਨੌਜਵਾਨ ) ਨੇ ਸਿਹਤ ਮੰਤਰੀ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਨਸ਼ਾ ਕਰ ਰਿਹਾ ਸੀ ਪਰ ਜਦੋਂ ਉਸ ਨੂੰ ਪੁਲੀਸ ਚੌਂਕੀ ਬੇਲਾ ਦੇ ਇੰਚਾਰਜ ਏ.ਐਸ.ਆਈ. ਸੰਜੀਵ ਭਨੋਟ ਨੇ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ ਤਾਂ ਉਸ ਨੇ ਆਪਣੇ ਪਰਿਵਾਰ ਨਾਲ ਵਾਅਦਾ ਕੀਤਾ ਕਿ ਉਹ ਹੁਣ ਨਸ਼ਾ ਨਹੀਂ ਕਰੇਗਾ ਅਤੇ ਆਪਣਾ ਇਲਾਜ ਕਰਵਾ ਕੇ ਚੰਗੀ ਤਰ੍ਹਾਂ ਆਪਣੀ ਜ਼ਿੰਦਗੀ ਬਤੀਤ ਕਰੇਗਾ, ਜਿਸ ਤੇ ਉਸ ਨੇ ਆਪਣਾ ਇਲਾਜ ਸਰਕਾਰੀ ਨਸ਼ਾ ਛਡਾਉ ਕੇਂਦਰ ਤੋਂ ਕਰਵਾਉਣਾ ਸ਼ੁਰੂ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਥਾਣੇਦਾਰ ਸੰਜੀਵ ਭਨੋਟ ਨੇ ਇਲਾਕੇ ਦੇ ਪਿੰਡਾਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਆਪਣੀ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਤਾਂ ਜੋ ਕਿ ਨੌਜਵਾਨ ਇਸ ਦਲਦਲ ਵਿਚੋਂ ਨਿਕਲ ਕੇ ਆਪਣਾ ਸਹੀ ਰਸਤਾ ਤੈਅ ਕਰ ਸਕਣ । ਉਨ੍ਹਾਂ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਹਮੇਸ਼ਾਂ ਲਈ ਦੂਰ ਰਹਿ ਕੇ ਖੇਡਾਂ ਵੱਲ ਧਿਆਨ ਦੇਣ ਲਈ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ ।

# ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਲੋਧੀਪੁਰ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਬਲਾਕ ਸ਼੍ਰੀ ਅਨੰਦਪੁਰ ਸਾਹਿਬ ਦੀ ਜੂਹ ਵਿੱਚ ਸਥਿਤ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਲੋਧੀਪੁਰ ਦੇ ਵਿਦਿਆਰਥੀਆਂ ਨੇ ਅਤੇ ਸਕਾਲਰਸ਼ਿਪ ਵਿੱਚ ਮੱਲਾਂ ਮਾਰੀਆਂ ਹਨ। ਪ੍ਰਿੰ.ਅਵਤਾਰ ਸਿੰਘ ਦੜੋਲੀ ਨੇ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਵਿਦਿਆਰਥੀਆਂ ਵਿੱਚ ਗੁਣਾਤਮਿਕ ਸੁਧਾਰ ਕਰਦੇ ਹੋਏ, ਅਧਿਆਪਕਾਂ ਵਲੋਂ ਅਣਥੱਕ ਮਿਹਨਤ ਨਾਲ ਵਿਦਿਆਰਥੀਆਂ ਦੀ ਸਿੱਖਿਆ ਦੇ ਨਾਲ ਨਾਲ ਵੱਖ ਵੱਖ ਟੈਸਟਾਂ ਦੀ ਤਿਆਰੀ ਕਰਵਾਈ ਜਾਂਦੀ ਹੈ। ਜਿਸਦੇ ਨਤੀਜੇ ਵਜੋ ਸਕੂਲ ਦੇ ਤਿੰਨ ਵਿਦਿਆਰਥੀ ਸਕਾਲਰਸ਼ਿਪ ਅਤੇ 4 ਵਿਦਿਆਰਥੀ ਸਕਾਲਰਸ਼ਿਪ ਪ੍ਰਾਪਤ ਕਰਨ ਵਿੱਚ ਸਫਲ ਹੋਏ ਹਨ। ਇਨ੍ਹਾਂ ਵਿਦਿਆਰਥੀਆਂ ਵਿੱਚ ਪ੍ਰੀਖਿਆ ਵਿੱਚ ਹਰਮਨਦੀਪ ਕੌਰ,ਜਸਪ੍ਰੀਤ ਕੌਰ ਅਤੇ ਪ੍ਰਸਾਤ ਕੁਮਾਰ ਅਤੇ ਦੀ ਪ੍ਰੀਖਿਆ ਵਿੱਚ ਦਮਨਪ੍ਰੀਤ ਕੌਰ, ਅਰਸ਼ ਧਰਮਾਣੀ, ਸੁਨੇਹਾ ਅਤੇ ਜਸ਼ਨਦੀਪ ਸਿੰਘ ਨੇ ਸਫਲਤਾ ਪ੍ਰਾਪਤ ਕੀਤੀ। ਇਨ੍ਹਾਂ ਵਿਦਿਆਰਥੀਆਂ ਦੇ ਸਕਾਲਰਸ਼ਿਪ ਟੈਸਟ ਵਿੱਚ ਸਫਲ ਹੋਣ ਤੇ ਜਿਥੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ, ਉੱਥੇ ਉਹਨਾਂ ਦੇ ਮਾਪਿਆਂ ਅਤੇ ਵਿਸ਼ੇਸ਼ ਤੌਰ 'ਤੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ।

ਜ਼ਿਕਰਯੋਗ ਹੈ ਕਿ ਅਤੇ ਸਕਾਲਰਸ਼ਿਪ ਵਿੱਚ ਵਿਦਿਆਰਥੀਆਂ ਨੂੰ ਸਾਲਾਨਾ 6000/- ਅਤੇ 12000/- ਰੁਪਏ ਸਾਲਾਨਾ ਵਜੀਫਾ ਮਿਲੇਗਾ। ਪ੍ਰਿੰਸੀਪਲ ਨੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਵੱਧ ਤੋਂ ਵੱਧ ਮਿਹਨਤ ਕਰਵਾਉਣ ਦੀ ਵਚਨਬੱਧਤਾ ਦੁਹਰਾਈ । ਇਸ ਮੌਕੇ ਲੈਕਚਰਾਰ ਚਰਨਜੀਤ ਸਿੰਘ, ਬਲਕਾਰ ਸਿੰਘ, ਮਨਿੰਦਰ ਕੌਰ, ਬਲਜੀਤ ਕੌਰ, ਮੁਕੇਸ਼ ਕੁਮਾਰ , ਗੁਰਚਰਨ ਸਿੰਘ, ਤਪਿੰਦਰ ਕੌਰ,ਅਜਵਿੰਦਰ ਕੌਰ,ਕਮਲਜੀਤ ਕੌਰ, ਸੁਰਿੰਦਰਪਾਲ ਸਿੰਘ, ਕਮਲਪ੍ਰੀਤ ਸਿੰਘ, ਹਰਸਿਮਰਨ ਸਿੰਘ, ਸੁਸ਼ੀਲ ਕੁਮਾਰ , ਗੁਰਨੈਬ ਸੈਨੀ , ਗੁਰਪ੍ਰੀਤ ਸਿੰਘ, ਪਿੰਕੀ ਰਾਣੀ , ਸੁਖਵਿੰਦਰ ਕੌਰ, ਰਾਜਵੀਰ ਕੌਰ , ਜਸਵੀਰ ਕੌਰ , ਤੇਜਵੰਤ ਕੌਰ , ਲਖਵੀਰ ਕੌਰ, ਨਿਰਮਲ ਕੌਰ, ਚਰਨਜੀਤ ਕੌਰ, ਕੁਲਜਿੰਦਰ ਕੌਰ, ਦਵਿੰਦਰ ਕੌਰ, ਪ੍ਰਦੀਪ ਕੌਰ,, ਦੀਪ ਸ਼ਿਖਾ ਸੈਨੀ, ਨਿਰਮਲ ਸਿੰਘ , ਗੁਰਮੇਲ ਸਿੰਘ ਆਦਿ ਹਾਜ਼ਰ ਸਨ ।